ਸ਼ੁੱਕਰਵਾਰ, 20 ਮਾਰਚ, 2026
7 ਚੇਤ { ਨਾਨਕਸ਼ਾਹੀ 558 ਬਿਕਰਮੀ 2083
ਜਿਲਦ/VOL. : 74
ਅੰਕ/NO. : 288

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA FRIDAY, 20 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12






## ਬਾਦਸ਼ਾਹ ਦੀ ਗ੍ਰਿਫ਼ਤਾਰੀ 'ਤੇ ਰੋਕ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਗਾਇਕ ਤੇ ਰੈਪਰ ਬਾਦਸ਼ਾਹ ਨੂੰ 'ਟਟੀਹਰੀ' ਗੀਤ ਦੇ ਮਾਮਲੇ ਵਿਚ ਰਾਹਤ ਦਿੱਤੀ ਹੈ। ਇਸ ਮਾਮਲੇ ਵਿਚ ਕਮਿਸ਼ਨ ਸਾਹਮਣੇ ਪੇਸ਼ ਨਾ ਹੋਣ 'ਤੇ ਹਰਿਆਣਾ ਮਹਿਲਾ ਕਮਿਸ਼ਨ ਨੇ ਬਾਦਸ਼ਾਹ ਦੀ ਗ੍ਰਿਫ਼ਤਾਰੀ ਦੇ ਹੁਕਮ ਦਿੱਤੇ ਸਨ। ਬਾਦਸ਼ਾਹ ਨੇ ਹਾਈ ਕੋਰਟ ਵਿਚ ਆਪਣੀ ਗ੍ਰਿਫਤਾਰੀ ਖਿਲਾਫ ਪਟੀਸ਼ਨ ਪਾਈ ਸੀ, ਜਿਸ ਉਤੇ ਫੈਸਲਾ ਕਰਦਿਆਂ ਹਾਈ ਕੋਰਟ ਨੇ ਬਾਦਸ਼ਾਹ ਦੀ ਗ੍ਰਿਫਤਾਰੀ ਉਤੇ ਫਿਲਹਾਲ ਰੋਕ ਲਗਾ ਦਿੱਤੀ ਹੈ। ਬਾਦਸ਼ਾਹ ਖਿਲਾਫ ਟਟੀਹਰੀ ਗੀਤ ਦੇ ਵਿਵਾਦਿਤ ਬੋਲਾਂ ਨੂੰ ਲੈ ਕੇ ਹਰਿਆਣਾ ਵਿਚ ਦੋ ਮਾਮਲੇ ਦਰਜ ਹਨ।

## ਚੰਡੀਗੜ੍ਹ ਕਤਲ ਮਾਮਲੇ 'ਚ 2 ਗ੍ਰਿਫ਼ਤਾਰ

**ਚੰਡੀਗੜ੍ਹ** : ਇੱਥੋਂ ਦੇ ਸੈਕਟਰ 9 'ਚ ਬੁੱਧਵਾਰ ਹੋਏ ਗੋਲੀਬਾਰੀ ਕਾਂਡ ਦੇ ਦੋ ਸ਼ੱਕੀਆਂ ਨੂੰ ਵੀਰਵਾਰ ਨੂੰ ਕੈਥਲ ਵਿੱਚ ਪੰਜਾਬ ਏ ਜੀ ਟੀ ਐੱਫ ਨਾਲ ਹੋਈ ਮੁੱਠਭੇੜ ਤੋਂ ਬਾਅਦ ਗ੍ਰਿਫਤਾਰ ਕੀਤਾ ਗਿਆ ਹੈ। ਸ਼ੱਕੀਆਂ ਦੀ ਪਛਾਣ ਫਿਰੋਜ਼ਪੁਰ ਦੇ ਰਹਿਣ ਵਾਲੇ ਪੀਯੂਸ਼ ਪਹਿਲਵਾਨ ਅਤੇ ਨਵਾਂਸ਼ਹਿਰ ਦੇ ਰਹਿਣ ਵਾਲੇ ਪ੍ਰੀਤਮ ਸ਼ਾਹ ਵਜੋਂ ਹੋਈ ਹੈ। ਪੁਲਸ ਨੇ ਦੱਸਿਆ ਕਿ ਪੁਲਸ ਮੁਲਾਜ਼ਮਾਂ 'ਤੇ ਗੋਲੀਬਾਰੀ ਕਰਨ ਤੋਂ ਬਾਅਦ ਸ਼ੱਕੀ ਜ਼ਖਮੀ ਹੋ ਗਏ। ਉਨ੍ਹਾਂ ਕੋਲੋਂ ਵਾਰਦਾਤ ਵਿੱਚ ਵਰਤੇ ਗਏ ਹਥਿਆਰ ਅਤੇ ਇੱਕ ਬਾਈਕ ਬਰਾਮਦ ਕੀਤੀ ਗਈ ਹੈ। ਰਾਜਨ ਉਰਫ਼ ਪੀਯੂਸ਼ ਪਹਿਲਵਾਨ ਹਾਲ ਹੀ ਵਿੱਚ ਨੇਪਾਲ ਦੇ ਰਸਤੇ ਮਲੇਸ਼ੀਆ ਤੋਂ ਗੈਰ-ਕਾਨੂੰਨੀ ਤਰੀਕੇ ਨਾਲ ਭਾਰਤ ਵਿੱਚ ਦਾਖਲ ਹੋਇਆ ਸੀ।

# ਟਰੰਪ ਦੇ ਯਾਰਾਂ 'ਤੇ ਜ਼ੋਰਦਾਰ ਹਮਲੇ

### ਜ਼ਖਮੀ ਈਰਾਨ ਨੇ ਕਤਰ ਤੇ ਯੂ ਏ ਈ ਦੇ ਗੈਸ ਕੇਂਦਰਾਂ ਨੂੰ ਬਣਾਇਆ ਨਿਸ਼ਾਨਾ

**ਤਹਿਰਾਨ** : ਇਜ਼ਰਾਈਲ ਅਤੇ ਈਰਾਨ ਵਿਚਾਲੇ ਚੱਲ ਰਹੀ ਭਿਆਨਕ ਜੰਗ ਨੇ ਹੁਣ ਪੂਰੀ ਦੁਨੀਆ ਦੇ ਊਰਜਾ ਬਾਜ਼ਾਰ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਜ਼ਰਾਈਲ ਵੱਲੋਂ ਈਰਾਨ ਦੇ ਖੁਫੀਆ ਮੰਤਰੀ ਦੀ ਹੱਤਿਆ ਅਤੇ ਦੁਨੀਆ ਦੇ ਸਭ ਤੋਂ ਵੱਡੇ 'ਸਾਊਥ ਪਾਰਸ' ਕੁਦਰਤੀ ਗੈਸ ਫੀਲਡ 'ਤੇ ਕੀਤੇ ਗਏ ਹਮਲੇ ਤੋਂ ਬਾਅਦ ਈਰਾਨ ਨੇ ਵੱਡੀ ਜਵਾਬੀ ਕਾਰਵਾਈ ਕੀਤੀ ਹੈ।

ਈਰਾਨੀ ਮਿਜ਼ਾਈਲਾਂ ਨੇ ਕਤਰ ਦੇ 'ਰਾਸ ਲਫਾਨ' ਐੱਲ ਐੱਨ ਜੀ ਪਲਾਂਟ ਅਤੇ ਸੰਯੁਕਤ ਅਰਬ ਅਮੀਰਾਤ ਦੇ 'ਹਬਸ਼ਾਨ' ਗੈਸ ਕੇਂਦਰਾਂ ਨੂੰ ਨਿਸ਼ਾਨਾ ਬਣਾਇਆ, ਜਿਸ ਕਾਰਨ ਉੱਥੇ ਭਿਆਨਕ ਅੱਗ ਲੱਗ ਗਈ ਅਤੇ ਉਤਪਾਦਨ ਪੂਰੀ ਤਰ੍ਹਾਂ ਠੱਪ ਹੋ ਗਿਆ। ਇਸ ਤਣਾਅ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ 5 ਫੀਸਦੀ ਤੋਂ ਵਧ ਕੇ 108 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ। ਈਰਾਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਹਮਲੇ ਨਾ ਰੁਕੇ ਤਾਂ ਇਸ ਦੇ ਨਤੀਜੇ ਪੂਰੀ ਦੁਨੀਆ ਨੂੰ ਭੁਗਤਣੇ। ਈਰਾਨ ਨੇ ਇਜ਼ਰਾਈਲ 'ਤੇ ਮਲਟੀਪਲ-ਵਾਰਹੈੱਡ ਮਿਜ਼ਾਈਲਾਂ ਦਾਗੀਆਂ ਹਨ, ਜਿਨ੍ਹਾਂ ਵਿੱਚੋਂ ਇੱਕ ਕਲਸਟਰ ਮਿਜ਼ਾਈਲ ਪਹਿਲੀ ਵਾਰ ਪੱਛਮੀ ਕੰਢੇ ਵਿੱਚ ਜਾ ਡਿੱਗੀ, ਜਿੱਥੇ ਤਿੰਨ ਲੋਕਾਂ ਦੀ ਮੌਤ ਹੋ ਗਈ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸਥਿਤੀ 'ਤੇ ਚਿੰਤਾ ਜ਼ਾਹਰ ਕੀਤੀ ਹੈ ਅਤੇ ਤੇਲ ਦੀ ਸਪਲਾਈ ਬਰਕਰਾਰ ਰੱਖਣ ਲਈ ਵੈਨੇਜ਼ੁਏਲਾ 'ਤੇ ਲੱਗੀਆਂ ਪਾਬੰਦੀਆਂ ਵਿੱਚ ਢਿੱਲ ਦਿੱਤੀ ਹੈ। ਵੀਰਵਾਰ ਕੁਵੈਤ ਵਿੱਚ ਇੱਕ ਤੋਂ ਬਾਅਦ ਇੱਕ ਦੋ ਵੱਡੇ ਡਰੋਨ ਹਮਲੇ ਹੋਏ। ਕੁਵੈਤ ਦੀ ਇੱਕ ਹੋਰ ਪ੍ਰਮੁੱਖ ਤੇਲ ਰਿਫਾਇਨਰੀ 'ਮੀਨਾ ਅਬਦੁੱਲਾ' ਨੂੰ ਵੀ ਡਰੋਨ ਰਾਹੀਂ ਨਿਸ਼ਾਨਾ ਬਣਾਇਆ ਗਿਆ, ਜਿਸ ਕਾਰਨ ਉੱਥੇ ਭਿਆਨਕ ਅੱਗ ਲੱਗ ਗਈ।

ਇਸ ਤੋਂ ਪਹਿਲਾਂ ਵੀਰਵਾਰ ਸਵੇਰੇ 'ਮੀਨਾ ਅਲ-ਅਹਿਮਦੀ' ਰਿਫਾਇਨਰੀ 'ਤੇ ਵੀ ਡਰੋਨ ਹਮਲਾ ਹੋਇਆ ਸੀ। ਇਹ ਦੋਵੇਂ ਰਿਫਾਇਨਰੀਆਂ ਕੁਵੈਤ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਇਨ੍ਹਾਂ 'ਤੇ ਹੋਏ ਹਮਲਿਆਂ ਨੇ ਪੂਰੀ ਦੁਨੀਆ ਦੇ ਤੇਲ ਬਾਜ਼ਾਰ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ।

## ਫਿਨਲੈਂਡ ਦੁਨੀਆ ਦਾ ਸਭ ਤੋਂ ਖੁਸ਼ਹਾਲ ਦੇਸ਼

**ਹੈਲਸਿੰਕੀ** : ਵੀਰਵਾਰ ਨੂੰ ਜਾਰੀ ਕੀਤੀ ਗਈ ਵਿਸ਼ਵ ਹੈਪੀਨੈੱਸ ਰਿਪੋਰਟ 2026 ਵਿੱਚ ਫਿਨਲੈਂਡ ਨੇ ਇੱਕ ਵਾਰ ਫਿਰ ਬਾਜ਼ੀ ਮਾਰਦਿਆਂ ਲਗਾਤਾਰ ਨੌਵੇਂ ਸਾਲ ਦੁਨੀਆ ਦੇ ਸਭ ਤੋਂ ਖੁਸ਼ਹਾਲ ਦੇਸ਼ ਦਾ ਖਿਤਾਬ ਹਾਸਲ ਕੀਤਾ ਹੈ। ਆਕਸਫੋਰਡ ਯੂਨੀਵਰਸਿਟੀ ਦੇ 'ਵੈਲਬੀਇੰਗ ਰਿਸਰਚ ਸੈਂਟਰ' ਵੱਲੋਂ ਤਿਆਰ ਕੀਤੀ ਇਸ ਸਾਲਾਨਾ ਰਿਪੋਰਟ ਵਿੱਚ ਆਈਸਲੈਂਡ, ਡੈਨਮਾਰਕ, ਸਵੀਡਨ ਅਤੇ ਨਾਰਵੇ ਵਰਗੇ ਨੌਰਡਿਕ ਦੇਸ਼ ਵੀ ਚੋਟੀ ਦੇ 10 ਸਥਾਨਾਂ ਵਿੱਚ ਸ਼ਾਮਲ ਹਨ। ਰਿਪੋਰਟ ਮੁਤਾਬਕ ਇਨ੍ਹਾਂ ਦੇਸ਼ਾਂ ਵਿੱਚ ਸਮਾਜਿਕ ਸੁਰੱਖਿਆ ਅਤੇ ਜੀਵਨ ਪੱਧਰ ਬਿਹਤਰ ਹੋਣ ਕਾਰਨ ਲੋਕ ਵਧੇਰੇ ਸੰਤੁਸ਼ਟ ਹਨ। ਹਾਲਾਂਕਿ ਇਸ ਰਿਪੋਰਟ ਵਿੱਚ ਨੌਜਵਾਨਾਂ ਦੀ ਮਾਨਸਿਕ ਸਥਿਤੀ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ ਗਈ ਹੈ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਅਮਰੀਕਾ, ਕੈਨੇਡਾ,

• ਬਾਕੀ ਸਫਾ 2 'ਤੇ

## ਕੌਮਾਂਤਰੀ ਹਾਲਾਤ ਦੇ ਮੱਦੇਨਜ਼ਰ ਭਾਰਤੀ ਸ਼ੇਅਰ ਬਾਜ਼ਾਰ ਡਿੱਗਾ

**ਨਵੀਂ ਦਿੱਲੀ** : ਭਾਰਤੀ ਸ਼ੇਅਰ ਬਾਜ਼ਾਰ ਵਿੱਚ ਵੀਰਵਾਰ ਵਾਲੇ ਦਿਨ ਭਾਰੀ ਗਿਰਾਵਟ ਦੇਖਣ ਨੂੰ ਮਿਲੀ। ਕੌਮਾਂਤਰੀ ਪੱਧਰ 'ਤੇ ਕਮਜ਼ੋਰ ਰੁਝਾਨਾਂ ਕਾਰਨ ਬੀ ਐੱਸ ਈ ਸੈਂਸੇਕਸ 2,496.89 ਅੰਕ ਯਾਨੀ 3.26 ਫੀਸਦੀ ਦੀ ਵੱਡੀ ਗਿਰਾਵਟ ਨਾਲ 74, 207.24 'ਤੇ ਬੰਦ ਹੋਇਆ। ਜੂਨ 2024 ਤੋਂ ਬਾਅਦ ਇੱਕ ਦਿਨ ਵਿੱਚ ਇਹ ਸਭ ਤੋਂ ਵੱਡੀ ਗਿਰਾਵਟ ਹੈ। ਦਿਨ ਦੇ ਸਮੇਂ ਇੱਕ ਵਾਰ ਤਾਂ ਸੈਂਸੇਕਸ 2,753 ਅੰਕਾਂ ਤੱਕ ਹੇਠਾਂ ਚਲਾ ਗਿਆ ਸੀ। ਇਸੇ ਤਰ੍ਹਾਂ ਐੱਨ ਐੱਸ ਈ ਨਿਫਟੀ ਵੀ 775.65 ਅੰਕ ਡਿੱਗ ਕੇ 23,002.15 'ਤੇ ਬੰਦ ਹੋਇਆ। ਬਾਜ਼ਾਰ ਦੇ ਇਸ ਤਰ੍ਹਾਂ ਡਿੱਗਣ ਦਾ ਮੁੱਖ ਕਾਰਨ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਪੱਛਮੀ ਏਸ਼ੀਆ ਵਿੱਚ ਵਧਦਾ ਤਣਾਅ ਹੈ।

ਈਰਾਨ ਦੀ ਇਜ਼ਰਾਈਲ ਤੇ ਅਮਰੀਕਾ ਨਾਲ ਜੰਗ ਕਾਰਨ ਕੱਚੇ ਤੇਲ ਦੀ ਕੀਮਤ 6.75 ਫੀਸਦੀ ਵਧ ਕੇ 114.8 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ। ਇਸ ਹਾਲਾਤ ਨੇ ਨਿਵੇਸ਼ਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਸੈਂਸੇਕਸ ਦੀਆਂ 30 ਵੱਡੀਆਂ ਕੰਪਨੀਆਂ ਵਿੱਚੋਂ ਬਜਾਜ ਫਾਇਨਾਂਸ, ਮਹਿੰਦਰਾ ਐਂਡ ਮਹਿੰਦਰਾ, ਐੱਚ ਡੀ ਐੱਫ ਸੀ ਬੈਂਕ, ਲਾਰਸਨ ਐਂਡ ਟੂਬਰੋ ਅਤੇ ਬਜਾਜ ਫਾਇਨਾਂਸ ਦੇ ਸ਼ੇਅਰਾਂ ਵਿੱਚ ਸਭ ਤੋਂ ਵੱਧ ਗਿਰਾਵਟ ਦੇਖੀ ਗਈ। ਐੱਚ ਡੀ ਐੱਫ ਸੀ ਬੈਂਕ ਦੇ ਸ਼ੇਅਰਾਂ ਵਿੱਚ 5.13 ਫੀਸਦੀ ਦੀ ਵੱਡੀ ਗਿਰਾਵਟ ਆਈ,

• ਬਾਕੀ ਸਫਾ 2 'ਤੇ

## ਜਨਵਰੀ ਵਰਗੀ ਠੰਢ ਦੀ ਚਿਤਾਵਨੀ

**ਚੰਡੀਗੜ੍ਹ** : ਉੱਤਰੀ ਭਾਰਤ ਦੇ ਵੱਡੇ ਹਿੱਸਿਆਂ ਵਿੱਚ ਵੀਰਵਾਰ ਅਤੇ ਸ਼ੁੱਕਰਵਾਰ ਨੂੰ ਮੌਸਮ ਅਸਾਧਾਰਨ ਦੌਰ ਪ੍ਰਭਾਵਿਤ ਕਰਦਾ ਦਿਖਾਈ ਦੇ ਰਿਹਾ ਹੈ। ਜਾਣਕਾਰੀ ਅਨੁਸਾਰ ਇੱਕ ਮਜ਼ਬੂਤ ਪੱਛਮੀ ਗੜਬੜੀ ਇਸ ਖੇਤਰ ਵਿੱਚੋਂ ਗੁਜ਼ਰਨ ਕਾਰਨ ਮੀਂਹ, ਗਰਜ ਅਤੇ ਤੂਫ਼ਾਨ, ਬਰਫ਼ਬਾਰੀ ਅਤੇ ਤਾਪਮਾਨ ਵਿੱਚ ਭਾਰੀ ਗਿਰਾਵਟ ਆ ਸਕਦੀ ਹੈ। ਪੂਰਵ ਅਨੁਮਾਨਾਂ ਅਨੁਸਾਰ ਦਿੱਲੀ ਐੱਨ ਸੀ ਆਰ, ਚੰਡੀਗੜ੍ਹ, ਹਰਿਆਣਾ, ਪੰਜਾਬ, ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਸਮੇਤ ਕਈ ਖੇਤਰਾਂ ਵਿੱਚ 20 ਮਾਰਚ ਨੂੰ ਗਰਜ ਨਾਲ ਹਲਕੀ ਤੋਂ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਦਿਨ ਵੇਲੇ ਤਾਪਮਾਨ ਵਿੱਚ ਕਾਫ਼ੀ ਗਿਰਾਵਟ ਆਉਣ ਦੀ ਉਮੀਦ ਹੈ, ਜਿਸ ਵਿੱਚ ਵੱਧ ਤੋਂ ਵੱਧ ਤਾਪਮਾਨ 18 ਡਿਗਰੀ ਸੈਂਟੀਗਰੇਡ ਤੋਂ 24 ਡਿਗਰੀ ਸੈਂਟੀਗਰੇਡ ਦੇ ਵਿਚਕਾਰ ਰਹੇਗਾ, ਜਦ ਕਿ ਅਜਿਹੇ ਹਾਲਾਤ ਜਨਵਰੀ ਦੇ ਮਹੀਨੇ ਵਿੱਚ ਜ਼ਿਆਦਾ ਦੇਖਣ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਕਣਕ ਪੱਕਣ ਦੇ ਆਈ ਜਦ ਐਨ ਲਾਗੇ,
ਲੱਗਾ ਬੱਦਲ ਆ ਮੀਂਹ ਵਰ੍ਹਾਉਣ ਮੀਆਂ।
ਘੁੰਮਣਘੇਰੀ ਅਸਮਾਨ ਵਿੱਚ ਪਈ ਦਿੱਸੇ,
ਬੱਦਲ ਲੱਗੇ ਹਨ ਜਾਨ ਸੁਕਾਉਣ ਮੀਆਂ।
ਵਿੰਹਦਾ ਜਦੋਂ ਕਿਰਸਾਨ ਹੈ ਫਸਲ ਵੰਨੀਂ,
ਲੱਗਦਾ ਕਾਲਜਾ ਮੂੰਹ ਨੂੰ ਆਉਣ ਮੀਆਂ।
ਪਹਿਲੇ ਹੜ੍ਹ ਦੀ ਹਾਲੇ ਨਹੀਂ ਮਾਰ ਭੁੱਲੀ,
ਲੱਗੇ ਬੱਦਲ ਆ ਸਾਹ ਚੜ੍ਹਾਉਣ ਮੀਆਂ।
ਸਰਕਾਰ ਇੱਕ ਜਾਂ ਦੂਜੀ ਤੇ ਹੋਏ ਤੀਜੀ,
ਦੇਵੇ ਮਦਦ ਲਈ ਝੱਟ ਧਰਵਾਸ ਮੀਆਂ।
ਭਰਨਾ ਅਫਸਰਾਂ ਕਾਗਜ਼ਾਂ ਵਿੱਚ ਰਕਬਾ,
ਦਿੰਦੇ ਸਿਰੇ ਈ ਚੜ੍ਹਨ ਨਾ ਆਸ ਮੀਆਂ।

-ਤੀਸ ਮਾਰ ਖਾਂ

# ਅਮਰੀਕਾ ਨਾਲ ਸਮਝੌਤਾ ਕਿਸਾਨੀ ਤੇ ਸਹਾਇਕ ਧੰਦਿਆਂ ਲਈ ਤਬਾਹਕੁੰਨ : ਅਰਸ਼ੀ

**ਬਰੇਟਾ/ਬੁਢਲਾਡਾ (ਰੀਤਵਾਲ/ਅਸ਼ੋਕ ਲਾਕੜਾ)**

ਨੇੜਲੇ ਪਿੰਡ ਕਿਸ਼ਨਗੜ੍ਹ ਵਿਖੇ ਪੈਪਸੂ ਮੁਜ਼ਾਰਾ ਲਹਿਰ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਤ 77ਵੀਂ ਵਿਸ਼ਾਲ ਕਾਨਫਰੰਸ ਬਲਵੰਤ ਸਿੰਘ ਫੱਕਰ, ਲਛਮਣ ਸਿੰਘ ਅਲੀਸ਼ੇਰ ਦੇ ਪ੍ਰਧਾਨਗੀ ਮੰਡਲ ਹੇਠ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਸਬ-ਡਵੀਜ਼ਨ ਸਕੱਤਰ ਸੀਤਾ ਰਾਮ ਗੋਬਿੰਦਪੁਰਾ ਦੀ ਅਗਵਾਈ ਹੇਠ ਕੀਤੀ ਗਈ। ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ, ਜ਼ਿਲ੍ਹਾ ਸਹਾਇਕ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ, ਰੂਪ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਕਾਨਫਰੰਸ ਮੌਕੇ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਮਰੀਕਾ-ਭਾਰਤ ਮੁਕਤ ਵਪਾਰ ਸਮਝੌਤਾ ਕਿਸਾਨੀ ਅਤੇ ਸਹਾਇਕ ਧੰਦਿਆਂ ਲਈ ਤਬਾਹਕੁੰਨ ਸਾਬਤ ਹੋਵੇਗਾ। ਟਰੰਪ ਦੇ ਦਬਾਅ ਹੇਠ ਫਰੀ ਵਪਾਰ ਸਮਝੌਤੇ ਵਿੱਚ ਖੇਤੀ ਅਤੇ ਸਹਾਇਕ ਧੰਦਿਆਂ ਨੂੰ ਸ਼ਾਮਲ ਕਰਨ ਦੀ ਸਹਿਮਤੀ ਦੇ ਕੇ ਮੋਦੀ ਸਰਕਾਰ ਨੇ ਪੂਰੇ ਭਾਰਤ ਦੇ ਲੋਕਾਂ ਨਾਲ ਵਿਸ਼ਵਾਸ਼ਘਾਤ ਕੀਤਾ ਹੈ, ਜਦੋਂ ਕਿ





ਪਹਿਲਾਂ ਹੀ ਖੇਤੀ ਵਿਰੋਧੀ ਕਾਨੂੰਨ, ਬਿਜਲੀ ਐਕਟ, ਬੀਜ ਬਿੱਲ ਵਿਰੁੱਧ ਤੇ ਐੱਮ ਐੱਸ ਪੀ, ਕਿਸਾਨ-ਮਜ਼ਦੂਰਾਂ ਦੀ ਕਰਜ਼ਾ ਮੁਕਤੀ ਆਦਿ ਨੂੰ ਲੈ ਕੇ ਤਿੱਖਾ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾ ਮੋਦੀ ਸਰਕਾਰ ਖ਼ਿਲਾਫ਼ ਤਿੱਖੇ ਸੰਘਰਸ਼ ਨੂੰ ਸਮੇਂ ਦੀ ਲੋੜ ਦੱਸਿਆ ਤੇ ਲੋਕ ਲਾਮਬੰਦੀ ਦਾ ਸੱਦਾ ਦਿੱਤਾ।ਬੀ ਕੇ ਯੂ ਧਨੇਰ ਦੇ ਸੂਬਾਈ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਸ਼ਹੀਦਾਂ ਨੂੰ ਯਾਦ ਕਰਦਿਆਂ ਉਹਨਾਂ ਵੱਲੋਂ ਕੀਤੀਆਂ ਗਈਆਂ ਕੁਰਬਾਨੀਆਂ

• ਬਾਕੀ ਸਫਾ 2 'ਤੇ

# 1,44,000 ਕਰੋੜ ਬਕਾਏ ਦੇ ਮੁੱਦੇ 'ਤੇ ਵਿਰੋਧੀ ਆਗੂ ਚੁੱਪ ਕਿਉਂ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜਸਥਾਨ ਨਾਲ ਪਾਣੀ ਦੇ ਸਮਝੌਤੇ ਨੂੰ ਲੈ ਕੇ ਕੀਤੇ ਗਏ ਵੱਡੇ ਖੁਲਾਸੇ ਤੋਂ ਬਾਅਦ ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾ ਕਿਹਾ ਕਿ ਜਦੋਂ ਤੋਂ ਮੁੱਖ ਮੰਤਰੀ ਮਾਨ ਨੇ ਤੱਥਾਂ ਸਮੇਤ ਇਹ ਸਬੂਤ ਪੇਸ਼ ਕੀਤਾ ਹੈ ਕਿ 1920 ਦੇ ਸਮਝੌਤੇ ਤਹਿਤ ਰਾਜਸਥਾਨ ਨੂੰ ਮਿਲਣ ਵਾਲੇ ਪਾਣੀ ਦੇ ਬਦਲੇ ਪੰਜਾਬ ਦਾ 1,44,000 ਕਰੋੜ ਰੁਪਏ ਬਕਾਇਆ ਹੈ, ਉਦੋਂ ਤੋਂ 70 ਸਾਲ ਰਾਜ ਕਰਨ ਵਾਲੀ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਦੇ ਆਗੂ ਹੁਣ ਚੁੱਪ ਕਿਉਂ ਹਨ? ਇਨ੍ਹਾਂ ਪਾਰਟੀਆਂ ਕੋਲ ਜਨਤਾ ਦੇ ਸਵਾਲਾਂ ਦਾ ਕੋਈ ਜਵਾਬ ਨਹੀਂ।

ਬਲਤੇਜ ਪੰਨੂ ਨੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਜਾਖੜ ਸਾਹਿਬ ਇਸ ਨੂੰ 'ਸ਼ਗੂਫ਼ਾ' ਦੱਸ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੇ। ਉਨ੍ਹਾ ਤਨਜ਼ ਕੱਸਦਿਆਂ ਕਿਹਾ ਕਿ ਜਾਖੜ ਸਾਹਿਬ, ਜਿਸ ਕਾਂਗਰਸ ਪਾਰਟੀ ਵਿੱਚ ਤੁਸੀਂ ਪਹਿਲਾਂ ਸੀ, ਅੱਜ ਉਹੀ ਲੋਕ ਤੁਹਾਡੇ ਨਾਲ ਭਾਜਪਾ ਵਿੱਚ ਬੈਠੇ ਹਨ, ਜਿਨ੍ਹਾਂ ਕਦੇ ਸੋਨੇ ਦੀ ਕਹੀ ਅਤੇ ਚਾਂਦੀ ਦੀ ਟੋਕਰੀ ਲੈ ਕੇ ਪੰਜਾਬ ਦੀ ਹਿੱਕ 'ਤੇ ਨਹਿਰਾਂ ਪੁਟਵਾਈਆਂ ਸਨ ਅਤੇ ਪੰਜਾਬ ਦਾ ਪਾਣੀ ਦੂਜੇ ਸੂਬਿਆਂ ਨੂੰ ਲੁਟਾਇਆ ਸੀ, ਅੱਜ ਉਨ੍ਹਾਂ ਗੱਦਾਰੀਆਂ 'ਤੇ ਤੁਸੀਂ ਚੁੱਪ ਕਿਉਂ ਹੋ? ਪੰਜਾਬ ਦੀ ਜਨਤਾ ਤੁਹਾਡੀ ਇਸ ਖ਼ਾਮੋਸ਼ੀ ਦਾ ਮਤਲਬ ਚੰਗੀ ਤਰ੍ਹਾਂ ਸਮਝਦੀ ਹੈ।

ਵਿਰੋਧੀਆਂ ਨੂੰ ਸ਼ੀਸ਼ਾ ਦਿਖਾਉਂਦੇ ਹੋਏ ਪੰਨੂ ਨੇ ਕਿਹਾ ਕਿ ਜਿਸ ਪੰਜਾਬ ਨੂੰ ਇਨ੍ਹਾਂ ਰਵਾਇਤੀ

• ਬਾਕੀ ਸਫਾ 2 'ਤੇ

## ਅਰੂਟ ਜੀ ਮਹਾਰਾਜ ਦੇ ਨਾਂਅ 'ਤੇ ਚੌਕ ਬਣਾਉਣ ਦਾ ਪ੍ਰਸਤਾਵ ਪਾਸ ਕਰਨ ਲਈ ਧੰਨਵਾਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅਰੋੜਵੰਸ਼ ਸਭਾ ਵੱਲੋਂ ਛੇਤੀ ਹੀ ਸ਼ਹਿਰ 'ਚ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਂਅ 'ਤੇ ਇੱਕ ਚੌਕ ਬਣਾਇਆ ਜਾਵੇਗਾ।ਨਗਰ ਕੌਂਸਲ ਦੀ ਮੀਟਿੰਗ 'ਚ ਕੌਂਸਲਰਾਂ ਵੱਲੋਂ ਇੱਕ ਪ੍ਰਸਤਾਵ ਵੀ ਪਾਸ ਕਰ ਦਿੱਤਾ ਗਿਆ ਹੈ, ਜਿਸ ਨੂੰ ਲੈ ਕੇ ਅਰੋੜਵੰਸ ਸਭਾ ਦੇ ਪ੍ਰਧਾਨ ਰਾਜਕੁਮਾਰ ਭਟੇਜਾ ਮੇਲੂ ਨੇ ਸਾਰੇ ਕੌਂਸਲਰਾਂ ਦਾ ਧੰਨਵਾਦ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਬਹੁਤ ਚੰਗਾ ਕਦਮ ਹੈ ਕਿ ਸ਼ਹਿਰ 'ਚ ਸ਼੍ਰੀ ਅਰੂਟ ਜੀ ਮਹਾਰਾਜ ਦੇ ਨਾਂਅ 'ਤੇ ਕੋਈ ਚੌਕ ਹੋਵੇਗਾ।ਮੇਲੂ ਨੇ ਕਿਹਾ ਕਿ ਨੇੜਲੇ ਸ਼ਹਿਰਾਂ 'ਚ ਪਹਿਲਾਂ ਤੋਂ ਹੀ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਂਅ 'ਤੇ ਚੌਕ ਬਣੇ ਹੋਏ ਨੇ, ਜਿਸ ਲਈ ਮੁਕਤਸਰ ਤੋਂ ਵੀ ਲੰਬੇ ਸਮੇਂ ਤੋਂ ਸ੍ਰੀ ਅਰੂਟ ਜੀ ਮਹਾਰਾਜ ਦੇ ਨਾਂਅ 'ਤੇ ਚੌਕ ਬਣਾਉਣ ਦੀ ਮੰਗ ਚੱਲ ਰਹੀ ਸੀ।ਨਗਰ ਕੌਂਸਲ ਦੀ ਮੀਟਿੰਗ 'ਚ ਪ੍ਰਸਤਾਵ ਪਾਸ ਹੋਣ ਨਾਲ ਹੁਣ ਏਥੇ ਵੀ ਚੌਕ ਬਣਨ ਦੀ ਆਸ ਜਗੀ ਹੈ। ਉਨ੍ਹਾਂ ਸਹਿਯੋਗ ਦੇਣ ਲਈ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਨਗਰ ਕੌਂਸਲ ਪ੍ਰਧਾਨ ਕ੍ਰਿਸ਼ਨ ਕੁਮਾਰ ਸ਼ੰਮੀ ਤੇਰੀਆ, ਸਾਬਕਾ ਵਾਈਸ ਪ੍ਰਧਾਨ ਤੇ ਮੌਜੂਦਾ ਕੌਂਸਲਰ ਸਤਪਾਲ ਪਠੇਲਾ, ਕੌਂਸਲਰ ਕਵਿਤਾ ਸੁਖੀਜਾ, ਤਰਸੇਮ ਕੁਮਾਰ ਲਾਡੀ ਬੱਤਰਾ, ਸੰਜੀਵ ਕੁਮਾਰ ਧੂੜੀਆ, ਵਿਜੈ ਰੁਪਾਣਾ ਸਮੇਤ ਸਾਰੇ ਕੌਂਸਲਰਾਂ ਦਾ ਵੀ ਧੰਨਵਾਦ ਕੀਤਾ ਹੈ। ਉੱਧਰ, ਅਰੋੜਵੰਸ਼ ਸਭਾ ਦੇ ਪੰਜਾਬ ਦੇ ਸੈਕਟਰੀ ਸੰਦੀਪ ਗਿਰਧਰ, ਸੀਨੀਅਰ ਆਗੂ ਅਸ਼ਵਨੀ ਗਿਰਧਰ ਨੇ ਵੀ ਇਸ ਪ੍ਰਸਤਾਵ ਨੂੰ ਪਾਸ ਕਰਨ ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਨਗਰ ਕੌਂਸਲਰਾਂ ਦੀ ਸ਼ਲਾਘਾ ਕੀਤੀ ਹੈ।

## ਵੱਖ ਵੱਖ ਕਾਲਜਾਂ 'ਚ ਨਸ਼ਾ ਵਿਰੋਧੀ ਵਿਸ਼ਿਆਂ 'ਤੇ ਭਾਸ਼ਣ ਮੁਕਾਬਲੇ ਕਰਾਏ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਪ੍ਰਸ਼ਾਸਨ ਦੇ ਦਿਸ਼ਾ-ਨਿਰਦੇਸ਼ਾਂ ਹੇਠ 'ਜ਼ਿੰਦਗੀ ਜ਼ਿੰਦਾਬਾਦ-ਨਸ਼ੇ ਨੂੰ ਨਾਂਹ, ਜ਼ਿੰਦਗੀ ਨੂੰ ਹਾਂ' ਮੁਹਿੰਮ ਤਹਿਤ ਰੁਪਿੰਦਰਜੀਤ ਸਿੰਘ ਸੰਯੋਜਕ ਜ਼ਿੰਦਗੀ ਜ਼ਿੰਦਾਬਾਦ ਮੁਹਿੰਮ ਤੇ ਐਡਵੋਕੇਟ ਨਰਵੀਰ ਸਿੰਘ ਗਿੱਲ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨ ਲਈ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਆਦੇਸ਼ ਨਰਸਿੰਗ ਕਾਲਜ ਤੇ ਖਾਲਸਾ ਕਾਲਜ ਆਫ ਐਜੂਕੇਸ਼ਨ ਵਿੱਚ ਨਸ਼ਾ ਵਿਰੋਧੀ ਵਿਸ਼ਿਆਂ 'ਤੇ ਭਾਸ਼ਣ ਮੁਕਾਬਲੇ ਕਰਾਏ ਗਏ।ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਭਾਗ ਲਿਆ ਤੇ ਨਸ਼ਿਆਂ ਦੇ ਨੁਕਸਾਨਾਂ, ਸਮਾਜ 'ਤੇ ਪੈਣ ਵਾਲੇ ਪ੍ਰਭਾਵਾਂ ਅਤੇ ਇਸ ਬੁਰਾਈ ਤੋਂ ਬਚਣ ਲਈ ਜਾਗਰੂਕਤਾ ਫੈਲਾਉਣ ਦੀ ਲੋੜ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਜਜ਼ਬੇ ਤੇ ਉਤਸ਼ਾਹ ਨਾਲ ਭਰੇ ਸੰਦੇਸ਼ਾਂ ਰਾਹੀਂ ਇਹ ਦਰਸਾਇਆ ਕਿ ਨੌਜਵਾਨ ਵਰਗ ਜੇਕਰ ਪੱਕਾ ਇਰਾਦਾ ਕਰ ਲਵੇ ਤਾਂ ਨਸ਼ਿਆਂ ਵਰਗੀ ਬੁਰਾਈ ਨੂੰ ਸਮਾਜ ਵਿੱਚੋਂ ਖਤਮ ਕੀਤਾ ਜਾ ਸਕਦਾ ਹੈ।ਕਾਲਜ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਸਮਾਜ ਦੀ ਰਚਨਾ ਲਈ ਅੱਗੇ ਆਉਣ ਦੀ ਅਪੀਲ ਕੀਤੀ ਗਈ।ਐਡਵੋਕੇਟ ਨਰਵੀਰ ਸਿੰਘ ਗਿੱਲ ਨੇ ਕਿਹਾ ਕਿ ਨਸ਼ਾ ਅੱਜ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣ ਚੁੱਕਾ ਹੈ ਅਤੇ ਇਸ ਤੋਂ ਬਚਾਅ ਲਈ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਬਹੁਤ ਜ਼ਰੂਰੀ ਹੈ।

## ਪੀ.ਏ.ਯੂ. ਦੇ ਕਿਸਾਨ ਮੇਲੇ 'ਚ ਸਨਮਾਨਤ ਹੋਣਗੇ ਅਗਾਂਹਵਧੂ ਕਿਸਾਨ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਦੇ ਕਿਸਾਨ ਮੇਲੇ ਦੌਰਾਨ ਪੰਜਾਬ ਦੀ ਅਗਾਂਹਵਧੂ ਤੇ ਵਿਗਿਆਨਕ ਖੇਤੀ ਨਾਲ ਜੁੜੇ ਕਿਸਾਨਾਂ ਨੂੰ ਉਨ੍ਹਾਂ ਵੱਲੋਂ ਪਾਏ ਯੋਗਦਾਨ ਲਈ ਸਨਮਾਨਤ ਕੀਤਾ ਜਾ ਰਿਹਾ ਹੈ। ਕਿਸਾਨ ਮੇਲੇ ਦੇ ਪਹਿਲੇ ਦਿਨ 20 ਮਾਰਚ ਨੂੰ ਉਦਘਾਟਨੀ ਸਮਾਰੋਹ ਦੌਰਾਨ ਇਹ ਇਨਾਮ ਸੰਬੰਧਤ ਕਿਸਾਨਾਂ ਨੂੰ ਦਿੱਤੇ ਜਾਣਗੇ।ਫ਼ਸਲ ਉਤਪਾਦਨ ਤੇ ਫ਼ਸਲ ਨਾਲ ਸੰਬੰਧਤ ਕਿੱਤਿਆਂ ਸੰਬੰਧੀ ਪ੍ਰਕਾਸ਼ ਕੌਰ ਸਰਾਂ ਯਾਦਗਾਰੀ ਪੁਰਸਕਾਰ ਲਖਵਿੰਦਰ ਸਿੰਘ ਸਪੁੱਤਰ ਸੁਰਜੀਤ ਸਿੰਘ, ਪਿੰਡ ਮਨੈਲੀ, ਤਹਿਸੀਲ ਖਮਾਣੋਂ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਅਗਾਂਹਵਧੂ ਕਿਸਾਨ ਨੂੰ ਦਿੱਤਾ ਜਾ ਰਿਹਾ ਹੈ, ਜੋ ਆਪਣੀ 6 ਏਕੜ ਜ਼ਮੀਨ ਵਿੱਚ ਪਿਛਲੇ 30 ਸਾਲ ਤੋਂ ਵਿਗਿਆਨਕ ਲੀਹਾਂ 'ਤੇ ਖੇਤੀ ਕਰ ਰਿਹਾ ਹੈ। ਦੂਰਦ੍ਰਿਸ਼ਟੀ ਰੱਖਣ ਵਾਲਾ ਲਖਵਿੰਦਰ ਸਿੰਘ ਖੇਤੀ ਆਮਦਨ ਵਿੱਚ ਇਜ਼ਾਫ਼ਾ ਕਰਨ ਲਈ ਰਵਾਇਤੀ ਖੇਤੀ ਦੇ ਨਾਲ-ਨਾਲ ਸਹਾਇਕ ਧੰਦੇ ਵੀ ਕਰ ਰਿਹਾ ਹੈ। ਕੇ.ਵੀ.ਕੇ. ਤੋਂ ਖੁੰਬਾਂ ਦੀ ਕਾਸ਼ਤ ਦੀ ਸਿਖਲਾਈ ਪ੍ਰਾਪਤ ਕਰਨ ਵਾਲਾ ਲਖਵਿੰਦਰ ਖੇਤੀ ਮਾਹਿਰਾਂ ਦੀ ਦੇਖ-ਰੇਖ ਹੇਠ ਵੱਡੇ ਪੱਧਰ 'ਤੇ ਘੱਟ ਲਾਗਤ ਨਾਲ ਜੈਵਿਕ ਖੁੰਬਾਂ ਤੇ ਕੰਪੋਸਟ ਦਾ ਉਤਪਾਦਨ ਕਰ ਰਿਹਾ ਹੈ। ਖੁੰਬਾਂ ਦੀ ਸਾਫ਼ ਸਫ਼ਾਈ ਤੇ ਡੱਬਾਬੰਦੀ ਕਰਨ ਲਈ ਪੇਂਡੂ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਨ ਵਾਲਾ ਲਖਵਿੰਦਰ ਸਿੰਘ ਇਲਾਕੇ ਦੇ ਕਿਸਾਨਾਂ ਦਾ ਰਾਹ ਦਸੇਰਾ ਬਣਦਾ ਹੋਇਆ ਉਨ੍ਹਾਂ ਨੂੰ ਵੀ ਖੁੰਬਾਂ ਦੀ ਕਾਸ਼ਤ ਸੰਬੰਧੀ ਸਿਖਲਾਈਆਂ ਪ੍ਰਦਾਨ ਕਰਾ ਰਿਹਾ ਹੈ।

## ਡਾ. ਮੋਹਨ ਲਾਲ ਸ਼ਰਮਾ ਨੇ ਭਾਜਪਾ ਦਾ ਦਾਮਨ ਫੜਿਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਉੱਘੇ ਸਿੱਖਿਆ ਸ਼ਾਸਤਰੀ ਤੇ ਸਮਾਜ ਸੇਵੀ ਡਾ. ਮੋਹਨ ਲਾਲ ਸ਼ਰਮਾ ਨੇ ਅਕਾਲੀ ਦਲ ਪੁਨਰ ਸੁਰਜੀਤ ਨੂੰ ਛੱਡ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ।ਇੱਥੇ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਦੱਸਿਆ ਕਿ ਉਹ ਭਾਜਪਾ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸਸ਼ੀਲ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨੇਤ੍ਰਿਤਵ ਹੇਠ ਦੇਸ਼ ਨੇ ਵਿਕਾਸ ਦੇ ਨਵੇਂ ਆਯਾਮ ਛੂਹੇ ਹਨ।ਉਨ੍ਹਾਂ ਇਹ ਵੀ ਕਿਹਾ ਕਿ ਉਹ ਭਾਜਪਾ ਪਰਵਾਰ ਨਾਲ ਜੁੜ ਕੇ ਦਿਨ-ਰਾਤ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ।ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ 21 ਮਾਰਚ ਨੂੰ ਸਮਾਣਾ ਦੇ ਕਿਸਾਨ ਪੈਲੇਸ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਇਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਦਾ ਮਕਸਦ ਹਲਕੇ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਕਰਨਾ ਤੇ ਲੋਕਾਂ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾਉਣਾ ਹੈ।ਡਾ. ਮੋਹਨ ਲਾਲ ਸ਼ਰਮਾ ਨੇ ਹਲਕੇ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਸ਼ਿਰਕਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਵਾਈਸ ਪ੍ਰਧਾਨ ਜੀਵਨ ਦੱਤ ਸ਼ੈਲੀ, ਭਾਜਪਾ ਮੰਡਲ ਪ੍ਰਧਾਨ ਯਤਿੰਦਰ ਸ਼ਰਮਾ, ਸੀਨੀਅਰ ਆਗੂ ਪ੍ਰਦਮਣ ਸਿੰਘ ਵਿਰਕ, ਯੁਵਾ ਮੋਰਚਾ ਸਮਾਣਾ ਦੇ ਪ੍ਰਧਾਨ ਪ੍ਰੀਕਸ਼ਤ ਪਾਠਕ, ਸੰਜੀਵ ਗਰਗ, ਨੀਰਜ ਗੁਪਤਾ, ਵਿਕਾਸ ਸ਼ਰਮਾ, ਜਗਦੇਵ ਸਿੰਘ ਕੈਂਥ, ਪੰਕਜ ਤਿਵਾੜੀ ਤੋਂ ਇਲਾਵਾ ਕਈ ਹੋਰ ਆਗੂ ਮੌਜੂਦ ਸਨ।

## ਸ਼੍ਰੋਮਣੀ ਭਗਤ ਧੰਨਾ ਜੀ ਦੀ ਯਾਦ 'ਚ ਨਗਰ ਕੀਰਤਨ 23 ਨੂੰ



**ਜਗਰਾਉਂ (ਸੰਜੀਵ ਅਰੋੜਾ)**-ਗੁਰਦੁਆਰਾ ਗੋਪਾਲਸਰ ਸਾਹਿਬ (ਯਾਦਗਾਰ ਸ਼੍ਰੋਮਣੀ ਭਗਤ ਧੰਨਾ ਜੀ) ਪਿੰਡ ਗਗੜਾ ਤੋਂ ਸ਼੍ਰੋਮਣੀ ਭਗਤ ਧੰਨਾ ਜੀ ਦੇ ਅਵਤਾਰ ਦਿਹਾੜੇ ਨੂੰ ਸਮਰਪਿਤ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਮਹਾਨ ਨਗਰ ਕੀਰਤਨ 23 ਮਾਰਚ ਨੂੰ ਗੁਰਦੁਆਰਾ ਸਾਹਿਬ ਤੋਂ ਸਜਾਇਆ ਜਾਵੇਗਾ। ਬਾਬਾ ਕਮਲਜੀਤ ਸਿੰਘ, ਬਾਬਾ ਅਮਰਜੀਤ ਸਿੰਘ ਦੇ ਉੱਦਮ ਉਪਰਾਲੇ ਸਦਕਾ, ਇਲਾਕੇ ਭਰ ਦੀਆਂ ਸੰਗਤਾਂ ਤੇ ਐੱਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਸਜਾਇਆ ਜਾ ਰਿਹਾ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਪਿੰਡ ਸੋਹੀਆਂ, ਗਗੜਾ, ਮੀਰਪੁਰ ਹਾਂਸ, ਬੀੜ ਗਗੜਾ, ਪੋਨਾ ਦੀ ਪ੍ਰੀਕਰਮਾ ਕਰਦਾ ਦੇਰ ਸ਼ਾਮ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਵਗਾ। ਨਗਰ ਕੀਰਤਨ ਸੰਬੰਧੀ ਜਾਣਕਾਰੀ ਦਿੰਦਿਆਂ ਬਾਬਾ ਅਮਰਜੀਤ ਸਿੰਘ ਨੇ ਦੱਸਿਆ ਕਿ ਨਗਰ ਕੀਰਤਨ ਦੌਰਾਨ ਸਿੱਖ ਪੰਥ ਦੇ ਉੱਘੇ ਕਵੀਸ਼ਰ, ਢਾਡੀ ਜੱਥੇ, ਸਿੱਖ ਸੰਗਤਾਂ ਨੂੰ ਸਿੱਖ ਧਰਮ ਦੇ ਮਹਾਨ ਗੌਰਵਮਈ ਇਤਿਹਾਸ ਵਿੱਚੋਂ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਦੌਰਾਨ ਵੱਖ-ਵੱਖ ਗਤਕਾ ਪਾਰਟੀਆਂ ਵੀ ਆਪਣੀ ਕਲਾ ਦੇ ਜੌਹਰ ਵਿਖਾਉਣਗੀਆਂ। ਇਸ ਮੌਕੇ ਵੱਖ-ਵੱਖ ਪਿੰਡਾਂ ਵਿੱਚ ਸੰਗਤਾਂ ਲਈ ਗੁਰੂ ਦੇ ਲੰਗਰ ਵੀ ਲਗਾਏ ਜਾਣਗੇ। ਬਾਬਾ ਅਮਰਜੀਤ ਸਿੰਘ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮਹਾਨ ਕੀਰਤਨ ਵਿੱਚ ਸ਼ਮੂਲੀਅਤ ਕਰਕੇ ਆਪਣੇ ਜੀਵਨ ਨੂੰ ਜ਼ਰੂਰ ਸਫਲਾ ਕਰਨ।

## ਹਠੂਰ ਵਿਖੇ ਸਾਲਾਨਾ ਖੇਡ ਮੇਲਾ ਧੂਮਧਾਮ ਨਾਲ ਮਨਾਇਆ



**ਬੱਧਨੀ ਕਲਾਂ (ਲਵਲੀ ਕੁਮਾਰ)**-ਪਿੰਡ ਹਠੂਰ ਵਿਖੇ ਸਾਲਾਨਾ ਖੇਡ ਮੇਲਾ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਦੂਰ ਦੁਰਾਡੇ ਤੋਂ ਆਈਆਂ ਟੀਮਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਸਰਾਂ ਇਮੀਗ੍ਰੇਸ਼ਨ ਨਿਹਾਲ ਸਿੰਘ ਵਾਲਾ ਵੱਲੋਂ ਹਠੂਰ ਵਿਖੇ ਘੋਲੀਆ ਖੁਰਦ ਦੀ ਟੀਮ ਨੂੰ ਸਪਾਂਸਰ ਕੀਤਾ ਗਿਆ। ਇਸ ਖੇਡ ਮੇਲੇ ਦੌਰਾਨ ਘੋਲੀਆ ਖੁਰਦ ਦੀ ਫੁੱਟਬਾਲ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੂਜਾ ਸਥਾਨ ਹਾਸਲ ਕੀਤਾ ਅਤੇ 41000 ਦੀ ਨਗਦ ਰਾਸ਼ੀ ਤੇ ਕੱਪ ਜਿੱਤ ਕੇ ਸਰਾਂ ਇਮੀਗ੍ਰੇਸ਼ਨ ਅਤੇ ਆਪਣੇ ਹਲਕੇ ਤੇ ਪਿੰਡ ਦਾ ਨਾਮ ਰੌਸ਼ਨ ਕੀਤਾ। ਇਸ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਾਂ ਇਮੀਗ੍ਰੇਸ਼ਨ ਦੇ ਐੱਮ ਡੀ ਸਿਮਰਨਜੀਤ ਸਿੰਘ ਸਰਾਂ ਨੇ ਦੱਸਿਆ ਕਿ ਹਰ ਇੱਕ ਫਰਮ ਤੇ ਸਮਾਜ ਸੇਵੀ ਸੰਸਥਾ ਨੂੰ ਚਾਹੀਦਾ ਹੈ ਕਿ ਇਸ ਤਰ੍ਹਾਂ ਦੇ ਉਪਰਾਲਿਆਂ ਨਾਲ ਨੌਜਵਾਨ ਖੇਡਾਂ ਨਾਲ ਜੁੜਦੇ ਹਨ ਅਤੇ ਨਸ਼ਿਆਂ ਤੋਂ ਦੂਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਜ਼ਰੂਰੀ ਹਨ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਖੇਡਾਂ ਅਤੀ ਜ਼ਰੂਰੀ ਹਨ।

# ਆਉਣ ਵਾਲਾ ਸਮਾਂ ਸ਼੍ਰੋਮਣੀ ਅਕਾਲੀ ਦਲ (ਬ) ਦਾ ਹੋਵੇਗਾ : ਸੁਖਬੀਰ ਬਾਦਲ



**ਜਗਰਾਉਂ (ਸੰਜੀਵ ਅਰੋੜਾ, ਨਛੱਤਰ ਸੰਧੂ)**

2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬੀਆਂ ਨੂੰ ਦਿੱਲੀ ਦੇ ਏਜੰਟਾਂ ਹੱਥੋਂ ਮੁੜ ਗੁੰਮਰਾਹ ਹੋਣ ਨਹੀਂ ਦਿੱਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਜਗਰਾਉਂ ਵਿਖੇ ਹੋਈ ਪੰਜਾਬ ਬਚਾਓ ਸੁਖਬੀਰ ਬਾਦਲ ਲਿਆਓ ਰੈਲੀ ਦੌਰਾਨ ਕੀਤਾ। ਇਸ ਮੌਕੇ ਸ੍. ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਜੋ ਲੋਕ ਭਲਾਈ ਦੀਆਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਸਨ, ਸੂਬੇ ਦੀ ਆਪ ਸਰਕਾਰ ਵੱਲੋਂ ਉਨ੍ਹਾਂ 'ਚ ਵਾਧਾ ਤਾਂ ਕੀ ਕਰਨਾ ਸੀ, ਬਲਕਿ ਉਨ੍ਹਾਂ ਸਕੀਮਾਂ ਨੂੰ ਬੰਦ ਹੀ ਕਰ ਦਿੱਤਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਗੁਜ਼ਾਰੀ 'ਤੇ ਤੰਜ ਕੱਸਦਿਆਂ ਕਿਹਾ ਕਿ ਆਪ ਸਰਕਾਰ ਹਰੇਕ ਕੰਮ ਲਈ ਦਿੱਲੀ ਦੇ ਇਸ਼ਾਰੇ 'ਤੇ ਚੱਲਦੀ ਹੈ। ਆਪ ਸਰਕਾਰ 'ਤੇ ਵਰ੍ਹਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਇਨ੍ਹਾਂ ਦੇ ਸੂਬੇ 'ਚ ਭ੍ਰਿਸ਼ਟਾਚਾਰ, ਲੁੱਟਾਂ-ਖੋਹਾਂ, ਫਿਰੌਤੀਆਂ, ਕਤਲੋਗਾਰਤ ਤੇ ਗੈਂਗਸਟਰਵਾਦ ਦਾ ਬੋਲਬਾਲਾ ਵੱਧ ਚੁੱਕਾ ਹੈ, ਜਿਸ ਕਾਰਨ ਲੋਕਾਂ 'ਚ ਹਮੇਸ਼ਾ ਸਹਿਮ ਦਾ ਮਾਹੌਲ ਬਣਿਆ ਰਹਿੰਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਛੇ ਮਹੀਨੇ ਡੱਟ ਕੇ ਸ਼੍ਰੋਮਣੀ ਅਕਾਲੀ ਦਲ (ਬ) ਲਈ ਕੰਮ ਕਰਨ 'ਤੇ ਮਿਸ਼ਨ-2027 ਦੇ ਸਫਲ ਹੋਣ ਤੋਂ ਬਾਅਦ ਅਜਿਹੇ ਪ੍ਰਾਜੈਕਟ ਸ਼ੁਰੂ ਕੀਤੇ ਜਾਣਗੇ ਕਿ ਨੌਜਵਾਨਾਂ ਨੂੰ ਵਿਦੇਸ਼ ਜਾਣ ਦੀ ਲੋੜ ਹੀ ਨਹੀਂ ਪਵੇਗੀ। ਸੁਖਬੀਰ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣਨ 'ਤੇ ਮੈਡੀਕਲ ਦੇ ਵਿਦਿਆਰਥੀਆਂ ਨੂੰ ਸਹੂਲਤ ਦੇਣ ਲਈ ਹਰੇਕ ਜ਼ਿਲ੍ਹੇ 'ਚ ਇਕ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਦੂਰ-ਦੁਰਾਡੇ ਮੈਡੀਕਲ ਸਿੱਖਿਆ ਪ੍ਰਾਪਤ ਕਰਨ ਲਈ ਨਾ ਜਾਣਾ ਪਵੇ, ਸਰਕਾਰ ਬਣਨ ਤੇ ਕਬੱਡੀ ਮੈਚ, ਪਸ਼ੂ ਮੇਲੇ ਤੇ ਹੋਰ ਖੇਡਾਂ ਸ਼ੁਰੂ ਕੀਤੀਆਂ ਜਾਣਗੀਆਂ, ਕੰਮ ਕਰਨ ਲਈ 10 ਲੱਖ ਰੁਪਏ ਦੀ ਰਾਸ਼ੀ ਬਿਨਾਂ ਵਿਆਜ ਤੋਂ ਦਿੱਤੀ ਜਾਵੇਗੀ। ਸਰਕਾਰ ਬਣ ਉਪਰੰਤ ਕੈਬਨਿਟ ਦੀ ਪਹਿਲੀ ਮੀਟਿੰਗ ਵਿੱਚ ਹੀ ਆਟਾ ਦਾਲ ਫਿਰ ਤੋਂ ਚਾਲੂ ਕਰ ਦਿੱਤੀ ਜਾਵੇਗੀ, ਵਪਾਰੀ ਵਰਗ ਲਈ ਵੀ ਖਾਸ ਤੌਰ 'ਤੇ ਸਹੂਲਤਾਂ ਮੁਹੱਈਆ ਕੀਤੀਆਂ ਜਾਣਗੀਆਂ, ਪੰਜਾਬ ਦੇ ਨੌਜਵਾਨ ਮੁੰਡੇ ਕੁੜੀਆਂ ਲਈ ਹਰ ਕਿੱਤੇ 'ਚ ਪੰਜਾਬ ਦੇ ਬੱਚਿਆਂ ਦਾ ਕੋਟਾ ਫਿਕਸ ਕੀਤਾ ਜਾਵੇਗਾ, ਪੰਜਾਬ ਦੇ ਇਲਾਕੇ, ਹਵਾ, ਪਾਣੀ ਤੇ ਨੌਜਵਾਨੀ ਨੂੰ ਹਰ ਪੱਖ ਤੋਂ ਸੁਰੱਖਿਅਤ ਕੀਤਾ ਜਾਵੇਗਾ ਅਤੇ ਅਨੇਕਾਂ ਹੋਰ ਸਹੂਲਤਾਂ ਦਿੱਤੀਆਂ ਜਾਣਗੀਆਂ। ਉਨ੍ਹਾਂ ਆਪ ਦੀਆਂ ਸਿਹਤ ਸੇਵਾਵਾਂ 'ਤੇ ਤੰਜ ਕੱਸਦਿਆਂ ਕਿਹਾ ਕਿ ਸਰਕਾਰ ਵੱਲੋਂ ਐਲਾਨ ਤਾਂ ਵੱਡੇ-ਵੱਡੇ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲਾ ਸਮਾਂ ਸ਼੍ਰੋਮਣੀ ਅਕਾਲੀ ਦਲ (ਬ) ਦਾ ਹੋਵੇਗਾ ਅਤੇ 2027 ਦੀਆਂ ਚੋਣਾਂ 'ਚ ਪਾਰਟੀ ਵੱਡੀ ਲੀਡ ਨਾਲ ਜਿੱਤ ਦਰਜ ਕਰਕੇ ਸੂਬੇ 'ਚ ਸਰਕਾਰ ਬਣਾਈ ਜਾਵੇਗੀ।

ਇਸ ਮੌਕੇ ਹਲਕਾ ਇੰਚਾਰਜ ਐੱਸ. ਆਰ. ਕਲੇਰ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਪ੍ਰਭਜੋਤ ਸਿੰਘ ਧਾਲੀਵਾਲ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਰਣਵੀਰ ਸਿੰਘ ਢਿੱਲੋਂ ਪ੍ਰਧਾਨ ਐੱਸਓਆਈ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ-ਵੱਖ ਪਿੰਡਾਂ ਦੇ ਪੰਚ, ਸਰਪੰਚ ਤੇ ਵਰਕਰ ਹਾਜ਼ਰ ਸਨ।

# ਆਪ ਸਰਕਾਰ ਨੇ ਪੰਜਾਬ ਦਾ ਵਿਕਾਸ ਨਹੀਂ, ਬਲਕਿ ਵਿਨਾਸ਼ ਕੀਤਾ : ਸੁਖਬੀਰ ਬਾਦਲ

**ਜਗਮੀਤ ਹਰਿਆਊ ਸਮਾਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹੋਣਗੇ ਉਮੀਦਵਾਰ**



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਵਿੱਚ 2027 ਵਿੱਚ ਆਉਂਦੀਆਂ ਵਿਧਾਨ ਸਭਾ ਚੋਣਾਂ ਨੂੰ ਮੱਦੇ ਨਗਰ ਨਜ਼ਰ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਸਮਾਣਾ ਵਿਖੇ ਇੱਕ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੀ ਸਿਆਸੀ ਫ਼ਿਜ਼ਾ ਵਿੱਚ ਨਵੀਂ ਗਰਮਾਹਟ ਪੈਦਾ ਕਰ ਦਿੱਤੀ ਹੈ।ਇਸ ਰੈਲੀ ਵਿੱਚ ਹਲਕਾ ਸਮਾਣਾ ਦੇ ਪਿੰਡਾਂ ਤੇ ਸ਼ਹਿਰਾਂ ਤੋਂ ਪਾਰਟੀ ਵਰਕਰਾਂ ਤੇ ਆਮ ਲੋਕਾਂ ਦਾ ਅਥਾਹ ਹਜੂਮ ਉਮੜਿਆ, ਜਿਸ ਨੇ ਅਕਾਲੀ ਦਲ ਦੇ ਜਥੇਬੰਦਕ ਰੂਪ ਵਿੱਚ ਮੁੜ ਉੱਭਰਨ ਦਾ ਸੰਕੇਤ ਦਿੱਤਾ।ਆਪਣੇ ਸੰਬੋਧਨ ਦੌਰਾਨ ਸੁਖਬੀਰ ਬਾਦਲ ਨੇ ਜਿੱਥੇ ਮੌਜੂਦਾ ਆਪ ਸਰਕਾਰ ਦੀਆਂ ਨੀਤੀਆਂ ਦੀ ਰੱਜ ਕੇ ਆਲੋਚਨਾ ਕੀਤੀ, ਉੱਥੇ ਹੀ ਵਰਕਰਾਂ ਨੂੰ ਆਉਣ ਵਾਲੀਆਂ ਚੋਣਾਂ ਲਈ ਕਮਰਕੱਸੇ ਕਰਨ ਦਾ ਸੱਦਾ ਦਿੱਤਾ ਅਤੇ ਜਗਮੀਤ ਸਿੰਘ ਹਰਿਆਊ ਨੂੰ ਸਮਾਣਾ ਹਲਕੇ ਤੋਂ ਐਮ ਐਲ ਏ ਦਾ ਉਮੀਦਵਾਰ ਘੋਸ਼ਿਤ ਕੀਤਾ।ਉਨ੍ਹਾ ਕਿਹਾ ਕਿ ਜਗਮੀਤ ਸਿੰਘ ਹਰਿਆਓ ਨੌਜਵਾਨ ਹੈ ਤੇ ਸੇਵਾ ਕਰਨ ਦਾ ਜਜ਼ਬਾ ਇਸ ਨੂੰ ਆਪਣੇ ਪਰਿਵਾਰ ਵਿੱਚੋਂ ਮਿਲਿਆ ਹੈ, ਜੋ ਇਲਾਕੇ ਦੀ ਲੋਕਾਂ ਦੀ ਬਾਖੂਬੀ ਨਾਲ ਸੇਵਾ ਕਰੇਗਾ।

ਆਪਣੇ ਸੰਬੋਧਨ ਵਿੱਚ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਪੰਜਾਬ ਵਿਕਾਸ ਪੱਖੋਂ ਪੱਛੜ ਰਿਹਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਵਿੱਚ ਜਿੰਨਾ ਵੀ ਬੁਨਿਆਦੀ ਢਾਂਚਾ ਖੜ੍ਹਾ ਹੈ, ਉਹ ਅਕਾਲੀ ਦਲ ਦੀਆਂ ਸਰਕਾਰਾਂ ਦੀ ਦੇਣ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਰਾਜ ਦੌਰਾਨ ਅਸੀਂ ਪੰਜਾਬ ਨੂੰ ਬਿਜਲੀ ਸਰਪਲੱਸ ਸੂਬਾ ਬਣਾਇਆ ਸੀ ਤੇ ਚਹੁੰ-ਮਾਰਗੀ ਸੜਕਾਂ ਦਾ ਜਾਲ ਵਿਛਾਇਆ ਸੀ, ਪਰ ਅੱਜ ਦੀ ਸਰਕਾਰ ਸਿਰਫ਼ ਇਸ਼ਤਿਹਾਰਬਾਜ਼ੀ ਤੱਕ ਸੀਮਤ ਹੋ ਕੇ ਰਹਿ ਗਈ ਹੈ।ਉਨ੍ਹਾਂ ਇਲਜ਼ਾਮ ਲਾਇਆ ਕਿ ਸਰਕਾਰ ਵੱਲੋਂ ਪੰਜਾਬ ਦਾ ਕਰੋੜਾਂ ਰੁਪਿਆ ਦੂਜੇ ਰਾਜਾਂ ਵਿੱਚ ਆਪਣੀ ਪਾਰਟੀ ਦੇ ਪ੍ਰਚਾਰ ਲਈ ਖ਼ਰਚਿਆ ਜਾ ਰਿਹਾ ਹੈ, ਜਦਕਿ ਪੰਜਾਬ ਦੇ ਲੋਕ ਬੁਨਿਆਦੀ ਸਹੂਲਤਾਂ, ਸਿਹਤ ਤੇ ਸਿੱਖਿਆ ਲਈ ਤਰਸ ਰਹੇ ਹਨ।ਸੂਬੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ 'ਤੇ ਵਰ੍ਹਦਿਆਂ ਬਾਦਲ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਕੋਈ ਵੀ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ।ਗੈਂਗਸਟਰਵਾਦ ਤੇ ਫਿਰੌਤੀਆਂ ਦੇ ਮਾਮਲੇ ਲਗਾਤਾਰ ਵਧ ਰਹੇ ਹਨ, ਜਿਸ ਕਾਰਨ ਵਪਾਰੀ ਵਰਗ ਪੰਜਾਬ ਵਿੱਚੋਂ ਪਲਾਇਨ ਕਰਨ ਲਈ ਮਜ਼ਬੂਰ ਹੈ।ਨਸ਼ਿਆਂ ਦੇ ਮੁੱਦੇ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਵੱਡੇ-ਵੱਡੇ ਦਾਅਵੇ ਕੀਤੇ ਸਨ, ਪਰ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ ਵਿੱਚ ਹੋਰ ਡੂੰਘੀ ਧਸਦੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ ਨਰਕ ਵਿੱਚੋਂ ਸਿਰਫ਼ ਸ਼੍ਰੋਮਣੀ ਅਕਾਲੀ ਦਲ ਹੀ ਕੱਢ ਸਕਦਾ ਹੈ, ਕਿਉਂਕਿ ਇਹ ਪੰਜਾਬੀਆਂ ਦੀ ਆਪਣੀ ਸਿਰਮੌਰ ਖੇਤਰੀ ਜਥੇਬੰਦੀ ਹੈ।ਰੈਲੀ ਦੌਰਾਨ ਸਥਾਨਕ ਅਕਾਲੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਸਥਾਨਕ ਲੀਡਰਸ਼ਿਪ ਨੇ ਸੁਖਬੀਰ ਬਾਦਲ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਉਨ੍ਹਾਂ ਨੂੰ ਇਲਾਕੇ ਦੀਆਂ ਮੁਸ਼ਕਿਲਾਂ ਤੇ ਮੰਗਾਂ ਬਾਰੇ ਵਿਸਥਾਰ ਵਿੱਚ ਦੱਸਿਆ। ਇਸ ਮੌਕੇ ਜਗਮੀਤ ਸਿੰਘ ਹਰਿਆਊ ਨੇ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਮਾਣਾ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਪੂਰੇ ਕਰਾਉਣ ਲਈ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਪਬਲਿਕ ਕਾਲਜ ਸਮਾਣਾ ਨੂੰ ਸਰਕਾਰੀ ਕਾਲਜ ਦੀ ਮਾਨਤਾ ਦਵਾਈ ਜਾਵੇ, ਸਮਾਣਾ ਸਿਵਲ ਸਿਵਲ ਹਸਪਤਾਲ ਨੂੰ ਅਪਗਰੇਡ ਕਰਕੇ ਟਰੋਮਾ ਹਸਪਤਾਲ ਬਣਾਇਆ ਜਾਵੇ ਜਿੱਥੇ ਹਰੇਕ ਬਿਮਾਰੀ ਦਾ ਇਲਾਜ ਆਸਾਨੀ ਨਾਲ ਹੋ ਸਕੇ, ਸਮਾਣ, ਪਟਿਆਲਾ ਤੋਂ ਪਾਤੜਾਂ ਤੇ ਭਵਾਨੀਗੜ੍ਹ ਤੋਂ ਸਮਾਣਾ ਵਾਲੀਆਂ ਸੜਕਾਂ ਨੂੰ ਚਾਰ ਮਾਰਗੀ ਸੜਕ ਬਣਾਇਆ ਜਾਵੇ।ਇਸ ਮੌਕੇ ਐਨ ਕੇ ਸ਼ਰਮਾ, ਤੇਜਿੰਦਰਪਾਲ ਸਿੰਘ ਸੰਧੂ, ਅਮਰਜੀਤ ਸਿੰਘ ਪੰਜਰਥ, ਨਿਸ਼ਾਨ ਸਿੰਘ ਸੰਧੂ, ਅਮਰਜੀਤ ਸਿੰਘ ਗੁਰਾਇਆ, ਅਮਰਜੀਤ ਸਿੰਘ ਟੋਡਰਪੁਰ, ਮੱਖਣ ਸਿੰਘ ਲਾਲਕਾ, ਮਹਿੰਦਰ ਸਿੰਘ ਲਾਲਵਾ, ਗੋਪਾਲ ਸ਼ਰਮਾ, ਗੁਰਚਰਨ ਸਿੰਘ ਬੰਮਣਾ, ਜਵਾਹਰ ਲਾਲ ਸਿੰਗਲਾ, ਵਰਿੰਦਰ ਖੇੜਕੀ, ਬਲਵਿੰਦਰ ਸਿੰਘ ਦਾਨੀਪੁਰ, ਸਾਬਕਾ ਸਰਪੰਚ ਬਲਜੀਤ ਸਿੰਘ ਬੱਲੀ, ਸੁਭਾਸ਼ ਪੰਜਰਥ, ਰਵਿੰਦਰ ਪਾਲ ਸਿੰਘ ਘੁਲਾਟੀ, ਹਰਬੰਸ ਸਿੰਘ ਨਾਗੀ, ਸੁਖਵਿੰਦਰ ਸਿੰਘ ਦਾਨੀਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਅਕਾਲੀ ਵਰਕਰ ਹਾਜ਼ਰ ਸਨ।

# ਨਵ-ਉਦਾਰਵਾਦੀ ਨੀਤੀਆਂ ਨੇ ਦੇਸ਼ ਨੂੰ ਬਰਬਾਦੀ ਦੇ ਰਾਹ ਤੋਰਿਆ : ਸੇਖੋਂ

**ਸੀ.ਪੀ.ਆਈ. (ਐੱਮ) ਦੇ ਸੂਬਾਈ ਜਥੇ ਦਾ ਕਸਬਾ ਭੀਖੀ 'ਚ ਨਿੱਘਾ ਸਵਾਗਤ**




**ਭੀਖੀ (ਧਰਮਵੀਰ ਸ਼ਰਮਾ)**-ਇੱਥੇ ਸੀ.ਪੀ.ਆਈ. (ਐੱਮ) ਪੰਜਾਬ ਵੱਲੋਂ ਦੇਸ਼ ਤੇ ਪੰਜਾਬ ਦੇ ਕਿਰਤੀਆਂ ਕਿਸਾਨਾਂ ਦੇ ਭੱਖਦੇ ਮੰਗਾਂ ਮਸਲਿਆਂ 'ਤੇ ਆਰੰਭ ਸੂਬਾਈ ਜਥੇ ਦਾ ਭੀਖੀ ਕਸਬੇ ਵਿੱਚ ਕਮਿਊਨਿਸਟ ਆਗੂ ਕਾਮਰੇਡ ਪਰਵਿੰਦਰ ਸਿੰਘ ਭੀਖੀ ਦੀ ਅਗਵਾਈ ਵਿੱਚ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪਾਰਟੀ ਦੇ ਕੇਂਦਰੀ ਸਕੱਤਰੇਤ ਮੈਂਬਰ ਕਾਮਰੇਡ ਕੇ. ਐੱਨ. ਉਮੇਸ਼ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਹੋਏ ਸਨ।ਉਨ੍ਹਾਂ ਵੀ ਇਕੱਠਾਂ ਨੂੰ ਸੰਬੋਧਨ ਕੀਤਾ।

ਇਸ ਮੌਕੇ ਸੀ.ਪੀ.ਆਈ. (ਐੱਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਅੱਜ ਦੇਸ਼ ਭਰ ਵਿੱਚ ਸੀਪੀਐੱਮ ਤੇ ਖੱਬੀਆਂ ਪਾਰਟੀਆਂ ਕੇਂਦਰ ਦੀ ਫਿਰਕੂ ਫਾਸ਼ੀਵਾਦੀ ਤੇ ਕਾਰਪੋਰੇਟ ਪੱਖੀ ਗੱਠਜੋੜ ਵਿਰੁੱਧ ਫੈਸਲਾਕੁਨ ਲੜਾਈ ਲੜ ਰਹੀ ਹੈ।ਕੇਂਦਰ ਸਰਕਾਰ ਅਮਰੀਕਾ ਸਾਮਰਾਜ ਦੇ ਦਬਾਅ ਹੇਠ ਆ ਕੇ ਦੇਸ਼ ਦੇ ਹਿੱਤਾਂ ਨੂੰ ਗਹਿਣੇ ਪਾ ਰਹੀ ਹੈ।

ਉਨ੍ਹਾਂ ਕਿਹਾ ਕਿ 1990ਵੇਂ ਦਹਾਕੇ ਤੋਂ ਲਾਗੂ ਨਵਉਦਾਰਵਾਦੀ ਨੀਤੀਆਂ ਨੇ ਖੇਤੀ, ਉਦਯੋਗ, ਪਬਲਿਕ ਸੈਕਟਰ ਸਮੇਤ ਹਰ ਖੇਤਰ ਨੂੰ ਬਰਬਾਦੀ ਦੇ ਰਾਹ ਉੱਪਰ ਤੋਰ ਕੇ ਆਰਥਿਕ ਪੱਖ ਤੋਂ ਕੰਗਾਲ ਕਰਕੇ ਰੱਖ ਦਿੱਤਾ ਹੈ।ਅੱਜ ਦੀ ਮੌਜੂਦਾ ਕੇਂਦਰ ਸਰਕਾਰ ਕਾਰਪੋਰੇਟਾਂ ਤੇ ਅਮਰੀਕਾ ਸਾਮਰਾਜ ਦੇ ਥੱਲੇ ਲੱਗ ਕੇ ਦੇਸ਼ ਨੂੰ ਆਰਥਿਕ ਪੱਖੋਂ ਖੋਰਾ ਲਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬੀਆਂ ਨੇ ਬ੍ਰਿਟਿਸ਼ ਸਾਮਰਾਜ ਵਿਰੁੱਧ ਡੱਟ ਕੇ ਲੜਾਈ ਲੜੀ ਸੀ ਅਤੇ ਦੇਸ਼ ਦੀ ਆਜ਼ਾਦੀ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਸੀ ਤੇ ਅੱਜ ਵੀ ਪੰਜਾਬ ਦੇ ਲੋਕ ਇਸ ਲੜਾਈ ਵਿੱਚ ਮੋਹਰੀ ਰੋਲ ਅਦਾ ਕਰ ਰਹੇ ਹਨ।ਕਾਮਰੇਡ ਸੇਖੋਂ ਨੇ ਸਾਰੇ ਵਰਗਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 24 ਮਾਰਚ ਦੀ ਦਿੱਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਸੂਬਾ ਆਗੂ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਜਤਿੰਦਰਪਾਲ ਸਿੰਘ ਤੋਂ ਇਲਾਵਾ ਜ਼ਿਲ੍ਹਾ ਆਗੂ ਅਮਰਜੀਤ ਸਿੰਘ ਸਿੱਧੂ, ਜਸਵੰਤ ਸਿੰਘ ਬੀਰੋਕੇ, ਨਛੱਤਰ ਸਿੰਘ ਢੈਪਈ, ਹਰਜਿੰਦਰ ਸਿੰਘ ਬਰੇਟਾ, ਜਗਸੀਰ ਸਿੰਘ ਜੱਗਾ ਬਰੇਟਾ, ਪਰਵਿੰਦਰ ਸਿੰਘ ਭੀਖੀ, ਬੀਰਬਲ ਸਿੰਘ ਚੌਹਾਨ, ਦਰਸ਼ਨ ਸਿੰਘ ਜੋਗਾ, ਸੰਦੀਪ ਸਿੰਘ ਬੀਰੋਕੇ ਕਲਾਂ, ਰਾਮ ਕੁਮਾਰ, ਜਸਵਿੰਦਰ ਸਿੰਘ ਭੀਖੀ, ਕਰਨ ਭੀਖੀ, ਨਿਰਮਲ ਸਿੰਘ ਭੀਖੀ, ਬਲਜੀਤ ਸਿੰਘ ਖੀਵਾ, ਹਰਨੇਕ ਸਿੰਘ ਖੀਵਾ ਕਲਾਂ, ਸੁਖਦੇਵ ਸਿੰਘ ਬੋੜਾਵਾਲ ਆਦਿ ਹਾਜ਼ਰ ਸਨ।

## ਮਾਛੀਕੇ 'ਚ ਕਬੱਡੀ ਟੂਰਨਾਮੈਂਟ 27, 28 ਨੂੰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਪਿੰਡ ਮਾਛੀਕੇ ਵੱਲੋਂ ਕਬੱਡੀ ਦਾ ਦੂਜਾ ਸ਼ਾਨਦਾਰ ਟੂਰਨਾਮੈਂਟ 27, 28 ਮਾਰਚ 2026 ਨੂੰ ਪਵਨਦੀਪ ਸਿੰਘ ਚਾਹਿਲ ਯਾਦਗਾਰੀ ਸਟੇਡੀਅਮ ਵਿੱਚ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਕਬੱਡੀ ਉਪਨ ਵਿੱਚ ਪਹਿਲਾ ਇਨਾਮ 71000+ਕੱਪ ਤੇ ਦੂਸਰਾ ਇਨਾਮ 51000+ਕੱਪ ਤੋਂ ਇਲਾਵਾ ਕਬੱਡੀ 63 ਕਿੱਲੋ ਵਿੱਚ ਪਹਿਲਾ ਇਨਾਮ 1100+ਕੱਪ ਤੇ ਦੂਸਰਾ ਇਨਾਮ 8100+ਕੱਪ, ਕਬੱਡੀ 35 ਕਿੱਲੋ ਵਿੱਚ ਪਹਿਲਾ ਇਨਾਮ 4100+ ਕੱਪ ਤੇ ਦੂਸਰਾ ਇਨਾਮ 3100+ਕੱਪ ਅਤੇ ਇਸ ਤੋਂ ਇਲਾਵਾ ਕਬੱਡੀ ਉਪਨ ਦੇ ਬੈਸਟ ਰੇਡਰ ਤੇ ਬੈਸਟ ਜਾਫੀ ਨੂੰ ਮੋਟਰਸਾਈਕਲ ਨਾਲ ਸਨਮਾਨਤ ਕੀਤਾ ਜਾਵੇਗਾ ਅਤੇ 35 ਕਿੱਲੋ ਦੇ ਰੇਡਰ ਅਤੇ ਬੈਸਟ ਜਾਫੀ ਨੂੰ ਕੱਪਾਂ ਨਾਲ ਸਨਮਾਨਤ ਕੀਤਾ ਜਾਵੇਗਾ। ਪੱਤਰਕਾਰਾਂ ਨੂੰ ਇਸ ਦੀ ਜਾਣਕਾਰੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਦਿੱਤੀ ਗਈ।

## ਸਫਾ 1 ਦੇ ਬਾਕੀ...

### ਜਨਵਰੀ ਵਰਗੀ ਠੰਢ...

ਨੂੰ ਮਿਲਦੇ ਹਨ। ਮੌਸਮ ਵਿਗਿਆਨੀਆਂ ਨੇ ਇਸ ਪ੍ਰਣਾਲੀ ਦੀ ਅਸਾਧਾਰਨ ਬਣਤਰ ਕਾਰਨ ਤੇਜ਼ ਗਰਜ ਨਾਲ ਤੂਫ਼ਾਨੀ ਗਤੀਵਿਧੀ ਦੀ ਚਿਤਾਵਨੀ ਵੀ ਦਿੱਤੀ ਹੈ। ਮੌਜੂਦਾ ਪੱਛਮੀ ਗੜਬੜੀ ਵਿੱਚ ਇੱਕ ਲੰਬੀ, ਰੇਖਿਕ ਟਰਫ ਦਿਖਾਈ ਦੇ ਰਹੀ ਹੈ ਜੋ ਹਜ਼ਾਰਾਂ ਕਿਲੋਮੀਟਰ ਤੱਕ ਫੈਲੀ ਹੋਈ ਹੈ। ਉੱਚੇ ਇਲਾਕਿਆਂ ਵਿੱਚ ਭਾਰੀ ਬਰਫ਼ਬਾਰੀ ਦੀ ਭਵਿੱਖਬਾਣੀ ਕੀਤੀ ਗਈ ਹੈ। ਮੌਸਮ ਮਾਹਿਰਾਂ ਨੇ ਨਿਵਾਸੀਆਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਹੈ, ਕਿਉਂਕਿ ਮੌਸਮ ਵਿੱਚ ਅਚਾਨਕ ਤਬਦੀਲੀ, ਜਿਸ ਵਿੱਚ ਤੇਜ਼ ਹਵਾਵਾਂ ਅਤੇ ਬਿਜਲੀ ਦਾ ਲਿਸ਼ਕਣਾ ਸ਼ਾਮਲ ਹੈ, ਜੋਖਮ ਪੈਦਾ ਕਰ ਸਕਦੀ ਹੈ। ਅਧਿਕਾਰੀਆਂ ਨੇ ਤਾਜ਼ਾ ਸਲਾਹਾਂ ਲਈ ਭਾਰਤੀ ਮੌਸਮ ਵਿਗਿਆਨ ਵਿਭਾਗ ਦੇ ਅਪਡੇਟਸ ਦੀ ਪਾਲਣਾ ਕਰਨ ਦੀ ਸਿਫਾਰਸ਼ ਕੀਤੀ ਹੈ। ਠੰਢੇ ਹਾਲਾਤ ਦੀ ਅਚਾਨਕ ਵਾਪਸੀ ਨੇ 'ਸਵੈਟਰ ਵੈਦਰ' ਅਲਰਟ ਜਾਰੀ ਕਰ ਦਿੱਤਾ ਹੈ, ਜਿਸ ਵਿੱਚ ਖੇਤਰ ਨਿਵਾਸੀਆਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਅਜੇ ਸਰਦੀਆਂ ਦੇ ਕੱਪੜੇ ਅੰਦਰ ਨਾ ਰੱਖਣ। ਹਾਲਾਂਕਿ ਇਹ ਦੌਰ ਥੋੜ੍ਹੇ ਸਮੇਂ ਲਈ, ਸਿਰਫ਼ ਇੱਕ-ਦੋ ਦਿਨ ਰਹਿਣ ਦੀ ਉਮੀਦ ਹੈ।

### ਅਮਰੀਕਾ ਨਾਲ ਸਮਝੌਤਾ...

ਸਦਕਾ 784 ਪਿੰਡਾਂ ਦੇ ਮੁਜ਼ਾਰਿਆਂ ਨੂੰ 16 ਲੱਖ ਏਕੜ ਜ਼ਮੀਨ ਦੇ ਮਾਲਕ ਬਣਾਉਣ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ ਤੇ ਨੌਜਵਾਨ ਵਰਗ ਨੂੰ ਉਹਨਾਂ ਦੇ ਨਕਸ਼ੇ ਕਦਮਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ ।ਕਾਨਫਰੰਸ ਮੌਕੇ 23 ਮਾਰਚ ਦੇ ਸ਼ਹੀਦੀ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਉਣ ਦੀ ਅਪੀਲ ਕੀਤੀ ਗਈ।ਉੱਘੇ ਨਾਟਕਕਾਰ ਹਰਵਿੰਦਰ ਦੀਵਾਨਾ ਦੀ ਨਾਟਕ ਮੰਡਲੀ ਵੱਲੋਂ ਨਾਟਕ ਤੇ ਕੋਰੀਓਗ੍ਰਾਫੀਆ ਪੇਸ਼ ਕੀਤੀਆਂ ਗਈਆਂ। ਬੀ ਕੇ ਯੂ ਡਕੌਂਦਾ ਦੇ ਲਛਮਣ ਸਿੰਘ ਚੱਕ ਅਲੀਸ਼ੇਰ, ਸਤਵੰਤ ਸਿੰਘ ਖੰਡੇਬਾਦ, ਜਗਜੀਤ ਸਿੰਘ ਭਟਾਲ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਸੀਰ ਰਾਏਕੇ, ਕਰਨੈਲ ਸਿੰਘ ਦਾਤੇਵਾਸ, ਹਰਦਿਆਲ ਸਿੰਘ ਬੁਢਲਾਡਾ, ਬੰਬੂ ਸਿੰਘ ਫੁਲੂਵਾਲਾ, ਮਲਕੀਤ ਸਿੰਘ ਬਖਸ਼ੀਵਾਲਾ, ਬੀਰਬਲ ਸਿੰਘ ਚੱਕ ਅਲੀਸ਼ੇਰ, ਹਰਮੀਤ ਸਿੰਘ ਬੋੜਾਵਾਲ, ਗਿੰਦਰ ਸਿੰਘ ਕਿਸ਼ਨਗੜ੍ਹ, ਪਵਨ ਕੁਮਾਰ ਬੁਢਲਾਡਾ, ਗਰੀਬੂ ਸਿੰਘ, ਭੂਰਾ ਸਿੰਘ ਕਿਸ਼ਨਗੜ੍ਹ, ਲਾਲ ਚੰਦ, ਗੁਰਦਿਆਲ ਸਿੰਘ ਦਲੇਲ ਸਿੰਘ ਵਾਲਾ, ਕੁਲਵੰਤ ਸਿੰਘ ਦਲੇਲ ਸਿੰਘ ਵਾਲਾ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

### ਫਿਨਲੈਂਡ ਦੁਨੀਆ ਦਾ...

ਆਸਟਰੇਲੀਆ ਅਤੇ ਪੱਛਮੀ ਯੂਰਪ ਦੇ ਦੇਸ਼ਾਂ ਵਿੱਚ 25 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਦੀ ਖੁਸ਼ਹਾਲੀ ਵਿੱਚ ਭਾਰੀ ਗਿਰਾਵਟ ਆਈ ਹੈ।

ਇਸ ਦਾ ਮੁੱਖ ਕਾਰਨ ਸੋਸ਼ਲ ਮੀਡੀਆ 'ਤੇ ਬਿਤਾਇਆ ਜਾਣ ਵਾਲਾ ਲੰਬਾ ਸਮਾਂ ਮੰਨਿਆ ਜਾ ਰਿਹਾ ਹੈ। ਮਾਹਿਰਾਂ ਅਨੁਸਾਰ ਸੋਸ਼ਲ ਮੀਡੀਆ ਦੀ ਬਹੁਤ ਜ਼ਿਆਦਾ ਵਰਤੋਂ ਖਾਸ ਕਰਕੇ ਕਿਸ਼ੋਰ ਕੁੜੀਆਂ ਦੀ ਮਾਨਸਿਕ ਸਿਹਤ 'ਤੇ ਮਾੜੂ ਅਸਰ ਪਾ ਰਹੀ ਹੈ, ਜਿਸ ਕਾਰਨ ਪਿਛਲੇ ਇੱਕ ਦਹਾਕੇ ਵਿੱਚ ਉਨ੍ਹਾਂ ਦੇ ਜੀਵਨ ਦੇ ਮੁਲਾਂਕਣ ਵਿੱਚ ਨਿਰਾਸ਼ਾ ਦੇਖਣ ਨੂੰ ਮਿਲੀ ਹੈ।

## ਕਾਰਖ਼ਾਨੇ ਨੂੰ ਅੱਗ ਲੱਗਣ ਨਾਲ ਦੋ ਮੌਤਾਂ, 9 ਜ਼ਖ਼ਮੀ

**ਸੂਰਤ** : ਗੁਜਰਾਤ ਦੇ ਸੂਰਤ ਸ਼ਹਿਰ ਵਿੱਚ ਵੀਰਵਾਰ ਇੱਕ ਕਢਾਈ ਕਾਰਖ਼ਾਨੇ ਵਾਲੀ ਇਮਾਰਤ 'ਚ ਅੱਗ ਲੱਗਣ ਕਰਕੇ ਗੈਸ ਸਿਲੰਡਰ ਫਟ ਗਏ, ਜਿਸ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ ਅਤੇ 9 ਹੋਰ ਜ਼ਖ਼ਮੀ ਗਏ। ਫਾਇਰ ਬ੍ਰਿਗੇਡ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਇਹ ਘਟਨਾ ਸਵੇਰੇ 5.30 ਵਜੇ ਦੇ ਕਰੀਬ ਵਾਪਰੀ, ਜਦੋਂ ਕਪੋਦਰਾ ਇਲਾਕੇ ਦੇ ਭਰਤ ਨਗਰ ਵਿੱਚ ਰਚਨਾ ਸਰਕਲ ਨੇੜੇ ਸਥਿਤ ਇਮਾਰਤ ਦੀ ਤੀਜੀ ਮੰਜ਼ਿਲ 'ਤੇ ਅੱਗ ਲੱਗਣ ਤੋਂ ਬਾਅਦ ਦੋ ਸਿਲੰਡਰ ਫਟ ਗਏ। ਕੁੱਲ 11 ਵਿਅਕਤੀਆਂ ਨੂੰ ਬਾਹਰ ਕੱਢਿਆ ਗਿਆ। ਉਨ੍ਹਾਂ ਵਿੱਚੋਂ 9 ਲੋਕ ਜ਼ਖ਼ਮੀ ਹੋ ਗਏ, ਜਦ ਕਿ ਦੋ ਦੀ ਮੌਤ ਹੋ ਗਈ।

### 1,44,000 ਕਰੋੜ...

ਪਾਰਟੀਆਂ ਨੇ ਬੰਜਰ ਹੋਣ ਦੇ ਕੰਢੇ 'ਤੇ ਛੱਡ ਦਿੱਤਾ ਸੀ, ਉਸ ਨੂੰ ਮਾਨ ਸਰਕਾਰ ਨੇ ਮਹਿਜ਼ 4 ਸਾਲਾਂ ਵਿੱਚ ਹੀ ਮੁੜ ਸੁਰਜੀਤ ਕਰ ਦਿੱਤਾ ਹੈ। ਉਨ੍ਹਾ ਦੱਸਿਆ ਕਿ ਜਿੱਥੇ ਪਹਿਲਾਂ ਖੇਤਾਂ ਤੱਕ ਸਿਰਫ਼ 22 ਫੀਸਦੀ ਨਹਿਰੀ ਪਾਣੀ ਪਹੁੰਚਦਾ ਸੀ, ਅੱਜ ਮਾਨ ਸਰਕਾਰ ਦੇ ਯਤਨਾਂ ਸਦਕਾ ਉਹ ਅੰਕੜਾ 78 ਫੀਸਦੀ ਤੱਕ ਪਹੁੰਚ ਗਿਆ ਹੈ। ਏਨਾ ਹੀ ਨਹੀਂ, ਜੋ ਨਹਿਰਾਂ ਅਤੇ ਸੂਏ ਪਿਛਲੀਆਂ ਸਰਕਾਰਾਂ ਨੇ ਭੂ-ਮਾਫ਼ੀਆ ਨਾਲ ਮਿਲ ਕੇ ਦਬਾ ਦਿੱਤੇ ਸਨ, ਉਨ੍ਹਾਂ ਨੂੰ ਫਿਰ ਤੋਂ ਪੁੱਟਿਆ ਜਾ ਰਿਹਾ ਹੈ। ਤਰਨ ਤਾਰਨ ਦੇ ਸਰਹਾਲੀ ਵਿੱਚ ਦੱਬੀ ਹੋਈ 'ਲੰਬੀ ਨਹਿਰ' ਨੂੰ ਬਹਾਲ ਕਰਨਾ ਇਸ ਦਾ ਜਿਉਂਦਾ-ਜਾਗਦਾ ਸਬੂਤ ਹੈ।ਪੰਨੂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਵਿਰੋਧੀ ਪਾਰਟੀਆਂ ਨੂੰ ਤਕਲੀਫ਼ ਇਸ ਗੱਲ ਦੀ ਨਹੀਂ ਕਿ ਕੋਈ ਦੱਬੀ ਹੋਈ ਨਹਿਰ ਮਿਲ ਗਈ ਹੈ, ਸਗੋਂ ਉਨ੍ਹਾਂ ਦੀ ਅਸਲ ਤਕਲੀਫ਼ ਇਹ ਹੈ ਕਿ ਉਸ ਮਿੱਟੀ ਹੇਠ ਦੱਬੀਆਂ ਉਨ੍ਹਾਂ ਦੀਆਂ ਪੁਰਾਣੀਆਂ ਸਾਜ਼ਿਸ਼ਾਂ ਅਤੇ ਗੱਦਾਰੀਆਂ ਬਾਹਰ ਨਿਕਲ ਆਈਆਂ ਹਨ। ਉਨ੍ਹਾ ਕਿਹਾ ਕਿ 70 ਸਾਲਾਂ ਤੱਕ ਪੰਜਾਬ ਨੂੰ ਲੁੱਟਣ, ਕੁੱਟਣ ਅਤੇ ਪੰਜਾਬ ਦੇ ਹੱਕਾਂ ਨੂੰ ਦੂਜੇ ਸੂਬਿਆਂ ਕੋਲ ਗਿਰਵੀ ਰੱਖਣ ਵਾਲਿਆਂ ਦਾ ਅਸਲੀ ਚਿਹਰਾ ਹੁਣ ਬੇਨਕਾਬ ਹੋ ਚੁੱਕਾ ਹੈ। ਉਹਨਾ ਪੰਜਾਬ ਦੀ ਜਨਤਾ ਨੂੰ ਭਰੋਸਾ ਦਿਵਾਇਆ ਕਿ ਜਦੋਂ ਤੱਕ ਮੁੱਖ ਮੰਤਰੀ ਭਗਵੰਤ ਮਾਨ ਕੁਰਸੀ 'ਤੇ ਹਨ, ਪੰਜਾਬ ਦਾ ਇੱਕ-ਇੱਕ ਪੈਸਾ ਅਤੇ ਪੰਜਾਬ ਦੇ ਹੱਕ ਪੂਰੀ ਤਰ੍ਹਾਂ ਸੁਰੱਖਿਅਤ ਹਨ।

### ਕੌਮਾਂਤਰੀ ਹਾਲਾਤ ਦੇ...

ਕਿਉਂਕਿ ਬੈਂਕ ਦੇ ਚੇਅਰਮੈਨ ਅਤਨੂ ਚੱਕਰਵਰਤੀ ਨੇ ਕੁਝ ਨੈਤਿਕ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਅਸਤੀਫਾ ਦੇ ਦਿੱਤਾ ਹੈ। ਸਿਰਫ਼ ਭਾਰਤ ਹੀ ਨਹੀਂ, ਬਲਕਿ ਪੂਰੀ ਦੁਨੀਆ ਦੇ ਬਾਜ਼ਾਰਾਂ ਵਿੱਚ ਮੰਦੀ ਦਾ ਅਸਰ ਰਿਹਾ। ਏਸ਼ੀਆ ਵਿੱਚ ਦੱਖਣੀ ਕੋਰੀਆ, ਜਪਾਨ, ਚੀਨ ਅਤੇ ਹਾਂਗਕਾਂਗ ਦੇ ਬਾਜ਼ਾਰ ਵੀ ਵੱਡੀ ਗਿਰਾਵਟ ਨਾਲ ਬੰਦ ਹੋਏ। ਯੂਰਪੀ ਬਾਜ਼ਾਰਾਂ ਵਿੱਚ ਵੀ ਕਾਫੀ ਨੁਕਸਾਨ ਹੋਇਆ ਅਤੇ ਅਮਰੀਕੀ ਬਾਜ਼ਾਰ ਵੀ ਬੁੱਧਵਾਰ ਨੂੰ ਭਾਰੀ ਗਿਰਾਵਟ ਨਾਲ ਬੰਦ ਹੋਏ ਸਨ। ਅੰਕੜਿਆਂ ਮੁਤਾਬਕ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਬੁੱਧਵਾਰ ਨੂੰ 2,714.35 ਕਰੋੜ ਰੁਪਏ ਦੇ ਸ਼ੇਅਰ ਵੇਚੇ। ਹਾਲਾਂਕਿ ਭਾਰਤੀ ਸੰਸਥਾਗਤ ਨਿਵੇਸ਼ਕਾਂ ਨੇ 3,253.03 ਕਰੋੜ ਰੁਪਏ ਦੇ ਸ਼ੇਅਰ ਖਰੀਦ ਕੇ ਬਾਜ਼ਾਰ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ, ਪਰ ਗਲੋਬਲ ਹਾਲਾਤ ਖ਼ਰਾਬ ਹੋਣ ਕਾਰਨ ਗਿਰਾਵਟ ਜਾਰੀ ਰਹੀ।

## ਕੈਂਸਰ ਇਲਾਜ 'ਚ ਜੀ ਜੀ ਐੱਸ ਮੈਡੀਕਲ ਕਾਲਜ ਨੇ ਰਚਿਆ ਇਤਿਹਾਸ

### ਸਰਕਾਰੀ ਸੰਸਥਾਵਾਂ 'ਚ ਪਹਿਲੀ ਵਾਰ ਜਟਿਲ ਸਰਜਰੀ ਸਫਲਤਾਪੂਰਵਕ ਸੰਪੰਨ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਨੇ ਕੈਂਸਰ ਦੇ ਇਲਾਜ ਵਿੱਚ ਇੱਕ ਵੱਡੀ ਮੀਲ ਪੱਥਰ ਵਰਗੀ ਉਪਲਬਧੀ ਹਾਸਲ ਕੀਤੀ ਹੈ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਦੀ ਯੋਗ ਅਗਵਾਈ ਹੇਠ ਹਸਪਤਾਲ ਦੀ ਮਾਹਰ ਟੀਮ ਨੇ ਪੰਜਾਬ ਤੇ ਗੁਆਂਢੀ ਰਾਜਾਂ ਦੀਆਂ ਸਰਕਾਰੀ ਸੰਸਥਾਵਾਂ ਵਿੱਚ ਪਹਿਲੀ ਵਾਰ ਸਾਈਟੋਰੀਡਕਟਿਵ ਸਰਜਰੀ ਤੇ ਹਾਈਪਰਥਰਮਿਕ ਇੰਟਰਾਪੈਰੀਟੋਨੀਅਲ ਕੀਮੋਥੈਰੇਪੀ ਵਰਗੀ ਬਹੁਤ ਹੀ ਗੁੰਝਲਦਾਰ ਸਰਜਰੀ ਨੂੰ ਸਫਲਤਾਪੂਰਵਕ ਅੰਜਾਮ ਦਿੱਤਾ ਹੈ।ਇਹ ਇਤਿਹਾਸਕ ਸਰਜਰੀ ਸਰਜੀਕਲ ਓਨਕੋਲੋਜਿਸਟ ਡਾ. ਰੋਹਿਤ ਜਿੰਦਲ ਦੀ ਅਗਵਾਈ ਵਿੱਚ ਡਾ. ਪਰਮਿੰਦਰ ਸਿੰਘ ਸੰਧੂ ਦੇ ਮਾਰਗਦਰਸ਼ਨ ਹੇਠ ਕੀਤੀ ਗਈ।ਇਸ ਟੀਮ ਵਿੱਚ ਡਾ. ਵਿਮਲ ਭੱਟ ਤੇ ਡਾ. ਪਰਗਟ ਸਿੰਘ ਨੇ ਅਹਿਮ ਭੂਮਿਕਾ ਨਿਭਾਈ।ਐਨੇਸਥੀਸੀਆ ਵਿਭਾਗ ਦੀ ਮੁਖੀ ਡਾ. ਸਰਵਜੀਤ ਕੌਰ ਦੀ ਨਿਗਰਾਨੀ ਹੇਠ ਡਾ. ਗੁਰਕਰਨ ਕੌਰ ਤੇ ਡਾ. ਸੀਮਾ (ਆਈ.ਸੀ.ਯੂ. ਟੀਮ) ਨੇ ਇਸ ਲੰਬੇ ਤੇ ਜਟਿਲ ਓਪਰੇਸ਼ਨ ਦੌਰਾਨ ਮਰੀਜ਼ ਦੀ ਸਥਿਤੀ ਨੂੰ ਸਥਿਰ ਰੱਖਣ ਵਿੱਚ ਵੱਡਾ ਯੋਗਦਾਨ ਪਾਇਆ।ਇਸ ਮੌਕੇ ਵਾਈਸ ਚਾਂਸਲਰ ਡਾ. ਰਾਜੀਵ ਸੂਦ ਨੇ ਇਸ ਸਫਲਤਾ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਸਿਹਤ ਮਿਸ਼ਨ ਦੀ ਜਿੱਤ ਦੱਸਿਆ।ਉਨ੍ਹਾਂ ਕਿਹਾ ਕਿ ਹੁਣ ਮਾਲਵਾ ਖੇਤਰ ਦੇ ਮਰੀਜ਼ਾਂ ਨੂੰ ਅਜਿਹੇ ਮਹਿੰਗੇ ਇਲਾਜ ਲਈ ਦਿੱਲੀ ਜਾਂ ਮੁੰਬਈ ਵਰਗੇ ਵੱਡੇ ਸ਼ਹਿਰਾਂ ਜਾਂ ਮਹਿੰਗੇ ਨਿੱਜੀ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।ਮੈਡੀਕਲ ਸੁਪਰਡੈਂਟ ਡਾ. ਨੀਤੂ ਕੁੱਕੜ ਨੇ ਵੀ ਸਮੁੱਚੀ ਟੀਮ ਨੂੰ ਇਸ ਇਤਿਹਾਸਕ ਕਦਮ ਲਈ ਵਧਾਈ ਦਿੱਤੀ।

## ਭਾਈ ਜੈਤਾ ਜੀ ਫਾਊਂਡੇਸ਼ਨ ਦੇ 24 ਵਿਦਿਆਰਥੀ ਜਵਾਹਰ ਨਵੋਦਿਆ ਲਈ ਚੁਣੇ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਨਵੋਦਿਆ ਵਿਦਿਆਲਿਆ ਸਮਿਤੀ ਦੁਆਰਾ ਘੋਸ਼ਿਤ ਕੀਤੇ ਗਏ ਜਵਾਹਰ ਨਵੋਦਿਆ ਵਿਦਿਆਲਿਆ ਤਿਉਣਾ ਪੁਜਾਰੀਆਂ (ਬਠਿੰਡਾ) ਤੇ ਢਿੱਲਵਾਂ (ਬਰਨਾਲਾ) ਦੀ ਛੇਵੀਂ ਕਲਾਸ 'ਚ (2026-27) ਦੇ ਦਾਖਲੇ ਲਈ ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਸੰਸਥਾਪਕ ਹਰਪਾਲ ਸਿੰਘ ਤੇ ਵਿੱਤ ਪ੍ਰਬੰਧਕ ਜਸਵਿੰਦਰ ਸਿੰਘ ਪਸਰੀਚਾ ਦੇ ਦਿਸ਼ਾ ਨਿਰਦੇਸ਼ ਅਤੇ ਸੁਚੱਜੀ ਅਗਵਾਈ ਤਹਿਤ ਵੱਖ-ਵੱਖ ਸੈਂਟਰਾਂ 'ਚ ਮੁਫ਼ਤ ਪੜ੍ਹਾਏ ਗਏ 450 ਦੇ ਲੱਗ-ਭੱਗ ਵਿਦਿਆਰਥੀਆਂ 'ਚੋਂ 24 ਵਿਦਿਆਰਥੀ ਚੁਣੇ ਗਏ। ਫਾਊਂਡੇਸ਼ਨ ਦੇ ਸਟੇਟ ਕੋ-ਆਰਡੀਨੇਟਰ ਸੰਦੀਪ ਸਿੰਘ ਤੇ ਜ਼ਿਲ੍ਹਾ ਕੋ-ਆਰਡੀਨੇਟਰ ਬਲਜਿੰਦਰ ਸਿੰਘ ਲਹਿਰਾ ਮੁਹੱਬਤ (ਰਿਟਾ. ਪ੍ਰਿੰਸੀਪਲ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ 22 ਸੈਂਟਰਾਂ 'ਚੋਂ ਚੁਣੇ ਗਏ ਇਨ੍ਹਾਂ 24 ਵਿਦਿਆਰਥੀਆਂ 'ਚੋਂ 16 ਨਵੋਦਿਆ ਵਿਦਿਆਲਿਆ ਤਿਉਣਾ ਪੁਜਾਰੀਆਂ (ਜ਼ਿਲ੍ਹਾ ਬਠਿੰਡਾ) ਤੇ 8 ਢਿੱਲਵਾਂ (ਜ਼ਿਲ੍ਹਾ ਬਰਨਾਲਾ) ਲਈ ਚੁਣੇ ਗਏ। ਇਨ੍ਹਾਂ ਵਿੱਚੋਂ ਬਰਨਾਲਾ ਦੇ ਪਿੰਡ ਗਹਿਲ ਤੇ ਪੰਡੋਰੀ ਦੇ 4-4, ਬੱਲੋ ਦੇ 3, ਪੂਹਲਾ ਤੇ ਮਲਕਾਣਾ ਸੈਂਟਰ ਦੇ 2-2 ਵਿਦਿਆਰਥੀਆਂ ਤੋਂ ਇਲਾਵਾ ਪਿੱਥੋ, ਬੰਗੀਕਲਾਂ, ਬਸਤੀ ਬੀੜ ਤਲਾਬ, ਕੋਟੜਾ ਕੌੜਾ, ਮੰਡੀ ਕਲਾਂ, ਖੋਖਰ, ਬੱਲੂਆਣਾ, ਮੌੜ ਕਲਾਂ ਤੇ ਲਹਿਰਾ ਬੇਗਾ ਦਾ 1-1 ਵਿਦਿਆਰਥੀ ਚੁਣਿਆ ਗਿਆ ਹੈ। ਉਨ੍ਹਾਂ ਹੋਣਹਾਰ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਬੱਚਿਆਂ ਨੂੰ ਕੋਚਿੰਗ ਦੇਣ ਵਾਲੇ ਅਧਿਆਪਕਾਂ ਤੇ ਵਲੰਟੀਅਰਜ਼ ਦੀ ਸਖ਼ਤ ਮਿਹਨਤ ਸਦਕਾ ਹਾਸਲ ਹੋਈ ਹੈ। ਫਾਊਂਡੇਸ਼ਨ ਵੱਲੋਂ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਅੱਗੇ ਤੋਂ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ। ਭਵਿੱਖ ਵਿੱਚ ਕੋਚਿੰਗ ਲਈ ਚਾਹਵਾਨ ਵਿਦਿਆਰਥੀ ਤੇ ਮਾਪੇ ਸੰਸਥਾ ਨਾਲ ਸੰਪਰਕ ਕਰ ਸਕਦੇ ਹਨ।

## ਮਾਸਟਰ ਓਮ ਪ੍ਰਕਾਸ਼ ਦੇ ਪੁੱਤਰ ਦਾ ਦੇਹਾਂਤ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਸ਼ਹਿਰ ਵਿਖੇ ਉਸ ਸਮੇਂ ਸੋਗ ਪੈਦਾ ਹੋ ਗਿਆ, ਜਦੋਂ ਸ਼ਹਿਰ ਵਾਸੀਆਂ ਨੂੰ ਦਿਨ ਚੜ੍ਹਦੇ ਸਾਰ ਸਵ. ਮਾਸਟਰ ਓਮ ਪ੍ਰਕਾਸ਼ ਜੀ ਦੇ ਸਪੁੱਤਰ ਸੰਜੀਵ ਕੁਮਾਰ ਕੋਟਹਾਰੀ ਉਰਫ ਘੋਗੀ ਦੇ ਦੇਹਾਂਤ ਦੀ ਖਬਰ ਬਾਰੇ ਪਤਾ ਚੱਲਿਆ। ਦੱਸਣਾ ਬਣਦਾ ਹੈ ਕਿ ਸੰਜੀਵ ਕੁਮਾਰ ਬੀਤੇ ਕਾਫੀ ਸਮੇਂ ਤੋਂ ਕੈਂਸਰ ਤੋਂ ਪੀੜਤ ਸਨ ਤੇ ਇਨ੍ਹਾਂ ਦੇ ਪਿਤਾ ਦੀ ਮੌਤ ਵੀ ਇਸੇ ਭਿਆਨਕ ਬਿਮਾਰੀ ਕਾਰਨ ਹੋਈ ਸੀ। 'ਘੋਗੀ' ਦੀ ਮੌਤ ਕਾਰਨ ਪਰਿਵਾਰ ਸਦਮੇ 'ਚ ਹੈ ਤੇ ਮਾਰਕੀਟ ਦੇ ਸਮੂਹ ਦੁਕਾਨਦਾਰਾਂ ਵੱਲੋਂ ਅੱਜ ਆਪਣੀਆਂ ਦੁਕਾਨਾਂ ਬੰਦ ਕਰਕੇ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਨਾਲ ਹੀ ਪਰਿਵਾਰ ਨਾਲ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਸਿੱਧੂ, ਸੁਖਦੇਵ ਮਾਰਕੀਟ ਦੇ ਮਾਲਕ ਸਿਕੰਦਰ ਸਿੰਘ, ਨਗਰ ਪੰਚਾਇਤ ਦੇ ਸਾ. ਪ੍ਰਧਾਨ ਰਾਕੇਸ਼ ਕੁਮਾਰ, ਗਗਨਦੀਪ ਗਰੇਵਾਲ ਸਾ. ਚੇਅਰਮੈਨ, ਮਨਜੀਤ ਸਿੰਘ ਧੁੰਨਾ, ਗੁਰਬਿੰਦਰ ਸਿੰਘ ਸਿੱਧੂ, ਦਵਿੰਦਰ ਪੁਰੀ, ਪਰਵੀਨ ਕੁਮਾਰ ਮਹੇਸ਼ਵਰੀ, ਸੁਨੀਲ ਕੁਮਾਰ ਭਦੌੜੀਆ, ਨਰਿੰਦਰ ਗਰਗ, ਬਬਲੇਸ਼ ਕੁਮਾਰ ਬੌਬੀ ਸਿੰਗਲਾ, ਲਖਵੀਰ ਸਿੱਧੂ, ਪਰਮਜੀਤ ਬਿਦਰ, ਰਾਜਿੰਦਰ ਸਿੰਘ ਸਾ. ਸਰਪੰਚ ਸਮੇਤ ਸਮੂਹ ਵਪਾਰੀ ਵਰਗ ਵੱਲੋਂ ਕੋਟਹਾਰੀ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਰਸੋਈ ਗੈਸ ਦੀ ਕਿੱਲਤ ਨੂੰ ਲੈ ਕੇ ਮਚੀ ਹਾਹਾਕਾਰ



**ਬਰੇਟਾ (ਰੀਤਵਾਲ)**-ਪੰਜਾਬ 'ਚ ਗੈਸ ਸੰਕਟ ਹੋਰ ਵਧਦਾ ਜਾ ਰਿਹਾ ਹੈ, ਜਿਸ ਨੂੰ ਲੈ ਕੇ ਹਰ ਪਾਸੇ ਹਾਹਾਕਾਰ ਮੱਚੀ ਹੋਈ ਹੈ।ਗੈਸ ਏਜੰਸੀਆਂ ਦੇ ਬਾਹਰ ਸਿਲੰਡਰ ਲੈਣ ਲਈ ਤੜਕੇ ਹੀ ਲੋਕਾਂ ਦੀਆਂ ਕਤਾਰਾਂ ਲੱਗ ਜਾਂਦੀਆਂ ਹਨ।ਕਈ-ਕਈ ਘੰਟੇ ਕਤਾਰਾਂ ਵਿੱਚ ਲੱਗਣ ਤੋਂ ਬਾਅਦ ਉਨ੍ਹਾਂ ਦੀ ਵਾਰੀ ਆ ਰਹੀ ਹੈ ਤੇ ਕਈ ਥਾਵਾਂ 'ਤੇ ਲੋਕਾਂ ਨੂੰ ਖਾਲੀ ਹੱਥ ਹੀ ਪਰਤਣਾ ਪੈ ਰਿਹਾ ਹੈ।ਦੂਜੇ ਪਾਸੇ ਆਨਲਾਈਨ ਬੁਕਿੰਗ ਨਾ ਹੋਣ ਕਾਰਨ ਲੋਕਾਂ ਦੇ ਮਨਾਂ ਵਿੱਚ ਗੈਸ ਸਿਲੰਡਰ ਦੀ ਕਿੱਲਤ ਦਾ ਖ਼ਦਸ਼ਾ ਵਧ ਰਿਹਾ ਹੈ।ਹਾਲਾਂਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਗੈਸ ਸਿਲੰਡਰ ਲਈ ਅਫ਼ਰਾ-ਤਫ਼ਰੀ ਨਾ ਮਚਾਉਣ ਦੀ ਅਪੀਲ ਕੀਤੀ ਗਈ ਹੈ। ਕੇਂਦਰ ਸਰਕਾਰ ਦੇ ਦਾਅਵਿਆਂ ਦੇ ਉਲਟ ਇਸ ਵੇਲੇ ਐੱਲ ਪੀ ਜੀ ਦੀ ਭਾਰੀ ਕਿੱਲਤ ਚੱਲ ਰਹੀ ਹੈ। ਬਰੇਟਾ ਗੈਸ ਏਜੰਸੀ ਦੇ ਬਾਹਰ ਲੋਕਾਂ ਦੀ ਭੀੜ ਦੱਸਦੀ ਹੈ ਕਿ ਧਰਾਤਲ 'ਤੇ ਸਥਿਤੀ ਇਸ ਵੇਲੇ ਕਿਹੋ ਜਿਹੀ ਹੈ।ਲੋਕ ਏਜੰਸੀ ਦਫ਼ਤਰ ਖੁੱਲ੍ਹਣ ਤੋਂ ਪਹਿਲਾਂ ਹੀ ਲਾਈਨਾਂ ਵਿੱਚ ਲੱਗ ਜਾਂਦੇ ਹਨ ਤੇ ਕਈ ਵਾਰ ਲੰਬੀ ਉਡੀਕ ਮਗਰੋਂ ਨਿਰਾਸ਼ ਪਰਤਣਾ ਪੈਂਦਾ ਹੈ।ਲੋਕ ਕੰਮਕਾਰ ਛੱਡ ਕੇ ਸਿਲੰਡਰ ਲੈਣ ਲਈ ਘੰਟਿਆਂਬੱਧੀ ਲਾਈਨਾਂ 'ਚ ਖੜ੍ਹੇ ਹੋਣ ਲਈ ਮਜਬੂਰ ਹਨ।ਦੂਜੇ ਪਾਸੇ ਕੰਪਨੀਆਂ ਵੱਲੋਂ ਸਿਲੰਡਰ ਲੈਣ ਲਈ ਸ਼ਰਤਾਂ ਸਖ਼ਤ ਕਰ ਦਿੱਤੀਆਂ ਗਈਆਂ ਹਨ।25 ਦਿਨ ਤੋਂ ਬਾਅਦ ਹੀ ਨਵਾਂ ਸਿਲੰਡਰ ਬੁੱਕ ਹੋ ਸਕਦਾ ਹੈ।ਡਿਲਿਵਰੀ ਕੋਡ ਤੋਂ ਬਿਨਾਂ ਸਿਲੰਡਰ ਨਹੀਂ ਦਿੱਤਾ ਜਾਂਦਾ।ਲੋੜ ਹੈ ਸਰਕਾਰਾਂ ਤੇ ਪ੍ਰਸ਼ਾਸਨ ਨੂੰ ਇਸ ਕਿੱਲਤ ਨੂੰ ਨਪੇਰੇ ਚੜ੍ਹਾਉਣ ਦੀ।

## ਮਾਤਾ ਚਿੰਤਪੁਰਨੀ, ਜਵਾਲਾ ਜੀ, ਸ੍ਰੀ ਸਾਲਾਸਰ ਧਾਮ ਤੋਂ ਲਿਆਂਦੀਆਂ ਪਵਿੱਤਰ ਜੋਤਾਂ ਦਾ ਜ਼ੋਰਦਾਰ ਸਵਾਗਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ, ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਨਵਰਾਤਰਿਆਂ ਦੀ ਖੁਸ਼ੀ ਵਿੱਚ ਸ੍ਰੀ ਸ਼ਿਵ ਮੰਦਿਰ ਵਿਖੇ 19 ਤੋਂ 26 ਮਾਰਚ ਤੱਕ ਮੇਲਾ ਮਈਆ ਦਾ ਮਨਾਇਆ ਜਾ ਰਿਹਾ ਹੈ, ਜਿਸ ਲਈ ਮਾਤਾ ਜਵਾਲਾ ਜੀ, ਮਾਤਾ ਚਿੰਤਪੁਰਨੀ ਜੀ ਤੇ ਸ੍ਰੀ ਸਾਲਾਸਰ ਧਾਮ ਤੋਂ ਆਈਆਂ ਪਵਿੱਤਰ ਜੋਤਾਂ ਸ਼ਰਧਾਲੂਆਂ ਵੱਲੋਂ ਕੋਟਕਪੂਰਾ ਰੋਡ ਤੇ ਪਟਰੋਲ ਪੰਪ ਤੇ ਜ਼ੋਰਦਾਰ ਸਵਾਗਤ ਕਰਦਿਆਂ ਫੁੱਲਾਂ ਦੀ ਵਰਖਾ ਕੀਤੀ ਤੇ ਪ੍ਰਕਰਮਾ ਸ਼ਹਿਰ ਵਿਚ ਕਰਵਾਈ ਗਈ।ਸ੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਡਾਇਰੈਕਟਰ ਅਸ਼ਵਨੀ ਸ਼ਰਮਾ, ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਪ੍ਰਧਾਨ ਅਰੁਣ ਬਾਂਸਲ, ਦੀਪਕ ਗਰਗ ਬੌਬੀ, ਉਪ ਪ੍ਰਧਾਨ ਬੰਟੀ ਜਿੰਦਲ, ਸ੍ਰੀ ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਲਵਿੰਦਰ ਗਰਗ, ਕ੍ਰਿਸ਼ਨ ਗਰਗ, ਵਿਜੇ ਸ਼ਰਮਾ, ਸੰਦੀਪ ਗੋਇਲ ਠੰਡੂ, ਭੂਸਨ ਜੈਨ ਨੇ ਦੱਸਿਆ ਕਿ ਨਵਰਾਤਰਿਆਂ ਦੀ ਖੁਸ਼ੀ ਵਿੱਚ ਸ੍ਰੀ ਸ਼ਿਵ ਮੰਦਿਰ ਵਿਖੇ 19 ਤੋਂ 26 ਮਾਰਚ ਤੱਕ ਮੇਲਾ ਮਈਆ ਦਾ ਮਨਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸਵੇਰੇ 7.30 ਵਜੇ ਪੂਜਨ ਕੀਤਾ ਜਾਵੇਗਾ ਤੇ ਰਾਤ 7.30ਤੋਂ 9 ਵਜੇ ਤੱਕ ਮਹਾਂਮਾਈ ਜੀ ਦਾ ਗੁਣਗਾਨ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਸ੍ਰੀ ਰਾਮ ਸ਼ਰਨਮ ਆਸ਼ਰਮ, ਹਰ ਹਰ ਮਹਾਂਦੇਵ ਕਾਵੜ ਸੰਘ, ਬਾਬਾ ਬਰਫਾਨੀ ਸੇਵਾ ਮੰਡਲ ਤੇ ਹੋਰ ਧਾਰਮਿਕ ਸੰਸਥਾਵਾਂ ਵੱਧ ਚੜ੍ਹ ਕੇ ਸਹਿਯੋਗ ਕਰ ਰਹੀਆਂ ਹਨ।ਇਸ ਸਮੇਂ ਪਵਨ ਗੁਪਤਾ ਪ੍ਰਧਾਨ ਨਗਰ ਕੌਂਸਲ, ਰਜਿੰਦਰ ਗੋਇਲ, ਚੇਅਰਮੈਨ ਪਵਨ ਗੋਇਲ, ਦਵਿੰਦਰ ਸਿੰਗਲਾ ਚੀਕਾ, ਸੰਜੀਵ ਮਿੱਤਲ, ਰਾਕੇਸ਼ ਜਿੰਦਲ ਤੋਤਾ, ਕ੍ਰਿਸ਼ਨ ਗਰਗ, ਵਰਿੰਦਰ ਕੁਮਾਰ ਕੱਦੂ, ਅਮਨ ਤਨੇਜਾ, ਮਨੋਜ ਗੋਇਲ, ਗੁਰਪ੍ਰੀਤ ਮਨਚੰਦਾ, ਬਲਜਿੰਦਰ ਭੱਲਾ, ਸੁਨੀਲ ਸੋਮੀ, ਤੀਰਥ ਬਾਂਸਲ, ਦੀਪਾ ਸ਼ਾਹੀ, ਸ਼ਿਵਮ ਸਿੰਗਲਾ, ਤਿਲਕ ਰਾਜ ਸੋਨੀ, ਅਸ਼ਵਨੀ ਗਰਗ, ਰਜਿੰਦਰ ਵਰਮਾ, ਨੰਦੂ ਅਰੋੜਾ, ਸਤੀਸ਼ ਗੋਇਲ, ਟੋਨੀ ਗਰਗ, ਵਰਿੰਦਰ ਗਰਗ, ਮਨੋਹਰ ਲਾਲ ਪਾਂਧੀ, ਗੁਰਪ੍ਰੀਤ ਮਨਚੰਦਾ, ਦੀਪੂ ਗੋਇਲ, ਪਵਨ ਬਾਂਸਲ, ਮਾਤੂ ਰਾਮ, ਮਨਦੀਪ ਕੱਕੜ, ਗੁਰਪ੍ਰੀਤ ਕਾਲਾ, ਸੁਰਿੰਦਰ ਗਰਗ, ਵਿਕਰਮ ਬਾਂਸਲ, ਰਤਨ ਲਾਲ ਜਿੰਦਲ, ਦਲੀਪ ਕੁਮਾਰ, ਬਾਲੀ ਰਾਮ ਗੋਇਲ, ਚਤੁਰਭੁਜ ਜਿੰਦਲ ਤੇ ਹੋਰ ਸ਼ਾਮਲ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਸਿੱਖਿਆ ਵਿਭਾਗ ਸੰਘਰਸ਼ ਕਮੇਟੀ ਵੱਲੋਂ ਜਲੰਧਰ 'ਚ ਸੂਬਾ ਪੱਧਰੀ ਕਨਵੈਨਸ਼ਨ ਤੇ ਰੋਸ ਰੈਲੀ ਭਲਕੇ

**ਧਾਰੀਵਾਲ, (ਮਨਦੀਪ ਵਿੱਕੀ)**- ਐਲੀਮੈਂਟਰੀ ਟੀਚਰਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਅਸ਼ਵਨੀ ਫੱਜੂਪੁਰ ਅਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਸਿੱਖਿਆ ਵਿਭਾਗ ਸੰਘਰਸ਼ ਕਮੇਟੀ ਪੰਜਾਬ ਵਲੋਂ ਸਿੱਖਿਆ ਵਿਭਾਗ ਦੇ ਅਧਿਆਪਕਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 21 ਮਾਰਚ ਨੂੰ ਦੇਸ਼ ਭਗਤ ਯਾਦਗਿਰੀ ਹਾਲ ਜਲੰਧਰ ਹੋ ਰਹੀ ਕਨਵੈਨਸ਼ਨ ਤੇ ਵਿਸ਼ਾਲ ਰੋਸ ਰੈਲੀ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਸ ਸਬੰਧੀ ਸੂਬਾ ਅਤੇ ਜ਼ਿਲ੍ਹਾ ਆਗੂਆਂ ਦੀਆ ਡਿਊਟੀਆਂ ਲਗਾਈਆਂ ਗਈਆਂ ਹਨ। ਅਧਿਆਪਕ ਆਗੂਆਂ ਅਸ਼ਵਨੀ ਫੱਜੂਪੁਰ ਅਤੇ ਹਰਪ੍ਰੀਤ ਪਰਮਾਰ ਨੇ ਦੱਸਿਆ ਕਿ ਇਸ ਕਨਵੈਨਸ਼ਨ ਤੇ ਵਿਸ਼ਾਲ ਰੈਲੀ ਵਿੱਚ ਪੰਜਾਬ ਭਰ ਤੋਂ ਅਧਿਆਪਕ ਅਤੇ ਮੁਲਾਜ਼ਮ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਨੇ ਦੱਸਿਆ ਇਹ ਸੰਘਰਸ਼ ਅਧਿਆਪਕਾਂ/ ਮੁਲਾਜ਼ਮਾਂ 'ਤੇ ਜਬਰੀ ਥੋਪੇ ਟੈੱਟ ਦੀ ਸ਼ਰਤ ਨੂੰ ਤੁਰੰਤ ਖਤਮ ਕਰਨ, ਪੁਰਾਣੀ ਪੈਨਸਨ ਬਹਾਲੀ ਨੋਟੀਫੀਕੇਸਨ ਲਾਗੂ ਕਰਨ,



ਛੇਵੇਂ ਪੇ-ਕਮਿਸਨ ਦੀਆਂ ਤਰੁੱਟੀਆਂ ਦੂਰ ਕਰਨ ਅਤੇ 2.59 ਗੁਣਾਂਕ ਲਾਗੂ ਕਰਨ, ਸੱਤਵਾਂ ਪੇ ਕਮਿਸ਼ਨ ਤੁਰੰਤ ਦੇਣ,16% ਡੀ ਏ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰਨ, ਬੰਦ ਕੀਤੇ ਪੇਂਡੂ, ਬਾਰਡਰ, ਅੰਗਹੀਣ ਅਤੇ ਹੋਰ ਭੱਤੇ ਲਾਗੂ ਕਰਨ, ਏ ਸੀ ਪੀ ਲਾਗੂ ਕਰਕੇ ਅਗਲੇ ਗ੍ਰੇਡ ਦੇਣ, ਕੇਂਦਰੀ ਪੈਟਰਿਨ ਸਕੇਲ ਬੰਦ ਕਰਕੇ /ਪੰਜਾਬ ਸਕੇਲ ਲਾਗੂ ਕਰਨ, ਕੱਚੇ ਮੁਲਾਜ਼ਮ ਪੂਰੇ ਲਾਭਾਂ ਸਮੇਤ ਪੱਕੇ ਕਰਨ, ਬੀਪੀਈਓ ਦਫਤਰਾਂ 'ਚ ਕੰਮ ਕਰਦੇ ਕਰਮਚਾਰੀਆਂ ਨੂੰ ਬਿਨਾਂ ਤਨਖਾਹ ਕਟੌਤੀ ਕੀਤਿਆਂ ਰੈਗੂਲਰ ਕਰਨ, 245 ਕਮਰਸ ਲੈਕਚਰਾਰ ਦੀ ਰੀਵਰਸਨ ਬੰਦ ਕਰਨ ਗੈਰ-ਵਿੱਦਿਅਕ/ ਆਨਲਾਈਨ ਕੰਮ, ਬੀਐੱਲਓਜ਼ ਡਿਊਟੀਆਂ ਸਮੇਤ ਸਭ ਗੈਰ-ਵਿੱਦਿਅਕ ਡਿਊਟੀਆਂ ਬੰਦ ਕਰਨ,ਅਧਿਆਪਕਾਂ ਕੋਲੋਂ ਸਿਰਫ ਤੇ ਸਿਰਫ ਪੜ੍ਹਾਈ ਦਾ ਕੰਮ ਲੈਣ ਹਰੇਕ ਤਰਾਂ ਦੀਆਂ ਪਰਮੋਸ਼ਨਾਂ ਕਰਨ ਆਦਿ ਮਸਲਿਆਂ ਨੂੰ ਲੈ ਕੇ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਸਮੁੱਚੇ ਅਧਿਆਪਕ/ਮੁਲਾਜ਼ਮ ਵਰਗ ਨੂੰ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਨੂੰ ਠੱਲ੍ਹ ਪਾਉਣ ਲਈ ਕੀਤੀ ਜਾ ਰਹੀ ਇਸ ਵੱਡੀ ਕਨਵੈਨਸ਼ਨ ਅਤੇ ਵਿਸ਼ਾਲ ਰੋਸ ਰੈਲੀ ਵਿੱਚ ਸਮੇਂ ਸ਼ਮੂਲੀਅਤ ਕਰਨ ਅਪੀਲ ਕੀਤੀ। ਇਸ ਮੌਕੇ ਰਛਪਾਲ ਉਦੋਕੇ, ਪ੍ਰਭਜੋਤ ਸਿੰਘ ਦੂਲਾਨੰਗਲ, ਮਲਕੀਤ ਸਿੰਘ ਕਾਹਨੂੰਵਾਨ, ਨਿਸ਼ਾਨ ਸਿੰਘ ਖਾਨਪੁਰ, ਸੁਖਦੀਪ ਸਿੰਘ ਜੌਲੀ, ਸਤਬੀਰ ਸਿੰਘ ਕਾਹਲੋਂ, ਗੁਰਵਿੰਦਰ ਸੈਣੀ, ਗੁਰਮਿੰਦਰ ਸਿੰਘ ਧਾਲੀਵਾਲ, ਪਰਮਜੀਤ ਸਿੰਘ ਲੁਬਾਣਾ, ਰਜਿੰਦਰ ਸੈਣੀ, ਰਜਿੰਦਰ ਕੁਮਾਰ, ਕਮਲਜੀਤ ਸਿੰਘ ਬੰਟੀ, ਗੁਰਪ੍ਰੀਤ ਬਾਜਵਾ, ਪੰਜਾਬ ਸਿੰਘ, ਕਰਮਜੀਤ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਨੇ ਓਹਰੀ ਚੌਕ 'ਚ ਵਿਕਾਸ ਕਾਰਜਾਂ ਦਾ ਰੱਖਿਆ ਨੀਂਹ ਪੱਥਰ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ



ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਓਹਰੀ ਚੌਂਕ ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ।ਵਿਸ਼ਵਾਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਸਮੇਤ ਮੁਹੱਲਾ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ। ਇਸ ਮੌਕੇ ਮੁਹੱਲਾ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।

# ਲੋਕਾਂ ਤੇ ਪਾਰਟੀ ਵਰਕਰਾਂ ਦੇ ਸਹਿਯੋਗ ਸਦਕਾ ਖਡੂਰ ਸਾਹਿਬ 'ਚ ਅਕਾਲੀ ਦਲ ਦੀ ਸਥਿਤੀ ਮਜ਼ਬੂਤ: ਬ੍ਰਹਮਪੁਰਾ, ਸ਼ੇਖ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਵੱਲੋਂ ਹਲਕੇ ਅੰਦਰ ਪਾਰਟੀ ਦੀਆਂ ਸਫ਼ਾਂ ਨੂੰ ਹੋਰ ਮਜ਼ਬੂਤ ਕਰਨ



ਲਈ ਵਿੱਢੀ ਮੁਹਿੰਮ ਤਹਿਤ ਪਿੰਡ ਪੰਡੋਰੀ ਗੋਲਾ ਵਿਖੇ ਕੋਮਲਦੀਪ ਸਿੰਘ ਦੇ ਨਿਵਾਸ ਸਥਾਨ ਤੇ ਅਕਾਲੀ ਵਰਕਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਸਾਬਕਾ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਨੇ ਵਿਸ਼ੇਸ਼ ਤੌਰ ਤੇ ਮੌਜੂਦ ਸਨ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਮੀਨੀ ਪੱਧਰ ਤੇ ਵਰਕਰਾਂ ਦੀ ਭੂਮਿਕਾ ਨੂੰ ਅਹਿਮ ਕਰਾਰ ਦਿੱਤਾ।ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕਾਂ ਦੀਆਂ ਉਮੀਦਾਂ ਤੇ ਖ਼ਰਾ ਉਤਰਿਆ ਹੈ ਅਤੇ ਅੱਜ ਫ਼ੇਰ ਲੋਕ ਪਾਰਟੀ ਵੱਲ ਬੜੀ ਉਮੀਦ ਨਾਲ ਦੇਖ ਰਹੇ ਹਨ।ਉਨ੍ਹਾਂ ਵਰਕਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪਿੰਡ ਪੱਧਰ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਉਭਾਰਨ ਅਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਹਰ ਘਰ ਤੱਕ ਪਹੁੰਚਾਉਣ।ਇਸ ਮੌਕੇ ਹੋਈ ਵਿਚਾਰ-ਚਰਚਾ ਦੌਰਾਨ ਪਿੰਡ ਦੇ ਪ੍ਰਮੁੱਖ ਆਗੂਆਂ ਅਤੇ ਮੋਹਤਬਰਾਂ ਨੇ ਆਪਣੇ ਵਿਚਾਰ ਰੱਖੇ।ਮੀਟਿੰਗ ਵਿੱਚ ਮੈਂਬਰ ਪੰਚਾਇਤ ਡਾ. ਬਲਵਿੰਦਰ ਸਿੰਘ, ਸਤਨਜੀਤ ਸਿੰਘ, ਗੁਰਜੀਤ ਸਿੰਘ ਜੱਗਾ, ਬਲਵੰਤ ਸਿੰਘ, ਸਤਿਨਾਮ ਸਿੰਘ, ਦਲੇਰ ਸਿੰਘ, ਯੁਜਰਾਜ ਸਿੰਘ ਰਾਜੂ, ਕਸ਼ਮੀਰ ਸਿੰਘ ਫੀਰਾ, ਮਾਣ ਸਿੰਘ, ਗੁਰਮੇਜ ਸਿੰਘ, ਹਰਜੀਤ ਸਿੰਘ ਗੋਗੀ ਅਤੇ ਮਲਕੀਤ ਸਿੰਘ ਬਾਜਵਾ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਸਨ, ਜਿਨ੍ਹਾਂ ਨੇ ਰਵਿੰਦਰ ਸਿੰਘ ਬ੍ਰਹਮਪੁਰਾ ਦੀ ਅਗਵਾਈ ਵਿੱਚ ਚੱਟਾਨ ਵਾਂਗ ਖੜ੍ਹਨ ਦਾ ਵਿਸ਼ਵਾਸ ਦਿਵਾਇਆ।

# ਪੈਨਸ਼ਨਰ 28 ਨੂੰ ਬਿਜਲੀ ਮੰਤਰੀ ਦੀ ਕੋਠੀ ਸਾਹਮਣੇ ਦੇਣਗੇ ਧਰਨਾ : ਸੁਰਿੰਦਰ ਪੱਪੂ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਤੇ ਟਰਾਂਸਕੋ ਪੈਨਸ਼ਨਰ ਐਸੋਸੀਏਸ਼ਨ ਰਜਿਸਟਰ ਨੰ 56 ਦੇ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਸੁਰਿੰਦਰ ਪੱਪੂ ਨੇ ਵਿਸ਼ੇਸ਼ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੈਨਸ਼ਨਰ ਵੱਲੋਂ ਆਪਣੀਆਂ ਮੰਗਾਂ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੇ ਪ੍ਰਬੰਧਕਾਂ ਕੋਲੋਂ ਮਨਵਾਉਣ ਲਈ ਲਗਾਤਾਰ ਸੰਘਰਸ਼ ਕੀਤੇ ਜਾ ਰਹੇ ਹਨ ਪ੍ਰੰਤੂ ਬਿਜਲੀ ਮੰਤਰੀ ਪੰਜਾਬ ਅਤੇ ਪਾਵਰ ਕਾਮ ਦੀ ਮੈਨੇਜਮੈਂਟ ਨੇ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਨੂੰ ਬੁਲਾ ਕੇ ਮੀਟਿੰਗ ਕਰਕੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਕਰਨ ਦਾ ਯਤਨ ਤੱਕ ਨਹੀਂ ਕੀਤਾ ਜਿਸ ਕਰਕੇ ਪੈਨਸ਼ਨਰਾਂ ਅੰਦਰ ਪੰਜਾਬ ਸਰਕਾਰ ਅਤੇ ਪਾਵਰਕਾਮ ਦੇ ਪ੍ਰਬੰਧਕਾਂ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪੱਪੂ ਨੇ ਕਿਹਾ ਕਿ ਬਜਟ ਇਜਲਾਸ ਵਿੱਚ ਵੀ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਅੱਖਾਂ ਪਰੋਖੇ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ 16



ਫੀਸਦੀ ਪਿਛਲਾ ਰਹਿੰਦਾ ਡੀ. ਏ., ਉਸ ਦਾ ਬਕਾਇਆ, ਛੇਵੇਂ ਪੇ-ਕਮਿਸ਼ਨ ਦੀ ਸਿਫਾਰਿਸ਼ ਮੁਤਾਬਕ 2016 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ 2.45 ਫੈਕਟਰ ਦੀ ਬਜਾਏ 2.59 ਫੈਕਟਰ ਦੇਣਾ, 2 ਰੁਪਏ ਵਿਕਾਸ ਦੇ ਨਾਮ 'ਤੇ ਕੱਟਣਾ ਬੰਦ ਨਹੀਂ ਕੀਤਾ। ਪੱਪੂ ਨੇ ਕਿਹਾ ਕਿ ਪੰਜਾਬ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਲਈ ਪਾਵਰ ਕਾਮ ਦੀ ਮੈਨੇਜਮੈਂਟ ਜੋ ਗੂੜ੍ਹੀ ਨੀਂਦ ਸੁੱਤੀ ਪਈ ਆ ਉਸ ਨੂੰ ਜਗਾਉਣ ਲਈ ਸੂਬਾ ਕਮੇਟੀ ਦੀ ਰਹਿਨੁਮਾਈ ਹੇਠ 28 ਮਾਰਚ ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਸ਼ਹਿਰ ਲੁਧਿਆਣਾ ਵਿੱਚ ਪੰਜਾਬ ਪੱਧਰ ਦਾ ਧਰਨਾ ਦਿੱਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਹੋਵੇਗੀ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਤੜਕਸਾਰ ਗੈਸ ਏਜੰਸੀ 'ਤੇ ਛਾਪਾ ਮਾਰਿਆ

**ਪਠਾਨਕੋਟ (ਬਲਵਿੰਦਰ ਸਿੰਘ ਬਿੱਲਾ, ਦਵਿੰਦਰ ਸਿੰਘ)**- ਪਠਾਨਕੋਟ ਵਿੱਚ ਰਸੋਈ ਗੈਸ ਦੀ ਭਾਰੀ ਕਿੱਲਤ ਕਾਰਨ ਆਮ ਜਨਤਾ ਨੂੰ ਸਖ਼ਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ



ਰਿਹਾ ਹੈ।ਸਵੇਰ ਹੁੰਦਿਆਂ ਹੀ ਗੈਸ ਏਜੰਸੀਆਂ ਦੇ ਬਾਹਰ ਲੋਕਾਂ ਦੀਆਂ ਲੰਬੀਆਂ ਕਤਾਰਾਂ ਲੱਗ ਜਾਂਦੀਆਂ ਹਨ। ਲੋਕਾਂ ਵੱਲੋਂ ਲਗਾਤਾਰ ਮਿਲ ਰਹੀਆਂ ਸ਼ਿਕਾਇਤਾਂ ਤੋਂ ਬਾਅਦ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੀਰਵਾਰ ਸਵੇਰੇ ਖੁਦ ਕਸਬਾ ਤੰਗੋਸ਼ਾਹ ਦੀ ਗੈਸ ਏਜੰਸੀ 'ਤੇ ਪਹੁੰਚ ਗਏ।ਲੋਕਾਂ ਦੀ ਖੱਜਲ-ਖੁਆਰੀ ਦੇਖਦਿਆਂ ਮੰਤਰੀ ਕਟਾਰੂਚੱਕ ਨੇ ਪਹਿਲਾਂ ਏਜੰਸੀ ਕਰਮਚਾਰੀਆਂ ਨੂੰ ਫਿਟਕਾਰ ਲਗਾਈ ਅਤੇ ਫਿਰ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਨੂੰ ਫੋਨ ਕਰਕੇ ਸਬੰਧਤ ਏਜੰਸੀ ਮਾਲਕਾਂ ਵਿਰੁੱਧ ਕਾਰਵਾਈ ਦੇ ਨਿਰਦੇਸ਼ ਦਿੱਤੇ।ਕੈਬਨਿਟ ਮੰਤਰ 9 ਵਜੇ ਤਾਰਾਗੜ੍ਹ ਤੰਗੋਸ਼ਾਹ ਸਥਿਤ ਦੀਨਾਨਗਰ ਗੈਸ ਸਰਵਿਸ ਏਜੰਸੀ ਤੇ ਪਹੁੰਚੇ।ਉਥੇ 300-400 ਦੇ ਕਰੀਬ ਲੋਕ ਲਾਈਨਾਂ ਵਿੱਚ ਖੜ੍ਹੇ ਸਨ।ਮੰਤਰੀ ਨੇ ਲੋਕਾਂ ਨਾਲ ਮੁਲਾਕਾਤ ਕਰਕੇ ਹਾਲਾਤ ਜਾਣੇ, ਜਿੱਥੇ ਲੋਕਾਂ ਨੇ ਦੱਸਿਆ ਕਿ ਉਹ ਸਵੇਰੇ 4-5 ਵਜੇ ਤੋਂ ਲਾਈਨਾਂ ਵਿੱਚ ਲੱਗੇ ਹੋਏ ਹਨ ਅਤੇ ਕਈ ਤਾਂ ਪਿਛਲੇ 3 ਦਿਨਾਂ ਤੋਂ ਚੱਕਰ ਕੱਟ ਰਹੇ ਹਨ ਪਰ ਉਨ੍ਹਾਂ ਨੂੰ ਸਿਲੰਡਰ ਨਹੀਂ ਮਿਲ ਰਿਹਾ।ਇਹ ਸੁਣ ਕੇ ਮੰਤਰੀ ਨੇ ਤੁਰੰਤ ਅਧਿਕਾਰੀਆਂ ਨੂੰ ਕਾਰਵਾਈ ਦੇ ਹੁਕਮ ਦਿੱਤੇ।ਮੰਤਰੀ ਕਟਾਰੂਚੱਕ ਨੇ ਰਾਜ ਰਿਸ਼ੀ ਮਹਿਰਾ ਨੂੰ ਫੋਨ ਕਰਕੇ ਦੱਸਿਆ ਕਿ ਏਜੰਸੀ ਦਾ ਕੋਈ ਜ਼ਿੰਮੇਵਾਰ ਕਰਮਚਾਰੀ ਮੌਜੂਦ ਨਹੀਂ ਹੈ, ਸਿਰਫ ਇੱਕ ਸਟੋਰ ਕੀਪਰ ਹੈ ਜੋ ਗੋਦਾਮ ਨਹੀਂ ਖੋਲ੍ਹ ਰਿਹਾ।ਉਨ੍ਹਾਂ ਸਖ਼ਤ ਲਹਿਜੇ ਵਿੱਚ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਮਜ਼ਾਕ ਉਡਾਉਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੰਤਰੀ ਨੇ ਖੁਦ ਚਾਬੀ ਲੈ ਕੇ ਗੋਦਾਮ ਦੀ ਚੈਕਿੰਗ ਕੀਤੀ ਅਤੇ ਦੋਸ਼ੀਆਂ ਖਿਲਾਫ ਕਾਰਵਾਈ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਵਿਧਾਨ ਸਭਾ ਵਿੱਚ ਵੀ ਰਸੋਈ ਗੈਸ ਦੀ ਕਿੱਲਤ ਦਾ ਮੁੱਦਾ ਉਠਾਇਆ ਹੈ ਅਤੇ ਕੇਂਦਰ ਦੀਆਂ ਨੀਤੀਆਂ ਖਿਲਾਫ ਨਿੰਦਾ ਪ੍ਰਸਤਾਵ ਪੇਸ਼ ਕੀਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਏਜੰਸੀਆਂ ਤੇ ਵੀ ਛਾਪੇਮਾਰੀ ਕੀਤੀ ਜਾਵੇਗੀ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

# ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਤੇ ਸੁਪਰਵਾਈਜ਼ਰ ਏਟਕ ਗਰੁੱਪ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ

**ਪੱਟੀ,(ਬਲਦੇਵ ਸਿੰਘ ਸੰਧੂ)**- ਆਲ ਇੰਡੀਆ ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਤੇ ਸੁਪਰਵਾਈਜ਼ਰਾਂ ਏਟਕ ਗਰੁੱਪ ਜ਼ਿਲ੍ਹਾ ਤਰਨਤਾਰਨ ਵੱਲੋਂ ਆਪਣੀਆਂ ਹੱਕੀ ਮੰਗਾਂ





ਨੂੰ ਲੈ ਕੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ ।ਰੋਸ ਵਜੋਂ ਸੂਬਾ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ।ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐੱਨ. ਐੱਚ. ਐੱਮ. ਅਧੀਨ ਪੰਜਾਬ ਭਰ ਵਿੱਚ ਕੰਮ ਕਰਨ ਵਾਲੀਆਂ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸੁਪਰਵਾਈਜ਼ਰ ਤਕਰੀਬਨ ਪੂਰੇ 18 ਸਾਲ ਤੋਂ ਸਿਹਤ ਵਿਭਾਗ ਦੇ ਕੰਮਾਂ ਨੂੰ ਬੜੀ ਇਮਾਨਦਾਰੀ ਅਤੇ ਸੁਚੱਜੇ ਢੰਗ ਨਾਲ ਕਰ ਰਹੀਆਂ ਹਨ। ਹਰ ਭਿਆਨਕ (ਕਰੋਨਾ ਮਹਾਂਮਾਰੀ) ਬਿਮਾਰੀ ਵਿੱਚ ਆਪਣੀ ਜਾਨ ਦੀ ਬਿਨਾਂ ਪ੍ਰਵਾਹ ਕੀਤਿਆਂ ਕੰਮ ਨੂੰ ਮੋਹਰੀ ਕਤਾਰ ਵਿੱਚ ਕਰਦੀਆਂ ਹਨ ਅਤੇ ਵਿਭਾਗ ਦੇ ਕੰਮਾਂ ਦੇ ਨਿਸ਼ਾਨੇ ਨੂੰ ਕਾਇਮ ਰੱਖਦੀਆਂ ਹਨ।ਸਿਹਤ ਵਿਭਾਗ ਅਤੇ ਲੋਕਾਂ ਵਿਚਕਾਰ ਪੁਲ ਦਾ ਕੰਮ ਕਰਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਵਾ ਰਹੀਆਂ ਹਨ।ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਆਪਣੇ 08 ਮਾਰਚ ਤੋਂ 11 ਮਾਰਚ ਤੱਕ ਚੱਲ ਵਾਲੇ ਬਜਟ ਵਿੱਚੋ ਫੁੱਟੀ ਕੌਡੀ ਨਹੀਂ ਦਿੱਤੀ, ਵਰਕਰਾਂ ਦੀਆਂ ਉਮੀਦਾਂ ਪ੍ਰਤੀ ਬਜਟ ਖੋਖਲਾ ਸਾਬਤ ਹੋਇਆ।ਨਿਰਾਸ਼ਾ ਅਤੇ ਤਸ਼ੱਸਦ ਤੋਂ ਬਿਨਾਂ ਕਿਸੇ ਕਿਸਮ ਦੇ ਭੱਤਿਆਂ ਵਿੱਚ ਵਾਧਾ ਨਹੀ ਕੀਤਾ।ਇਸ ਨਾਲ ਪੰਜਾਬ ਭਰ ਦੀਆਂ ਸੈਂਕੜੇ ਆਸ਼ਾਂ ਵਰਕਰਾਂ ਪੰਜਾਬ ਸਰਕਾਰ ਦੇ ਕਾਰਜਗੁਜ਼ਾਰੀ ਦੀ ਨਿੰਦਾ ਕਰਦੀਆਂ ਹਨ।ਭਾਰੀ ਰੋਸ ਕਾਰਨ ਆਉਣ ਵਾਲੀ ਬੀਤੀ 16 ਮਾਰਚ ਤੋਂ 28 ਮਾਰਚ ਤੱਕ ਪੂਰੇ ਪੰਜਾਬ ਵਿੱਚ ਆਪਣੇ ਸਾਰੇ ਹੀ ਕੰਮਾਂ ਦਾ ਮੁਕੰਮਲ ਤੌਰ 'ਤੇ ਬਾਈਕਾਟ ਕਰਨ ਦਾ ਫ਼ੈਸਲਾ ਕੀਤਾ ਗਿਆ ।ਇਸ ਮੌਕੇ ਜਨਰਲ ਸੈਕਟਰੀ ਸੀਮਾ ਸੋਹਲ, ਬਲਾਕ ਪ੍ਰਧਾਨ ਬਲਜੀਤ ਕੌਰ ਮੀਆਂਵਿੰਡ, ਕੁਲਵੰਤ ਕੌਰ ਬਲਾਕ ਪ੍ਰਧਾਨ ਖਡੂਰ ਸਾਹਿਬ, ਸੁਪਰਵਾਈਜ਼ਰ ਜਸਬੀਰ ਕੌਰ, ਅਮਨਦੀਪ ਕੌਰ ਘਰਿਆਲਾ ਬਲਾਕ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਸਰਬਜੀਤ ਕੌਰ ਮੀਤ ਪ੍ਰਧਾਨ, ਰਾਜਵਿੰਦਰ ਕੌਰ ਖ਼ਜ਼ਾਨਚੀ, ਰਾਜਬੀਰ ਕੌਰ ਸੁਪਰਵਾਈਜ਼ਰ, ਰਣਜੀਤ ਕੌਰ ਸੁਪਰਵਾਈਜ਼ਰ, ਗੁਰਪ੍ਰੀਤ ਕੌਰ ਸੁਪਰਵਾਈਜ਼ਰ, ਗੁਰਸ਼ਿੰਦਰ ਕੌਰ ਸੁਪਰਵਾਈਜ਼ਰ, ਗੁਰਜਿੰਦਰ ਕੌਰ ਸੁਪਰਵਾਈਜ਼ਰ ਆਦਿ ਹਾਜ਼ਰ ਸਨ ।

# ਫਸਲਾਂ ਦਾ ਮੁਆਵਜ਼ਾ ਨਾ ਮਿਲਣ ਕਾਰਨ ਕਿਸਾਨਾਂ ਵੱਲੋਂ ਐੱਸਡੀਐੱਮ ਦਫਤਰ ਦਾ ਘਿਰਾਓ

**ਪੱਟੀ (ਬਲਦੇਵ ਸਿੰਘ ਸੰਧੂ)** ਬੀਤੇ ਸਮੇਂ ਦੌਰਾਨ ਹੜ੍ਹਾਂ ਕਾਰਨ ਖਰਾਬ ਹੋਈਆਂ ਫਸਲਾਂ ਯੋਗ ਮੁਆਵਜ਼ਾ ਨਾ ਮਿਲਣ ਦੇ ਵਿਰੋਧ ਵਿੱਚ ਕਿਸਾਨ ਸੰਘਰਸ਼ ਕਮੇਟੀ ਪੰਜਾਬ (ਕੋਟ ਬੁੱਢਾ) ਵੱਲੋਂ ਐੱਸ. ਡੀ. ਐੱਮ. ਦਫ਼ਤਰ ਪੱਟੀ ਅੱਗੇ ਵੱਡੇ ਪੱਧਰ 'ਤੇ ਰੋਸ ਧਰਨਾ ਜਨਰਲ ਸਕੱਤਰ ਸੁੱਚਾ ਸਿੰਘ ਲੱਧੂ, ਸੂਬਾ ਮੀਤ ਪ੍ਰਧਾਨ ਸੁਖਵੰਤ ਸਿੰਘ ਦੁਬਲੀ, ਵਿੱਤ ਸਕੱਤਰ ਸਾਹਿਬ ਸਿੰਘ ਸਭਰਾ, ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਪਿੰਗੜੀ ਦੀ ਅਗਵਾਈ ਹੇਠ ਦਿੱਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ



ਪ੍ਰਸ਼ਾਸਨ ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਪੱਟੀ ਹਲਕੇ ਦੇ ਇਲਾਕਿਆਂ ਹਰੀਕੇ ਪੱਤਣ ਤੋਂ ਲੈ ਕੇ ਮੁੱਠਿਆਂ ਵਾਲਾ ਤੱਕ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਮੁਆਵਜ਼ਾ ਰਕਮ ਅਜੇ ਤੱਕ ਕਿਸਾਨਾਂ ਨੂੰ ਨਹੀਂ ਮਿਲੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਡੇ-ਵੱਡੇ ਦਾਅਵੇ ਸਿਰਫ਼ ਕਾਗਜ਼ੀ ਐਲਾਨਾਤ ਸਾਬਤ ਹੋ ਰਹੇ ਹਨ, ਜਦਕਿ ਅਸਲ ਹਾਲਤ ਇਹ ਹੈ ਕਿ ਪੀੜਤ ਕਿਸਾਨ ਅਜੇ ਵੀ ਇਨਸਾਫ਼ ਦੀ ਉਡੀਕ ਕਰ ਰਹੇ ਹਨ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਜਲਦੀ ਹੀ ਕਿਸਾਨਾਂ ਨੂੰ ਬਣਦਾ ਹੱਕ ਨਾ ਦਿੱਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ ਵੱਡੇ ਪੱਧਰ 'ਤੇ ਮੁਜ਼ਾਹਰਾ ਕੀਤਾ ਜਾਵੇਗਾ।ਇਸ ਦੌਰਾਨ ਐੱਸ. ਡੀ. ਐੱਮ. ਅਮਨਦੀਪ ਮੌਕੇ 'ਤੇ ਪਹੁੰਚੇ ਅਤੇ ਕਿਸਾਨਾਂ ਕੋਲੋਂ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਵਿਸ਼ਵਾਸ ਦਵਾਇਆ ਕਿ ਮਾਮਲੇ ਦੀ ਜਾਂਚ ਕਰਕੇ ਪੀੜਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇਗਾ।ਇਸ ਭਰੋਸੇ ਤੋਂ ਬਾਅਦ ਧਰਨਾ ਸਮਾਪਤ ਕਰ ਦਿੱਤਾ ਗਿਆ।ਇਸ ਮੌਕੇ ਸੁਖਬੀਰ ਸਿੰਘ , ਕੁਲਵੰਤ ਸਿੰਘ, ਸੁਖਜਿੰਦਰ ਸਿੰਘ, ਦਿਲਬਾਗ ਸਿੰਘ, ਹਰਜਿੰਦਰ ਸਿੰਘ, ਪਰਗਟ ਸਿੰਘ ਪੱਖੋਪੁਰ, ਹਰਭਜਨ ਸਿੰਘ, ਬਖ਼ਸ਼ੀਸ਼ ਸਿੰਘ ਚੰਬਾ, ਗੁਰਦੇਵ ਸਿੰਘ ਖਹਿਰਾ, ਅਮਰਜੀਤ ਸਿੰਘ, ਤੀਰਥ ਸਿੰਘ, ਲਖਵਿੰਦਰ ਸਿੰਘ, ਅੰਗਰੇਜ਼ ਸਿੰਘ, ਜਗਜੀਤ ਸਿੰਘ ਬੱਬੂ, ਸਤਨਾਮ ਸਿੰਘ ਸਭਰਾ, ਗੁਰਦੇਵ ਸਿੰਘ, ਜਗਤਾਰ ਸਿੰਘ, ਸੁਖਦੇਵ ਸਿੰਘ ਸਰਾਲੀ ਮੰਡ, ਸਰਦੂਲ ਸਿੰਘ ਘੜਕਾ, ਅਮਰਜੀਤ ਸਿੰਘ ਕਾਬਲ, ਸਿੰਘ ਵਰਿਆ, ਪਲਵਿੰਦਰ ਸਿੰਘ , ਸਮੁੰਦ ਸਿੰਘ ਫੌਜੀ, ਰਸ਼ਪਾਲ ਸਿੰਘ ਫੌਜੀ, ਰਤਨ ਸਿੰਘ, ਆਤਮਾ ਸਿੰਘ, ਕਸ਼ਮੀਰ ਸਿੰਘ, ਜਗਤਾਰ ਸਿੰਘ ਰਾਜੋਕੇ, ਬਲਦੇਵ ਸਿੰਘ ਬਲਟੋਹਾ, ਨਿਰਮਲ ਸਿੰਘ, ਧਰਮ ਸਿੰਘ, ਭਾਖੜ ਸਿੰਘ, ਹਰਬੰਸ ਸਿੰਘ, ਗੁਲਜ਼ਾਰ ਸਿੰਘ ਘੜਕਾ, ਕੁਲਜੀਤ ਸਿੰਘ, ਗੁਰਪ੍ਰੀਤ ਸਿੰਘ ਭੌਵਾਲ, ਛਿੰਦਰਪਾਲ ਸਿੰਘ ਰਸੂਲਪੁਰ, ਜਗਮੋਹਨ ਸਿੰਘ, ਹਰਜੀਤ ਸਿੰਘ, ਬਾਜ ਸਿੰਘ, ਪਰਿੰਗੜੀ, ਸੁਖਦੇਵ ਸਿੰਘ ਸੀਤੋ, ਲਾਟੀ ਮੜਡਾ, ਹਰਜੀਤ ਸਿੰਘ, ਲਖਵਿੰਦਰ ਸਿੰਘ ਭੱਠੇ ਭੈਣੀ, ਤਰਸੇਮ ਸਿੰਘ ਨਬੀਪੁਰ, ਸੰਤੋਖ ਸਿੰਘ ਦੁਬਲੀ, ਦਲਜੀਤ ਸਿੰਘ, ਜੌੜ ਸਿੰਘ ਵਾਲਾ ਹੈਪੀ ਸਭਰਾ, ਮੁਖਤਿਆਰ ਸਿੰਘ ਤਲਵੰਡੀ, ਲਖਵਿੰਦਰ ਸਿੰਘ ਭੰਗਾਲਾ, ਸੁਖਵਿੰਦਰ ਸਿੰਘ ਸੀਤੋ, ਗੁਰਭੇਤ ਸਿੰਘ ਕੋਟ ਬੁੱਢਾ, ਰਾਜਬੀਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਮੌਜੂਦ ਸਨ।

# ਧਾਲੀਵਾਲ ਨੇ ਜਨਤਾ ਦਰਬਾਰ ਲਗਾ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**- ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ



ਚਾਰ ਸਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਪੰਜਾਬ ਦੇ ਇਤਿਹਾਸ 'ਚ ਅਜਿਹੀ ਪਹਿਲੀ ਸਰਕਾਰ ਹੈ, ਜਿਸ ਨੇ 1000-1500 ਰੁਪਏ ਪ੍ਰਤੀ ਮਹੀਨਾ ਆਮ ਸ਼੍ਰੇਣੀ ਤੇ ਦਲਿਤ ਸ਼੍ਰੇਣੀ ਦੀਆਂ ਔਰਤਾਂ ਦੇ ਖਾਤਿਆਂ 'ਚ ਰਕਮ ਪਾਉਣ, ਰਾਜ ਦੇ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਮੁਫ਼ਤ ਸਿਹਤ ਬੀਮਾ, ਸੂਬੇ ਦੇ 90 ਫ਼ੀਸਦ ਬਿਜਲੀ ਘਰੇਲੂ ਖਪਤਕਾਰਾਂ ਨੂੰ ਬਿਨ੍ਹਾਂ ਸ਼ਰਤ 600 ਯੂਨਿਟ ਮੁਫ਼ਤ ਬਿਜਲੀ ਸਪਲਾਈ, 64 ਹਜ਼ਾਰ ਸਰਕਾਰੀ ਨੌਕਰੀਆਂ,40 ਲੱਖ ਪ੍ਰੀਵਾਰਾਂ ਨੂੰ ਮੇਰੀ ਰਸੋਈ ਤਹਿਤ ਕਣਕ ਤੋਂ ਇਲਾਵਾ ਦਾਲ, ਹਲਦੀ, ਲੂਣ, ਤੇਲ ਆਦਿ ਘਰੇਲੂ ਵਸਤਾਂ ਰਸਦ ਦੀ ਮੁਫ਼ਤ ਕਿੱਟ, ਸਿੱਖਿਆ ਕ੍ਰਾਂਤੀ ਤੇ ਸਿਹਤ ਕ੍ਰਾਂਤੀ ਆਮ ਆਦਮੀ ਮੁਹੱਲਾ ਕਲੀਨਿਕ ਖੋਲ੍ਹਣ ਆਦਿ ਇਤਿਹਾਸਕ ਲੋਕ ਕਲਿਆਣਕਾਰੀ ਸਹੂਲਤਾਂ ਦਾ ਪਟਾਰਾ ਪਰੋਸ ਕੇ ਆਪਣੇ 5 ਸਾਲ ਦੀ ਬਜਾਏ 4 ਸਾਲਾਂ ਕਾਰਜਕਾਲ ਚ 100 ਫ਼ੀਸਦ ਆਪਣੀਆਂ ਚੋਣ ਗਾਰੰਟੀਆਂ (ਚੋਣ ਮੈਨੀਫੈਸਟੋ)ਲਾਗੂ ਕਰਨ ਦਾ ਮੀਲ ਪੱਥਰ ਸਥਾਪਿਤ ਕੀਤਾ ਹੈ।ਸ . ਧਾਲੀਵਾਲ ਨੇ ਆਪਣੇ ਦਫ਼ਤਰ ਵਿਖੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਮੌਕੇ ਤੇ ਹੱਲ ਕਰਨ ਲਈ ਜਨਤਾ ਦਰਬਾਰ ਲਾਇਆ। ਧਾਲੀਵਾਲ ਨੇ ਜਨਤਾ ਦਰਬਾਰ ਲਗਾਏ ਜਾਣ ਦੇ ਮੁੱਖ ਉਦੇਸ਼ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਜਨਤਾ ਦਰਬਾਰ 'ਚ ਪ੍ਰਭਾਵਿਤ ਲੋਕਾਂ ਨੂੰ ਵੱਖ-ਵੱਖ ਦਫ਼ਤਰਾਂ 'ਚ ਜਾ ਕੇ ਨਜ਼ਾਇਜ਼ ਖੱਜਲ ਖੁਆਰੀ ਦੀ ਬਜਾਏ ਬਿਨ੍ਹਾਂ ਦੇਰੀ ਮੌਕੇ 'ਤੇ ਹੀ ਇਨਸਾਫ਼ ਮਿਲਣ ਦੀ ਸਹੂਲਤ ਪ੍ਰਾਪਤ ਹੁੰਦੀ ਹੈ ਅਤੇ ਕੁੱਝ ਸ਼ਕਾਇਤਾਂ, ਜਿਨ੍ਹਾਂ ਦਾ ਕਾਨੂੰਨੀ ਪੇਚੀਦਗੀਆਂ ਕਾਰਣ ਮੌਕੇ ਤੇ ਹੱਲ ਕਰਨਾ ਸੰਭਵ ਨਹੀਂ ਹੁੰਦਾ, ਉਹਨਾਂ ਸ਼ਿਕਾਇਤਾਂ ਦਾ ਬਾਅਦ 'ਚ ਆਪਣੇ ਦਫ਼ਤਰਾਂ 'ਚ ਨਿਪਟਾਰਾ ਕਰਨ ਲਈ ਪੁਲਸ ਤੇ ਸਿਵਲ ਪ੍ਰਸ਼ਾਸਨਿਕ ਅਧਿਕਾਰੀ ਪਹਿਲ ਦਿੰਦੇ ਹਨ।ਉਨ੍ਹਾਂ ਕਿਹਾ ਕਿ ਵਿਭਾਗੀ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਲੋਕ ਪੱਖੀ ਜਨਤਾ ਦਰਬਾਰ ਦੇ ਠੋਸ ਨਤੀਜੇ ਨਿਕਲਣ ਤਾਂ ਜੋ ਪ੍ਰਭਾਵਿਤ ਲੋਕ ਵੱਡੀ ਰਾਹਤ ਮਹਿਸੂਸ ਕਰਨ।

# ਸੁੱਚਾ ਸਿੰਘ ਲੰਗਾਹ ਤੇ ਸੋਨੂੰ ਲੰਗਾਹ ਵੱਲੋਂ ਕਲਾਨੌਰ 'ਚ ਭਲਕ ਨੂੰ ਮੀਟਿੰਗ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਡੇਰਾ ਬਾਬਾ ਨਾਨਕ 'ਚ 21 ਮਾਰਚ ਨੂੰ ਕਲਾਨੌਰ ਵਿਖੇ ਸੁੱਚਾ ਸਿੰਘ ਲੰਗਾਹ ਅਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਦੀ ਦੇਖ ਰੇਖ ਹੇਠ ਵਿਸ਼ਾਲ ਰੈਲੀ ਹੋਣ ਜਾ ਰਹੀ ਹੈ ਅਤੇ ਇਸ ਰੈਲੀ ਨੂੰ ਸਫਲ ਬਣਾਉਣ ਲਈ ਅਕਾਲੀ ਦੱਲ ਪੱਬਾਂ ਭਾਰ ਦਿਖਾਈ ਦੇ ਰਿਹਾ ਅਤੇ ਰੈਲੀ ਨੂੰ ਕਾਮਯਾਬ ਕਰਨ ਲਈ ਅਕਾਲੀ ਦਲ ਨੇ ਪੂਰੀ ਤਾਕਤ ਝੋਕ ਦਿੱਤੀ ਹੈ ਅਤੇ ਸੁੱਚਾ ਸਿੰਘ ਲੰਗਾਹ ਅਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਵੱਲੋਂ ਆਪਣੀ ਟੀਮ ਦੇ ਨਾਲ ਰੈਲੀ ਨੂੰ ਸਫਲ ਬਣਾਉਣ ਲਈ ਪਿੰਡ ਪਿੰਡ ਮੀਟਿੰਗਾਂ ਕਰ ਰਹੇ ਹਨ ਅਤੇ ਯੂਥ ਅਕਾਲੀ ਦੱਲ ਅਤੇ ਸੀਨੀਅਰ ਆਗੂਆਂ ਦੀਆਂ ਵੱਖ-ਵੱਖ ਡਿਊਟੀਆਂ ਵੀ ਲਗਾਈਆਂ ਜਾ ਰਹੀਆਂ ਹਨ।ਇਸ ਸਬੰਧੀ ਸੁੱਚਾ ਸਿੰਘ ਲੰਗਾਹ ਅਤੇ ਸੋਨੂੰ ਲੰਗਾਹ ਨੇ ਕਿਹਾ ਕਿ ਲੰਮੇ ਅਰਸੇ ਤੋਂ ਬਾਅਦ ਡੇਰਾ ਬਾਬਾ ਨਾਨਕ'ਚ ਲਾ ਮਿਸਾਲ ਇੱਤਿਹਾਸਕ ਇੱਕਠ ਹੋਵੇਗਾ।

# ਗੈਸ ਸਿਲੰਡਰਾਂ ਦੀ ਕਿੱਲਤ ਕਾਰਨ ਛੋਟੇ ਕਾਰੋਬਾਰ ਠੱਪ, ਏਜੰਸੀਆਂ 'ਤੇ ਲੱਗੀਆਂ ਲਾਈਨਾਂ

**ਗੁਰਦਾਸਪੁਰ, (ਜਨਕ ਮਹਾਜਨ)**- ਸਥਾਨਕ ਸ਼ਹਿਰ ਅੰਦਰ ਗੈਸ ਸਿਲੰਡਰਾਂ ਦੀ ਕਿੱਲਤ ਕਾਰਨ ਛੋਟੇ ਕਾਰੋਬਾਰੀ ਅਤੇ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸਿਲੰਡਰ ਦੀ ਬੁਕਿੰਗ ਤੋਂ ਬਾਅਦ ਵੀ ਸਿਲੰਡਰ ਲੋਕਾਂ ਨੂੰ ਨਸੀਬ ਨਹੀਂ ਹੋ ਰਹੇ ਹਨ ਜਿਸ ਕਰਕੇ ਲੋਕ ਵਾਰ-ਵਾਰ ਗੈਸ ਏਜੰਸੀਆਂ ਦੇ ਚੱਕਰ ਕੱਟਣ ਲਈ ਮਜਬੂਰ ਹਨ। ਕਾਰਨ ਈਰਾਨ, ਅਮਰੀਕਾ ਦਾ ਯੁੱਧ ਹੈ। ਰੋਜ਼ਮਰ੍ਹਾ ਦੀਆਂ ਚੀਜ਼ਾਂ ਵੀ ਮਹਿੰਗੀਆਂ ਹੁੰਦੀਆਂ ਜਾ ਰਹੀਆਂ ਹਨ ਜਿਸ ਨਾਲ ਲੋਕਾਂ ਦੇ ਘਰਾਂ ਦੇ ਬਜਟ ਵੀ ਵਿਗੜ ਚੁੱਕੇ ਹਨ। ਲੋਕਾਂ ਨੇ ਕਿਹਾ ਕਿ ਸਿਲੰਡਰ ਨਾ ਮਿਲਣ ਕਾਰਨ ਬਰਗਰ, ਨਿਊਡਲ ਤੋਂ ਇਲਾਵਾ ਹੋਰ ਅਜਿਹੇ ਕਾਰੋਬਾਰ ਜੋ ਗੈਸ ਸਿਲੰਡਰ 'ਤੇ ਨਿਰਭਰ ਸਨ ਉਹ ਬੰਦ ਕਰਨੇ ਪੈ ਰਹੇ ਹਨ ਜਿਸ ਨਾਲ ਉਨ੍ਹਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਇਸ ਤਰ੍ਹਾਂ ਪਿੰਡਾਂ ਦੇ ਦਿਹਾਤੀ ਖੇਤਰਾਂ ਵਿਚ ਵੀ ਕਾਫ਼ੀ ਦਿਨ ਉਨ੍ਹਾਂ ਦਾ ਗੈਸ ਬੁੱਕ ਕਰਨ ਵਾਲਾ ਨੰਬਰ ਹੀ ਨਹੀਂ ਮਿਲਿਆ ਜਿਸ ਕਰਕੇ ਉਹ ਕਾਫ਼ੀ ਪ੍ਰੇਸ਼ਾਨ ਹੋਏ ਅਤੇ ਹੁਣ ਗੈਸ ਬੁੱਕ ਹੋਏ ਨੂੰ ਦੋ-ਤਿੰਨ ਦਿਨ ਹੋ ਚੁੱਕੇ ਹਨ ਅਤੇ ਪਰ ਫ਼ਿਰ ਸਮੇਂ ਸਿਰ ਸਿਲੰਡਰ ਨਾ ਮਿਲਣ ਕਾਰਨ ਉਹ ਕਾਫ਼ੀ ਮੁਸ਼ਕਿਲ ਵਿਚੋਂ ਗੁਜ਼ਰ ਰਹੇ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਨੂੰ ਗੁਰਦਾਸਪੁਰ ਨੂੰ ਹਦਾਇਤਾਂ ਕਰਕੇ ਪਿੰਡਾਂ ਅਤੇ ਸ਼ਹਿਰਾਂ ਵਿਚ ਗੈਸ ਦੀ ਵੰਡ ਪ੍ਰਣਾਲੀ ਨੂੰ ਯਕੀਨੀ ਬਣਾਉਣ ਲਈ ਤੁਰੰਤ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਲੋਕਾਂ ਦੀ ਹੋ ਖੱਜਲ ਖ਼ੁਆਰੀ ਬੰਦ ਹੋ ਸਕੇ।

# ਡਾ. ਮੰਗਲ ਸਿੰਘ ਕਿਸ਼ਨਪੁਰੀ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਬਣੇ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਕੰਬੋਜ ਫਾਊਂਡੇਸ਼ਨ ਪੰਜਾਬ ਦੀ ਇਕੱਤਰਤਾ ਸਰਦਾਰ ਸ਼ਹੀਦ ਊਧਮ ਸਿੰਘ ਵੈੱਲਫੇਅਰ ਟਰਸਟ ਚੰਡੀਗੜ੍ਹ ਵਿੱਚ ਹੋਈ ਜਿਸ ਵਿੱਚ



ਵੱਡੀ ਗਿਣਤੀ ਵਿੱਚ ਫਾਊਂਡੇਸ਼ਨ ਦੇ ਮੈਂਬਰ ਇਕੱਠੇ ਹੋਏ ਅਤੇ ਫਾਊਂਡੇਸ਼ਨ ਦੀ ਗਵਰਨਿੰਗ ਬਾਡੀ ਸਰਬਸੰਮਤੀ ਨਾਲ ਚੁਣੀ ਗਈ ਜਿਸ ਵਿੱਚ ਡਾਕਟਰ ਸੰਦੀਪ ਸਿੰਘ ਕੌੜਾ, ਡਾ. ਮੰਗਲ ਸਿੰਘ ਕਿਸ਼ਨਪੁਰੀ ਨੂੰ ਚੇਅਰਮੈਨ ਚੁਣਿਆ ਗਿਆ। ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੇ ਸਹਿਯੋਗੀਆਂ ਦੀ ਸਲਾਹ ਨਾਲ ਆਪਣੀ ਟੀਮ ਦੀ ਚੋਣ ਕੀਤੀ। ਮਾਨ ਸਿੰਘ ਧੰਮ ਸੀਨੀਅਰ ਵਾਈਸ ਚੇਅਰਮੈਨ, ਹਰਪਾਲ ਸਿੰਘ, ਜਰਨੈਲ ਸਿੰਘ ਵਾਈਸ ਚੇਅਰਮੈਨ, ਬੀ ਐੱਸ ਧੰਜੂ ਸਕੱਤਰ, ਜਤਿੰਦਰ ਸਿੰਘ ਖਜ਼ਾਨਚੀ, ਹਰਦੀਪ ਸਿੰਘ ਸਨੌਰ ਜੋਇੰਟ ਖਜਾਨਚੀ, ਮਨਿੰਦਰ ਸਿੰਘ ਜੋਇੰਟ ਸਕੱਤਰ ਚੁਣੇ ਗਏ। ਇਸ ਮੌਕੇ ਮਤਾ ਪਾਸ ਕਰਕੇ ਫਾਊਂਡੇਸ਼ਨ ਨਾਲ ਜੁੜੇ ਕੁਝ ਲੋਕਾ ਨੂੰ ਅਪੀਲ ਕੀਤੀ ਗਈ ਕਿ ਉਹ ਗਲਤ ਪ੍ਰਚਾਰ ਕਰਨ ਦੀ ਬਜਾਏ ਫਾਊਂਡੇਸ਼ਨ ਵੱਲੋਂ ਸ਼ਹੀਦ ਦੇ ਸਨਮਾਨ ਹਿਤ ਯੂਨੀਵਰਸਿਟੀ ਬਣਾਉਣ ਵਿੱਚ ਸਾਥ ਦੇਣ। ਇਸ ਮੌਕੇ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਜਿਸ ਤਰ੍ਹਾਂ ਦੇ ਟੀਚੇ ਦਿੱਤੇ ਗਏ ਸੀ ਉਨ੍ਹਾਂ ਤੇ ਲਗਾਤਾਰ ਕੰਮ ਜਾਰੀ ਰਹੇਗਾ ।31 ਜੁਲਾਈ ਤੱਕ ਯੂਨੀਵਰਸਿਟੀ ਦਾ ਮਿਥਿਆ ਕੰਮ ਸ਼ੁਰੂ ਕਰਵਾਉਣ ਦੇ ਨਾਲ ਹੀ ਸਾਡਾ ਮਨੋਰਥ ਇਹ ਹੈ ਕਿ ਪੰਜਾਬ ਸਰਕਾਰ ਇੱਕ ਵਿਸ਼ੇਸ਼ ਸੈਸ਼ਨ ਸ਼ਹੀਦ ਦੀ ਜਨਮ ਭੂਮੀ ਸੁਨਾਮ ਜਾਂ ਫਿਰ ਯੂਨੀਵਰਸਿਟੀ ਕੈਂਪਸ ਕਪੂਰਥਲਾ ਵਿਖੇ ਕਰਕੇ ਇਸ ਦਾ ਬਕਾਇਦਾ ਸ਼ੁਰੂਆਤ ਕੀਤੀ ਜਾਵੇ ।ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵਿੱਚੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਫੀਸਾਂ ਨਹੀਂ ਲਈਆਂ ਜਾਣਗੀਆਂ।ਇੱਕ ਵਰਗ ਦੇ ਵਿਦਿਆਰਥੀ ਦੀਆਂ ਫੀਸਾਂ ਦਾ ਭੁਗਤਾਨ ਸਰਕਾਰੀ ਤੌਰ 'ਤੇ ਹੋਵੇਗਾ ਅਤੇ ਕੁਝ ਨੂੰ ਵਿੱਦਿਅਕ ਲੋਨ ਦੇ ਆਧਾਰ ਤੇ ਹੁਨਰ ਦੇ ਪ੍ਰਪੱਖ ਕਰਨ ਤੋਂ ਬਾਅਦ ਦੇਸ਼ ਅਤੇ ਵਿਦੇਸ਼ ਵਿੱਚ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਇਆ ਜਾਣਗੇ।

# ਅਗਨੀਵੀਰ ਤੇ ਪੰਜਾਬ ਪੁਲਸ ਦੇ ਲਿਖਤੀ ਪੇਪਰ ਲਈ ਕੋਚਿੰਗ ਮੁਫਤ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਅਗਨੀਵੀਰ ਅਤੇ ਪੰਜਾਬ ਪੁਲਸ ਦੀ ਭਰਤੀ ਲਈ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਟਰੇਨਿੰਗ ਕੈਂਪ ਵਿੱਚ ਦਾਖਲਾ ਸ਼ੁਰੂ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ-ਪਾਈਟ ਕੈਂਪ ਦੇ ਟਰੇਨਿੰਗ ਅਫ਼ਸਰ ਸੂਬੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਰਮੀ ਅਗਨੀਵੀਰ ਅਤੇ ਪੰਜਾਬ ਪੁਲਸ 2026 ਦੀ ਲਿਖਤੀ ਪ੍ਰੀਖਿਆ ਦੀ ਤਿਆਰੀ ਲਈ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿਖੇ ਸਿਖਲਾਈ ਮੁਫ਼ਤ ਦਿੱਤੀ ਜਾ ਰਹੀ ਹੈ। ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫ਼ਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ। ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਨ੍ਹਾਂ ਦੀਆਂ 2-2 ਫੋਟੋ ਕਾਪੀਆਂ ਸਮੇਤ ਆਨਲਾਈਨ ਰਜਿਸਟਰੇਸ਼ਨ ਦੀ ਕਾਪੀ ਅਤੇ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਕੈਂਪ ਵਿਚ ਰਿਪੋਰਟ ਕਰ ਸਕਦੇ ਹਨ।

# ਫੂਡ ਸੇਫਟੀ ਵਿੰਗ ਦੀ ਸਾਂਝੀ ਟੀਮ ਵੱਲੋਂ ਅਚਨਚੇਤ ਚੈਕਿੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਡਿਪਟੀ ਕਮਿਸ਼ਨਰ ਰਾਹੁਲ ਅਤੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਨਿਰਦੇਸ਼ਾਂ ਅਨੁਸਾਰ ਫੂਡ ਸੇਫਟੀ ਵਿੰਗ ਤਰਨ ਤਾਰਨ ਦੀ ਸਾਂਝੀ ਟੀਮ ਨੇ ਡਾ. ਸੁਖਬੀਰ ਕੌਰ, ਜ਼ਿਲ੍ਹਾ ਸਿਹਤ ਅਧਿਕਾਰੀ ਦੀ ਅਗਵਾਈ ਵਿਚ ਸਟ੍ਰੀਟ ਫੂਡ ਵਿਕਰੇਤਾਵਾਂ, ਖਾਸ ਕਰਕੇ ਗਾਹਕਾਂ ਨੂੰ ਤਿਆਰ ਕੀਤੇ ਫਾਸਟ ਫੂਡ ਸਾਮਾਨ ਵੇਚਣ ਵਿਚ ਲੱਗੇ ਲੋਕਾਂ ਦਾ ਨਿਰੀਖਣ ਕੀਤਾ।ਇਹ ਵਿਸ਼ੇਸ਼ ਜਾਂਚ ਮੁਹਿੰਮ ਐੱਫ. ਐੱਸ. ਓ. ਅਸ਼ਵਨੀ ਕੁਮਾਰ, ਐੱਫ. ਐੱਸ. ਓ. ਸਾਕਸ਼ੀ



ਖੋਸਲਾ ਅਤੇ ਐੱਮ. ਸੀ. ਦਫ਼ਤਰ ਤੋਂ ਮੋਹਿਤ ਧਵਨ ਦੁਆਰਾ ਚਲਾਈ ਗਈ।ਟੀਮ ਨੇ ਚੱਬਲ, ਗੱਗੂਭੂਆ, ਸੁਰਸਿੰਘ ਅਤੇ ਭਿਖੀਵਿੰਡ ਦੇ ਵੱਖ-ਵੱਖ ਖੇਤਰਾਂ ਦਾ ਦੌਰਾ ਕੀਤਾ ਅਤੇ ਐੱਫ.ਐੱਸ.ਐੱਸ.ਏ.ਆਈ ਦੁਆਰਾ ਐੱਫ. ਬੀ. ਓ. ਲਈ ਪ੍ਰਦਾਨ ਕੀਤੀ ਗਈ ਸਹੀ ਚੈੱਕ ਸੂਚੀ ਅਨੁਸਾਰ ਸਫਾਈ ਬਾਰੇ ਐੱਫ. ਬੀ. ਓਜ਼ ਨੂੰ ਹਦਾਇਤਾਂ ਦਿੱਤੀਆਂ।ਇਸ ਦੌਰਾਨ ਮੋਮੋਜ਼, ਚਾਪ, ਸਪਰਿੰਗ ਰੋਲ ਅਤੇ ਸੌਸ ਦੇ 10 ਨਮੂਨੇ ਖਰੜ ਲੈਬ ਨੂੰ ਭੇਜਣ ਲਈ ਲਏ ਗਏ ਸਨ। ਸਾਰੇ ਫੂਡ ਕਾਰੋਬਾਰ ਸੰਚਾਲਕਾਂ ਖਾਸ ਕਰਕੇ ਸਟ੍ਰੀਟ ਫੂਡ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ।ਤਿਆਰ ਭੋਜਨ ਪਦਾਰਥ ਵੇਚਣ ਵਾਲੇ ਵਿਕਰੇਤਾ ਕਾਰਟ/ਸਟਾਲ ਨੂੰ ਸਾਫ਼ ਰੱਖਣ, ਗੁਣਵੱਤਾ ਵਾਲੇ ਕੱਚੇ ਮਾਲ ਦੀ ਵਰਤੋਂ ਕਰਨ, ਮਨਜ਼ੂਰਸ਼ੁਦਾ ਭੋਜਨ ਰੰਗਾਂ ਦੀ ਵਰਤੋਂ ਕਰਨ, ਤਿਆਰ ਭੋਜਨ ਨੂੰ ਧੂੜ ਅਤੇ ਮੱਖੀਆਂ ਦੇ ਸੰਪਰਕ ਤੋਂ ਬਿਨਾਂ ਢੱਕ ਕੇ ਰੱਖਣ ਅਤੇ ਢੱਕੇ ਹੋਏ ਡੱਬਿਆਂ ਦੀ ਵਰਤੋਂ ਕਰਨ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਜਾਰੀ ਰਹੇਗੀ ਅਤੇ ਆਮ ਲੋਕਾਂ ਨੂੰ ਸੁਰੱਖਿਅਤ, ਗੁਣਵੱਤਾ ਅਤੇ ਸ਼ੁੱਧ ਭੋਜਨ ਪਦਾਰਥਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੀ ਕੋਸ਼ਿਸ਼ ਵਿੱਚ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਭਵਿੱਖ ਵਿੱਚ ਅਚਨਚੇਤ ਜਾਂਚ ਕੀਤੀ ਜਾਵੇਗੀ।

# ਕੁਲਵਿੰਦਰ ਸਿੰਘ ਬਾਗੜੀਆਂ ਕਨਵੀਨਰ ਤੇ ਅਮਰਜੀਤ ਸਿੰਘ ਸਕੱਤਰ ਨਿਯੁਕਤ

***ਟ੍ਰਾਂਸਕੋ ਮੈਨੇਜਮੈਂਟ ਸੇਵਾ ਮੁਕਤ ਕਰਮਚਾਰੀਆਂ ਨੂੰ ਦੁਬਾਰਾ ਠੇਕੇ 'ਤੇ ਰੱਖਣ ਦੀ ਨੀਤੀ ਬੰਦ ਕਰੇ : ਗੰਡੀਵਿੰਡ***

**ਤਰਨ ਤਾਰਨ** : ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ : 41ਨੇ ਬਾਰਡਰ ਜ਼ੋਨ ਅੰਮ੍ਰਿਤਸਰ ਦੀ ਨਵੀਂ



ਕਮੇਟੀ ਦੀ ਚੋਣ ਕਰਨ ਲਈ ਅਮਰੀਕ ਸਿੰਘ ਲੁਹਾਰਕਾ ਅਤੇ ਸਾਹਿਬ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਬਾਰਡਰ ਜ਼ੋਨ ਨਾਲ ਸਬੰਧਤ ਸਰਕਲ ਕਮੇਟੀਆਂ ਦੇ ਆਗੂਆਂ ਦੀ ਭਰਵੀਂ ਇਕੱਤਰਤਾ ਸਥਾਨਕ ਬਾਠ ਰੋਡ ਵਾਲੇ ਭਵਨ ਵਿੱਚ ਹੋਈ ਜਿਸ ਵਿੱਚ ਬਾਰਡਰ ਜ਼ੋਨ ਅਧੀਨ ਪੈਂਦੇ ਵੱਖ-ਵੱਖ ਸਰਕਲਾਂ ਤਰਨ ਤਾਰਨ, ਗੁਰਦਾਸਪੁਰ, ਅੰਮ੍ਰਿਤਸਰ ਦਿਹਾਤੀ ਅਤੇ ਸ਼ਹਿਰੀ ਤੋਂ ਇਲਾਵਾ ਪੀ ਐਂਡ ਐੱਮ ਨਾਲ ਸਬੰਧਤ ਚੁਣੇ ਹੋਏ ਡੈਲੀਗੇਟਾਂ ਨੇ ਹਿੱਸਾ ਲਿਆ।ਇਸ ਜਥੇਬੰਦਕ ਚੋਣ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਨਿਗਰਾਨ ਦੇ ਤੌਰ 'ਤੇ ਸ਼ਾਮਲ ਹੋਏ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਮੀਤ ਪ੍ਰਧਾਨ ਬਲਵਿੰਦਰ ਸਿੰਘ ਉਦੀਪੁਰ , ਮਨਜੀਤ ਸਿੰਘ ਬਾਸਰਕੇ ਅਤੇ ਸਕੱਤਰ ਬਲਜਿੰਦਰ ਕੌਰ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਵੱਲੋਂ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਨ ਦੀ ਮੁਲਾਜ਼ਮ ਵਿਰੋਧੀ ਨੀਤੀ ਦੀ ਤਿੱਖੀ ਨੁਕਤਾਚੀਨੀ ਕੀਤੀ। ਸੂਬਾ ਪ੍ਰਧਾਨ ਗੰਡੀਵਿੰਡ ਨੇ ਪਿਛਲੇ ਦਿਨਾਂ ਵਿੱਚ ਟ੍ਰਾਂਸਕੋ ਮੈਨੇਜਮੈਂਟ ਵੱਲੋਂ ਬਿਜਲੀ ਘਰਾਂ ਨਾਲ ਸਬੰਧਤ ਸੇਵਾ ਮੁਕਤ ਕਰਮਚਾਰੀਆਂ ਨੂੰ ਦੁਬਾਰਾ ਠੇਕੇ ਤੇ ਰੱਖਣ ਦੀ ਲੋਕ ਵਿਰੋਧੀ ਘਟੀਆ ਨੀਤੀ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਇਸ ਲੋਕ ਵਿਰੋਧੀ ਫੈਸਲੇ ਨੂੰ ਤੁਰੰਤ ਵਾਪਸ ਲੈਣ 'ਤੇ ਜ਼ੋਰ ਦਿੱਤਾ । ਗੰਡੀਵਿੰਡ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਪਾਵਰਕਾਮ ਅਤੇ ਟ੍ਰਾਂਸਕੋ ਕਾਰਪੋਰੇਸ਼ਨਾਂ ਵਿੱਚ ਡੰਗ ਟਪਾਊ ਨੀਤੀ ਬੰਦ ਕਰਵਾ ਕੇ ਹਜ਼ਾਰਾਂ ਖਾਲੀ ਅਸਾਮੀਆਂ ਤੇ ਯੋਗਤਾ ਪ੍ਰਾਪਤ ਬੇਰੁਜ਼ਗਾਰ ਨੌਜਵਾਨਾਂ ਦੀ ਨਵੀਂ ਰੈਗੂਲਰ ਭਰਤੀ ਕੀਤੀ ਜਾਵੇ, ਤੋਂ ਇਲਾਵਾ ਕਈ ਮੰਗਾਂ ਦਾ ਜ਼ਿਕਰ ਕੀਤਾ। ਨਵੀਂ ਕਮੇਟੀ ਦੀ ਚੋਣ ਤੋਂ ਪਹਿਲਾਂ ਅਰਵਿੰਦਰਪਾਲ ਸਿੰਘ ਸੰਘਾ ਵੱਲੋਂ ਪੁਰਾਣੀ ਜ਼ੋਨ ਕਮੇਟੀ ਭੰਗ ਕਰਨ ਉਪਰੰਤ ਸੂਬਾ ਪ੍ਰਧਾਨ ਗੰਡੀਵਿੰਡ ਨੇ ਤੇਰਾਂ ਮੈਂਬਰੀ ਨਵੀਂ ਕਮੇਟੀ ਦਾ ਪੈਨਲ ਹਾਜ਼ਰੀਨ ਸਾਹਮਣੇ ਪੇਸ਼ ਕੀਤਾ ਜਿਸ ਵਿੱਚ ਸਰਪ੍ਰਸਤ ਮਨਜੀਤ ਸਿੰਘ ਬਾਸਰਕੇ, ਕਨਵੀਨਰ ਕੁਲਵਿੰਦਰ ਸਿੰਘ ਬਾਗੜੀਆਂ ਏਏਈ, ਕੋ-ਕਨਵੀਨਰ ਦਲਜੀਤ ਸਿੰਘ ਐੱਚ ਡੀ ਐੱਮ, ਅਰਵਿੰਦਰਪਾਲ ਸਿੰਘ ਸੰਘਾ, ਮੇਜਰ ਸਿੰਘ ਨਾਗੋਕੇ, ਸਕੱਤਰ ਅਮਰਜੀਤ ਸਿੰਘ ਜੇਈ, ਸਹਾਇਕ ਸਕੱਤਰ ਗੁਰਤੇਜ ਸਿੰਘ ਢਿੱਲੋਂ, ਮਲਕੀਤ ਸਿੰਘ ਜੇਈ ,ਖ਼ਜ਼ਾਨਚੀ ਪੂਰਨ ਦਾਸ, ਸਹਾਇਕ ਖਜ਼ਾਨਚੀ ਕੁਲਦੀਪ ਕੁਮਾਰ ਜੇ ਈ, ਜਥੇਬੰਦਕ ਸਕੱਤਰ ਅਮਰੀਕ ਸਿੰਘ ਲੁਹਾਰਕਾ, ਗੁਰਸੇਵਕ ਸਿੰਘ, ਆਡੀਟਰ ਅੰਮ੍ਰਿਤਪਾਲ ਸਿੰਘ ਦੇ ਨਾਮ ਬਤੌਰ ਅਹੁਦੇਦਾਰਾਂ ਦੇ ਰੂਪ ਵਿੱਚ ਹਾਜ਼ਰੀਨ ਨੇ ਨਾਅਰਿਆਂ ਦੀ ਗੂੰਜ ਵਿੱਚ ਪ੍ਰਵਾਨ ਕੀਤੇ।

# ਖ਼ਾਲਸਾ ਕਾਲਜ ਦੇ 45 ਵਿਦਿਆਰਥੀਆਂ ਦੀ ਮੈਕਸਿਕਸ ਕੋਚਰਟੈੱਕ 'ਚ ਪਲੇਸਮੈਂਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਖਾਲਸਾ ਕਾਲਜ ਦੇ 45 ਹੋਣਹਾਰ ਵਿਦਿਆਰਥੀਆਂ ਦੀ ਮੈਕਸਿਕਸ ਕੋਚਰਟੈਕ ਵੱਲੋਂ ਕਸਟਮਰ ਸਰਵਿਸ ਐਸੋਸੀਏਟ ਦੇ ਅਹੁਦੇ ਲਈ ਚੋਣ ਕੀਤੀ ਗਈ ਹੈ।ਮੈਕਸਿਕਸ ਕੋਚਰਟੈੱਕ ਗਾਹਕ ਸੰਪਰਕ ਅਤੇ ਬਿਜ਼ਨਸ ਪ੍ਰੋਸੈਸ ਹੱਲ ਦੇ ਖੇਤਰ 'ਚ ਇਕ ਪ੍ਰਸਿੱਧ



ਸੰਸਥਾ ਹੈ ਜੋ ਟੈਲੇਂਟ ਵਿਕਾਸ ਅਤੇ ਨਵਚੇਤਨਾ 'ਤੇ ਆਪਣੇ ਕੇਂਦਰਿਤ ਧਿਆਨ ਲਈ ਜਾਣੀ ਜਾਂਦੀ ਹੈ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਅਕਾਦਮਿਕ ਅਤੇ ਪੇਸ਼ਾਵਰ ਜੀਵਨ ਦੇ ਇਸ ਨਵੇਂ ਅਧਿਆਇ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਟੀਮ ਦੇ ਸ਼ਾਨਦਾਰ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਰਤੀ ਪ੍ਰੀਕ੍ਰਿਆ ਦੀ ਸ਼ੁਰੂਆਤ ਐੱਚ. ਆਰ. ਅਜੈ ਉੱਪਲ ਵੱਲੋਂ ਵਿਚਾਰ ਚਰਚਾ ਨਾਲ ਹੋਈ, ਜਿਸ ਤੋਂ ਬਾਅਦ ਅੰਤਿਮ ਇੰਟਰਵਿਊ ਰਾਊਂਡ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਚੁਣੇ ਗਏ ਵਿਦਿਆਰਥੀਆਂ ਨੂੰ ਉਦਯੋਗ ਦੇ ਮਾਹਿਰਾਂ ਨਾਲ ਸੰਪਰਕ ਬਣਾਉਣ ਅਤੇ ਆਪਣੇ ਪੇਸ਼ਾਵਰ ਜੀਵਨ ਵੱਲ ਮਜ਼ਬੂਤ ਕਦਮ ਚੁੱਕਣ ਦਾ ਮੌਕਾ ਪ੍ਰਾਪਤ ਹੋਇਆ।ਇਸ ਮੌਕੇ ਡਾ. ਰੰਧਾਵਾ ਨੇ ਕਿਹਾ ਕਿ ਮੈਕਸਿਕਸ ਕੋਚਰਟੈਕ ਵੱਲੋਂ ਚੁਣੇ ਗਏ ਵਿਦਿਆਰਥੀਆਂ ਨੂੰ 2.25 ਲੱਖ ਰੁਪਏ ਸਾਲਾਨਾ ਪੈਕੇਜ ਦੀ ਪੇਸ਼ਕਸ਼ ਕੀਤੀ ਗਈ।ਇਸ ਮੌਕੇ ਪਲੇਸਮੈਂਟ ਸੈੱਲ ਦੇ ਡਾਇਰੈਕਟਰ ਡਾ. ਮਨੀ ਅਰੋੜਾ ਅਤੇ ਅਸਿਸਟੈਂਟ ਡਾਇਰੈਕਟਰ ਡਾ. ਅਨੁਰਿਤ ਕੌਰ ਨੇ ਵਿਦਿਆਰਥੀਆਂ ਨੂੰ ਆਪਣੇ ਕਰੀਅਰ 'ਚ ਸਫ਼ਲਤਾ ਹਾਸਲ ਕਰਨ ਲਈ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰੋ. ਰੋਹਿਤ ਕਾਕੜੀਆ, ਪ੍ਰੋ. ਹਰਿਆਲੀ ਢਿੱਲੋਂ, ਪ੍ਰੋ. ਅਪਨੀਤ ਕੌਰ, ਪ੍ਰੋ. ਵਿਸ਼ਾਲ ਸ਼ਰਮਾ ਨੇ ਉਕਤ ਡਰਾਈਵ ਨੂੰ ਸਫਲ ਬਣਾਉਣ 'ਚ ਮਹੱਤਵਪੂਰਨ ਭੂਮਿਕਾ ਨਿਭਾਈ।

# ਮੁਹੰਮਦ ਅਜ਼ੀਜ਼ ਵੈੱਲਫੇਅਰ ਸੋਸਾਇਟੀ ਵੱਲੋਂ ਸੰਗੀਤਕ ਸ਼ਾਮ ਦਾ ਆਯੋਜਨ

**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**- ਮੁਹੰਮਦ ਅਜ਼ੀਜ਼ ਵੈਲਫੇਅਰ ਸੋਸਾਇਟੀ ਨੇ ਪ੍ਰਧਾਨ ਰਾਜ ਕੁਮਾਰ ਵਰਮਾ ਤੇ ਚੇਅਰਮੈਨ ਤਰਲੋਚਨ ਸਿੰਘ ਤੋਚੀ ਦੀ ਅਗਵਾਈ ਹੇਠ ਆਪਣੀ 15ਵੀਂ ਸਾਲਾਨਾ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ।ਉਥੇ ਗਾਇਕਾਂ ਅਤੇ ਸੰਗੀਤ- ਕਾਰਾਂ ਨੇ ਪੇਸ਼ਕਾਰੀ ਦਿੱਤੀ।ਇਸ ਸਮਾਗਮ ਵਿੱਚ ਪ੍ਰਸਿੱਧ ਐਂਕਰ ਸੁਭਾਸ਼, ਵਿਰਾਟ ਤੇ ਹੋਰਾਂ ਨੇ ਪੇਸ਼ਕਾਰੀ ਦਿੱਤੀ। ਸਮਾਜ ਸੇਵਕ ਬਾਲ ਕਿਸ਼ਨ, ਸਤੀਸ਼ ਚੋਪੜਾ, ਡਾ. ਗੁਰਪ੍ਰੀਤ ਸਿੰਘ ਛਾਬੜਾ, ਪੰਜਾਬੀ ਸਕ੍ਰੀਨ ਸੰਪਾਦਕ ਦਲਜੀਤ ਅਰੋੜਾ, ਜਗਦੀਸ਼ ਸਿੰਘ ਅਤੇ ਸੰਜੇ ਵੀ ਮੌਜੂਦ ਸਨ। ਇਸ ਮੌਕੇ ਤੇ ਵਿਨੋਦ ਕੁਮਾਰ ਵਿਸ਼ੇਸ਼ ਮਹਿਮਾਨ ਸਨ। ਇਸੇ ਤਰ੍ਹਾਂ ਪੇਸ਼ਕਾਰੀਆਂ ਦੇਣ ਵਾਲਿਆਂ ਵਿੱਚ ਸੁਰਜੀਤ ਸਿੰਘ,ਹਰਜੀਤ ਸਿੰਘ, ਮਨਜੀਤ ਇੰਦਰ ਸਿੰਘ, ਜੰਗ ਬਹਾਦਰ ਸਿੰਘ, ਤਿਲਕ ਰਾਜ ਸੂਰੀ, ਦਿਲਸੁਮਾਰ ਆਨੰਦ, ਕੰਵਲਜੀਤ ਸਿੰਘ, ਗੁਰਪ੍ਰੀਤ ਸਤੀਜਾ,ਜਤਿਨ ਸੋਨੀ, ਜਸਪਾਲ ਸਿੰਘ ਅਤੇ ਰੋਹਿਤ ਅਰੋੜਾ ਸ਼ਾਮਲ ਸਨ। ਇਸ ਮੌਕੇ ਮੀਤ ਪ੍ਰਧਾਨ ਸੰਦੀਪ ਭਾਟੀਆ, ਜਨਰਲ ਸਕੱਤਰ ਅਮਨਦੀਪ ਸਿੰਘ ਲੂਥਰਾ, ਪ੍ਰੈਸ ਸਕੱਤਰ ਸਵਿੰਦਰ ਸਿੰਘ ਸੈਵੀ, ਵਿੱਤ ਸਕੱਤਰ ਨਰਿੰਦਰ ਜੈਨ, ਮੈਂਬਰ ਬਲਰਾਜ ਮੱਖਣ, ਅਲਕਾ ਵਰਮਾ ਤੇ ਅੰਕਿਤ ਵਰਮਾ ਹਾਜ਼ਰ ਸਨ।



# ਮਾਸਟਰ ਜਗਦੀਸ਼ ਚੰਦਰ ਨਮਿਤ ਰਸਮ ਪਗੜੀ 22 ਨੂੰ

**ਗੁਰਦਾਸਪੁਰ, (ਜਨਕ ਮਹਾਜਨ)**- ਮਾਸਟਰ ਜਗਦੀਸ਼ ਚੰਦਰ ਵਾਸੀ ਰੁਲੀਆ ਰਾਮ ਕਾਲੋਨੀ ਗੁਰਦਾਸਪੁਰ ਜਿਨ੍ਹਾਂ ਦਾ 11 ਮਾਰਚ ਨੂੰ ਦਿਹਾਂਤ ਹੋ ਗਿਆ ਸੀ, ਦੀ ਰਸਮ ਪਗੜੀ 22 ਮਾਰਚ ਦਿਨ ਐਤਵਾਰ ਲੱਕੀ ਪੈਲੇਸ ਜੇਲ੍ਹ ਰੋਡ ਗੁਰਦਾਸਪੁਰ ਵਿਖੇ 11.30 ਵਜੇ ਤੋਂ 1.30 ਵਜੇ ਤੱਕ ਹੋਵੇਗੀ।

# ਤਾਨਾਸ਼ਾਹਾਂ ਦੀ ਵਧ ਰਹੀ ਗਿਣਤੀ

ਦੁਨੀਆ ਵਿੱਚ ਅੱਜ ਲੋਕਤੰਤਰ ਦੇ ਮੁਕਾਬਲੇ ਤਾਨਾਸ਼ਾਹੀ ਵਾਲੇ ਦੇਸ਼ਾਂ ਦੀ ਗਿਣਤੀ ਵੱਧ ਹੈ। ਵੀ-ਡੈਮ ਦੀ ਸਾਲਾਨਾ ਰਿਪੋਰਟ ਮੁਤਾਬਕ ਦੁਨੀਆ ਵਿੱਚ 2025 ਦੇ ਅੰਤ ਤੱਕ 92 ਤਾਨਾਸ਼ਾਹੀ ਵਾਲੇ (ਆਟੋਕ੍ਰੇਸੀ) ਦੇਸ਼ ਤੇ 87 ਲੋਕਤੰਤਰੀ ਦੇਸ਼ ਸਨ। ਭਾਰਤ ਦੁਨੀਆ ਦੀ ਸਭ ਤੋਂ ਵੱਧ ਆਬਾਦੀ ਵਾਲੇ 'ਚੁਣਾਵੀ ਤਾਨਾਸ਼ਾਹ' ਦੇਸ਼ਾਂ 'ਚ ਸ਼ਾਮਲ ਹੈ। ਇਹ ਡੈਮੋਕ੍ਰੇਸੀ ਰਿਪੋਰਟ ਦੁਨੀਆ ਭਰ ਵਿੱਚ ਸਭ ਤੋਂ ਵੱਕਾਰੀ ਰਿਪੋਰਟਾਂ ਵਿੱਚੋਂ ਇੱਕ ਹੈ ਅਤੇ ਇਸ ਨੂੰ ਸਵੀਡਨ ਦੀ ਗੋਥੇਨਬਰਗ ਯੂਨੀਵਰਸਿਟੀ ਦੇ ਵੀ-ਡੈਮ ਇੰਸਟੀਚਿਊਟ ਵੱਲੋਂ ਪ੍ਰਕਾਸ਼ਤ ਕੀਤਾ ਜਾਂਦਾ ਹੈ। 2026 ਦੀ ਰਿਪੋਰਟ ਮੁਤਾਬਕ ਦੁਨੀਆ ਦੇ ਔਸਤ ਆਮ ਨਾਗਰਿਕ ਲਈ ਲੋਕਤੰਤਰ ਦਾ ਪੱਧਰ 1978 ਦੇ ਪੱਧਰ 'ਤੇ ਪੁੱਜ ਗਿਆ ਹੈ। 1974 ਵਿੱਚ ਪੁਰਤਗਾਲ ਤੋਂ ਸ਼ੁਰੂ ਹੋਈ 'ਲੋਕਤੰਤਰੀਕਰਨ ਦੀ ਤੀਜੀ ਲਹਿਰ' ਨਾਲ ਜੋ ਪ੍ਰਗਤੀ ਹੋਈ ਸੀ, ਉਹ ਲੱਗਭੱਗ ਖਤਮ ਹੋ ਚੁੱਕੀ ਹੈ। ਪਿਛਲੇ 50 ਸਾਲਾਂ ਵਿੱਚ ਪਹਿਲੀ ਵਾਰ ਅਮਰੀਕਾ ਹੁਣ 'ਲਿਬਰਲ ਡੈਮੋਕ੍ਰੇਸੀ' (ਉਦਾਰ ਲੋਕਤੰਤਰ) ਨਹੀਂ ਰਿਹਾ। ਹੁਣ ਦੁਨੀਆ ਦੀ 74 ਫੀਸਦੀ ਆਬਾਦੀ ਤਾਨਾਸ਼ਾਹ ਸ਼ਾਸਨ ਦੇ ਅਧੀਨ ਰਹਿੰਦੀ ਹੈ। 2025 ਦੇ ਅੰਤ ਤੱਕ ਦੁਨੀਆ ਦੇ ਸਭ ਤੋਂ ਵੱਧ ਆਬਾਦੀ ਵਾਲੇ ਦੇਸ਼ਾਂ ਵਿੱਚੋਂ ਚਾਰ ਤਾਨਾਸ਼ਾਹੀ ਵਾਲੇ ਦੇਸ਼ ਭਾਰਤ, ਚੀਨ, ਇੰਡੋਨੇਸ਼ੀਆ ਤੇ ਪਾਕਿਸਤਾਨ ਹਨ। ਡੋਨਾਲਡ ਟਰੰਪ ਦੀ ਅਗਵਾਈ ਵਿੱਚ ਅਮਰੀਕਾ ਵੀ ਤੇਜ਼ੀ ਨਾਲ ਤਾਨਾਸ਼ਾਹੀ ਵੱਲ ਵਧ ਰਿਹਾ ਹੈ।

ਰਿਪੋਰਟ ਮੁਤਾਬਕ 2025 ਵਿੱਚ 'ਚੁਣਾਵੀ ਤਾਨਾਸ਼ਾਹੀ' ਸਭ ਤੋਂ ਵੱਧ ਆਬਾਦੀ ਵਾਲਾ ਸ਼ਾਸਨ ਬਣ ਗਿਆ ਹੈ, ਜਿਸ ਦੇ ਤਹਿਤ ਦੁਨੀਆ ਦੀ ਲੱਗਭੱਗ ਅੱਧੀ ਆਬਾਦੀ 46 ਫੀਸਦੀ (3.8 ਅਰਬ ਲੋਕ) ਆਉਂਦੇ ਹਨ। ਭਾਰਤ 'ਚੁਣਾਵੀ ਤਾਨਾਸ਼ਾਹੀ' ਵਾਲੇ ਦੇਸ਼ਾਂ ਵਿੱਚ 2017 'ਚ ਸ਼ਾਮਲ ਹੋਇਆ ਸੀ। 179 ਦੇਸ਼ਾਂ ਵਿੱਚ ਭਾਰਤ ਲਿਬਰਲ ਡੈਮੋਕ੍ਰੇਸੀ ਇੰਡੈਕਸ 'ਚ 105ਵੇਂ ਸਥਾਨ 'ਤੇ ਹੈ। ਪਿਛਲੇ ਸਾਲ 100ਵੇਂ ਸਥਾਨ 'ਤੇ ਸੀ। ਇਲੈਕਟੋਰਲ ਡੈਮੋਕ੍ਰੇਸੀ ਇੰਡੈਕਸ ਵਿੱਚ ਭਾਰਤ 106ਵੇਂ ਸਥਾਨ 'ਤੇ ਹੈ। ਰਿਪੋਰਟ ਮੁਤਾਬਕ 2025 ਦੇ ਅੰਕ 1976 ਦੇ ਪੱਧਰ 'ਤੇ ਵਾਪਸ ਆ ਗਏ ਹਨ। ਭਾਰਤ ਇਸ ਗਿਰਾਵਟ 'ਚ ਵੱਡੀ ਭੂਮਿਕਾ ਨਿਭਾਅ ਰਿਹਾ ਹੈ। ਰਿਪੋਰਟ ਕਹਿੰਦੀ ਹੈ ਕਿ ਦੱਖਣੀ ਤੇ ਮੱਧ ਏਸ਼ੀਆ ਵਿੱਚ ਸਿਰਫ 2 ਫੀਸਦੀ ਲੋਕ (ਚੁਣਾਵੀ) ਲੋਕਤੰਤਰ ਦਾ ਲਾਭ ਉਠਾ ਰਹੇ ਹਨ ਅਤੇ ਇਹ ਸਭ ਨੇਪਾਲ ਤੇ ਸ੍ਰੀਲੰਕਾ ਵਿੱਚ ਹਨ। ਭੂਟਾਨ, ਮੰਗੋਲੀਆ ਤੇ ਮਾਲਦੀਵ ਵਿੱਚ ਰਹਿਣ ਵਾਲੀ ਆਬਾਦੀ ਬਹੁਤ ਘੱਟ ਹੈ। ਵੱਡੀ ਆਬਾਦੀ (85 ਫੀਸਦੀ) ਭਾਰਤ, ਕਜ਼ਾਖਸਤਾਨ ਤੇ ਪਾਕਿਸਤਾਨ ਵਰਗੇ ਚੁਣਾਵੀ ਤਾਨਾਸ਼ਾਹੀ ਵਾਲੇ ਦੇਸ਼ਾਂ ਵਿੱਚ ਰਹਿੰਦੀ ਹੈ। ਇਸ ਖਿੱਤੇ ਵਿਚ ਸ੍ਰੀਲੰਕਾ ਹੀ ਇੱਕੋ-ਇੱਕ ਦੇਸ਼ (ਖਿੱਤੇ ਦੀ 7 ਫੀਸਦੀ ਆਬਾਦੀ ਵਾਲਾ) ਹੈ, ਜੋ ਲੋਕਤੰਤਰੀਕਰਨ ਵੱਲ ਵਧ ਰਿਹਾ ਹੈ। ਭਾਰਤ ਉਨ੍ਹਾਂ ਚਾਰ ਦੇਸ਼ਾਂ (ਖਿੱਤੇ ਦੀ 29 ਫੀਸਦੀ ਆਬਾਦੀ) ਵਿੱਚ ਸ਼ਾਮਲ ਹੈ, ਜਿਹੜੇ ਤਾਨਾਸ਼ਾਹੀ ਵੱਲ ਵਧ ਰਹੇ ਹਨ। ਦੂਜੇ ਦੇਸ਼ ਅਫਗਾਨਿਸਤਾਨ, ਕਿਰਗਿਸਤਾਨ ਤੇ ਪਾਕਿਸਤਾਨ ਹਨ।

ਰਿਪੋਰਟ ਕਹਿੰਦੀ ਹੈ ਕਿ ਭਾਰਤ ਦਾ ਤਾਨਾਸ਼ਾਹੀ ਵੱਲ ਵਧਣਾ ਲੋਕਤੰਤਰੀ ਅਦਾਰਿਆਂ ਨੂੰ ਹੌਲੀ-ਹੌਲੀ, ਪਰ ਗਿਣੇ-ਮਿੱਥੇ ਤਰੀਕੇ ਨਾਲ ਖਤਮ ਕਰਨਾ ਹੈ। ਹੁਕਮਰਾਨ ਬਹੁਲਤਾਵਾਦ-ਵਿਰੋਧੀ, ਹਿੰਦੂ ਰਾਸ਼ਟਰਵਾਦੀ ਭਾਜਪਾ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲੋਕਤੰਤਰ ਨੂੰ ਕਮਜ਼ੋਰ ਕਰਨ ਦੀਆਂ ਮਿਸਾਲਾਂ ਵਿੱਚ ਪ੍ਰਗਟਾਵੇ ਦੀ ਆਜ਼ਾਦੀ ਤੇ ਮੀਡੀਆ ਦੀ ਆਜ਼ਾਦੀ ਵਿੱਚ ਗਿਰਾਵਟ, ਸਰਕਾਰ ਦੀ ਅਲੋਚਨਾ ਕਰਨ ਵਾਲੇ ਪੱਤਰਕਾਰਾਂ ਨੂੰ ਤੰਗ-ਪ੍ਰੇਸ਼ਾਨ ਕਰਨਾ ਅਤੇ ਨਾਗਰਿਕ ਸਮਾਜ ਤੇ ਆਪੋਜ਼ੀਸ਼ਨ 'ਤੇ ਹਮਲੇ ਸ਼ਾਮਲ ਹਨ। ਭਾਰਤ ਉਨ੍ਹਾਂ ਦੇਸ਼ਾਂ ਵਿੱਚ ਵੀ ਸ਼ਾਮਲ ਹੈ, ਜਿੱਥੇ ਸੰਸਦ ਵੱਲੋਂ ਸਰਕਾਰ ਦੇ ਨਾਜਾਇਜ਼ ਕੰਮਾਂ ਦੀ ਜਾਂਚ ਦੀ ਪ੍ਰਭਾਵਸ਼ੀਲਤਾ ਕਮਜ਼ੋਰ ਹੋ ਰਹੀ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪੱਛਮੀ ਯੂਰਪ ਤੇ ਉੱਤਰੀ ਅਮਰੀਕਾ ਵਿੱਚ ਔਸਤ ਨਾਗਰਿਕਾਂ ਲਈ ਲੋਕਤੰਤਰ ਦਾ ਪੱਧਰ ਵੀ ਪਿਛਲੇ 50 ਸਾਲਾਂ ਵਿੱਚ ਸਭ ਤੋਂ ਹੇਠਲੇ ਪੱਧਰ 'ਤੇ ਹੈ, ਜਿਸ ਦਾ ਮੁੱਖ ਕਾਰਨ ਅਮਰੀਕਾ ਵਿੱਚ ਚੱਲ ਰਹੀ ਤਾਨਾਸ਼ਾਹੀ ਪ੍ਰਵਿਰਤੀ ਹੈ।

## ਹਸ਼ਰ ਹੰਕਾਰਿਆਂ ਦਾ

ਕੁੱਦ ਪੈਂਦਾ ਏ ਅਕਸਰ ਹੀ ਹਾਕਮਾਂ ਨੂੰ,
ਆਕੜ ਅਤੇ ਹੰਕਾਰ ਦਾ ਝੱਲ ਭਾਈ।
ਜਿੱਤਦਾ ਜਾਪਦਾ ਹੁੰਦਾ ਏ ਕੁਫਰ ਭਾਵੇਂ,
ਰਹਿੰਦਾ ਆਖਰ ਨੂੰ ਸੱਚ ਅਟੱਲ ਭਾਈ।
ਜ਼ੁਲਮੋਂ ਸਿਤਮ ਦਾ ਚੱਲ ਰਿਹਾ ਦੌਰ ਹੋਵੇ,
ਲੱਗੇ 'ਮਾਨਵਤਾ' ਸੀਨੇ 'ਤੇ ਸੱਲ ਭਾਈ।
ਅਣਖੀ ਲੋਕ ਤਾਂ ਕਦੇ ਵੀ ਝੱਲਦੇ ਨਹੀਂ,
ਠੋਸੀ ਧੌਂਸ ਦੇ ਨਾਲ ਕੋਈ ਗੱਲ ਭਾਈ।
ਉਹ ਝੱਲੇਗਾ 'ਬੋਝ' ਸ਼ਰਮਿੰਦਗੀ ਦਾ,
ਝੂਠ ਬੋਲ ਜੇ ਦੁਨੀਆ ਨੂੰ ਚਾਰਿਆ ਜੀ।
ਦੇਖੋ ਫੋਲ ਇਤਿਹਾਸ ਇਹ 'ਕੂਕਦਾ' ਐ,
ਜਾਂਦਾ ਅੰਤ ਹੰਕਾਰਿਆ ਮਾਰਿਆ ਜੀ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਜੰਗ, ਜੋ ਜਿੱਤੀ ਨਹੀਂ ਜਾ ਸਕਦੀ

**ਮੂਲ : ਵਿਜੇ ਪ੍ਰਸਾਦ**
**ਅਨੁਵਾਦ : ਪੁਸ਼ਪਿੰਦਰ**

ਕੁਝ ਸਮਾਂ ਪਹਿਲਾਂ ਡੋਨਾਲਡ ਟਰੰਪ ਦੀ ਸਰਕਾਰ ਨੇ 'ਬੋਰਡ ਆਫ ਪੀਸ' (ਅਮਨ) ਦਾ ਗਠਨ ਕੀਤਾ ਸੀ। ਦੁਨੀਆਂ ਭਰ ਦੇ ਮੁਲਕਾਂ ਨੂੰ ਸ਼ਾਮਲ ਕਰਨ ਦੀ ਕੋਸ਼ਿਸ਼ ਕੀਤੀ ਸੀ। ਇਜ਼ਰਾਈਲ ਅਤੇ ਅਮਰੀਕਾ ਨੇ ਇਸ ਬੋਰਡ ਅਮਨ ਦੇ ਬੋਰਡ ਦੀ ਪਹਿਲੀ ਜੰਗ ਈਰਾਨ ਉਪਰ ਹਮਲਾ ਕਰਕੇ ਸ਼ੁਰੂ ਕਰ ਦਿੱਤੀ ਹੈ। ਅਮਨ ਦੇ ਬੋਰਡ ਦੀ ਇਸ ਪਹਿਲੀ ਜੰਗ ਵਿਚ ਮਰਨ ਵਾਲਿਆਂ 'ਚ ਪ੍ਰਾਇਮਰੀ ਸਕੂਲ ਵਿਚ ਪੜ੍ਹਦੀਆਂ 165 ਬੱਚੀਆਂ ਵੀ ਸ਼ਾਮਲ ਹਨ, ਇਸ ਤੋਂ ਇਲਾਵਾ ਇੱਕ ਸੁਤੰਤਰ ਦੇਸ਼ ਦਾ ਮੁਖੀ ਅਤੇ ਸਰਕਾਰ ਦੇ ਬਹੁਤ ਸਾਰੇ ਪ੍ਰਮੁੱਖ ਅਹੁਦੇਦਾਰ ਵੀ।

ਅਸਲ ਵਿਚ ਇਹ ਈਰਾਨ ਉਪਰ ਅਮਰੀਕਾ ਵੱਲੋਂ ਕੀਤਾ ਗਿਆ ਪਹਿਲਾ ਹਮਲਾ ਨਹੀਂ ਹੈ, ਈਰਾਨ ਕਈ ਦਸ਼ਕਾਂ ਤੋਂ ਹਮਲਿਆਂ ਦੀ ਮਾਰ ਝੱਲ ਰਿਹਾ ਹੈ, ਖਾਸ ਕਰ ਉਦੋਂ ਤੋਂ ਹੀ ਜਦ ਇਸਲਾਮਿਕ ਇਨਕਲਾਬ ਨੇ ਅਮਰੀਕਾ ਪਿੱਠੂ ਰਾਜੇ ਰਜ਼ਾ ਪਹਿਲਵੀ ਨੂੰ ਗੱਦੀ ਤੋਂ ਲਾ ਦਿੱਤਾ ਸੀ। 1996 ਤੋਂ ਇਸ ਨੂੰ ਆਰਥਿਕ ਪਾਬੰਦੀਆਂ ਨਾਲ ਨਪੀੜਿਆ ਜਾ ਰਿਹਾ ਹੈ। ਜੂਨ 2025 ਵਿਚ ਇਜ਼ਰਾਈਲ ਦੇ ਹਵਾਈ ਜਹਾਜ਼ਾਂ ਨੇ ਖੂਬ ਬੰਬ ਵਰਸਾਏ ਅਤੇ ਅਮਰੀਕਾ ਨੇ ਇਸ ਦੇ ਪ੍ਰਮਾਣੂ ਟਿਕਾਣੇ ਤਬਾਹ ਕਰਨ ਦੀ ਕੋਸ਼ਿਸ਼ ਕੀਤੀ। ਨਾ ਇਜ਼ਰਾਈਲ ਅਤੇ ਨਾ ਹੀ ਅਮਰੀਕਾ ਨੂੰ ਸੰਯੁਕਤ ਰਾਸ਼ਟਰ ਚਾਰਟਰ ਦੇ ਆਰਟੀਕਲ -2 ਦੀ ਕੋਈ ਪ੍ਰਵਾਹ ਹੈ ਜੋ ਕਿ ਕਿਸੇ ਸੁਤੰਤਰ ਮੁਲਕ ਉਪਰ ਹਮਲੇ ਦੀ ਇਜ਼ਾਜਤ ਨਹੀਂ ਦਿੰਦਾ, ਇਨ੍ਹਾਂ ਨੇ ਇੱਕ ਵਾਰ ਨਹੀਂ ਬਹੁਤ ਵਾਰ ਇਸ ਦੀ ਉਲੰਘਣਾ ਕੀਤੀ ਹੈ। ਸੰਯੁਕਤ ਰਾਸ਼ਟਰ ਨੂੰ ਮਜ਼ਾਕ ਸਮਝਿਆ ਹੋਇਆ ਹੈ। ਇਹ ਜ਼ਰੂਰ ਹੈ ਕਿ ਰਾਸ਼ਟਰਪਤੀ ਟਰੰਪ ਦਾ ਹਾਜ਼ਮਾ ਲੰਮੀ ਲੜਾਈ ਸਹਿਣ ਨਹੀਂ ਕਰ ਸਕਦਾ। ਉਹ ਇੱਕਦਮ ਨਾਟਕੀ ਐਕਸ਼ਨ ਕਰਕੇ ਖਬਰਾਂ ਦੀ ਸੁਰਖੀ ਬਣਨ ਦਾ ਸ਼ੁਕੀਨ ਹੈ, ਜਿਸ ਤਰ੍ਹਾਂ 3 ਜਨਵਰੀ 2026 ਨੂੰ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਅਤੇ ਉਸ ਦੀ ਪਤਨੀ ਦਾ ਅਪਹਰਣ ਕਰਕੇ ਕੀਤਾ ਸੀ ਜਾਂ 30 ਜਨਵਰੀ ਨੂੰ ਕਿਊਬਾ ਦਾ ਤੇਲ ਬੰਦ ਕਰਨ ਦਾ ਹੁਕਮ ਜਾਰੀ ਕਰਕੇ ਕੀਤਾ ਸੀ। ਇਸ ਵਾਰ ਵੀ ਟਰੰਪ ਨੂੰ ਉਮੀਦ ਸੀ ਕਿ ਈਰਾਨ ਦੇ ਨੇਤਾ ਅਲੀ ਖਾਮਨੇਈ ਅਤੇ ਸਰਕਾਰ ਦੀ ਉਪਰਲੀ ਸ਼ਾਖ ਦੇ ਅਧਿਕਾਰੀਆਂ ਦਾ ਕਤਲ ਕਰਕੇ ਈਰਾਨ ਵਿਚ ਅਮਰੀਕਾ ਦੇ ਹੱਕ ਦੀ ਸਰਕਾਰ ਬਣ ਜਾਵੇਗੀ, ਪਰ ਅਜੇ ਤੱਕ ਦੇਸ਼ ਦੀ ਰਾਜਨੀਤਕ ਵਿਵਸਥਾ ਵਿਚ ਅਜਿਹੀ ਕੋਈ ਤਬਦੀਲੀ ਨਹੀਂ ਆਈ। ਜੂਨ 2025 ਦੀ ਬੰਬਾਰੀ ਨੇ ਈਰਾਨ ਦੇ ਪ੍ਰਮਾਣੂ ਨਿਕਾਨਿਆਂ ਨੂੰ ਤਬਾਹ ਨਹੀਂ ਕੀਤਾ ਅਤੇ ਨਾ ਹੀ 28 ਫਰਵਰੀ ਦੇ ਹਵਾਈ ਹਮਲਿਆਂ ਨੇ ਰਾਜਨੀਤਕ ਸਥਿਰਤਾ ਨੂੰ ਨੁਕਸਾਨ ਪਹੁੰਚਾਇਆ ਹੈ।

**ਇੱਕ ਪਾਸੜ ਹਮਲਿਆਂ ਦਾ ਇਤਿਹਾਸ :**

ਇਜ਼ਰਾਈਲ ਅਮਰੀਕੀ ਹਮਲਿਆਂ ਦੀ ਕਾਰਵਾਈ ਜਨਵਰੀ 2020 ਵਿਚ ਸ਼ੁਰੂ ਹੁੰਦੀ ਹੈ, ਜਦ ਅਮਰੀਕਾ ਨੇ ਬਗਦਾਦ (ਇਰਾਕ) ਵਿਚ ਜਨਰਲ ਸੁਲੇਮਾਨੀ ਦਾ ਕਤਲ ਕਰ ਦਿੱਤਾ ਸੀ। ਸੁਲੇਮਾਨੀ ਈਰਾਨ ਦੇ ਰੈਵੋਲੂਸ਼ਨਰੀ ਗਾਰਡਜ਼ ਦਾ ਮੁਖੀ ਸੀ ਅਤੇ ਉਸ ਨੇ 'ਐਕਸਸ ਆਫ ਰਜਿਸਟੈਂਸ' ਦੀ ਨੀਤੀ ਬਣਾਈ ਸੀ ਕਿ ਜੇ ਇਜ਼ਰਾਈਲ ਜਾਂ ਅਮਰੀਕਾ ਈਰਾਨ ਉਪਰ ਹਮਲਾ ਕਰਦੇ ਹਨ ਤਾਂ ਈਰਾਨ ਦੇ ਸਹਾਇਕ ਗਰੁੱਪ ਹਿਜ਼ਬੁੱਲਾ (ਲਿਬਨਾਨ) ਅਤੇ ਹੂਤੀ (ਯਮਨ) ਇਜ਼ਰਾਈਲ ਅਤੇ ਅਮਰੀਕਾ ਦੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣਗੇ। ਇਸ ਨੂੰ ਈਰਾਨ ਦੀ ਪਹਿਲੀ ਸੁਰੱਖਿਆ ਪੰਕਤੀ ਕਿਹਾ ਜਾਂਦਾ ਹੈ। ਸੁਲੇਮਾਨੀ ਦਾ ਕਤਲ ਸੁਰੱਖਿਆ ਕਵੱਚ ਲਈ ਬਹੁਤ ਵੱਡਾ ਘਾਟਾ ਸੀ, ਪਰ ਬਾਅਦ ਵਿਚ ਵਾਪਰੀਆਂ ਤਿੰਨ ਘਟਨਾਵਾਂ ਨੇ ਉਸ ਦੁਆਰਾ ਬਣਾਏ ਐਕਸਸ ਨੂੰ ਇੱਕ ਤਰ੍ਹਾਂ ਖਿਲਾਰ ਦਿੱਤਾ। ਗਾਜ਼ਾ ਉਪਰ ਇਜ਼ਰਾਈਲੀ ਹਮਲਿਆਂ ਨੇ ਫਲਸਤੀਨੀ ਜਥੇਬੰਦੀ ਅਤੇ ਈਰਾਨ ਦੀ ਸਹਾਇਕ ਜਥੇਬੰਦੀ ਹਮਾਸ ਨੂੰ ਕਮਜ਼ੋਰ ਕਰ ਦਿੱਤਾ। ਲਿਬਨਾਨ ਵਿਚਲੀ ਜੰਗ ਨੇ ਸਤੰਬਰ 2025 ਵਿਚ ਹਿਜ਼ਬੁੱਲਾ ਨੂੰ ਬਿਖੇਰ ਦਿੱਤਾ। ਖਾਸ ਕਰ ਸਈਅਦ ਨੁਸਰੁਲਾ ਦੇ ਕਤਲ ਕਾਰਨ ਬਹੁਤ ਨੁਕਸਾਨ ਹੋਇਆ। ਸੀਰੀਆ ਵਿਚ ਤਖਤ ਪਲਟ ਗਿਆ, ਅਲ-ਕਾਇਦਾ ਦੇ ਸਾਬਕਾ ਨੇਤਾ ਅਹਿਮਦ ਅਲ ਸ਼ਰਾ ਦੇ ਰਾਜਗੱਦੀ ਸੰਭਾਲ ਲਈ। ਦੇਸ਼ ਵਿਚਲੇ ਫਲਸਤੀਨੀ ਗਰੁੱਪਾਂ ਨੂੰ ਦੇਸ਼ ਤੋਂ ਬਾਹਰ ਕਰ ਦਿੱਤਾ ਗਿਆ। ਇਹ ਸਮਝਦਿਆਂ ਕਿ ਈਰਾਨ ਦੀ ਸੁਰੱਖਿਆ ਦੀ ਪਹਿਲੀ ਪੰਕਤੀ ਨੂੰ ਖਤਮ ਕਰ ਦਿੱਤਾ ਗਿਆ ਹੈ। ਇਜ਼ਰਾਈਲ ਨੇ ਅਮਰੀਕਾ ਦੀ ਮਦਦ ਨਾਲ ਜੂਨ 2025 ਵਿਚ ਈਰਾਨ ਉਪਰ ਹਮਲਾ ਬੋਲ ਦਿੱਤਾ। ਈਰਾਨ ਨੇ ਕੁਝ ਜਵਾਬੀ ਕਾਰਵਾਈ ਜ਼ਰੂਰ ਕੀਤੀ, ਪਰ ਜੇ ਹਿਜ਼ਬੁੱਲਾ ਤਾਕਤਵਰ ਹੁੰਦੀ ਤਾਂ ਗੱਲ ਕੁਝ ਹੋਰ ਹੋਣੀ ਸੀ। ਜੂਨ 2025 ਵਿਚ ਇਜ਼ਰਾਈਲ ਅਤੇ ਅਮਰੀਕਾ ਵੱਲੋਂ ਈਰਾਨ ਦੇ ਪ੍ਰਮਾਣੂ ਟਿਕਾਣਿਆਂ ਉਪਰ ਕੀਤੀ ਬੰਬਾਰੀ ਤੋਂ ਬਾਅਦ ਕਿਹਾ ਗਿਆ ਕਿ ਪ੍ਰਮਾਣੂ ਵਿਵਸਥਾ ਨੂੰ ਤਹਿਸ-ਨਹਿਸ ਕਰ ਦਿੱਤਾ ਗਿਆ ਹੈ, ਇਹ ਹੁਣ ਪ੍ਰਮਾਣੂ ਬੰਬ ਬਣਾਉਣ ਦੇ ਕਾਬਲ ਨਹੀਂ ਰਿਹਾ। ਜੇ ਇਹ ਹੀ ਮਾਮਲਾ ਸੀ ਤਾਂ ਅਮਰੀਕਾ ਨੇ ਸਮਝੌਤਾ ਕਰਕੇ ਈਰਾਨ ਉਪਰ ਲਾਗੂ ਪਾਬੰਦੀਆਂ ਨੂੰ ਕਿਉਂ ਨਹੀਂ ਹਟਾਇਆ ? ਇਹ ਵੀ ਸੱਚਾਈ ਹੈ ਕਿ ਕਿ 2024 ਵਿਚ ਮਸੂਦ ਪੇਜੇਸ਼ਕੀਅਨ ਸੁਧਾਰਾਂ ਦਾ ਪਰੋਗਰਾਮ ਲੈ ਕੇ ਰਾਸ਼ਟਰਪਤੀ ਬਣਿਆ ਸੀ ਅਤੇ ਉਸ ਦਾ ਵਿੱਤ ਮੰਤਰੀ ਮੈਦਾਨੀਯਾਦ ਵੀ ਨਵ-ਸੁਧਾਰਵਾਦੀ ਹੈ। ਉਨ੍ਹਾਂ ਕੌਮਾਂਤਰੀ ਸੰਸਥਾਵਾਂ-ਵਿਸ਼ਵ ਮੁਦਰਾ ਕੋਸ਼ ਅਤੇ ਕੌਮਾਂਤਰੀ ਪ੍ਰਮਾਣੂ ਏਜੰਸੀ ਪ੍ਰਤੀ ਸਹਿਜ ਰੁਖ ਅਪਣਾਇਆ ਸੀ, ਪਰ ਜੂਨ 2025 ਦੇ ਹਮਲੇ ਤੋਂ ਬਾਅਦ ਕੌਮਾਂਤਰੀ ਪ੍ਰਮਾਣੂ ਏਜੰਸੀ ਦੀ ਦੇਸ਼ ਵਿਚ ਦਾਖਲ ਹੋਣ ਤੋਂ ਮਨਾਈ ਕਰ ਦਿੱਤੀ। ਕੌਮਾਂਤਰੀ ਮੁਦਰਾਕੋਸ਼ ਦਾ ਕਹਿਣਾ ਹੈ ਕਿ ਈਰਾਨ ਦੀ ਮਾੜੀ ਆਰਥਿਕ ਸਥਿਤੀ ਦਾ ਕਾਰਨ ਅਮਰੀਕਾ ਅਤੇ ਪੱਛਮੀ ਦੇਸ਼ਾਂ ਵੱਲੋਂ ਲਗਾਈਆਂ ਹੋਈਆਂ ਆਰਥਿਕ ਤੇ ਰਾਜਨੀਤਕ ਪਾਬੰਦੀਆਂ ਹਨ ਅਤੇ ਦੇਸ਼ ਵਿਚ ਰਿਆਇਤਾਂ ਦੇਣ ਦੀ ਨੀਤੀ। ਅਮਰੀਕਾ ਨੇ ਈਰਾਨ ਦੀ ਮੁਦਰਾ ਰਿਆਲ ਨਾਲ ਛੇੜਛਾੜ ਕਰਕੇ ਦੇਸ਼ ਦੇ ਆਰਥਿਕ ਸੰਕਟ ਨੂੰ ਹੋਰ ਗੰਭੀਰ ਬਣਾ ਦਿੱਤਾ। ਦੇਸ਼ ਵਿਚਲੇ ਬਾਜ਼ਾਰੀ ( ਛੋਟੇ ਵਪਾਰੀ ) ਇਸਲਾਮਿਕ ਗਣਤੰਤਰ ਦੀ ਮੁੱਖ ਜਨਤਕ ਹਮਾਇਤੀ ਜਮਾਤ ਹੈ। ਦੇਸ਼ ਵਿਚ ਮਹਿੰਗਾਈ ਦੇ ਵਧਣ ਨਾਲ ਇਹ ਜਮਾਤ ਜ਼ਿਆਦਾ ਪ੍ਰਭਾਵਤ ਹੁੰਦੀ ਹੈ। ਇਸ ਜਮਾਤ ਦੇ ਕੁਝ ਅੰਸ਼ ਸਰਕਾਰ ਦੇ ਵਿਰੁੱਧ ਬੋਲਣ ਲੱਗੇ ਭਾਵੇਂ ਕਿ ਉਹ ਦੇਸ਼ ਦੀ ਮੂਲ ਵਿਵਸਥਾ ਦੇ ਵਿਰੋਧੀ ਨਹੀਂ ਸਨ। ਅਮਰੀਕਾ ਇਜ਼ਰਾਈਲ ਅਤੇ ਵਿਦੇਸ਼ੀ ਮੀਡੀਆ ਨੇ ਇਸ ਹਲਚਲ ਦਾ ਗਲਤ ਅਰਥ ਕੱਢਦਿਆਂ ਐਲਾਨ ਕਰ ਦਿੱਤਾ ਕਿ ਦੇਸ਼ ਦੇ ਲੋਕ ਇਸਲਾਮਿਕ ਗਣਤੰਤਰ ਦੇ ਵਿਰੁਧ ਉਠ ਖੜੇ ਹਨ। ਈਰਾਨ ਦੇ ਰਾਸ਼ਟਰਪਤੀ ਪੇਜੇਸ਼ਕੀਅਨ ਨੇ ਅਮਰੀਕਾ ਦੀਆਂ ਬਹੁਤ ਸਾਰੀਆਂ ਸ਼ਰਤਾਂ ਮੰਨ ਕੇ ਸਮਝੌਤਾ ਕਰਨ ਦੀ ਕੋਸ਼ਿਸ਼ ਕੀਤੀ, ਪਰ ਅਮਰੀਕਾ ਅਤੇ ਇਜ਼ਰਾਈਲ ਕੋਈ ਹੋਰ ਹੀ ਖੇਡ ਖੇਡ ਰਹੇ ਸਨ। ਉਹ ਇਸਲਾਮਿਕ ਗਣਤੰਤਰ ਦਾ ਤਖਤਾ ਪਲਟਣਾ ਚਾਹੁੰਦੇ ਸਨ। ਆਪਣੀ ਇਸ ਯੋਜਨਾ ਤਹਿਤ ਇਨ੍ਹਾਂ ਮੰਗ ਕੀਤੀ ਕਿ ਈਰਾਨ ਆਪਣਾ ਪ੍ਰਮਾਣੂ ਹਥਿਆਰ ਬਣਾਉਣ ਦਾ ਪ੍ਰੋਗਰਾਮ ਬਿਲਕੁਲ ਬੰਦ ਕਰ ਦੇਵੇ, ਪਰ ਈਰਾਨ ਦਸ਼ਕਾਂ ਤੋਂ ਕਹਿ ਰਿਹਾ ਹੈ ਕਿ ਪ੍ਰਮਾਣੂ ਹਥਿਆਰਾਂ ਵਿਚ ਉਸ ਦੀ ਕੋਈ ਦਿਲਚਸਪੀ ਨਹੀਂ। ਰਾਸ਼ਟਰਪਤੀ ਅਤੇ ਵਿਦੇਸ਼ ਮੰਤਰੀ ਅਬਾਸ ਅਗਰਾਚੀ ਨੇ ਵਾਰ-ਵਾਰ ਕਿਹਾ ਹੈ ਕਿ ਈਰਾਨ ਕਦੇ ਪ੍ਰਮਾਣੂ ਬੰਬ ਨਹੀਂ ਬਣਾਏਗਾ, ਪਰ ਇਸਲਾਮਿਕ ਗਣਤੰਤਰ ਦੀ ਹੋਂਦ ਨੂੰ ਦਾਅ 'ਤੇ ਨਹੀਂ ਲਗਾ ਸਕਦੇ। 28 ਫਰਵਰੀ ਦੇ ਹਮਲੇ ਤੋਂ ਕੁਝ ਘੰਟੇ ਪਹਿਲਾਂ ਹੀ ਜਨੇਵਾ ਵਿਚ ਚਲਦੀ ਗੱਲਬਾਤ ਵਿਚ ਦੋਵੇਂ ਦੇਸ਼ ਸਮਝੌਤੇ ਦੇ ਬਹੁਤ ਨਜ਼ਦੀਕ ਪਹੁੰਚ ਗਏ ਸਨ। ਵਿਚੋਲੇ ਦੇਸ਼ ਓਮਾਨ ਦੇ ਵਿਦੇਸ਼ ਮੰਤਰੀ ਸਈਅਦ ਬਦਰ ਬਿਨ ਹਾਮਦ ਅਲ-ਬੁਸੇਦੀ ਨੇ ਕਿਹਾ 'ਅਮਨ ਸੰਧੀ ਸਾਡੀ ਪਹੁੰਚ ਵਿਚ ਆ ਗਈ ਹੈ ਅਤੇ ਈਰਾਨ ਯੂਰੇਨੀਅਮ ਦਾ ਭੰਡਾਰ ਨਾ ਕਰਨ 'ਤੇ ਰਾਜ਼ੀ ਹੋ ਗਿਆ ਹੈ।' ਦੂਸਰੇ ਸ਼ਬਦਾਂ ਵਿਚ ਇਹ ਕਿਹਾ ਜਾ ਸਕਦਾ ਹੈ ਕਿ ਈਰਾਨ ਪ੍ਰਮਾਣੂ ਪ੍ਰੋਗਰਾਮ ਬਾਰੇ ਅਮਰੀਕਾ ਦੀਆਂ ਜ਼ਿਆਦਾ ਸ਼ਰਤਾਂ ਸਵੀਕਾਰ ਕਰਨ 'ਤੇ ਸਹਿਮਤ ਹੋ ਗਿਆ ਸੀ। ਫਿਰ ਵੀ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਕੀਤਾ ਗਿਆ ਹਮਲਾ ਦਰਸਾਉਂਦਾ ਹੈ ਕਿ ਵਾਸ਼ਿੰਗਟਨ ਅਤੇ ਤੇਲ ਅਵੀਵ ਦੀ ਮਨਸ਼ਾ ਅਸਲ ਵਿਚ ਸੱਤਾ ਪ੍ਰਵਰਤਨ ਕਰਨ ਦੀ ਸੀ। ਜੇ ਅਮਰੀਕਾ ਤੇ ਇਜ਼ਰਾਈਲ ਵੱਲੋਂ ਸ਼ੁਰੂ ਕੀਤੀ ਇਹ ਜੰਗ ਸੱਤਾ ਪ੍ਰਵਰਤਨ ਦੀ ਹੈ ਤਾਂ ਇਹ ਬਹੁਤ ਜ਼ਿਆਦਾ ਮਾਨਵੀ ਕਤਲੇਆਮ ਤੋਂ ਬਿਨਾਂ ਨਹੀਂ ਜਿੱਤੀ ਜਾ ਸਕਦੀ। ਈਰਾਨ ਅੰਦਰ ਦਸ ਕਰੋੜ ਲੋਕ ਵਸਦੇ ਹਨ ਅਤੇ ਇਨ੍ਹਾਂ ਵਿਚੋਂ ਵੱਡੀ ਬਹੁਗਿਣਤੀ ਲੋਕ ਆਖਰੀ ਸਾਹ ਤੱਕ ਆਪਣੇ ਗਣਤੰਤਰ ਦੀ ਰਾਖੀ ਕਰਦੇ ਰਹਿਣਗੇ। ਨਿਕੋਲਸ ਮਾਦੁਰੋ ਦੇ ਅਮਰੀਕਾ ਵੱਲੋਂ ਕੀਤੇ ਅਪਹਰਣ ਤੋਂ ਕੁਝ ਦਿਨ ਬਾਅਦ ਖਾਮਨੇਈ ਆਪਣੇ ਪੁਰਖੇ ਅਤੇ ਦਰਵੇਸ਼ ਆਇਤਉਲਾ ਰੋਹੇਲਾ ਖੋਮੈਨੀ ਦੀ ਦਰਗਾਹ 'ਤੇ ਗਿਆ ਸੀ। ਉਸ ਦੀ ਉਮਰ ਵੀ 89 ਸਾਲ ਹੋ ਗਈ ਸੀ, ਜਿਸ ਉਮਰੇ ਉਸ ਦਾ ਦਰਵੇਸ਼ ਮਰਿਆ ਸੀ। ਇਸ ਤਰ੍ਹਾਂ ਮਹਿਸੂਸ ਹੁੰਦਾ ਹੈ ਕਿ ਉਹ ਆਪਣੇ ਪੁਰਾਣੇ ਦੋਸਤ ਅਤੇ ਗੁਰੂ ਤੋਂ ਹੌਸਲਾ ਅਤੇ ਤਾਕਤ ਲੈਣ ਗਿਆ ਸੀ। ਖਾਮਨੇਈ ਦੀ ਸ਼ਹਾਦਤ ਉਸ ਦੇ ਚੇਲਿਆਂ ਦਾ ਹੌਸਲਾ ਨਹੀਂ ਤੋੜੇਗੀ, ਸਗੋਂ ਉਹ ਕੁਰਬਾਨੀ ਜਜ਼ਬੇ ਨਾਲ ਸ਼ਹਾਦਤ ਦਾ ਜਾਮ ਪੀਣ ਦੀ ਆਸ ਨਾਲ ਭਰਪੂਰ ਹੋ ਕੇ ਸੰਘਰਸ਼ ਕਰਨਗੇ। ਅਮਰੀਕਾ ਅਤੇ ਇਜ਼ਰਾਈਲ ਕੋਲ ਇਹ ਜੰਗ ਜਿੱਤਣ ਲਈ ਕੋਈ ਯਥਾਰਥਕ ਰਣਨੀਤੀ ਨਹੀਂ। ਉਹ ਬਹੁਤ ਸਾਰੇ ਮਨੁੱਖਾਂ ਦਾ ਕਤਲੇਆਮ ਕਰ ਸਕਦੇ ਹਨ, ਪਰ ਅਜਿਹੇ ਜਾਂਬਾਜ਼ ਇਨਸਾਨਾਂ ਨੂੰ ਹਰਾਉਣਾ ਲਗਭਗ ਅਸੰਭਵ ਹੁੰਦਾ ਹੈ।

**(ਵਿਜੇ ਪ੍ਰਸਾਦ ਅਤੇ ਕਾਉਂਟਰਪੰਚ ਤੋਂ ਧੰਨਵਾਦ ਸਹਿਤ)**

**# ਸੰਪਰਕ : 94632-32402**

# ਪੰਜਾਬੀ ਭਾਸ਼ਾ ਲਿਖਣ 'ਚ ਹੋ ਰਹੀਆਂ ਗਲਤੀਆਂ 'ਚ ਸੁਧਾਰ ਦੀ ਲੋੜ

ਮਾਂ ਬੋਲੀ ਭਾਵ ਬੱਚੇ ਦੇ ਜਨਮ ਵੇਲੇ ਜਿਹੜੀ ਬੋਲੀ ਉਸ ਦੀ ਮਾਂ ਬੋਲਦੀ ਹੁੰਦੀ ਹੈ, ਉਸ ਨੂੰ ਮਾਂ ਬੋਲੀ ਕਹਿੰਦੇ ਹਾਂ। ਪੰਜਾਬ ਵਿੱਚ ਜਨਮ ਲੈਣ ਵਾਲਿਆਂ ਵਿੱਚੋਂ ਵੱਡੀ ਗਿਣਤੀ ਮਾਂ ਬੋਲੀ ਪੰਜਾਬੀ ਬੋਲਣ ਵਾਲਿਆਂ ਦੀ ਹੈ।

ਭਾਵੇਂ ਕਿ ਪੰਜਾਬੀ ਬੋਲਣ ਵਾਲੇ ਲੋਕਾਂ ਵਿੱਚ ਬੋਲੀ ਇਲਾਕਿਆਂ ਦੇ ਹਿਸਾਬ ਨਾਲ ਥੋੜ੍ਹੀ ਬਦਲਦੀ ਹੈ, ਪਰ ਲਿਖਣ ਵਿੱਚ ਇੱਕੋ ਜਿਹੀ ਲਿਖੀ ਜਾਂਦੀ ਹੈ, ਭਾਵ ਇਲਾਕੇ ਦੇ ਹਿਸਾਬ ਨਾਲ ਬੋਲੀ ਦਾ ਸ਼ਬਦ ਵੱਖਰਾ ਹੋ ਸਕਦਾ ਹੈ, ਪਰ ਲਿਖਣ ਦਾ ਤਰੀਕਾ ਇੱਕੋ ਜਿਹਾ ਹੀ ਰਹਿੰਦਾ ਹੈ।

ਜਦੋਂ ਲੋਕ ਘੱਟ-ਪੜ੍ਹੇ ਲਿਖੇ ਹੁੰਦੇ ਸਨ ਉਸ ਸਮੇਂ ਸ਼ੁੱਧ ਪੰਜਾਬੀ ਲਿਖਣ ਵਾਲਿਆਂ ਦੀ ਗਿਣਤੀ ਜ਼ਿਆਦਾ ਸੀ। ਜਿਵੇਂ ਜਿਵੇਂ ਲੋਕ ਜ਼ਿਆਦਾ ਪੜ੍ਹਨ ਲੱਗੇ ਉਵੇਂ ਹੀ ਪੰਜਾਬੀ ਭਾਸ਼ਾ ਲਿਖਣ ਵਿੱਚ ਵੱਧ ਗਲਤੀਆਂ ਸਾਹਮਣੇ ਆਉਣ ਲੱਗੀਆਂ। ਇਸ ਦੇ ਕਈ ਕਾਰਨ ਹੋ ਸਕਦੇ ਹਨ ਜੋ ਪੰਜਾਬ ਵਿੱਚ ਵਸਦੇ ਲੋਕ ਮੇਰੇ ਨਾਲੋਂ ਵੱਧ ਜਾਣਦੇ ਹੋਣਗੇ। ਮੈਨੂੰ ਨਿਊਜ਼ੀਲੈਂਡ ਰਹਿੰਦਿਆਂ 36 ਸਾਲ ਹੋ ਗਏ ਹਨ ਅਤੇ ਸਾਰੀ ਜ਼ਿੰਦਗੀ ਮੈਨੂੰ ਲਿਖਤੀ ਕੰਮ ਅੰਗਰੇਜ਼ੀ ਵਿੱਚ ਹੀ ਕਰਨਾ ਪਿਆ, ਕਿਉਂਕਿ ਗੋਰਿਆਂ ਨੂੰ ਪੰਜਾਬੀ ਸਮਝ ਨਹੀਂ ਆਉਂਦੀ।

ਐਨਾ ਲੰਮਾ ਸਮਾਂ ਅੰਗਰੇਜ਼ੀ ਲਿਖਦਿਆਂ ਵੀ ਮੇਰਾ ਪੰਜਾਬੀ ਭਾਸ਼ਾ ਨਾਲੋਂ ਮੋਹ ਭੰਗ ਨਹੀਂ ਹੋਇਆ। ਮੈਨੂੰ ਪੰਜਾਬੀ ਭਾਸ਼ਾ ਵਿੱਚ ਹੁੰਦੀਆਂ ਗਲਤੀਆਂ ਬਹੁਤ ਚੁੱਭਦੀਆਂ ਰਹਿੰਦੀਆਂ ਹਨ। ਗਲਤੀਆਂ ਤਾਂ ਮੇਰੇ ਲਿਖਣ ਵਿੱਚ ਵੀ ਹੁੰਦੀਆਂ ਹੋਣਗੀਆਂ, ਜਿਨ੍ਹਾਂ ਦਾ ਕਾਰਨ ਮੇਰਾ ਸਿਰਫ ਦਸ ਜਮਾਤਾਂ ਪੜ੍ਹੇ ਹੋਣਾ ਹੈ ਅਤੇ 35 ਸਾਲਾਂ ਤੋਂ ਅੰਗਰੇਜ਼ੀ ਭਾਸ਼ਾ ਵਿੱਚ ਲਿਖਣਾ ਹੈ।


ਅਵਤਾਰ ਤਰਕਸ਼ੀਲ

ਭਾਵੇਂ ਕਿ ਲਿਖਣ ਦਾ ਕੰਮ ਮੈਂ ਨਿਊਜ਼ੀਲੈਂਡ ਵਿੱਚ ਰਹਿੰਦਿਆਂ ਅੰਗਰੇਜ਼ੀ ਵਿੱਚ ਕਰਦਾ ਹਾਂ, ਪਰ ਮੇਰੇ ਨਾਲ ਪੰਜਾਬੀ ਬੋਲਣ ਵਾਲੇ ਹਜ਼ਾਰਾਂ ਕਾਮਿਆਂ ਨੂੰ ਕੰਮ ਦੀ ਸਿਖਲਾਈ ਸਿਰਫ ਪੰਜਾਬੀ ਭਾਸ਼ਾ ਵਿੱਚ ਹੀ ਦਿੱਤੀ ਹੈ, ਜਿਸ 'ਤੇ ਕਦੇ ਵੀ ਕਿਸੇ ਗੋਰੇ ਨੇ ਇਤਰਾਜ਼ਗੀ ਨਹੀਂ ਕੀਤੀ।

ਪੰਜਾਬੀ ਵਿੱਚ ਸਿਖਲਾਈ ਦੇਣ ਕਾਰਨ ਮੇਰੇ ਨਾਲ ਕੰਮ ਕਰਨ ਵਾਲੇ ਕਾਮਿਆਂ ਦਾ ਕੰਮ ਦੂਜੀਆਂ ਕੰਪਨੀਆਂ ਦੇ ਮੁਕਾਬਲੇ ਵਧੀਆ ਹੁੰਦਾ ਸੀ, ਜਿਸ ਕਾਰਨ ਦੂਜੇ ਲੋਕ ਕੀਤੇ ਹੋਏ ਕੰਮ ਨੂੰ ਦੇਖਣ ਆਉਂਦੇ ਹੁੰਦੇ ਸਨ ਅਤੇ ਕੰਮ ਵਧੀਆ ਹੋਣ ਦਾ ਕਾਰਣ ਮੈਨੂੰ ਅਕਸਰ ਪੁੱਛਦੇ ਹੁੰਦੇ ਸਨ। ਮੇਰਾ ਜਵਾਬ ਇਹੀ ਹੁੰਦਾ ਸੀ ਕਿ ਕਾਮਿਆਂ ਨੂੰ ਉਨ੍ਹਾਂ ਦੀ ਮਾਂ ਬੋਲੀ ਪੰਜਾਬੀ ਵਿੱਚ ਸਿਖਲਾਈ ਦੇਣਾ ਹੀ ਵੱਡਾ ਕਾਰਨ ਹੈ, ਕਿਉਂਕਿ ਮਾਂ ਬੋਲੀ ਵਿੱਚ ਹੀ ਵਿਅਕਤੀ 100 ਫੀਸਦੀ ਦੇ ਲਾਗੇ ਗੱਲ ਸਮਝਦਾ ਹੈ।

ਪੜ੍ਹਨ ਤੋਂ ਬਾਅਦ ਜਦੋਂ ਮੈਂ ਛਪਾਈ (ਪ੍ਰਿੰਟਿੰਗ) ਦਾ ਕੰਮ ਸ਼ੁਰੂ ਕੀਤਾ ਤਾਂ ਸਾਡੇ ਕੋਲ ਅਧਿਆਪਕਾਂ ਦੇ ਲਿਖੇ ਹੋਏ ਪ੍ਰਸ਼ਨ ਪੱਤਰ ਛਾਪਣ ਲਈ ਆ ਜਾਂਦੇ ਸਨ। ਮੈਨੂੰ ਬੜੀ ਹੈਰਾਨੀ ਹੁੰਦੀ ਸੀ ਕਿ ਉਨ੍ਹਾਂ ਪ੍ਰਸ਼ਨ ਪੱਤਰਾਂ ਵਿੱਚ 95 ਫੀਸਦੀ ਅਧਿਆਪਕਾਂ ਦੁਆਰਾ ਬਹੁਤ ਗਲਤੀਆਂ ਕੀਤੀਆਂ ਹੁੰਦੀਆਂ ਸਨ, ਜਿਨ੍ਹਾਂ ਨੂੰ ਅਸੀਂ ਠੀਕ ਕਰਕੇ ਛਾਪਦੇ ਹੁੰਦੇ ਸੀ।

ਹੁਣੇ-ਹੁਣੇ ਸਾਢੇ ਤਿੰਨ ਮਹੀਨੇ ਪੰਜਾਬ ਵਿੱਚ ਰਹਿ ਕੇ ਆਇਆ ਹਾਂ ਅਤੇ ਇਸ ਤੋਂ ਇੱਕ ਸਾਲ ਪਹਿਲਾਂ ਵੀ ਸਾਢੇ ਤਿੰਨ ਮਹੀਨੇ ਪੰਜਾਬ ਵਿੱਚ ਹੀ ਰਿਹਾ ਸੀ। ਲੰਮਾ ਸਮਾਂ ਪੰਜਾਬ ਵਿੱਚ ਰਹਿਣ ਦਾ ਮਕਸਦ ਆਪਣੀਆਂ ਪੰਜਾਬੀ ਵਿੱਚ ਲਿਖੀਆਂ ਕਿਤਾਬਾਂ ਨੂੰ ਨੌਜਵਾਨ ਪੀੜ੍ਹੀ ਤੱਕ ਲੈ ਕੇ ਜਾਣਾ ਸੀ। ਇਸ ਵਿੱਚ ਪੰਜਾਬ ਵਸਦੇ ਤਰਕਸ਼ੀਲ ਸਾਥੀਆਂ ਨੇ ਬਹੁਤ ਸਹਿਯੋਗ ਦਿੱਤਾ।

ਆਪਣੀ ਪੰਜਾਬ ਫੇਰੀ ਦੌਰਾਨ ਦੇਖਿਆ ਕਿ ਟੈਲੀਵਿਜ਼ਨ ਚੈਨਲਾਂ, ਦੁਕਾਨਾਂ ਦੇ ਫੱਟਿਆਂ (ਬੋਰਡਾਂ), ਬੈਂਕਾਂ ਵਿੱਚ ਲਿਖੀਆਂ ਸੂਚਨਾਵਾਂ, ਅਖ਼ਬਾਰਾਂ ਅਤੇ ਬੱਚਿਆਂ ਵਾਸਤੇ ਛਪੀਆਂ ਛੋਟੀਆਂ ਕਹਾਣੀਆਂ ਵਾਲੀਆਂ ਕਿਤਾਬਾਂ ਵਿੱਚ ਬਹੁਤ ਜਿਆਦਾ ਗਲਤੀਆਂ ਸਨ। ਇਨ੍ਹਾਂ ਕਹਾਣੀਆਂ ਵਾਲੀਆਂ ਕਿਤਾਬਾਂ ਨੂੰ ਛੋਟੇ ਬੱਚਿਆਂ ਨੇ ਪੜ੍ਹਨਾ ਹੁੰਦਾ ਹੈ ਅਤੇ ਉਨ੍ਹਾਂ ਪੰਜਾਬੀ ਨੂੰ ਉਸੇ ਤਰ੍ਹਾਂ ਲਿਖਣਾ ਅਤੇ ਸਿੱਖਣਾ ਹੁੰਦਾ ਹੈ। ਭਾਵ ਉਨ੍ਹਾਂ ਕਿਤਾਬਾਂ ਨੂੰ ਪੜ੍ਹ ਕੇ ਬੱਚੇ ਗਲਤ ਪੰਜਾਬੀ ਲਿਖਣਾ ਸਿੱਖਣਗੇ।

ਜਦੋਂ ਇੱਕ ਪੰਜਾਬੀ ਅਖ਼ਬਾਰ ਦੇ ਇੱਕ ਪੰਨੇ 'ਤੇ ਮੈਨੂੰ 18 ਕੁ ਗਲਤੀਆਂ ਮਿਲੀਆਂ ਤਾਂ ਮੈਂ ਉਨ੍ਹਾਂ ਨੂੰ ਇਸ ਸੰਬੰਧੀ ਚਿੱਠੀ ਲਿਖੀ। ਉਨ੍ਹਾਂ ਨੇ ਚਿੱਠੀ ਵਾਸਤੇ ਧੰਨਵਾਦ ਤਾਂ ਕੀਤਾ, ਪਰ ਗਲਤੀਆਂ ਹੋਣ ਦਾ ਕੋਈ ਠੋਸ ਕਾਰਨ ਨਹੀਂ ਦੱਸਿਆ। ਪੰਜਾਬ ਵਿੱਚ ਪੰਜਾਬੀ ਭਾਸ਼ਾ ਵਿੱਚ ਦਫ਼ਤਰੀ ਕੰਮ ਕਰਾਉਣ ਲਈ ਹੋਰ ਸਾਥੀ ਪੂਰਾ ਜ਼ੋਰ ਲਾ ਰਹੇ ਹਨ, ਜੋ ਕਿ ਬਹੁਤ ਵਧੀਆ ਗੱਲ ਹੈ। ਕਿਸੇ ਵੀ ਭਾਸ਼ਾ ਦੀ ਤਰੱਕੀ ਲਈ ਉਸ ਨੂੰ ਰੋਜ਼ਗਾਰ ਦੀ ਭਾਸ਼ਾ ਬਣਾਉਣਾ ਚਾਹੀਦਾ ਹੈ। ਰੋਜ਼ਗਾਰ ਦੀ ਭਾਸ਼ਾ ਬਣਾਉਣ ਦੇ ਨਾਲ-ਨਾਲ ਸ਼ੁੱਧ ਪੰਜਾਬੀ ਭਾਸ਼ਾ ਬੱਚਿਆਂ ਨੂੰ ਸਿਖਾਉਣ 'ਤੇ ਵੀ ਹੋਰ ਜ਼ੋਰ ਲਗਾਉਣ ਦੀ ਲੋੜ ਹੈ।

ਇਹ ਕੰਮ ਕਿਸੇ ਇੱਕ ਵਿਅਕਤੀ ਦਾ ਨਹੀਂ। ਇਹ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਅਤੇ ਹਰ ਇੱਕ ਨੂੰ ਇਸ ਵਿੱਚ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ।

**ਜੱਦੀ ਪਿੰਡ ਖੁਰਦਪੁਰ (ਜਲੰਧਰ)**

**ਸੰਪਰਕ : 006421392147**

**ਸਤਿਕਾਰ ਸਮਾਗਮ 'ਤੇ ਵਿਸ਼ੇਸ਼**

# ਜ਼ਿੰਦਗੀ, ਜ਼ਿੰਦਾਬਾਦ ਦਾ ਮਸ਼ਾਲਚੀ ਸੀ ਤਰਕਸ਼ੀਲ ਅਵਤਾਰ ਬਾਈ

**ਅਮੋਲਕ ਸਿੰਘ**

ਸਾਡੇ ਸਮਾਜ ਅੰਦਰ ਕਈ ਗੁਣੀ ਗਿਆਨੀ ਕਹਾਉਂਦੇ ਪ੍ਰਚਾਰਕਾਂ ਵੱਲੋਂ ਵੀ ਆਮ ਲੋਕਾਂ ਨੂੰ ਗੱਜ-ਵੱਜ ਕੇ ਕਿਹਾ ਜਾਂਦਾ ਹੈ ਕਿ,

ਤੇਰੀ ਦੇਹ ਨੇ
ਕਿਸੇ ਨ੍ਹੀਂ ਕੰਮ ਆਉਣਾ
ਪਸ਼ੂਆਂ ਦੇ ਹੱਡ ਵਿਕਦੇ

ਜਦੋਂ ਕਿ ਵਿਗਿਆਨ ਨੇ ਅਜਿਹੇ ਗੈਰ-ਵਿਗਿਆਨਕ, ਥੋਥੇ ਬੋਲਾਂ ਨੂੰ ਮੂਲੋਂ ਰੱਦ ਕਰ ਵਿਖਾਇਆ ਹੈ। ਕਿਸੇ ਵੀ ਮਨੁੱਖ ਦੀ ਮੌਤ ਉਪਰੰਤ ਉਸ ਦੀ ਮ੍ਰਿਤਕ ਦੇਹ ਜੇਕਰ ਮੈਡੀਕਲ ਖੋਜਾਂ ਲਈ ਮੈਡੀਕਲ ਕਾਲਜਾਂ ਜਾਂ ਹੋਰ ਖੋਜ ਸੰਸਥਾਵਾਂ ਨੂੰ ਦਿੱਤੀ ਜਾਵੇ ਤਾਂ ਉਸ ਉੱਪਰ ਬਹੁਤ ਹੀ ਗਹਿਰੀ ਖੋਜ ਕੀਤੀ ਜਾ ਸਕਦੀ ਹੈ। ਉਹ ਖੋਜ ਅਨੇਕਾਂ ਲੋਕਾਂ ਦੀਆਂ ਕਰੋਨਿਕ ਬਿਮਾਰੀਆਂ ਦਾ ਇਲਾਜ ਕਰਨ ਅਤੇ ਉਹਨਾਂ ਨੂੰ ਨਵਾਂ ਜੀਵਨ ਦੇਣ ਵਿੱਚ ਮਦਦਗਾਰ ਹੋ ਸਕਦੀ ਹੈ। ਅੰਧ-ਵਿਸ਼ਵਾਸੀ ਭਰੇ ਅਤੇ ਨਿਰ ਅਧਾਰ ਪ੍ਰਚਾਰ ਕਰਤਾ, ਸਮਾਜ ਵਿਚਲੀ ਅਗਿਆਨਤਾ ਨੂੰ ਹੋਰ ਵੀ ਗੂੜ੍ਹਾ ਅਤੇ ਗਹਿਰਾ ਕਰਨ ਲਈ ਲੋਕਾਂ ਦੀ ਚੇਤਨਾ ਨੂੰ ਗ੍ਰਹਿਣ ਲਾਉਣ ਦਾ ਕੰਮ ਕਰਦੇ ਹਨ। ਵਹਿਮਾਂ-ਭਰਮਾਂ ਨਾਲ ਲੱਦੀਆਂ, ਵੇਲਾ ਵਿਹਾ ਚੁੱਕੀਆਂ ਬੋਦੀਆਂ ਰਸਮਾਂ, ਰੀਤੀ-ਰਿਵਾਜਾਂ ਦਾ ਸਹਾਰਾ ਲੈ ਕੇ ਲੋਕਾਂ ਨੂੰ ਇਹ ਜਚਾਉਣ ਤੇ ਜ਼ੋਰ ਲਾਉਂਦੇ ਹਨ ਕਿ ਤੂੰ ਨਾ ਜਿਉਂਦੇ ਜੀਅ, ਨਾ ਮਰ ਕੇ ਕਿਸੇ ਹਾਲਤ ਵੀ ਕਿਸੇ ਕੰਮ ਦਾ ਬੰਦਾ ਨਹੀਂ।

ਇਸ ਦੇ ਐਨ ਉਲਟ ਅਜਿਹੇ ਲੋਕ ਅਤੇ ਲੋਕ ਕਾਫ਼ਲੇ ਵੀ ਹੁੰਦੇ ਨੇ ਜਿਹੜੇ ਕੂੜ ਪ੍ਰਚਾਰ ਦੀਆਂ ਬੇ-ਬੁਨਿਆਦ ਤੇਜ਼ ਹਨੇਰੀਆਂ ਦੇ ਉਲਟੇ ਰੁਖ਼ ਪਰਵਾਜ਼ ਭਰਦੇ ਨੇ। ਇਹਨਾਂ ਦੀ ਪਾਲ਼ ਵਿੱਚ ਮਾਣ-ਮੱਤਾ ਸਿਰਨਾਵਾਂ ਹੈ ਤਰਕਸ਼ੀਲ ਆਗੂ ਅਵਤਾਰ ਬਾਈ।

ਬਾਈ ਅਵਤਾਰ 14 ਮਾਰਚ 2026 ਨੂੰ ਪਿੰਡ ਕੋਠੇ ਜੀਵਾ (ਨੇੜੇ ਸ਼ੇਰਪੁਰ ਚੌਂਕ) ਜਗਰਾਉਂ ਵਿਖੇ ਸਦੀਵੀ ਵਿਛੋੜਾ ਦੇ ਗਏ। ਉਹਨਾ ਦੀ ਮ੍ਰਿਤਕ ਦੇਹ ਉਨ੍ਹਾ ਦੀ ਇੱਛਾ ਮੁਤਾਬਿਕ ਮੈਡੀਕਲ ਖੋਜ ਲਈ ਮੈਡੀਕਲ ਕਾਲਜ ਨੂੰ ਪ੍ਰਦਾਨ ਕੀਤੀ ਗਈ।

ਜ਼ਿਕਰਯੋਗ ਹੈ ਕਿ 16 ਮਾਰਚ 2026 ਨੂੰ ਪਿੰਡ ਕੋਠੇ ਜੀਵਾ ਤੋਂ ਚੱਲਿਆ ਕਾਫ਼ਲਾ। ਇਹ ਕਾਫ਼ਲਾ ਮ੍ਰਿਤਕ ਦੇਹ 'ਤੇ ਫੁੱਲਾਂ ਦੀ ਵਰਖਾ ਕਰਦਾ, ਆਕਾਸ਼ ਗੁੰਜਾਊ ਨਾਅਰੇ ਲਾਉਂਦਾ ਹੋਇਆ ਈ ਐਸ ਆਈ ਹਸਪਤਾਲ ਲੁਧਿਆਣਾ ਪੁੱਜਾ ਅਤੇ ਮੈਡੀਕਲ ਖੋਜ ਕਾਰਜਾਂ ਲਈ ਦੇਹ ਪ੍ਰਦਾਨ ਕਰਕੇ ਆਇਆ। ਤਰਕਸ਼ੀਲ ਸੁਸਾਇਟੀ ਪੰਜਾਬ, ਤਰਕਸ਼ੀਲ (ਰੈਸ਼ਨੇਲਿਸਟ) ਸੁਸਾਇਟੀ ਨਾਰਥ ਅਮਰੀਕਾ ਅਤੇ ਭਰਾਤਰੀ ਜਨਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੇ ਕਾਫ਼ਲੇ ਨੇ ਅਵਤਾਰ ਬਾਈ ਦੇ ਉਹਨਾਂ ਬੋਲਾਂ ਨੂੰ ਅਮਲੀ ਜਾਮਾ ਪਹਿਨਾਇਆ ਹੈ, ਜੋ ਬੋਲ ਉਹਨਾ ਸਰੀ ਰਹਿੰਦੇ ਹੋਏ ਨਿਰਮਲ ਸਿੰਘ ਕਿੰਗਰਾ ਕੋਕਰੀ ਕਲਾਂ ਦੇ ਵਾਸੀ ਨੂੰ 2 ਜਨਵਰੀ 2024 ਨੂੰ ਲਿਖੇ ਸੁਨੇਹੇ ਵਿਚ ਕਹੇ ਸਨ। ਉਹਨਾ ਦਰਸਾ ਦਿੱਤਾ ਕਿ ਗੱਲੀਂਬਾਤੀਂ ਹੀ ਨਹੀਂ, ਸਗੋਂ ਅਮਲੀ ਤੌਰ 'ਤੇ ਖ਼ਰੀ ਉਤਰਦੀ ਤਰਕਸ਼ੀਲ, ਵਿਗਿਆਨਕ, ਲੋਕ-ਪੱਖੀ, ਇਨਕਲਾਬੀ, ਜਮਹੂਰੀ ਲਹਿਰ ਆਪਣੇ ਕੌਲ-ਕਰਾਰਾਂ 'ਤੇ ਖ਼ਰੀ ਉਤਰਦੀ ਹੈ। ਅਵਤਾਰ ਬਾਈ ਦੀ 2 ਜਨਵਰੀ 2024 ਨੂੰ ਨਿਰਮਲ ਸਿੰਘ ਕਿੰਗਰਾ ਦੇ ਨਾਂਅ ਲਿਖੀ ਇੱਕ ਤਰ੍ਹਾਂ ਦੀ ਵਸੀਅਤ ਵਿਚਲੇ ਜੇਕਰ ਕੁਝ ਅੰਸ਼ ਸਾਂਝੇ ਕਰੀਏ ਤਾਂ ਉਹ ਇਉਂ ਲਿਖਦੇ ਹਨ :

ਮੈਨੂੰ ਪਤਾ ਕਿ ਅੱਜ ਮੇਰੀ ਓਪਨ ਹਾਰਟ ਸਰਜਰੀ ਹੈ। ਅਜਿਹੇ ਸਮੇਂ ਕੁਝ ਵੀ ਵਾਪਰ ਸਕਦਾ ਹੈ। ਇਸ ਲਈ ਇਹਨਾਂ ਗੱਲਾਂ ਦਾ ਧਿਆਨ ਰੱਖਣਾ:

* ਮੇਰਾ ਸਰੀਰ ਖੋਜ ਕਾਰਜਾਂ ਲਈ ਖੋਜ ਸੰਸਥਾ ਨੂੰ ਦਿੱਤਾ ਜਾਵੇ।
* ਜੇ ਕਿਸੇ ਕਾਰਨ ਸਸਕਾਰ ਕਰਨਾ ਪੈ ਜਾਵੇ ਤਾਂ ਕਿਸੇ ਕਿਸਮ ਦੀ ਵੀ ਕੋਈ ਗੈਰ-ਵਿਗਿਆਨਕ ਰਸਮ ਨਾ ਕੀਤੀ ਜਾਵੇ।
* ਮੇਰੇ ਸੰਬੰਧੀ ਸਮਾਗਮ ਮੌਕੇ ਢੁਕਵੇਂ ਇੱਕ ਦੋ ਬੁਲਾਰੇ ਬੁਲਾਏ ਜਾਣ।

ਉਹਨਾ ਇਹ ਵੀ ਲਿਖਿਆ ਕਿ ਮੇਰੇ ਕੋਲੋਂ ਜਾਣੇ-ਅਣਜਾਣੇ ਕਿਸੇ ਨਾਲ ਕੋਈ ਵੀ ਵਧੀਕੀ ਹੋਈ ਹੋਵੇ, ਮੈਂ ਖ਼ਿਮਾ ਜਾਚਨਾ ਕਰਦਾ ਹਾਂ। ਆਪ ਸਭ ਨੂੰ ਆਖ਼ਰੀ ਸਲਾਮ ਭੇਟ ਕਰਦਾ ਹਾਂ। ਉਮੀਦ ਕਰਦਾ ਹਾਂ ਕਿ ਇਨਕਲਾਬੀ ਕਾਫ਼ਲਾ ਇੱਕ ਦਿਨ ਜ਼ਰੂਰ ਹੀ ਆਪਣੀ ਮੰਜ਼ਲ ਹਾਸਲ ਕਰੇਗਾ।

ਅਵਤਾਰ ਬਾਈ
2 ਜਨਵਰੀ 2024

ਦੁਨੀਆ ਦੇ ਜਾਣੇ-ਪਹਿਚਾਣੇ ਵਿਦਵਾਨ ਖ਼ਲੀਲ ਜ਼ਿਬਰਾਨ ਕਹਿੰਦੇ ਹਨ :

'ਵਿਛੜਨ ਦਾ ਸਮਾਂ, ਮਿਲਣ ਦਾ ਸਮਾਂ ਹੁੰਦਾ ਹੈ।'

ਸੋ ਇਹ ਸਮਾਂ ਬਾਈ ਅਵਤਾਰ ਦੀ ਸੋਚ ਅਤੇ ਉਹਨਾ ਦੇ ਅਮਲ ਨੂੰ ਮਿਲਣ ਦਾ ਸਮਾਂ ਹੈ। ਉਹਨਾ ਦੀਆਂ ਪੈੜਾਂ ਨੂੰ ਸੰਭਾਲਣ ਦਾ ਸਮਾਂ ਹੈ। ਉਹਨਾ ਦੇ ਜੀਵਨ ਸਫ਼ਰ ਦੇ ਹਰ ਮੋੜ ਤੋਂ ਸਿੱਖਣ ਦਾ ਸਮਾਂ ਹੈ। ਉਹਨਾ ਦੀ ਸੂਝ-ਬੂਝ ਅਤੇ ਅਮਲ ਦੀਆਂ ਚੇਤਨ ਰੌਸ਼ਨ ਕਿਰਨਾਂ ਨੂੰ ਜੋੜ ਕੇ ਕਿਰਨਾਂ ਦਾ ਕਾਫ਼ਲਾ ਬਣਾਉਣ ਦਾ ਸਮਾਂ ਹੈ।



ਉਹਨਾ ਦਾ ਸੰਗਰਾਮੀ ਸਫ਼ਰ ਬੋਲਦਾ ਹੈ ਕਿ 25 ਅਕਤੂਬਰ 1946 ਨੂੰ ਮਾਂ ਗੁਰਨਾਮ ਕੌਰ ਗਿੱਲ ਅਤੇ ਪਿਤਾ ਬਲਵੰਤ ਸਿੰਘ ਗਿੱਲ ਵਾਸੀ ਚੂੜ੍ਹਚੱਕ ਪਰਿਵਾਰ ਦੇ ਬਾਈ ਅਵਤਾਰ ਦਾ ਜਨਮ ਨਾਨਕੇ ਪਿੰਡ ਜਲਾਲਦੀਵਾਲ ਵਿਖੇ ਹੋਇਆ। ਉਹਨਾਂ ਨੇ ਮੁਢਲੀ ਵਿੱਦਿਆ ਆਪਣੇ ਜੱਦੀ ਪਿੰਡ ਚੂੜਕਚੱਕ ਤੋਂ ਹੀ ਪ੍ਰਾਪਤ ਕੀਤੀ। ਉਹ ਲੰਮਾ ਸਮਾਂ ਪੰਜਾਬ ਰਾਜ ਬਿਜਲੀ ਬੋਰਡ ਵਿੱਚ ਕੰਮ ਕਰਦੇ ਸਮੇਂ ਬਿਜਲੀ ਕਾਮਿਆਂ ਦੀ ਜਥੇਬੰਦੀ ਟੀ ਐੱਸ ਯੂ ਵਿੱਚ ਸਰਗਰਮ ਰਹੇ। 1994 'ਚ ਸੇਵਾ ਮੁਕਤੀ ਉਪਰੰਤ ਉਹ ਕੈਨੇਡਾ ਚਲੇ ਗਏ। ਕਨੇਡਾ ਜਾ ਕੇ ਉਹਨਾ ਨੇ ਓਥੇ ਕੰਮ ਕਰਦੀ ਤਰਕਸ਼ੀਲ ਸੁਸਾਇਟੀ ਅਤੇ ਓਥੋਂ ਦੀ ਜਮਹੂਰੀ ਲਹਿਰ ਨਾਲ ਨਾਤਾ ਜੋੜਿਆ। ਉਹਨਾ ਲੱਕ ਬੰਨ੍ਹ ਕੇ ਤਰਕਸ਼ੀਲ ਲਹਿਰ ਅਤੇ ਨਾਲ ਦੀ ਨਾਲ ਰੰਗ ਮੰਚ ਖੇਤਰ 'ਚ ਵੀ ਕੰਮ ਕੀਤਾ। ਉਹ ਲਗਾਤਾਰ ਰੰਗ-ਮੰਚ ਅਤੇ ਤਰਕਸ਼ੀਲ ਵਿਚਾਰਾਂ ਰਾਹੀਂ ਲੋਕਾਂ ਨੂੰ ਆਪਣੀ ਮੁਕਤੀ ਲਈ ਚੇਤਨ ਕਰਦੇ ਰਹੇ। ਬਲਵੰਤ ਮਲਸੀਆਂ ਨਾਲ ਸਰੀ ਵਿੱਚ ਹੀ ਸਰਗਰਮੀਆਂ ਮੌਕੇ ਗੱਲਬਾਤ ਕਰਦਿਆਂ ਉਹਨਾ ਪੰਜਾਬ ਅੰਦਰ ਟੀ ਐੱਸ ਯੂ, ਇਨਕਲਾਬੀ ਜਮਹੂਰੀ ਲਹਿਰ ਦੇ ਸਫ਼ਰ ਦੀਆਂ ਯਾਦਾਂ ਬਾਰੇ ਬਹੁਤ ਸਾਰੀਆਂ ਗੱਲਾਂ ਸਾਂਝੀਆਂ ਕੀਤੀਆਂ।

ਇਹਨੀਂ ਦਿਨੀਂ ਅਵਤਾਰ ਬਾਈ ਪਿੰਡ ਆਏ ਹੋਏ ਸਨ, ਉਹ ਜ਼ਿੰਦਗੀ ਜ਼ਿੰਦਾਬਾਦ ਕਹਿਣ ਲਈ ਜੱਗ ਜਿਉਂਦਿਆਂ ਦੇ ਮੇਲੇ ਸਮਾਗਮ ਰਚਾਉਣ 'ਚ ਰੁਝੇ ਹੋਏ ਸਨ। ਅਚਨਚੇਤ ਹੀ ਉਹਨਾ ਦੀ ਸਿਹਤ ਨਾਸਾਜ਼ ਹੋ ਗਈ। ਉਹ ਚਾਰ-ਪੰਜ ਦਿਨ ਲੁਧਿਆਣੇ ਫੋਰਟਿਸ ਹਸਪਤਾਲ ਦੇ ਆਈ ਸੀ ਯੂ ਵਿੱਚ ਦਾਖ਼ਲ ਰਹੇ। ਉਸ ਉਪਰੰਤ ਉਹ 14 ਮਾਰਚ ਨੂੰ ਸਦੀਵੀ ਵਿਛੋੜਾ ਦੇ ਗਏ।

ਅੱਜ 20 ਮਾਰਚ ਉਹਨਾ ਦੇ ਸਤਿਕਾਰ 'ਚ ਰੱਖੇ ਸਮਾਗਮ ਮੌਕੇ ਉਹਨਾ ਦੀ ਜੀਵਨ ਘਾਲਣਾ ਨੂੰ ਸਿਜਦਾ ਕਰਦੇ ਹੋਏ ਸਾਡੇ ਸਭਨਾਂ ਦੇ ਜ਼ਿੰਮੇ ਇਹ ਇਤਿਹਾਸਕ ਫਰਜ਼ ਆਉਂਦਾ ਹੈ ਕਿ ਅਸੀਂ ਅਵਤਾਰ ਬਾਈ ਦੇ ਜੀਵਨ ਨੂੰ ਕਿਸੇ ਭਾਵੁਕਤਾ ਵਸ ਲੈਣ ਦੀ ਬਜਾਏ ਉਹਨਾ ਦੇ ਅਮਲਾਂ ਨੂੰ ਆਪਣੀ ਝੋਲੀ ਪਾਈਏ। ਆਪਣੇ ਜੀਵਨ ਨੂੰ ਵੀ ਉਹਨਾ ਵਾਂਗ ਆਪਣੇ ਸਮਾਜ, ਆਪਣੇ ਲੋਕਾਂ ਲਈ ਸਮਰਪਤ ਕਰੀਏ। ਅੱਜ ਹਨੇਰਾ ਬਹੁਤ ਮੂੰਹ-ਜ਼ੋਰ ਹੈ। ਅਵਤਾਰ ਬਾਈ ਵਰਗੀਆਂ ਸ਼ਖਸੀਅਤਾਂ ਦੀ ਬਹੁਤ ਹੀ ਜ਼ਿਆਦਾ ਲੋੜ ਹੈ। ਲੋਕਾਂ ਦੇ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਉੱਪਰ ਧਾਵਾ ਬੋਲਿਆ ਜਾ ਰਿਹਾ ਹੈ। ਆਉਣ ਵਾਲੇ ਸਮੇਂ 'ਚ ਪਲ-ਪਲ ਅਵਤਾਰ ਬਾਈ ਦੇ ਬੋਲਾਂ ਦੀ ਯਾਦ ਆਏਗੀ:

ਰੁੱਖਾਂ ਦੇ ਪ੍ਰਛਾਵੇਂ ਵਾਂਗੂੰ
ਆਉਂਦੇ ਤੇ ਤੁਰ ਜਾਂਦੇ
ਨਾਲ਼ ਹਨੇਰੇ ਉਮਰਾਂ ਸਾਰੀ
ਲੜਦੈ ਕੋਈ-ਕੋਈ

ਚਾਨਣ ਦੇ ਇਸ ਵਣਜਾਰੇ ਨੂੰ ਆਓ ਸੂਹੀ ਸਲਾਮ ਭੇਟ ਕਰਦੇ ਹੋਏ ਅਹਿਦ ਕਰੀਏ ਕਿ ਅਸੀਂ ਅਵਤਾਰ ਬਾਈ ਦੇ ਅਧੂਰੇ ਕਾਜ ਨੂੰ ਨੇਪਰੇ ਚਾੜ੍ਹਨ ਲਈ ਹਰ ਸੰਭਵ ਯਤਨ ਕਰਾਂਗੇ। ਇਹ ਕਾਫ਼ਲਾ ਚੱਲਦਾ ਰਹੇਗਾ। ਅੱਗੇ ਵਧੇਗਾ। ਜੂਝੇਗਾ ਅਤੇ ਜਿੱਤੇਗਾ। ਜ਼ਿੰਦਗੀ : ਜ਼ਿੰਦਾਬਾਦ ਨਾਅਰਾ ਸੀ ਸਦਾ ਸਫ਼ਰ 'ਤੇ ਰਹੇ ਮਸ਼ਾਲਚੀ ਤਰਕਸ਼ੀਲ ਆਗੂ ਅਵਤਾਰ ਬਾਈ ਦਾ। ਆਓ, ਭਵਿੱਖ ਦੇ ਸਫ਼ੇ ਉਪਰ ਉੱਕਰ ਦੇਈਏ ਕਿ:

'ਕਾਫ਼ਲੇ ਵਿਚ ਤੂੰ ਭਾਵੇਂ ਨਹੀਂ ਰਿਹਾ,
ਪਰ ਯਾਦ ਤੇਰੀ ਦਿਲਾਂ 'ਚੋਂ ਜਾਣੀ ਨਹੀਂ।'

**ਸੰਪਰਕ: 98778 -68710**

# ਕੈਬਨਿਟ ਮੰਤਰੀ ਖੁੱਡੀਆਂ ਨੇ ਵੱਖ-ਵੱਖ ਪਿੰਡਾਂ 'ਚ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ



**ਲੰਬੀ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)**

ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਹਰ ਖੇਤਰ ਵਿੱਚ ਵਿਕਾਸ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਮਾਨਯੋਗ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਅੱਜ ਹਲਕਾ ਲੰਬੀ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ 3 ਕਰੋੜ 7 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਨੀਂਹ ਪੱਥਰ ਰੱਖੇ ਗਏ।ਇਸ ਦੌਰਾਨ ਪਿੰਡ ਫਤੂਹੀ ਖੇੜਾ ਵਿਖੇ ਫਤੂਹੀ ਖੇੜਾ ਮਾਈਨਰ ਦੀ ਕੰਕਰੀਟ ਲਾਈਨਿੰਗ ਤੇ ਹੈੱਡ ਰੈਗੂਲੇਟਰ ਦੇ ਪ੍ਰੋਜੈਕਟ ਲਈ ਲਗਭਗ 1 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਕੰਮ ਦੀ ਸ਼ੁਰੂਆਤ ਕੀਤੀ ਗਈ।ਇਸ ਤੋਂ ਇਲਾਵਾ ਪਿੰਡ ਵੜਿੰਗ ਖੇੜਾ ਵਿਖੇ ਲਾਇਬ੍ਰੇਰੀ ਦੀ ਉਸਾਰੀ, ਸੀਨੀਅਰ ਸਕੈਂਡਰੀ ਸਕੂਲ ਵਿੱਚ ਸਾਇੰਸ ਲੈਬ ਤੇ ਕਲਾਸਰੂਮਾਂ ਦੀ ਉਸਾਰੀ ਲਈ ਲਗਭਗ 22.51 ਲੱਖ ਰੁਪਏ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ। ਪਿੰਡ ਥਰਾਜਵਾਲਾ, ਛਾਪਿਆਂਵਾਲੀ, ਕਬਰਵਾਲਾ ਅਤੇ ਰੱਤਾ ਟਿੱਬਾ ਵਿਖੇ ਹੈਲਥ ਵੈੱਲਨੈਸ ਸੈਂਟਰਾਂ ਦੀ ਉਸਾਰੀ ਲਈ ਹਰ ਇਕ ਥਾਂ 'ਤੇ ਲਗਭਗ 35-35 ਲੱਖ ਰੁਪਏ ਦੀ ਲਾਗਤ ਨਾਲ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ।ਇਸ ਦੇ ਨਾਲ ਹੀ ਪਿੰਡ ਰਾਣੀਵਾਲਾ ਵਿਖੇ ਪੰਚਾਇਤ ਘਰ ਦੀ ਉਸਾਰੀ ਲਈ ਲਗਭਗ 25 ਲੱਖ ਰੁਪਏ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਮੁੱਢਲੀਆਂ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪੂਰੇ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ ਤੇ ਜੀਵਨ ਪੱਧਰ ਵਿੱਚ ਸੁਧਾਰ ਆਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਹਰ ਖੇਤਰ ਵਿੱਚ ਪਹਿਲ ਦੇ ਅਧਾਰ ਤੇ ਕੰਮ ਕੀਤਾ ਜਾ ਰਿਹਾ ਹੈ, ਨੌਜਵਾਨਾਂ ਨੂੰ ਨੌਕਰੀਆਂ, ਬਿਜਲੀ ਦੀ ਮੁਫਤ ਸਹੂਲਤ, ਸੜਕਾਂ ਦਾ ਨਿਰਮਾਣ ਤੋਂ ਇਲਾਵਾ ਹਰ ਪੱਖ ਤੋਂ ਪੰਜਾਬ ਸਰਕਾਰ ਲੋਕਾਂ ਨੂੰ ਸਹੂਲਤਾਂ ਦੇਣ ਲਈ ਵਚਨਬੱਧ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਢਿੱਲੋਂ, ਬੀਡੀਪੀਓ ਰਾਕੇਸ਼ ਬਿਸ਼ਨੋਈ, ਐਸਐਚਓ ਹਰਪ੍ਰੀਤ ਕੌਰ, ਮੰਡੀ ਬੋਰਡ ਜੇ ਈ ਜਿਓਣ ਸਿੰਘ, ਜਗਦੇਵ ਸਿੰਘ ਸਰਪੰਚ ਵੜਿੰਗ ਖੇੜਾ, ਸਾਬਕਾ ਸਰਪੰਚ ਦਰਸ਼ਨ ਸਿੰਘ ਵੜਿੰਗ, ਗੁਰਲਾਲ ਸਿੰਘ ਵੜਿੰਗ, ਨਛੱਤਰ ਸਿੰਘ, ਕਰਨਬੀਰ ਸਿੰਘ ਲੁਹਾਰਾ, ਓਐਸਡੀ ਗੁਰਬਾਜ ਖੁਡੀਆਂ ਤੇ ਮੀਡੀਆ ਇੰਚਾਰਜ ਮੋਹਿਤ ਸੋਨੀ ਮੌਜੂਦ ਸਨ।

## ਖਰਾਬ ਮੌਸਮ 'ਚ ਵੀ ਪੱਕੇ ਮੋਰਚੇ 'ਤੇ ਡਟੇ ਰਹੇ ਜੰਗਲਾਤ ਕਾਮੇ

### ਮੋਰਚੇ ਦੇ ਦਬਾਅ ਸਦਕਾ ਵਰਕਰਾਂ ਦੇ ਪੈਸੇ ਹੋਏ ਜਾਰੀ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜੰਗਲਾਤ ਵਰਕਰਜ਼ ਯੂਨੀਅਨ ਪਟਿਆਲਾ ਵੱਲੋਂ ਆਪਣੀਆਂ ਰਹਿੰਦੀਆਂ ਤਨਖਾਹਾਂ ਤੇ ਮਾਨਯੋਗ ਹਾਈ ਕੋਰਟ ਕੇਸਾਂ ਦੇ ਬਕਾਏ ਜਾਰੀ ਕਰਾਉਣ ਲਈ ਲਾਇਆ ਪੱਕਾ ਮੋਰਚਾ ਅੱਜ ਗਿਆਰਵੇਂ ਦਿਨ ਵਿੱਚ ਦਾਖਲ ਹੋ ਗਿਆ। ਅੱਜ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਖਰਾਬ ਮੌਸਮ ਦੀ ਪ੍ਰਵਾਹ ਨਾ ਕਰਦੇ ਹੋਏ ਵਣ ਮੰਡਲ ਦਫਤਰ ਪਟਿਆਲਾ ਅੱਗੇ ਇਕੱਤਰ ਹੋਏ ਅੱਜ ਦੇ ਇਸ ਇਕੱਠ ਦੀ ਅਗਵਾਈ ਜਸਵਿੰਦਰ ਸਿੰਘ ਸੌਜਾ, ਜਗਤਾਰ ਸਿੰਘ ਸ਼ਾਹਪੁਰ, ਜੋਗਾ ਸਿੰਘ ਵਜੀਦਪੁਰ, ਨਰੇਸ਼ ਬੋਸਰ ਤੇ ਸ਼ੇਰ ਸਿੰਘ ਸਰਹਿੰਦ ਨੇ ਕੀਤੀ। ਇਕੱਤਰ ਹੋਏ ਕਾਮਿਆਂ ਨੂੰ ਸੰਬੋਧਨ ਕਰਦਿਆਂ ਆਗੂਆ ਨੇ ਕਿਹਾ ਕਿ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਬਾਰੇ ਇਸ ਦਫਤਰ ਅੱਗੇ ਨੌਂ ਮਾਰਚ ਤੋਂ ਚੱਲ ਰਿਹਾ ਪੱਕਾ ਮੋਰਚਾ ਅੱਜ ਖਰਾਬ ਮੌਸਮ 'ਚ ਉਸ ਸਮੇਂ ਗਰਮੀ ਵਿੱਚ ਆ ਗਿਆ, ਜਦੋਂ ਭੜਕੇ ਜੰਗਲਾਤ ਕਾਮਿਆਂ ਨੇ ਫੈਸਲਾ ਕੀਤਾ ਕਿ ਉਹ ਮਾਰਚ ਕਰਕੇ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਦੇ ਕੇ ਹੋ ਰਹੀ ਜ਼ਿਆਦਤੀ ਬਾਰੇ ਜਾਣੂ ਕਿਰਾਇਆ ਕਿ ਇਹ ਅਧਿਕਾਰੀ ਲਗਾਤਾਰ ਦਫਤਰ ਤੋ ਗੈਰ ਹਾਜ਼ਰ ਰਹਿੰਦਾ ਹੈ, ਜਿਸ ਨਾਲ ਦਫਤਰ ਦਾ ਕੰਮ ਕਾਰ ਵੀ ਪ੍ਰਭਾਵਿਤ ਹੋ ਰਿਹਾ ਹੈ।ਅੱਜ ਦੀ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪੰਜਾਬ ਸਵਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਆਗੂਆਂ ਦਰਸ਼ਨ ਬੇਲੂ ਮਾਜਰਾ, ਜਸਵੀਰ ਖੋਖਰ, ਰਾਜਪਾਲ ਲਸੋਈ ਤੇ ਧਰਮਪਾਲ ਲੌਟ ਨੇ ਕਿਹਾ ਕਿ ਜੇਕਰ ਇਸ ਅਧਿਕਾਰੀ ਵੱਲੋਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਉਹ ਮਜਬੂਰ ਹੋ ਕੇ ਫੈਡਰੇਸ਼ਨ ਨਾਲ ਸੰਬੰਧਤ ਬਾਕੀ ਜਥੇਬੰਦੀਆਂ ਇਸ ਧਰਨੇ ਵਿੱਚ ਝੋਕ ਦੇਣਗੇ ਅਤੇ ਇਸ ਧਰਨੇ ਨੂੰ ਇੱਥੋਂ ਬਦਲ ਕੇ ਵਿਜੀਲੈਂਸ ਦਫਤਰ ਅੱਗੇ ਲੈ ਜਾਣਗੀਆਂ ਤੇ ਉੱਥੇ ਇਸ ਅਧਿਕਾਰੀ ਦੇ ਭਰਿਸ਼ਟਾਚਾਰ ਦੇ ਕੱਚੇ ਚਿੱਠੇ ਵਿਜੀਲੈਂਸ ਨੂੰ ਦੱਸਣ ਲਈ ਮਜਬੂਰ ਹੋਣਗੇ। ਉਨ੍ਹਾਂ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਅਧਿਕਾਰੀ ਨੂੰ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਨਹੀਂ ਤਾਂ ਇਹ ਸੰਘਰਸ਼ ਵਿਆਪਕ ਰੂਪ ਧਾਰ ਜਾਵੇਗਾ। ਮੋਰਚੇ ਦੀ ਉਸ ਸਮੇਂ ਜਿੱਤ ਹੋਈ, ਜਦੋਂ ਡਿਪਟੀ ਕਮਿਸ਼ਨਰ ਦਫਤਰ ਵੱਲੋਂ ਖਜ਼ਾਨਾ ਅਫਸਰ ਨਾਲ ਤਾਲਮੇਲ ਕਰਕੇ ਕਰਮਚਾਰੀਆਂ ਦੇ ਕੇਸਾਂ ਦਾ ਬਕਾਇਆ ਜਾਰੀ ਕਵਾਇਆ, ਜਿਸ ਨਾਲ ਕਰਮਚਾਰੀਆਂ 'ਚ ਖੁਸ਼ੀ ਦੀ ਲਹਿਰ ਦੌੜ ਗਈ। ਅੱਜ ਦੀ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਭੂਪਿੰਦਰ ਸਿੰਘ ਰੌਣੀ, ਗੁਰਜਿੰਦਰ ਸਿੰਘ, ਅਮਰਜੀਤ ਬੋਸਰ, ਜੀਤ ਖਾਨ, ਸਤਨਾਮ ਸੌਜਾ, ਕਿਰਨਾ ਨਾਭਾ, ਗੁਰਮੀਤ ਕੋਰ ਨਾਭਾ, ਨਾਜਮਾ ਬੇਗਮ, ਜਸਪਾਲ ਕੌਰ ਸਰਹਿੰਦ, ਰਣਜੀਤ ਕੌਰ ਲਚਕਾਣੀ, ਅਮਰਜੀਤ ਕੌਰ ਭਾਦਸੋਂ ਆਦਿ ਨੇ ਸੰਬੋਧਨ ਕੀਤਾ।

# ਮੁੱਖ ਮੰਤਰੀ ਦਾ ਭਲਕੇ ਧਰਮਕੋਟ ਆਉਣ 'ਤੇ ਕਰਾਂਗੇ ਵਿਰੋਧ : ਬੀ ਕੇ ਯੂ ਤੋਤੇਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਉਣ ਵਾਲੀ 21 ਮਾਰਚ ਨੂੰ ਧਰਮਕੋਟ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਮਦ 'ਤੇ ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਵੱਲੋਂ 2022 ਦੀਆਂ ਚੋਣਾਂ ਵੇਲੇ ਕਿਸਾਨ-ਮਜ਼ਦੂਰ ਦੁਕਾਨਦਾਰ ਤੇ ਆਮ ਲੋਕਾਂ ਨਾਲ ਕੀਤੇ ਗਏ ਵਾਅਦੇ ਸਰਕਾਰ ਬਨਣ 'ਤੇ ਪੂਰੇ ਨਾ ਕਰਨ ਕਰਕੇ ਜਥੇਬੰਦੀ ਵੱਲੋਂ ਵਿਰੋਧ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਮੌਕੇ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਤੇ ਦਲਜੀਤ ਸਿੰਘ ਸਰਪੰਚ ਦਾਨੇਵਾਲਾ ਜਨਰਲ ਸਕੱਤਰ ਪੰਜਾਬ ਨੇ ਕਿਹਾ ਕੇ ਆਮ ਆਦਮੀ ਪਾਰਟੀ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਵਾਅਦੇ ਹੇਠ ਲਿਖੇ ਆਨੁਸਾਰ ਕੀਤੇ ਸਨ ਪੰਜਾਬ ਵਿੱਚੋਂ ਚਿੱਟੇ ਦਾ ਨਸ਼ਾ ਸਰਕਾਰ ਬਣਦੇ ਹੀ ਖਤਮ ਕਰਾਂਗੇ ਜੋਕਿ ਅੱਜ ਤੱਕ ਨਹੀਂ ਹੋਇਆ ਬਲਕਿ ਆਏ ਦਿਨ ਕੋਈ ਨਾ ਕੋਈ ਨੌਜਵਾਨ ਚਿੱਟੇ ਦਾ ਟੀਕਾ ਲਾਕੇ ਮਰ ਰਿਹਾ ਹੈ। ਪਿੰਡਾਂ, ਸ਼ਹਿਰਾਂ ਤੇ ਜੇਲ੍ਹਾਂ ਵਿੱਚ ਚਿੱਟਾ ਆਮ ਵਿਕ ਰਿਹਾ ਹੈ, ਪਿਛਲੇ 10 ਸਾਲਾਂ 'ਚ ਖੁਦਕੁਸ਼ੀਆਂ ਕਰਨ ਵਾਲੇ ਕਿਸਾਨ ਪਰਿਵਾਰ ਦੇ ਹਰੇਕ ਯੋਗ ਬਾਲਗ ਮੈਂਬਰ ਨੂੰ 5 ਲੱਖ ਰੁਪੈ ਤੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦੇਣ ਦਾ ਵਾਅਦਾ, ਏ ਪੀ ਐਮ ਸੀ ਐਕਟ ਵਿੱਚ ਸੋਧ ਕੀਤੀ ਜਾਵੇਗੀ ਤਾਂ ਜੋ ਕਿਸਾਨ ਆਪਣੀ ਉਪਜ ਰਾਜ ਦੇ ਅੰਦਰ ਅਤੇ ਬਾਹਰ ਆਪਣੀ ਪਸੰਦ ਦੇ ਖਰੀਦਦਾਰਾਂ ਤੇ ਮੰਡੀਆਂ ਨੂੰ ਵੇਚ ਸਕਣ, ਬੁਢਾਪਾ ਪੈਨਸ਼ਨ 2500 ਰੁਪੈ ਕੀਤੀ ਜਾਵੇਗੀ, ਸਰਹੱਦੀ ਖੇਤਰ ਦੀ ਜ਼ਮੀਨ ਲਈ 10 ਹਜ਼ਾਰ ਮੁਆਵਜ਼ਾ, ਭੂਮੀਹੀਣ ਮਜ਼ਦੂਰਾਂ ਨੂੰ ਕਾਰੋਬਾਰ ਸ਼ੁਰੂ ਕਰਨ ਲਈ 2 ਲੱਖ ਰੁਪੈ ਦਾ ਜਮਾਨਤ ਮੁਕਤ ਕਰਜ਼ਾ, ਪ੍ਰਮੁੱਖ ਫਲ ਤੇ ਸਬਜ਼ੀਆਂ 20 ਫਸਲਾਂ ਲਈ 22 ਜ਼ਿਲ੍ਹਿਆਂ ਵਿੱਚ ਸਰਕਾਰੀ ਕੋਲਡ ਸਟੋਰ ਬਣਾਉਣੇ, ਨਕਲੀ ਕੀਟਨਾਸ਼ਕ ਦਵਾਈਆਂ, ਨਕਲੀ ਦੁੱਧ ਦੇ ਨਿਰਮਾਣ ਤੇ ਵਿਕਰੀ ਵਿੱਚ ਸ਼ਾਮਲ ਲੋਕਾਂ ਨੂੰ ਉਮਰ ਕੈਦ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕਰਨ ਦਾ ਵਾਅਦਾ, ਆਦਿ ਮੰਗਾਂ ਪੂਰੀਆਂ ਨਾ ਹੋਣ ਕਰਕੇ 21 ਮਾਰਚ ਨੂੰ ਬੀਕੇਯੂ ਤੋਤੇਵਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਰੋਧ ਕਰਕੇ ਪੁਤਲਾ ਫੂਕੇਗੀ। ਸੁੱਖ ਗਿੱਲ ਮੋਗਾ ਨੇ ਭਰਾਤਰੀ ਜਥੇਬੰਦੀਆਂ ਨੂੰ ਵੀ ਅਪੀਲ ਕੀਤੀ ਕੇ 21 ਮਾਰਚ ਨੂੰ ਧਰਮਕੋਟ ਪਹੁੰਚੋ ਤਾਂ ਜੋ ਇਕੱਠੇ ਹੋ ਕੇ ਮੁੱਖ ਮੰਤਰੀ ਨੂੰ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਯਾਦ ਕਰਵਾਈਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਮੋਗਾ, ਤਰਨਜੀਤ ਸਿੰਘ ਗਿੱਲ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਗੁਰਮੇਜ ਸਿੰਘ ਕਰਮੂੰਵਾਲਾ ਕੋਰ ਕਮੇਟੀ ਮੈਂਬਰ ਪੰਜਾਬ, ਮਲਕੀਤ ਸਿੰਘ ਸ਼ਾਹਕੋਟ ਜ਼ਿਲ੍ਹਾ ਪ੍ਰਧਾਨ ਜਲੰਧਰ, ਸੁਖਦੇਵ ਸਿੰਘ ਗੜਦੀਵਾਲਾ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਸੇਵਾ ਸਿੰਘ ਚੰਡੀਗੜ੍ਹ ਜ਼ਿਲ੍ਹਾ ਪ੍ਰਧਾਨ ਮੋਹਾਲੀ, ਕਾਲਾ ਬੀਬੜੀ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਕੁਲਜੀਤ ਸਿੰਘ ਰੌਂਤਾ ਜ਼ਿਲ੍ਹਾ ਯੂਥ ਪ੍ਰਧਾਨ ਸ਼ਹਿਰੀ ਮੋਗਾ, ਤੀਰਥ ਸਿੰਘ ਖਹਿਰਾ ਜ਼ਿਲ੍ਹਾ ਯੂਥ ਪ੍ਰਧਾਨ ਫਿਰੋਜ਼ਪੁਰ, ਚੰਨ ਖੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਸ਼ਹਿਰੀ, ਸੁੱਖ ਮੱਲੀ ਕੋਰ ਕਮੇਟੀ ਮੈਂਬਰ ਪੰਜਾਬ, ਬਲਵਿੰਦਰ ਸਿੰਘ ਮੂਸੇਵਾਲਾ ਕੋਰ ਕਮੇਟੀ ਮੈਂਬਰ ਪੰਜਾਬ, ਪਿੱਪਲ ਸਿੰਘ ਕੋਟ ਸਦਰ ਖਾਂ ਕੋਰ ਕਮੇਟੀ ਮੈਂਬਰ ਪੰਜਾਬ, ਰਣਯੋਧ ਸਿੰਘ ਮਸੀਤਾਂ ਕੋਰ ਕਮੇਟੀ ਮੈਂਬਰ ਪੰਜਾਬ, ਗੁਰਜੀਤ ਸਿੰਘ ਭਿੰਡਰ ਕੜਾਹੇਵਾਲਾ ਜ਼ਿਲ੍ਹਾ ਯੂਥ ਮੀਤ ਪ੍ਰਧਾਨ, ਅਮਰਦੀਪ ਸਿੰਘ ਸਰਪੰਚ ਤੋਤੇਵਾਲ, ਸਤਨਾਮ ਸਿੰਘ ਦਾਨੇਵਾਲਾ ਮੀਡੀਆ ਇੰਚਾਰਜ ਜ਼ਿਲ੍ਹਾ ਮੋਗਾ, ਮਹਿਲ ਸਿੰਘ ਬਲਾਕ ਪ੍ਰਧਾਨ ਕੋਟ ਈਸੇ ਖਾਂ ਹਾਜ਼ਰ ਸਨ।

## ਕਾਤਰਾਂ

### ਰਸੋਈ ਗੈਸ ਲੈਣ ਲਈ ਲੋਕ ਹੋ ਰਹੇ ਖੱਜਲ-ਖੁਆਰ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਪਿਛਲੇ ਕਾਫੀ ਦਿਨਾਂ ਤੋਂ ਧਰਮਕੋਟ ਵਿਖੇ ਲੋਕ ਸਿਲੰਡਰ ਲੈਣ ਲਈ ਖੱਜਲ ਖੁਆਰ ਹੋ ਰਹੇ ਹਨ ਲੋਕ ਸਵੇਰ ਤੋਂ ਹੀ ਦਫਤਰ ਵਿਖੇ ਪਹਿਲਾਂ ਪਰਚੀਆਂ ਕਟਵਾਉਣ ਲਈ ਲਾਈਨਾਂ ਵਿੱਚ ਲੱਗਦੇ ਹਨ ਅਤੇ ਉਸ ਤੋਂ ਅਗਲੇ ਦਿਨ ਸਿਲੰਡਰ ਲੈਣ ਲਈ ਸਵੇਰ ਤੋਂ ਹੀ ਲਾਈਨਾਂ ਵਿੱਚ ਖੜੇ ਹੋ ਜਾਂਦੇ ਹਨ ਗੈਸ ਏਜੰਸੀ ਵਾਲੇ ਥੋੜ੍ਹੇ ਜਿਹੇ ਸਿਲੰਡਰ ਵੰਡ ਕੇ ਲੋਕਾਂ ਦੀਆਂ ਅੱਖਾਂ ਪੂੰਝ ਕੇ ਚਲੇ ਜਾਂਦੇ ਹਨ ਅਤੇ ਬਾਕੀ ਲਾਈਨਾਂ ਉਵੇਂ ਹੀ ਲੱਗੀਆਂ ਰਹਿੰਦੀਆਂ ਹਨ ਤੇ ਲੋਕ ਕਈ ਕਈ ਘੰਟੇ ਉਡੀਕ ਕਰਦੇ ਰਹਿੰਦੇ ਹਨ ਕਿ ਟਰਾਲੀ ਹੁਣ ਵੀ ਆਉਂਦੀ ਹੈ ਤੇ ਕਈ ਤਾਂ ਵਿਚਾਰੇ ਪਰਚੀ ਕਟਵਾ ਕੇ ਸਿਲੰਡਰਾਂ ਦੀ ਘਰੇ ਉਡੀਕ ਕਰਦੇ ਰਹਿੰਦੇ ਹਨ । ਭਰੋਸੇ ਯੋਗ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਘਰ - ਘਰ ਗੈਸ ਸਿਲੰਡਰ ਪਹੁੰਚਾਉਣ ਵਾਲੇ ਹੜਤਾਲ 'ਤੇ ਬੈਠੇ ਹਨ ਅਤੇ ਪਿਛਲੇ ਕਾਫੀ ਦਿਨਾਂ ਤੋਂ ਰੇੜ੍ਹਿਆਂ 'ਤੇ ਸਪਲਾਈ ਸ਼ਹਿਰ ਵਿੱਚ ਨਹੀਂ ਹੋ ਰਹੀ।

### ਦੋ ਹੈਂਡ ਗ੍ਰਨੇਡ ਬਰਾਮਦ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕਾਊਂਟਰ ਇੰਟੈਲੀਜੈਂਸ ਬਠਿੰਡਾ ਵੱਲੋਂ ਵੱਡੀ ਸਫਲਤਾ ਹਾਸਿਲ ਕਰਦੇ ਹੋਏ, ਇੱਕ ਅੱਤਵਾਦੀ ਖ਼ਤਰੇ ਨੂੰ ਟਾਲਿਆ ਗਿਆ, 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ 2 ਹੈਂਡ ਗ੍ਰਨੇਡ ਬਰਾਮਦ ਕੀਤੇ ਗਏ।ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਨੇਡ ਸਰਹੱਦ ਪਾਰ ਅਨਸਰਾਂ ਨਾਲ ਜੁੜੀ ਗੈਰ-ਕਾਨੂੰਨੀ ਸਪਲਾਈ ਚੇਨ ਦਾ ਹਿੱਸਾ ਸਨ, ਜਿਸ ਦਾ ਉਦੇਸ਼ ਖੇਤਰ ਵਿੱਚ ਸ਼ਾਂਤੀ ਅਤੇ ਜਨਤਕ ਸੁਰੱਖਿਆ ਨੂੰ ਭੰਗ ਕਰਨਾ ਸੀ।ਇਸ ਸਬੰਧੀ ਐਫ.ਆਈ.ਆਰ. ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਫਾਜ਼ਿਲਕਾ ਵਿਖੇ ਦਰਜ ਕੀਤੀ ਗਈ ਹੈ। ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਕਰਨ ਅਤੇ ਪੂਰੇ ਨੈੱਟਵਰਕ ਨੂੰ ਖਤਮ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

### ਡੀ ਸੀ ਐੱਮ ਗਰੁੱਪ ਵੱਲੋਂ ਪਲਾਕਸ਼ਾ 'ਵਰਸਿਟੀ ਨਾਲ ਇਕਰਾਰਨਾਮਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦਿਆਰਥੀਆਂ ਨੂੰ ਭੌਤਿਕ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਵਿਚ ਉੱਦਮੀ ਹੁਨਰ ਪੈਦਾ ਕਰਨ ਦੇ ਉਦੇਸ਼ ਨਾਲ ਡੀ ਸੀ ਐਮ ਗਰੁੱਪ ਆਫ਼ ਸਕੂਲਜ਼ ਵੱਲੋਂ ਪਲਾਕਸ਼ਾ ਯੂਨੀਵਰਸਿਟੀ ਨਾਲ ਐੱਮ ਓ ਯੂ ਹਸਤਾਖਰ ਕੀਤਾ ਗਿਆ ਹੈ, ਜਿਸ ਤਹਿਤ ਡੀ ਸੀ ਐੱਮ ਗਰੁੱਪ ਨੂੰ ਈਕੋਸਿਸਟਮ ਪਾਰਟਨਰ ਦੀ ਮਾਨਤਾ ਦਿੱਤੀ ਗਈ ਹੈ। ਇਸ ਸਮਝੌਤੇ ਤਹਿਤ ਡੀ ਸੀ ਐੱਮ ਗਰੁੱਪ ਦੇ ਸਕੂਲਾਂ ਵਿਚ ਉੱਦਮੀ ਪਾਠਕ੍ਰਮ ਦੇ ਸਾਂਝੇ ਵਿਕਾਸ, ਮੁਕਾਬਲਿਆਂ ਅਤੇ ਸਟਾਰਟਅੱਪ ਪ੍ਰੋਗਰਾਮਾਂ ਲਈ ਜਿਊਰੀ ਮੈਂਬਰਾਂ ਦਾ ਆਦਾਨ-ਪ੍ਰਦਾਨ, ਡੀ ਸੀ ਐੱਮ ਕੈਂਪਸ ਵਿਚ ਡਿਜ਼ਾਈਨ ਥਿੰਕਿੰਗ ਅਤੇ ਐਂਟਰਪ੍ਰੀਨਿਓਰ ਪ੍ਰਯੋਗਾਤਮਕ ਲੈਬ ਦੇ ਇਲਾਵਾ ਵਿਦਿਆਰਥੀਆਂ ਨੂੰ ਪਲਾਕਸ਼ਾ ਯੂਨੀਵਰਸਿਟੀ ਦੇ ਅਤਿ-ਆਧੁਨਿਕ ਮੇਕਰਸਪੇਸ ਅਤੇ ਲੈਬਾਂ ਵਿਚ ਜਾਣ ਦਾ ਮੌਕਾ ਵੀ ਮਿਲੇਗਾ। ਜਾਣਕਾਰੀ ਦਿੰਦੇ ਹੋਏ ਵਿਕਰਮ ਦਿੱਤਿਆ ਸ਼ਰਮਾ ਨੇ ਦੱਸਿਆ ਕਿ ਇਹ ਇਕਰਾਰਨਾਮਾ ਡੀ ਸੀ ਐੱਮ ਗਰੁੱਪ ਆਫ਼ ਸਕੂਲਜ਼ ਦੇ ਸੀ ਈ ਓ ਡਾ. ਅਨਿਰੁਧ ਗੁਪਤਾ ਅਤੇ ਪਲਾਕਸ਼ਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਰਵਿੰਦ ਅਗਰਵਾਲ ਦੇ ਵਿਚਕਾਰ ਹੋਇਆ ਹੈ। ਦੋਵਾਂ ਅਧਿਕਾਰੀਆਂ ਨੇ ਹਸਤਾਖਰ ਕਰਨ ਤੋਂ ਬਾਅਦ ਇਸ ਸਮਝੌਤੇ ਨੂੰ ਵਿਦਿਆਰਥੀਆਂ ਲਈ ਲਾਹੇਵੰਦ ਦੱਸਿਆ ਹੈ। ਇਸ ਤਹਿਤ ਯੂਨੀਵਰਸਿਟੀ ਦੇ ਪਲਾਕਸ਼ਾ ਇੰਕੂਬੇਸ਼ਨ ਸੈਂਟਰ ਵੱਲੋਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

# ਮਿਮਿਟ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਐਥਲੈਟਿਕ ਮੀਟ 'ਚ ਰਨਰਅੱਪ ਟਰਾਫੀ ਜਿੱਤੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੀ 28ਵੀਂ ਐਥਲੈਟਿਕ ਮੀਟ ਜੋ ਕਿ ਬੀਤੇ ਦਿਨੀਂ ਅਕਾਲ ਕਾਲਜ ਆਫ ਫਾਰਮੇਸੀ ਐਂਡ ਟੈਕਨੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਹੋਈ।ਇਸ ਐਥਲੈਟਿਕ ਮੀਟ ਬਾਰੇ ਜਾਣਕਾਰੀ ਦਿੰਦੇ ਹੋਏ ਮਿਮਿਟ ਮਲੋਟ ਦੇ ਸਪੋਰਟਸ ਪ੍ਰਧਾਨ ਇੰਜ: ਜਤਿੰਦਰ ਸਿੰਘ, ਉਪ-ਪ੍ਰਧਾਨ ਇੰਜ. ਵਰਿੰਦਰ ਸਿੰਘ ਤੇ ਇੰਜ. ਗੁਰਵਿੰਦਰ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਪੱਧਰ ਦੇ ਇਨ੍ਹਾਂ ਮੁਕਾਬਲਿਆਂ ਵਿੱਚ ਯੂਨੀਵਰਸਿਟੀ ਨਾਲ ਸੰਬੰਧਤ ਕਾਲਜਾਂ ਦੇ ਖਿਡਾਰੀਆਂ ਨੇ ਹਿੱਸਾ ਲਿਆ।ਮਿਮਿਟ ਮਲੋਟ ਦੇ ਐਥਲੀਟਾਂ ਨੇ ਵੱਖ-ਵੱਖ ਇਵੈਂਟਸ ਵਿੱਚ ਆਪਣੀ ਚੰਗੀ ਕਾਰਗੁਜ਼ਾਰੀ ਵਿਖਾਉਂਦੇ ਹੋਏ 14 ਮੈਡਲ ਹਾਸਲ ਕਰਕੇ, ਜਿੱਥੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ, ਉੱਥੇ ਹੀ ਇਲਾਕੇ ਦਾ ਨਾਮ ਵੀ ਚਮਕਾਇਆ ਹੈ।ਜੇਤੂ ਵਿਦਿਆਰਥੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਸਪੋਰਟਸ ਪ੍ਰਧਾਨ ਇੰਜ. ਜਤਿੰਦਰ ਸਿੰਘ ਨੇ ਦੱਸਿਆ ਕਿ ਸੰਸਥਾਂ ਦੀਆਂ ਵਿਦਿਆਰਥਣਾਂ ਗਗਨਦੀਪ ਕੌਰ, ਹਰਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਸ਼ਿਵਾ, ਸ਼ਿਖਾ, ਸੁਖਮਨਦੀਪ ਕੌਰ ਤੇ ਖੁਸ਼ੀ ਨੇ 400 ਮੀਟਰ, 800 ਮੀਟਰ, 1500 ਮੀਟਰ, 3000 ਮੀਟਰ, ਜੈਵਲੀਨ ਥ੍ਰੋ, ਸ਼ੋਟਪੁੱਟ, 4×400 ਰਿਲੇਅ ਦੌੜ ਵਿੱਚ ਜਿੱਤ ਪ੍ਰਾਪਤ ਕਰਕੇ ਲੜਕੀਆਂ ਦੀ ਰਨਰਅੱਪ ਟਰਾਫੀ ਹਾਸਲ ਕੀਤੀ ।ਖੁਸ਼ਪ੍ਰੀਤ ਕੌਰ ਨੇ ਲੰਬੀ ਛਾਲ ਵਿੱਚ ਕਾਂਸ਼ੀ ਦਾ ਤਮਗਾ, ਗਗਨਪ੍ਰੀਤ ਕੌਰ ਨੇ 800 ਮੀਟਰ ਦੌੜ ਤੇ 1500 ਮੀਟਰ ਦੌੜ ਵਿੱਚ ਕਾਂਸ਼ੀ ਦਾ ਤਮਗਾ, ਹਰਪ੍ਰੀਤ ਕੌਰ ਨੇ 1500 ਮੀਟਰ ਦੌੜ ਵਿੱਚ ਸਿਲਵਰ ਤੇ 3000 ਮੀਟਰ ਦੌੜ ਵਿੱਚ ਸੋਨੇ ਦਾ ਤਮਗਾ, ਸ਼ਿਵਾ ਨੇ 800 ਮੀਟਰ ਦੌੜ ਸੋਨੇ ਦਾ ਤਮਗਾ ਤੇ 400 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।ਇਸੇ ਤਰ੍ਹਾਂ ਸ਼ਿਖਾ ਨੇ ਜੈਵਲੀਨ ਥ੍ਰੋ ਵਿੱਚ ਸੋਨੇ ਦਾ ਤਮਗਾ ਤੇ ਸ਼ਾਟਪੁੱਟ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।ਹਰਪ੍ਰੀਤ ਕੌਰ, ਸੁਖਮਨਦੀਪ ਕੌਰ, ਗਗਨਦੀਪ ਕੌਰ ਤੇ ਖੁਸ਼ੀ ਦੀ ਟੀਮ ਨੇ 4×100 ਮੀਟਰ ਰਿਲੇਅ ਦੌੜ ਵਿੱਚ ਸੋਨੇ ਦਾ ਤਮਗਾ ਅਤੇ ਸੰਸਥਾ ਦੇ ਵਿਦਿਆਰਥੀ ਰਮੇਸ਼ ਕੁਮਾਰ ਨੇ 400 ਮੀਟਰ ਹਰਡਲ ਦੌੜ ਵਿੱਚ ਕਾਂਸ਼ੀ ਦਾ ਤਮਗਾ ਹਾਸਲ ਕਰਕੇ ਮਿਮਿਟ ਦਾ ਨਾਮ ਰੋਸ਼ਨ ਕੀਤਾ ।ਇਨ੍ਹਾਂ ਜੇਤੂ ਵਿਦਿਆਰਥੀਆਂ ਦਾ ਸੰਸਥਾ ਵਿਖੇ ਪਹੁੰਚਣ 'ਤੇ ਸੰਸਥਾ ਦੇ ਮੁੱਖੀ ਡਾ: ਜਸਕਰਨ ਸਿੰਘ ਭੁੱਲਰ, ਡੀਨ ਵਿਦਿਆਰਥੀ ਮਾਮਲੇ ਡਾ: ਮੋਹਿਤ ਕੁਮਾਰ, ਡੀਨ ਅਕਾਦਮਿਕ ਡਾ. ਰਾਜੀਵ ਜੈਨ, ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਤੇ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਸੰਸਥਾ ਦੀ ਇਸ ਪ੍ਰਾਪਤੀ 'ਤੇ ਸਪੋਰਟਸ ਪ੍ਰਧਾਨ ਡਾ. ਜਤਿੰਦਰ ਸਿੰਘ, ਉਪ ਪ੍ਰਧਾਨ ਇੰਜ: ਵਰਿੰਦਰ ਸਿੰਘ ਤੇ ਇੰਜ. ਗੁਰਵਿੰਦਰ ਸਿੰਘ, ਸੰਸਥਾ ਦੇ ਡੀ. ਪੀ. ਈ. ਮਨਕੀਰਤ ਸਿੰਘ, ਅਥੈਲਟਿਕ ਟੀਮਾਂ ਦੇ ਇੰਚਾਰਜ ਡਾ. ਕੁਲਵੀਰ ਸਿੰਘ, ਡਾ. ਨਵਦੀਪ ਲਤਾ, ਇੰਜ. ਰਾਹੁਲ, ਮਿਸ ਪਲਕ, ਇੰਜ. ਗੁਰਪ੍ਰੀਤ ਕੌਰ ਤੇ ਭਾਗ ਲੈਣ ਵਾਲੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

## ਨਰੇਗਾ ਕਾਮਿਆਂ ਦੀ ਸੂਬਾ ਕਨਵੈਨਸ਼ਨ ਅੱਜ ਮੋਗਾ 'ਚ ਹੋਵੇਗੀ : ਗਦਾਈਆ



**ਨਾਭਾ (ਵਰਿੰਦਰ ਵਰਮਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਨਰੇਗਾ ਬਨਾਮ ਵੀ ਬੀ ਜੀ ਰਾਮ ਜੀ ਵਿਸ਼ੇ 'ਤੇ ਅੱਜ 20 ਮਾਰਚ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਮੋਗਾ ਵਿਖੇ ਹੋ ਰਹੀ ਹੈ। ਇਸ ਵਿਚ ਪੰਜਾਬ ਭਰ 'ਚੋਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨਾਲ ਸੰਬੰਧਤ ਚੋਣਵੇਂ ਸਾਥੀ ਭਾਗ ਲੈ ਰਹੇ ਹਨ।ਇਸ ਸਮੇਂ ਮੁੱਖ ਬੁਲਾਰੇ ਕਾਮਰੇਡ ਜਗਰੂਪ ਮੁੱਖ ਸਲਾਹਕਾਰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਹੋਣਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਦੱਸਿਆ ਕਿ ਇਸ ਸਮੇਂ ਪੰਜਾਬ ਭਰ ਵਿੱਚ ਨਰੇਗਾ ਨੂੰ ਬੰਦ ਕਰ ਦੇਣ ਦਾ ਬਿਰਤਾਂਤ ਸਿਰਜਿਆ ਜਾ ਰਿਹਾ ਹੈ, ਜਦੋਂਕਿ ਬੀ ਜੇ ਪੀ ਹਕੂਮਤ ਨੇ ਨਰੇਗਾ ਨੂੰ ਬਦਲ ਕੇ ਵੀ ਬੀ ਜੀ ਰਾਮ ਜੀ ਲਿਆਂਦਾ ਹੈ, ਜਿਸ ਨੂੰ 1 ਅਪ੍ਰੈਲ ਤੋਂ ਲਾਗੂ ਕਰ ਦੇਣ ਦੀਆਂ ਸੰਭਾਵਨਾਵਾਂ ਹਨ, ਇਸ ਵਿੱਚ ਭਾਵੇਂ ਸੂਬਾ ਸਰਕਾਰਾਂ 'ਤੇ ਬੋਝ ਪਾਇਆ ਗਿਆ, ਜਿਸ ਕਰਕੇ ਇੰਝ ਲੱਗਦਾ ਹੈ ਕਿ ਕੰਮ ਬਿਲਕੁਲ ਨਹੀਂ ਮਿਲੇਗਾ, ਨਾਲ਼ ਹੋਰ ਕੁੱਝ ਗੱਲਾਂ ਐਸੀਆ ਹਨ, ਜਿਨ੍ਹਾਂ ਨੂੰ ਦੇਖਦਿਆਂ ਲੱਗਦਾ ਹੈ ਕਿ ਕੰਮ ਤਾਂ ਮਿਲਣਾ ਨਹੀਂ ਹੈ, ਇਹ ਬਿਲਕੁਲ ਠੀਕ ਹੈ, ਜਿਵੇਂ ਕਿ ਖੇਤੀਬਾੜੀ ਦੇ ਸੀਜ਼ਨ 'ਚ ਦੋ ਮਹੀਨੇ ਕੰਮ ਦੀ ਬਿਲਕੁਲ ਕੋਈ ਗਾਰੰਟੀ ਨਹੀਂ ਹੈ ਜਾਂ ਕੰਮ ਹੋਣ ਤੋਂ ਤਿੰਨ ਦਿਨ ਮਿਣਤੀ ਕਰਕੇ ਉਜਰਤਾਂ ਦਾ ਭੁਗਤਾਨ ਕਰਨ ਦੀ ਗੱਲ੍ਹ ਹੈ, ਇਸ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਨੇ ਪੰਜਾਬ ਵਿੱਚ ਆਪਣੇ ਆਗੂ ਨੂੰ ਇਸ ਨਵੇਂ ਕਾਨੂੰਨ ਨੂੰ ਲਾਗੂ ਕਰਨ ਤੋਂ ਪਹਿਲਾਂ ਪਹਿਲਾਂ ਇਸ ਕਨਵੈਨਸ਼ਨ ਰਾਹੀਂ ਇਸ ਕਾਨੂੰਨ ਬਾਰੇ ਜਾਣਕਾਰੀ ਦੇਣੀ ਹੈ, ਇਸ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਹੋਰਨਾਂ ਜਥੇਬੰਦੀਆਂ ਤੇ ਨਰੇਗਾ 'ਚ ਕੰਮ ਕਰਨ ਵਾਲੇ ਕਾਮਿਆਂ ਨੂੰ ਸੱਦਾ ਦਿੰਦੀ ਹੈ ਕਿ ਅੱਜ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਬੱਸ ਸਟੈਂਡ ਮੋਗਾ ਵਿਖੇ ਪੁੱਜਣ।

# ਬਠਿੰਡਾ 'ਚ ਵੇਚੀ ਜਾ ਰਹੀ ਹੈ ਮਿਆਦ ਪੁੱਗ ਚੁੱਕੀ ਬੀਅਰ !



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਸ਼ਹਿਰ ਵਿੱਚ ਸ਼ਰਾਬ ਦੀਆਂ ਦੁਕਾਨਾਂ 'ਤੇ ਮਿਆਦ ਪੁੱਗ ਚੁੱਕੀ ਬੀਅਰ ਵੇਚਣ ਦਾ ਇੱਕ ਗੰਭੀਰ ਮਾਮਲਾ ਸਾਹਮਣੇ ਆਇਆ ਹੈ।ਰਿਪੋਰਟਾਂ ਅਨੁਸਾਰ ਬਠਿੰਡਾ ਦੀ ਪੁੱਡਾ ਮਾਰਕੀਟ ਤੇ ਮਾਡਲ ਟਾਊਨ ਫੇਜ਼ 2 ਵਿੱਚ ਗੰਗਾਨਗਰ ਗਰੁੱਪ ਦੀਆਂ ਕੁਝ ਦੁਕਾਨਾਂ ਕਈ ਦਿਨਾਂ ਤੋਂ ਗਾਹਕਾਂ ਨੂੰ ਮਿਆਦ ਪੁੱਗ ਚੁੱਕੀ ਬੀਅਰ ਵੇਚ ਰਹੀਆਂ ਹਨ।ਪੂਰੀ ਘਟਨਾ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ, ਜਿਸ ਵਿੱਚ ਦੁਕਾਨਾਂ 'ਤੇ ਸਟੋਰ ਕੀਤੀ ਬੀਅਰ ਦੀ ਮਿਆਦ ਪੁੱਗਣ ਦੀ ਤਾਰੀਖ ਸਾਫ਼ ਦਿਖਾਈ ਦੇ ਰਹੀ ਹੈ।

ਮੀਡੀਆ ਦੇ ਮੌਕੇ 'ਤੇ ਪਹੁੰਚਣ 'ਤੇ ਮਾਮਲਾ ਹੋਰ ਵੀ ਵਧ ਗਿਆ।ਜਿਵੇਂ ਹੀ ਦੁਕਾਨ ਦੇ ਕਰਮਚਾਰੀਆਂ ਨੂੰ ਕੈਮਰੇ ਦਾ ਅਹਿਸਾਸ ਹੋਇਆ, ਉਹ ਜਲਦੀ ਨਾਲ ਮਿਆਦ ਪੁੱਗ ਚੁੱਕੀ ਬੀਅਰ ਨੂੰ ਫ੍ਰੀਜ਼ਰ ਤੋਂ ਕੱਢਦੇ ਤੇ ਲੁਕਾਉਂਦੇ ਦਿਖਾਈ ਦਿੱਤੇ।ਪੂਰੀ ਘਟਨਾ ਕੈਮਰੇ ਵਿੱਚ ਕੈਦ ਹੋ ਗਈ, ਜਿਸ ਨਾਲ ਮਾਮਲੇ ਦੀ ਗੰਭੀਰਤਾ ਉਜਾਗਰ ਹੋ ਗਈ।ਸਥਾਨਕ ਨਿਵਾਸੀਆਂ ਦਾ ਦੋਸ਼ ਹੈ ਕਿ ਠੇਕੇਦਾਰ ਮੁਨਾਫ਼ੇ ਦੇ ਲਾਲਚ ਵਿੱਚ ਲੋਕਾਂ ਦੀ ਸਿਹਤ ਨਾਲ ਸਮਝੌਤਾ ਕਰ ਰਹੇ ਹਨ।ਗਾਹਕਾਂ ਨੂੰ ਬਿਨਾਂ ਜਾਂਚ ਦੇ ਬੀਅਰ ਪਰੋਸੀ ਜਾਂਦੀ ਹੈ, ਜਿਸ ਨਾਲ ਸਿਹਤ ਲਈ ਖਤਰਾ ਪੈਦਾ ਹੁੰਦਾ ਹੈ।ਦੱਸਿਆ ਜਾ ਰਿਹਾ ਹੈ ਕਿ ਇਹ ਠੇਕੇ ਗੰਗਾਨਗਰ ਗਰੁੱਪ ਨਾਲ ਜੁੜੇ ਹੋਏ ਹਨ।

ਇਸ ਮਾਮਲੇ ਵਿੱਚ ਆਬਕਾਰੀ ਵਿਭਾਗ ਦੀ ਭੂਮਿਕਾ 'ਤੇ ਵੀ ਸਵਾਲ ਉੱਠ ਰਹੇ ਹਨ।ਦੋਸ਼ ਹੈ ਕਿ ਜਾਣਕਾਰੀ ਮਿਲਣ ਦੇ ਬਾਵਜੂਦ, ਵਿਭਾਗ ਨੇ ਸਿਰਫ਼ ਮਨਮਰਜ਼ੀ ਦੀ ਕਾਰਵਾਈ ਕੀਤੀ।ਮੌਕੇ 'ਤੇ ਪਹੁੰਚਣ ਦੀ ਬਜਾਏ ਸਬੰਧਤ ਅਧਿਕਾਰੀ ਠੇਕਾ ਕਰਮਚਾਰੀਆਂ ਨੂੰ ਮਿਆਦ ਪੁੱਗ ਚੁੱਕੀ ਬੀਅਰ ਹਟਾਉਣ ਦੇ ਨਿਰਦੇਸ਼ ਦੇ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜਦੇ ਦਿਖਾਈ ਦਿੱਤੇ।ਇਸ ਸਬੰਧੀ ਆਬਕਾਰੀ ਇੰਸਪੈਕਟਰ ਗਗਨਦੀਪ ਨੇ ਕਿਹਾ ਕਿ ਜਿਵੇਂ ਹੀ ਉਨ੍ਹਾਂ ਨੂੰ ਜਾਣਕਾਰੀ ਮਿਲੀ, ਉਨ੍ਹਾਂ ਨੇ ਮਿਆਦ ਪੁੱਗ ਚੁੱਕੀ ਬੀਅਰ ਹਟਾ ਦਿੱਤੀ।ਇਹ ਧਿਆਨ ਦੇਣ ਯੋਗ ਹੈ ਕਿ ਆਬਕਾਰੀ ਵਿਭਾਗ ਨੇ ਪਹਿਲਾਂ ਮਿਆਦ ਪੁੱਗ ਚੁੱਕੀ ਬੀਅਰ ਦੀ ਖੋਜ ਲਈ ਇੱਕ ਠੇਕੇ 'ਤੇ ਜੁਰਮਾਨਾ ਲਗਾਇਆ ਸੀ, ਪਰ ਇਸ ਵਾਰ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ।ਇਹ ਵਿਭਾਗ ਦੇ ਕੰਮਕਾਜ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।ਸੇਵਾਮੁਕਤ ਐੱਸ ਐੱਮ ਓ ਡਾ. ਸ਼ਾਮ ਲਾਲ ਠੁਕਰਾਲ ਅਨੁਸਾਰ, ਮਿਆਦ ਪੁੱਗ ਚੁੱਕੀ ਬੀਅਰ ਪੀਣਾ ਸਿਹਤ ਲਈ ਹਾਨੀਕਾਰਕ ਹੋ ਸਕਦਾ ਹੈ।ਮਿਆਦ ਪੁੱਗਣ ਦੀ ਤਾਰੀਖ ਤੋਂ ਬਾਅਦ ਬੀਅਰ ਦੀ ਰਸਾਇਣਕ ਬਣਤਰ ਬਦਲ ਸਕਦੀ ਹੈ, ਜਿਸ ਨਾਲ ਭੋਜਨ ਵਿੱਚ ਜ਼ਹਿਰ, ਪੇਟ ਦਰਦ, ਉਲਟੀਆਂ, ਦਸਤ ਤੇ ਸਿਰ ਦਰਦ ਹੋ ਸਕਦਾ ਹੈ।ਕਮਜ਼ੋਰ ਇਮਿਊਨਿਟੀ ਵਾਲੇ ਲੋਕਾਂ ਲਈ ਪ੍ਰਭਾਵ ਵਧੇਰੇ ਗੰਭੀਰ ਹੋ ਸਕਦੇ ਹਨ।ਡਾਕਟਰ ਨੇ ਲੋਕਾਂ ਨੂੰ ਸਲਾਹ ਦਿੱਤੀ ਕਿ ਉਹ ਕਿਸੇ ਵੀ ਪੀਣ ਵਾਲੇ ਪਦਾਰਥ ਨੂੰ ਖਰੀਦਣ ਤੋਂ ਪਹਿਲਾਂ ਉਸ ਦੀ ਮਿਆਦ ਪੁੱਗਣ ਦੀ ਮਿਤੀ ਦੀ ਜਾਂਚ ਕਰਨ ਤੇ ਕਿਸੇ ਵੀ ਤਰ੍ਹਾਂ ਦੀ ਗੜਬੜੀ ਦੀ ਤੁਰੰਤ ਰਿਪੋਰਟ ਸਬੰਧਤ ਅਧਿਕਾਰੀਆਂ ਨੂੰ ਕਰਨ।

# ਬਿਕਰਮ ਸਿੰਘ ਮਜੀਠੀਆ ਦਾ ਢਿੱਲੋਂ ਨਿਵਾਸ 'ਤੇ ਭਰਵਾਂ ਸਵਾਗਤ

### ਐੱਸ ਓ ਆਈ ਦੇ ਸਾਬਕਾ ਪ੍ਰਧਾਨ ਢਿੱਲੋਂ ਦੇ ਗ੍ਰਹਿ ਵਿਖੇ ਸਮਾਗਮ, ਅਕਾਲੀ ਆਗੂਆਂ ਨੇ ਭਰੀ ਹਾਜ਼ਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਿਆਸੀ ਸਰਗਰਮੀ ਨੂੰ ਹੋਰ ਮਜ਼ਬੂਤੀ ਮਿਲਦੀ ਦਿਖਾਈ ਦਿੱਤੀ, ਜਦੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਐੱਸਓਆਈ ਦੇ ਸਾਬਕਾ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਉਨ੍ਹਾਂ ਇਲਾਕੇ ਦੇ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਸਮਾਗਮ ਦੌਰਾਨ ਸੀਨੀਅਰ ਅਕਾਲੀ ਆਗੂ ਗੁਰਮੇਲ ਸਿੰਘ ਢਿੱਲੋਂ, ਸੀਨੀਅਰ ਅਕਾਲੀ ਆਗੂ ਤੇ ਸਮਾਜ ਸੇਵੀ ਲਵਲੀ ਬਾਂਸਲ ਲਧਾਈਕੇ ਵਾਲੇ, ਸ਼ਹਿਰੀ ਪ੍ਰਧਾਨ ਰਣਜੀਤ ਸਿੰਘ ਝੀਤੇ ਤੇ ਅਕਾਲੀ ਆਗੂ ਕਮਲ ਸ਼ਰਮਾ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਸਨਮਾਨਤ ਕੀਤਾ ਗਿਆ।ਆਗੂਆਂ ਨੇ ਉਨ੍ਹਾਂ ਨੂੰ ਸਿਰੋਪਾ ਪਾ ਕੇ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਬੋਲਦੇ ਹੋਏ ਆਗੂਆਂ ਨੇ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਪਾਰਟੀ ਦੇ ਮਜ਼ਬੂਤ ਤੇ ਤਜਰਬੇਕਾਰ ਨੇਤਾ ਹਨ, ਜਿਨ੍ਹਾਂ ਹਮੇਸ਼ਾ ਪੰਜਾਬ ਤੇ ਪਾਰਟੀ ਦੇ ਹਿੱਤਾਂ ਲਈ ਅਹਿਮ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਮਜੀਠੀਆ ਦੀ ਆਮਦ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ ਤੇ ਆਉਣ ਵਾਲੀਆਂ ਚੋਣਾਂ ਲਈ ਤਿਆਰੀਆਂ ਨੂੰ ਹੋਰ ਗਤੀ ਮਿਲੇਗੀ।ਮਜੀਠੀਆ ਨੇ ਵੀ ਇਸ ਮੌਕੇ ਸਾਰੇ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਦੀ ਤਾਕਤ ਉਸ ਦੇ ਜ਼ਮੀਨੀ ਵਰਕਰ ਹਨ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਪੰਜਾਬ ਦੇ ਹੱਕਾਂ ਲਈ ਲੜਦਾ ਆਇਆ ਹੈ ਤੇ ਭਵਿੱਖ ਵਿੱਚ ਵੀ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਉਠਾਉਂਦਾ ਰਹੇਗਾ।ਉਨ੍ਹਾਂ ਵਰਕਰਾਂ ਨੂੰ ਇਕਜੁੱਟ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਹਰ ਇੱਕ ਵਰਕਰ ਦੀ ਭੂਮਿਕਾ ਮਹੱਤਵਪੂਰਨ ਹੈ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਵਾਸੀ ਹਾਜ਼ਰ ਸਨ।

## '23 ਮਾਰਚ ਦੇ ਸ਼ਹੀਦ ਤੇ ਅੱਜ ਦੇ ਹਾਲਾਤ' ਵਿਸ਼ੇ 'ਤੇ ਸੈਮੀਨਾਰ 27 ਨੂੰ

**ਲੁਧਿਆਣਾ (ਸਤੀਸ਼ ਸਚਦੇਵਾ)**-ਜਨਤਕ ਜਮਹੂਰੀ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਵਿੱਚ ਮਹਿਸੂਸ ਕੀਤਾ ਗਿਆ ਕਿ 23 ਮਾਰਚ ਦੇ ਸ਼ਹੀਦਾਂ ਦੇ ਵਿਚਾਰਾਂ ਨੂੰ ਅੱਜ ਦੇ ਸਮਾਜਿਕ ਹਾਲਾਤ ਅਨੁਸਾਰ ਸਮਝਣਾ ਬੇਹੱਦ ਜ਼ਰੂਰੀ ਹੈ।ਇਸ ਲਈ ਫੈਸਲਾ ਲਿਆ ਗਿਆ ਕਿ ਇਸ ਨੂੰ ਆਮ ਲੋਕਾਂ ਦੀ ਸਮਝ ਦਾ ਹਿੱਸਾ ਬਣਾਉਣ ਲਈ ਉਪਰਾਲਾ ਕੀਤਾ ਜਾਵੇ ।ਪੈਨਸ਼ਨਰ ਭਵਨ 27 ਮਾਰਚ ਨੂੰ ਦੁਪਹਿਰ 2.30 ਵਜੇ ਸਾਂਝੇ ਤੌਰ 'ਤੇ ਇੱਕ ਸੈਮੀਨਾਰ ਕਰਨਾ ਤਹਿ ਕੀਤਾ ਗਿਆ, ਜਿਸ ਦਾ ਵਿਸ਼ਾ '23 ਮਾਰਚ ਦੇ ਸ਼ਹੀਦ ਅਤੇ ਅੱਜ ਦੇ ਹਾਲਾਤ' ਹੋਵੇਗਾ।ਵਿਸ਼ੇ ਬਾਰੇ ਸਮੁੱਚੀ ਵਿਆਖਿਆ ਕਰਨ ਲਈ ਪ੍ਰੋ. ਜਗਮੋਹਨ ਸਿੰਘ ਤੇ ਐਡਵੋਕੇਟ ਹਰਪ੍ਰੀਤ ਜ਼ੀਰਖ ਵਿਸਥਾਰ ਸਹਿਤ ਜਾਣਕਾਰੀ ਸਾਂਝੀ ਕਰਨਗੇ।ਜਥੇਬੰਦੀਆਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਡੈਮੋਕ੍ਰੇਟਿਕ ਇੰਪਲਾਈਜ ਫਰੰਟ, ਪੰਜਾਬ ਲੋਕ ਸਭਿਆਚਾਰਕ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਸ਼ਾਮਲ ਸਨ।ਇਨ੍ਹਾਂ ਦੇ ਆਗੂਆਂ ਪ੍ਰੋ. ਜਗਮੋਹਨ ਸਿੰਘ, ਜਸਵੰਤ ਜ਼ੀਰਖ, ਰਮਨਜੀਤ ਸੰਧੂ, ਸੁਖਵਿੰਦਰ ਲੀਲ, ਕਸਤੂਰੀ ਲਾਲ, ਸਤੀਸ਼ ਸੱਚਦੇਵਾ, ਅਜਮੇਰ ਦਾਖਾ, ਰਾਜਿੰਦਰ ਜੰਡਿਆਲੀ, ਹਿੰਮਤ ਸਿੰਘ ਵੱਲੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਦੇਸ਼ ਵਿੱਚ ਸਰਕਾਰੀ ਸਰਪ੍ਰਸਤੀ ਹੇਠ ਮਨੁੱਖਤਾ ਨੂੰ ਧਰਮਾਂ, ਜਾਤਾਂ, ਮਜ਼੍ਹਬਾਂ 'ਚ ਵੰਡ ਕੇ ਫਿਰਕੂ ਨਫ਼ਰਤ ਫੈਲਾਉਣ ਦੇ ਸਿਰਤੋੜ ਯਤਨ ਕੀਤੇ ਜਾ ਰਹੇ ਹਨ।ਇਨ੍ਹਾਂ ਸਮਾਜ ਵਿਰੋਧੀ ਅਲਾਮਤਾਂ ਵਿੱਚੋਂ ਮੁਕਤ ਕਰਨ ਲਈ 23 ਮਾਰਚ ਦੇ ਸ਼ਹੀਦਾਂ ਦੀ ਵਿਚਾਰਧਾਰਾ ਬਾਰੇ ਜਾਣੂ ਕਰਾ ਕੇ ਹੀ ਲੋਕਾਂ ਨੂੰ ਇੱਕ-ਦੂਜੇ ਪ੍ਰਤੀ ਪੈਦਾ ਕੀਤੀ ਜਾਰੀ ਨਫ਼ਰਤ ਤੋਂ ਬਚਾਇਆ ਜਾ ਸਕਦਾ ਹੈ।

## ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ 23 ਦਾ ਸ਼ਹੀਦੀ ਦਿਹਾੜਾ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**-23 ਮਾਰਚ ਦੇ ਸ਼ਹੀਦੀ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ਼ ਵਜੋਂ ਮਨਾਉਣ ਲਈ ਕਿਸਾਨਾਂ, ਮਜ਼ਦੂਰਾਂ ਮੁਲਾਜ਼ਮਾਂ, ਦੁਕਾਨਦਾਰਾਂ, ਪੈਨਸ਼ਨਰਾਂ, ਮੈਡੀਕਲ ਪ੍ਰੈਕਟੀਸ਼ਨਰਾਂ ਤੇ ਵੱਖ ਵੱਖ ਜਨਤਕ ਜਥੇਬੰਦੀਆਂ ਦੇ ਆਗੂਆਂ ਦੀ ਇੱਕ ਜ਼ਰੂਰੀ ਮੀਟਿੰਗ ਮੇਜਰ ਸਿੰਘ ਦੂਲੋਵਾਲ ਤੇ ਡਾ. ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ। ਮੀਟਿੰਗ 'ਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸੂਬਾਈ ਫੈਸਲੇ ਅਨੁਸਾਰ ਸਾਮਰਾਜ ਵਿਰੋਧੀ ਦਿਵਸ ਵਜੋਂ ਮਾਨਸਾ 'ਚ ਤਹਿਸੀਲ ਪੱਧਰੀ ਮਨਾਉਣ ਸੰਬੰਧੀ ਵਿਚਾਰ ਵਟਾਂਦਰਾ ਕਰਨ ਉਪਰੰਤ ਫੈਸਲਾ ਹੋਇਆ ਕਿ ਸਥਾਨਕ ਰੇਲਵੇ ਮਾਲ ਗੁਦਾਮ ਦੇ ਸ਼ੈੱਡਾਂ ਹੇਠ ਇਹ ਪ੍ਰੋਗਰਾਮ ਕਰਵਾਇਆ ਜਾਵੇ।ਪ੍ਰੋਗਰਾਮ ਦੀ ਰੂਪ ਰੇਖਾ ਅਨੁਸਾਰ ਸਵੇਰੇ 11 ਵਜੇ ਤੋਂ 2 ਵਜੇ ਤੱਕ ਬੁਲਾਰੇ ਸੰਬੋਧਨ ਕਰਨਗੇ।ਇਸ ਉਪਰੰਤ ਕਾਫਲਾ ਸ਼ਹਿਰ ਦੇ ਬਜ਼ਾਰਾਂ ਵਿੱਚੋਂ ਦੀ ਹੁੰਦਾ ਹੋਇਆ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਪਹੁੰਚੇਗਾ, ਜਿੱਥੇ ਆਗੂਆਂ ਵੱਲੋਂ ਸ਼ਹੀਦਾਂ ਨੂੰ ਫੁੱਲ ਮਾਲਾ ਪਹਿਨਾ ਕੇ ਸੰਗਰਾਮੀ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਮੀਟਿੰਗ ਦੌਰਾਨ ਆਗੂਆਂ ਵੱਲੋਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਇਸ ਅਹਿਮ ਸਮਾਗਮ 'ਚ ਪਹੁੰਚਣ ਦੀ ਅਪੀਲ ਵੀ ਕੀਤੀ ਗਈ।ਇਸ ਸਮੇਂ ਬੀਕੇਯੂ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਭੈਣੀ ਬਾਘਾ, ਪ੍ਰਗਤੀਸ਼ੀਲ ਇਸਤਰੀ ਸਭਾ ਦੀ ਜਸਵੀਰ ਕੌਰ ਨੱਤ, ਕੁੱਲ ਹਿੰਦ ਕਿਸਾਨ ਸਭਾ ਦੇ ਰੂਪ ਸਿੰਘ ਢਿੱਲੋਂ, ਕਿਸਾਨ ਯੂਨੀਅਨ ਦੇ ਸੁਖਚਰਨ ਸਿੰਘ ਦਾਨੇਵਾਲੀਆ, ਬਾਬਾ ਬੂਝਾ ਸਿੰਘ ਭਵਨ ਦੇ ਚੇਅਰਮੈਨ ਕਾਮਰੇਡ ਨਛੱਤਰ ਸਿੰਘ ਖੀਵਾ, ਮਜ਼ਦੂਰ ਮੁਕਤੀ ਮੋਰਚਾ ਦੇ ਗੁਰਸੇਵਕ ਸਿੰਘ ਮਾਨਬੀਬੜੀਆਂ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਕੇਵਲ ਸਿੰਘ, ਬੀਕੇਯੂ ਲੱਖੋਵਾਲ ਦੇ ਦਰਸ਼ਨ ਸਿੰਘ, ਮੁਲਾਜ਼ਮ ਯੂਨਾਈਟਿਡ ਆਰਗੇਨਾਈਜ਼ੇਸ਼ਨ ਦੇ ਗੁਰਸੇਵਕ ਸਿੰਘ ਖਿਆਲਾ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਦੇ ਆਗੂ ਮੌਜੂਦ ਸਨ।

## ਬਲਾਕ ਸੰਮਤੀ ਚੋਣਾਂ 'ਚ ਧੱਕੇਸ਼ਾਹੀ ਦਾ 2027 'ਚ ਲੋਕ ਦੇਣਗੇ ਜਵਾਬ : ਸੁਖਬੀਰ ਬਰਾੜ

### ਜਥੇਦਾਰ ਮਾਹਲਾ ਤੇ ਸੁਖਜੀਤ ਮਾਹਲਾ ਹਮੇਸ਼ਾ ਮੈਦਾਨ 'ਚ ਵਰਕਰਾਂ ਦੇ ਮੂਹਰੇ ਖੜ੍ਹੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਵਿੱਚ ਬਲਾਕ ਸੰਮਤੀ ਦੇ ਚੇਅਰਮੈਨ ਦੀ ਚੋਣ ਨੂੰ ਲੈ ਕੇ ਸਿਆਸੀ ਮਾਹੌਲ ਗਰਮਾਇਆ ਹੋਇਆ ਹੈ।ਇਸ ਸਬੰਧੀ ਅਕਾਲੀ ਦਲ ਦੇ ਆਗੂ ਸੁਖਬੀਰ ਬਰਾੜ ਸੁੱਖਾ ਨੇ ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ 'ਤੇ ਗੰਭੀਰ ਦੋਸ਼ ਲਗਾਉਂਦੇ ਹੋਏ ਕਿਹਾ ਕਿ ਚੇਅਰਮੈਨ ਦੀ ਚੋਣ ਦੌਰਾਨ ਲੋਕਤੰਤਰ ਦੀ ਖੁੱਲ੍ਹੀ ਉਲੰਘਣਾ ਕੀਤੀ ਗਈ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਔਰਤ ਮੈਂਬਰਾਂ ਨੂੰ ਬੰਦ ਕਮਰੇ ਵਿੱਚ ਰੱਖ ਕੇ ਤੇ ਅਕਾਲੀ ਦਲ ਦੇ ਬਲਾਕ ਸੰਮਤੀ ਮੈਂਬਰਾਂ 'ਤੇ ਧੱਕੇਸ਼ਾਹੀ ਕਰਕੇ ਜ਼ਬਰਦਸਤੀ ਆਪਣਾ ਚੇਅਰਮੈਨ ਬਣਾਇਆ ਗਿਆ।ਸੁਖਬੀਰ ਬਰਾੜ ਨੇ ਕਿਹਾ ਕਿ ਇਸ ਤਰ੍ਹਾਂ ਦੀ ਘਟੀਆ ਰਾਜਨੀਤੀ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਤੇ 2027 ਦੀਆਂ ਚੋਣਾਂ ਵਿੱਚ ਇਸ ਦਾ ਮੂੰਹ ਤੋੜ ਜਵਾਬ ਦੇਣਗੇ।ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਹੀ ਲੋਕਤੰਤਰਕ ਮੁੱਲਾਂ ਤੇ ਆਪਣੇ ਵਰਕਰਾਂ ਦੇ ਅਧਿਕਾਰਾਂ ਲਈ ਲੜਦਾ ਆਇਆ ਹੈ।ਇਸ ਮੌਕੇ ਉਨ੍ਹਾਂ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਉਨ੍ਹਾਂ ਦੇ ਸਪੁੱਤਰ ਸੁਖਜੀਤ ਸਿੰਘ ਮਾਹਲਾ ਦੀ ਵੀ ਪ੍ਰਸੰਸਾ ਕੀਤੀ। ਉਨ੍ਹਾਂ ਕਿਹਾ ਕਿ ਦੋਵੇਂ ਆਗੂਆਂ ਨੇ ਹਮੇਸ਼ਾ ਆਪਣੇ ਵਰਕਰਾਂ ਨਾਲ ਚਟਾਨ ਵਾਂਗ ਖੜ੍ਹ ਕੇ ਸਾਬਿਤ ਕੀਤਾ ਹੈ ਕਿ ਅਸਲੀ ਨੇਤ੍ਰਿਤਵ ਉਹੀ ਹੁੰਦਾ ਹੈ, ਜੋ ਔਖੇ ਸਮੇਂ ਆਪਣੇ ਸਾਥੀਆਂ ਦਾ ਸਾਥ ਨਹੀਂ ਛੱਡਦਾ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਵਰਕਰ ਪਾਰਟੀ ਨਾਲ ਹਿੱਕ ਡਾਹ ਕੇ ਖੜ੍ਹੇ ਹਨ ਤੇ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਤੋਂ ਡਰਨ ਵਾਲੇ ਨਹੀਂ।ਅੰਤ ਵਿੱਚ ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸੱਚਾਈ ਸਾਹਮਣੇ ਆਵੇਗੀ ਤੇ ਲੋਕ ਆਪਣੇ ਵੋਟ ਦੀ ਤਾਕਤ ਨਾਲ ਅਜਿਹੀਆਂ ਘਟਨਾਵਾਂ ਦਾ ਜਵਾਬ ਜ਼ਰੂਰ ਦੇਣਗੇ।

# ਆੜ੍ਹਤੀ ਢਾਈ ਫੀਸਦੀ ਦਾ ਆਪਣਾ ਹੱਕ ਲੈ ਕੇ ਰਹਿਣਗੇ : ਸੂਬਾ ਪ੍ਰਧਾਨ ਰਾਣਾ

### ਕੇਂਦਰ ਦਾ ਆੜ੍ਹਤ 'ਚ ਕੀਤਾ ਨਿਗੂਣਾ ਵਾਧਾ ਨਾਮਨਜ਼ੂਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਆੜ੍ਹਤੀ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਪੰਜਾਬ ਭਵਨ ਚੰਡੀਗੜ੍ਹ ਵਿਖੇ ਹੋਈ, ਜਿਸ ਵਿਚ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਖਰੀਦ ਕਮੇਟੀ ਵਿੱਚ ਸ਼ਾਮਲ ਮੰਤਰੀਆਂ ਤੋਂ ਇਲਾਵਾ ਸੈਕਟਰੀ ਫੂਡ ਰਾਹੁਲ ਤਿਵਾੜੀ, ਡਾਇਰੈਕਟਰ ਵਰਿੰਦਰ ਸ਼ਰਮਾ ਸਾਰੀਆਂ ਖਰੀਦ ਏਜੰਸੀਆਂ ਦੇ ਐੱਮ. ਡੀ. ਤੇ ਪਨਗ੍ਰੇਨ ਦੇ ਉੱਚ ਅਧਿਕਾਰੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਸਭ ਤੋਂ ਪਹਿਲਾਂ ਕੇਂਦਰ ਸਰਕਾਰ ਵੱਲੋਂ ਆੜ੍ਹਤ ਵਿੱਚ ਕੀਤੇ ਗਏ 4 ਰੁਪਏ 75 ਪੈਸੇ ਦੇ ਵਾਧੇ ਨੂੰ ਨਿਗੂਣਾ ਵਾਧਾ ਕਰਾਰ ਦਿੱਤਾ ਅਤੇ ਇਸ ਤੋਂ ਬਾਅਦ ਕਣਕ ਦੀ ਖਰੀਦ ਨੂੰ ਲੈ ਕੇ ਚਰਚਾ ਹੋਈ।ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਕੇਂਦਰ ਸਰਕਾਰ ਨੇ ਤਾਂ ਆੜ੍ਹਤ ਵਿੱਚ ਨਿਗੂਣਾ ਵਾਧਾ ਕੀਤਾ ਹੈ, ਪਰ ਪੰਜਾਬ ਦੇ ਆੜ੍ਹਤੀ ਆਪਣਾ ਬਣਦਾ ਢਾਈ ਫੀਸਦੀ ਹੱਕ ਲੈ ਕੇ ਰਹਿਣਗੇ।ਉਨ੍ਹਾਂ ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਅੱਗੇ ਪੁਰਜ਼ੋਰ ਮੰਗ ਰੱਖੀ ਕਿ ਹੁਣ ਜਿਹੜਾ ਡਿਫਰੈਂਸ ਰਹਿ ਗਿਆ ਹੈ, ਉਹ ਸਰਕਾਰ ਨੇ ਸਾਡੇ ਨਾਲ ਵਾਅਦਾ ਕੀਤਾ ਸੀ, ਉਹ ਪੰਜਾਬ ਸਰਕਾਰ ਪੂਰਾ ਕਰੇ।ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਪੰਜਾਬ ਦੇ ਆੜ੍ਹਤੀਆਂ ਦਾ ਟਰਾਂਸਪੋਰਟੇਸ਼ਨ ਦਾ ਮਸਲਾ ਹੈ ਕਿ ਠੇਕੇਦਾਰ ਟੈਂਡਰ ਲੈ ਕੇ ਸਾਡੀ ਬਲੈਕ ਮੇਲਿੰਗ ਕਰਦੇ ਹਨ, ਕਿਉਂਕਿ ਲੇਬਰ ਘੱਟ ਹੋਣ ਕਾਰਨ ਲੋਡਿੰਗ ਤੇ ਅਨਲੋਡਿੰਗ ਸਹੀ ਸਮੇਂ 'ਤੇ ਨਹੀਂ ਹੁੰਦੀ।ਇਸ ਤੋਂ ਇਲਾਵਾ ਮੰਡੀ ਯਾਰਡ ਬਣਾਉਣ ਦੀ ਗੱਲ ਵੀ ਆਖੀ ਗਈ ਤੇ ਈ.ਪੀ.ਐੱਫ. ਦੇ ਮਸਲੇ ਬਾਰੇ ਵੀ ਵਿਸਥਾਰ ਨਾਲ ਚਰਚਾ ਹੋਈ।ਮੰਤਰੀਆਂ ਦੀ ਕਮੇਟੀ ਨੇ ਭਰੋਸਾ ਦਿੱਤਾ ਕਿ ਰਹਿੰਦੇ ਮਸਲਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਮੀਟਿੰਗ ਵਿੱਚ ਸ੍ਰੀ ਨਰਿੰਦਰ ਬਹਿਲ ਪ੍ਰਧਾਨ ਅੰਮ੍ਰਿਤਸਰ, ਦਵਿੰਦਰ ਸਿੰਘ ਬੈਦਵਾਨ ਜ਼ਿਲ੍ਹਾ ਪ੍ਰਧਾਨ ਪਟਿਆਲਾ, ਸਤਵਿੰਦਰ ਸਿੰਘ ਸੈਣੀ ਵਾਈਸ ਪ੍ਰਧਾਨ ਪੰਜਾਬ, ਦੀਪਕ ਬਾਂਸਲ ਜਨਰਲ ਸਕੱਤਰ ਜ਼ਿਲ੍ਹਾ ਪਟਿਆਲਾ, ਸਸਕਰਨ ਸਿੰਘ ਪ੍ਰਧਾਨ ਮਜੀਠਾ ਮੰਡੀ, ਸੁਖਬੀਰ ਸਿੰਘ ਪ੍ਰਧਾਨ ਅਜਨਾਲਾ ਮੰਡੀ, ਸੁੱਚਾ ਸਿੰਘ ਜੀ ਮਹਾਰਾਜ ਪ੍ਰਧਾਨ ਜਸਵਾਲ ਮੰਡੀ, ਸੁਨੀਲ ਪਾਸੀ ਜੰਡਿਆਲਾ ਮੰਡੀ, ਦਿਲਬਾਗ ਸਿੰਘ , ਕੋਮਲ ਸਿੰਘ ਰਈਆਂ ਮੰਡੀ, ਤੇਜਿੰਦਰ ਸਿੰਘ ਮੇਘਾ ਮੰਡੀ, ਲਖਵਿੰਦਰ ਸਿੰਘ ਲੱਖਾ ਅੰਮ੍ਰਿਤਸਰ ਮੰਡੀ, ਹਰਦੀਪ ਸਿੰਘ, ਪਵਨ ਸਿੰਘ, ਜਗਜੀਤ ਸਿੰਘ, ਵਕਾਰ ਸਿੰਘ, ਦਿਲਬਾਗ ਸਿੰਘ ਤਰਨਤਾਰਨ, ਗੁਰਪਾਲ ਸਿੰਘ ਗੁਰਦਾਸਪੁਰ, ਅਵਤਾਰ ਸਿੰਘ ਰੋਪੜ ਰਾਜ ਕੁਮਾਰ, ਕੁਲਵਿੰਦਰ ਸਿੰਘ ਪੂਨੀਆ ,ਇਕਬਾਲ ਸਿੰਘ ਆਲਮਜੀਤ ਸਿੰਘ, ਅਰਵਿੰਦਰ ਸਿੰਘ ਵਿੱਕੀ, ਧਰਮਿੰਦਰ ਸਿੰਘ ਜਗਮੋਹਨ ਸਿੰਘ, ਸੁਨੀਲ ਸ਼ੈਟੀ, ਸੁਭਾਸ਼ ਕੁਮਾਰ, ਗੁਰਿੰਦਰ ਸਿੰਘ, ਪ੍ਰਿਥੀਪਾਲ ਸਿੰਘ, ਭੁਪਿੰਦਰ ਸਿੰਘ, ਕਰਮਜੀਤ ਸਿੰਘ, ਨਰਿੰਦਰ ਗਰਗ ਮੁੱਖ ਡੈਲੀਗੇਟ, ਰਾਜਿੰਦਰ ਕੁਮਾਰ ਅਰੋੜਾ ਜਨਰਲ ਸਕੱਤਰ, ਪੁਨੀਤ ਕੁਮਾਰ ਜੈਨ ਸਕੱਤਰ ਸੰਗਠਨ, ਰਣਜੀਤ ਸਿੰਘ ਔਜਲਾ ਵਿੱਤ ਸਕੱਤਰ ਤੇ ਗੌਰਵ ਥਾਮਨ ਦਫ਼ਤਰ ਸਕੱਤਰ ਸ਼ਾਮਲ ਸਨ।

# ਪਟੇਲ ਕਾਲਜ ਵਿਖੇ ਖ਼ੂਨਦਾਨ ਕੈਂਪ 'ਚ 65 ਯੂਨਿਟ ਇਕੱਤਰ




**ਰਾਜਪੁਰਾ (ਰਮੇਸ਼ ਕਟਾਰੀਆ)**-ਸਥਾਨਕ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੀ ਸਮੁੱਚੀ ਮੈਨੇਜਮੈਂਟ ਸੋਸਾਇਟੀ ਤੇ ਕਾਲਜ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਅਗਵਾਈ ਵਿੱਚ ਅਤੇ ਐੱਨ. ਐੱਸ. ਐੱਸ. ਵਿਭਾਗ, ਰੈੱਡ ਕਰਾਸ ਸੋਸਾਇਟੀ ਤੇ ਰੈੱਡ ਰਿਬਨ ਕਲੱਬ ਦੇ ਪ੍ਰੋਗਰਾਮ ਅਫਸਰ ਡਾ. ਮਨਦੀਪ ਸਿੰਘ, ਡਾ. ਵੰਦਨਾ ਗੁਪਤਾ, ਡਾ. ਗੁਰਜਿੰਦਰ ਸਿੰਘ, ਪ੍ਰੋ. ਅਵਤਾਰ ਸਿੰਘ, ਡਾ. ਗਗਨਦੀਪ ਕੌਰ, ਪ੍ਰੋ. ਦਲਜੀਤ ਸਿੰਘ ਤੇ ਪ੍ਰੋ. ਨੰਦਿਤਾ ਦੀ ਦੇਖ-ਰੇਖ ਹੇਠ ਬਲੱਡ ਹੈਲਪਲਾਈਨ ਰਾਜਪੁਰਾ ਦੇ ਸਹਿਯੋਗ ਨਾਲ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਖੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਟੀਮ ਨੇ 65 ਯੂਨਿਟ ਜਿੰਦਾ ਖੂਨ ਇਕੱਤਰ ਕੀਤਾ।ਪ੍ਰੋਗਰਾਮ ਅਫਸਰ ਡਾ. ਵੰਦਨਾ ਗੁਪਤਾ ਨੇ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੀ ਸਮੁੱਚੀ ਟੀਮ ਦਾ ਸੁਆਗਤ ਕੀਤਾ।ਇਸ ਉਪਰੰਤ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਨੇ ਆਏ ਹੋਏ ਖ਼ੂਨਦਾਨੀਆਂ ਨੂੰ ਸੰਬੋਧਨ ਹੁੰਦਿਆਂ ਉਨ੍ਹਾਂ ਦੁਆਰਾ ਮਨੁੱਖਤਾ ਦੀ ਭਲਾਈ ਲਈ ਕੀਤੇ ਜਾ ਰਹੇ ਇਸ ਉੱਦਮ ਦੀ ਪ੍ਰਸੰਸਾ ਕੀਤੀ।ਉਨ੍ਹਾਂ ਕਿਹਾ ਕਿ ਜੇਕਰ ਖ਼ੂਨਦਾਨੀ ਹੋਣਗੇ ਤਾਂ ਹੀ ਵੱਖ-ਵੱਖ ਲੋੜਾਂ ਵਾਲੇ ਮਰੀਜ਼ਾਂ ਨੂੰ ਖ਼ੂਨ ਦੇ ਕੇ ਉਨ੍ਹਾਂ ਦੀ ਜਾਨ ਬਚਾਈ ਜਾ ਸਕਦੀ ਹੈ।ਪ੍ਰੋਗਰਾਮ ਅਫਸਰ ਡਾ. ਮਨਦੀਪ ਸਿੰਘ ਤੇ ਡਾ. ਗੁਰਜਿੰਦਰ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਖੂਨ ਦੀ ਲੋੜ ਵਾਲੇ ਮਰੀਜ਼ਾਂ ਦੀ ਸੰਖਿਆ ਵੱਧਦੀ ਜਾ ਰਹੀ ਹੈ।ਇਸ ਜ਼ਰੂਰਤ ਨੂੰ ਪੂਰਾ ਕਰਨ ਲਈ ਉਨ੍ਹਾਂ ਵੱਧ ਤੋਂ ਵੱਧ ਖ਼ੂਨਦਾਨੀਆਂ ਨੂੰ ਅੱਗੇ ਵਧ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਉਪਰੰਤ ਡਾਕਟਰਾਂ ਦੀ ਟੀਮ ਨੇ 65 ਯੂਨਿਟ ਖ਼ੂਨ ਇਕੱਤਰ ਕੀਤਾ।ਪ੍ਰੋ. ਅਵਤਾਰ ਸਿੰਘ ਨੇ ਆਏ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ।ਕੈਂਪ ਦੌਰਾਨ ਖ਼ੂਨ ਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ।ਕੈਂਪ ਦੌਰਾਨ ਬਲੱਡ ਹੈਲਪਲਾਈਨ ਰਾਜਪੁਰਾ ਦੇ ਪ੍ਰਧਾਨ ਸੁਰੇਸ਼ ਅਣਖੀ, ਜਨਰਲ ਸੈਕਟਰੀ ਡਾ. ਅਮਨ ਮਹਿਰਾ, ਸੁਰੇਸ਼ ਮੁਖੇਜਾ, ਸਤੀਸ਼ ਮਾਜੀ, ਜਸਵਿੰਦਰ ਸਿੰਘ ਭੱਪਲ, ਅਮਰੀਕ ਸਿੰਘ, ਡਾ. ਅਮਨਪ੍ਰੀਤ ਕੌਰ, ਪ੍ਰੋ. ਸਤਬੀਰ ਕੌਰ, ਪ੍ਰੋ. ਪਵਨਦੀਪ ਕੌਰ, ਪ੍ਰੋ. ਭਾਵਨਾ, ਪ੍ਰੋ. ਰਾਜਨ, ਪ੍ਰੋ. ਡੌਲੀ, ਕਲਰਕ ਭਾਵਨਾ, ਲਵਪ੍ਰੀਤ ਕੌਰ, ਮੰਜੂ ਤੇ ਸਮੂਹ ਅਧਿਆਪਕ ਮੌਜੂਦ ਸਨ।ਇਸ ਮੌਕੇ ਵਲੰਟੀਅਰਾਂ ਨੇ ਰਿਫਰੈਸ਼ਮੈਂਟ ਤੇ ਹੋਰ ਡਿਊਟੀਆਂ ਨੂੰ ਬਾਖੂਬੀ ਨਿਭਾਇਆ।

# ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ 'ਬਜ਼ੁਰਗਾਂ ਦਾ ਸਤਿਕਾਰ ਤੇ ਕੁਦਰਤ ਦੀ ਪੁਕਾਰ' ਦਾ ਦਿੱਤਾ ਸੁਨੇਹਾ




**ਬਠਿੰਡਾ (ਰਾਜੀਵ ਗੋਇਲ)**

'ਦਾ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਭਗਤਾ ਭਾਈਕਾ' ਸਿੱਖਿਆ ਤੇ ਅਨੁਸ਼ਾਸਨ ਦਾ ਇੱਕ ਉੱਤਮ ਕੇਂਦਰ ਹੈ। ਇੱਥੇ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ, ਜੋ ਹਰ ਖੇਤਰ ਵਿੱਚ ਦਿਨ ਪ੍ਰਤੀ ਦਿਨ ਮੱਲਾਂ ਮਾਰ ਰਹੀ ਹੈ। ਇਹ ਸੰਸਥਾ ਸਿਰਫ ਵਿੱਦਿਅਕ ਖੇਤਰ ਵਿੱਚ ਹੀ ਅੱਗੇ ਨਹੀਂ ਸਗੋਂ ਸਮਾਜ ਨੂੰ ਸਮੇਂ-ਸਮੇਂ 'ਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਸੇਧ ਦੇਣ ਵਿੱਚ ਵੀ ਮੋਹਰੀ ਹੈ। ਇਹ ਸੰਸਥਾ ਸਮੇਂ-ਸਮੇਂ ਤੇ ਅਜਿਹੇ ਮੌਕੇ ਪੈਦਾ ਕਰਦੀ ਹੈ, ਜੋ ਸਾਡੇ ਸਮਾਜ ਦੀ ਅਗਵਾਈ ਕਰਨ ਵਿੱਚ ਬੇਹੱਦ ਲਾਹੇਵੰਦ ਸਾਬਿਤ ਹੁੰਦੇ ਹਨ।

ਇਸ ਸੰਸਥਾ ਦੇ ਯੂਥ ਕਲੱਬ ਦੇ ਵਿਦਿਆਰਥੀਆਂ ਵੱਲੋਂ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਉਜਾਗਰ ਕਰਦਾ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਇਹ ਨਾਟਕ ਭਦੌੜ, ਦਿਆਲਪੁਰਾ ਭਾਈਕਾ ਤੇ ਸੁਰਜੀਤਪੁਰਾ ਵਿਖੇ ਪੇਸ਼ ਕੀਤਾ ਗਿਆ। ਇਸ ਨੁੱਕੜ ਨਾਟਕ ਰਾਹੀਂ ਵਿਦਿਆਰਥੀਆਂ ਨੇ ਸਮਾਜ ਨੂੰ ਬਜ਼ੁਰਗਾਂ ਦਾ ਸਤਿਕਾਰ ਕਰਨ, ਉਨ੍ਹਾਂ ਦੀ ਦੇਖਭਾਲ ਕਰਨ, ਉਨ੍ਹਾਂ ਦੀਆਂ ਲੋੜਾਂ ਦਾ ਧਿਆਨ ਰੱਖਣ ਤਾਂ ਜੋ ਸਾਡੇ ਬਜ਼ੁਰਗ ਧੀਆਂ-ਪੁੱਤਰਾਂ ਦੇ ਹੁੰਦੇ ਹੋਏ ਵੀ ਬਿਰਧ ਆਸ਼ਰਮ ਦਾ ਹਿੱਸਾ ਨਾ ਬਣ ਕੇ ਸਾਡੇ ਸਮਾਜ ਤੇ ਘਰਾਂ ਦੀ ਸ਼ਾਨ ਬਣਨ। ਇਸ ਦੇ ਨਾਲ-ਨਾਲ ਧੀਆਂ ਲਈ ਵੀ ਸਤਿਕਾਰ ਦੀ ਮੰਗ ਕਰਦਿਆਂ ਇਸ ਨਾਟਕ ਰਾਹੀਂ ਸੁਨੇਹਾ ਦਿੱਤਾ ਗਿਆ ਕਿ ਧੀਆਂ ਸਾਡੀ ਧਿਰ ਹੁੰਦੀਆਂ ਹਨ। ਇਸ ਨਾਟਕ ਰਾਹੀਂ ਬੱਚਿਆਂ ਨੇ ਵਾਤਾਵਰਣ ਪ੍ਰਤੀ ਚਿੰਤਾ ਜਤਾਉਂਦਿਆਂ ਪਾਣੀ ਬਚਾਉਣ, ਦਰੱਖਤ ਨਾ ਕੱਟਣ, ਰੇਆਂ-ਸਪਰੇਆਂ ਦੀ ਵਰਤੋਂ ਨਾ ਕਰਨ ਦਾ ਸੁਨੇਹਾ ਵੀ ਦਿੱਤਾ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਸੱਚਮੁੱਚ ਹੀ ਸਮਾਜ ਨੂੰ ਅਜਿਹੀਆਂ ਸਿੱਖਿਆਵਾਂ ਦੀ ਜ਼ਰੂਰਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਹ ਸਿੱਖਿਆਵਾਂ ਉਮਰ ਭਰ ਲਈ ਪੱਲੇ ਬੰਨਣ ਦਾ ਸੁਨੇਹਾ ਦਿੱਤਾ।

ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਇਸ ਨਾਟਕ ਦੀ ਪੇਸ਼ਕਾਰੀ ਦੀ ਸ਼ਲਾਘਾ ਕੀਤੀ।

# ਪੰਜਾਬੀਆਂ ਦੀਆਂ ਉਮੀਦਾਂ 'ਤੇ ਫਿਰਿਆ ਪਾਣੀ, ਗ੍ਰਹਿ ਮੰਤਰੀ ਸੁੱਚੇ ਮੂੰਹ ਵਾਪਸ ਪਰਤੇ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਕਿਲੀ ਚਾਹਲਾਂ 'ਚ ਕੀਤੀ ਰੈਲੀ ਤੋਂ ਬਾਅਦ ਪੰਜਾਬ ਦੀ ਰਾਜਨੀਤੀ ਵਿੱਚ ਚਰਚਾ ਦਾ ਮਾਹੌਲ ਬਣ ਗਿਆ ਹੈ।ਰੈਲੀ ਤੋਂ ਬਾਅਦ ਪੰਜਾਬ ਦੇ ਲੋਕਾਂ ਵਿੱਚ ਨਿਰਾਸ਼ਾ ਦੇ ਸੁਰ ਸੁਣਨ ਨੂੰ ਮਿਲ ਰਹੇ ਹਨ।ਲੋਕਾਂ ਨੂੰ ਉਮੀਦ ਸੀ ਕਿ ਕੇਂਦਰੀ ਗ੍ਰਹਿ ਮੰਤਰੀ ਆਪਣੇ ਦੌਰੇ ਦੌਰਾਨ ਪੰਜਾਬ ਲਈ ਕੋਈ ਵੱਡਾ ਐਲਾਨ ਜਾਂ ਖਾਸ ਆਰਥਿਕ ਪੈਕੇਜ ਦੇਣਗੇ, ਪਰ ਅਜਿਹਾ ਨਾ ਹੋਣ ਕਾਰਨ ਲੋਕਾਂ ਦੀਆਂ ਉਮੀਦਾਂ 'ਤੇ ਪਾਣੀ ਫਿਰ ਗਿਆ ਤੇ ਅਮਿਤ ਸ਼ਾਹ ਸੁੱਚੇ ਮੂੰਹ ਵਾਪਸ ਪਰਤ ਗਏ। ਸ਼੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਕਿਹਾ ਕਿ ਰੈਲੀ ਵਿੱਚ ਹਰਿਆਣਾ ਚੰਡੀਗੜ੍ਹ ਤੋਂ ਲਿਆਂਦੇ ਗਏ ਵਰਕਰ ਦੇਖੇ ਗਏ, ਪਰ ਹਨੀ ਫੱਤਣਵਾਲਾ ਨੇ ਕਿਹਾ ਕਿ ਸਾਨੂੰ ਪੰਜਾਬੀਆਂ ਨੂੰ ਇਸ ਨਾਲ ਕੋਈ ਮਤਲਬ ਨਹੀਂ ਕਿ ਉਨ੍ਹਾਂ ਨੇ ਰੈਲੀ ਵਿੱਚ ਇਕੱਠ ਕਿੱਥੋਂ-ਕਿੱਥੋਂ ਵਰਕਰ ਲਿਆ ਕੇ ਕੀਤਾ, ਪਰ ਸਾਨੂੰ ਸਾਡੇ ਪੰਜਾਬ ਦੇ ਹੱਕ ਮਿਲਣੇ ਚਾਹੀਦੇ ਸੀ, ਜੋ ਗ੍ਰਹਿ ਮੰਤਰੀ ਵੱਲੋਂ ਅਣਗੌਲਿਆ ਕੀਤੇ ਗਏ ਤੇ ਦੂਜੀਆਂ ਪਾਰਟੀਆਂ ਕਾਂਗਰਸ ਤੇ ਆਮ ਆਦਮੀ ਪਾਰਟੀ ਦੀ ਤਰ੍ਹਾਂ ਪੰਜਾਬ ਨਾਲ ਮਤਰੇਈ ਮਾਂ ਵਾਲਾ ਵਿਹਾਰ ਕੀਤਾ ਗਿਆ ਉਨ੍ਹਾਂ ਪੁਰਾਣੇ ਘਟਨਾ ਚੱਕਰ ਨੂੰ ਯਾਦ ਕਰਦਿਆਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਮੇਂ ਜਦੋਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਦੌਰੇ 'ਤੇ ਆਏ ਸਨ, ਤਾਂ ਉਹ ਰਸਤੇ 'ਚੋਂ ਹੀ ਵਾਪਸ ਮੁੜ ਗਏ ਸਨ।ਉਸ ਸਮੇਂ ਕਿਹਾ ਗਿਆ ਸੀ ਕਿ ਕਿਸਾਨਾਂ ਵੱਲੋਂ ਰਸਤਾ ਰੋਕੇ ਜਾਣ ਕਾਰਨ ਉਹ ਫ਼ਿਰੋਜ਼ਪੁਰ ਨਹੀਂ ਪਹੁੰਚ ਸਕੇ।ਹਾਲਾਂਕਿ ਇਸ ਮਾਮਲੇ 'ਚ ਅਸਲ ਹਕੀਕਤ ਕੀ ਸੀ, ਇਹ ਜਾਂਚ ਦਾ ਵਿਸ਼ਾ ਹੈ। ਫੱਤਣਵਾਲਾ ਨੇ ਕਿਹਾ ਕਿ ਇਸ ਵਾਰ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਦੌਰਾ ਬਿਨਾਂ ਕਿਸੇ ਵਿਘਨ ਦੇ ਹੋਇਆ ਤੇ ਵਿਸ਼ਾਲ ਰੈਲੀ ਵੀ ਕੀਤੀ ਗਈ, ਪਰ ਇਸ ਦੇ ਬਾਵਜੂਦ ਉਹ ਪੰਜਾਬ ਲਈ ਕੋਈ ਵੱਡਾ ਐਲਾਨ ਕੀਤੇ ਬਿਨਾਂ ਹੀ ਵਾਪਸ ਚਲੇ ਗਏ।ਹਨੀ ਫੱਤਣਵਾਲਾ ਵਾਲਾ ਨੇ ਕਿਹਾ ਕਿ ਜੇਕਰ ਪੰਜਾਬ ਦਾ ਭਲਾ ਹੋ ਸਕਦਾ ਤਾਂ ਉਹ ਸਿਰਫ਼ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਲ ਦੌਰਾਨ ਹੋ ਸਕਦਾ, ਕਿਉਂਕਿ ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਲਈ ਜੋ ਕੀਤਾ, ਉਹ ਕੋਈ ਵੀ ਨੇਤਾ ਨਹੀਂ ਕਰ ਸਕਦਾ।

## 12 ਕਰੋੜ ਨਾਲ ਬਣੇ ਅੰਡਰਬ੍ਰਿਜ ਦਾ ਕੀਤਾ ਉਦਘਾਟਨ



**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਲਗਭਗ 12 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਅੰਡਰਬ੍ਰਿਜ ਦਾ ਉਦਘਾਟਨ ਕੀਤਾ।ਮੰਤਰੀ ਨੇ ਕਿਹਾ ਕਿ ਇਹ ਅੰਡਰਬ੍ਰਿਜ ਇਲਾਕੇ ਦੇ ਲੋਕਾਂ ਲਈ ਇੱਕ ਵੱਡੀ ਸੌਗਾਤ ਹੈ, ਜਿਸ ਨਾਲ ਆਵਾਜਾਈ ਨੂੰ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ ਅਤੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਦੌਰਾਨ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਟ੍ਰੈਫਿਕ ਜਾਮ ਦੀ ਸਮੱਸਿਆ ਘੱਟ ਹੋਵੇਗੀ ਤੇ ਹਾਦਸਿਆਂ ਵਿੱਚ ਵੀ ਕਮੀ ਆਵੇਗੀ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਅੰਡਰਬ੍ਰਿਜ ਦੀ ਬੜੇ ਲੰਬੇ ਸਮੇਂ ਤੋਂ ਮੰਗ ਸੀ, ਉਹ ਅੱਜ ਪੂਰੀ ਹੋ ਗਈ ਹੈ ਤੇ ਇਹ ਬ੍ਰਿਜ ਲੋਕਾਂ ਦੇ ਸਪੁਰਦ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੋ ਸ਼ਹਿਰ ਦੋ ਹਿੱਸਿਆਂ ਵਿਚ ਵੰਡਿਆਂ ਹੋਇਆ ਸੀ, ਅੰਡਰਬ੍ਰਿਜ ਬਨਣ ਨਾਲ ਸ਼ਹਿਰ ਦਾ ਸੁਮੇਲ ਕਰਾਉਣ ਵਿਚ ਅੱਜ ਅਸੀਂ ਕਾਮਯਾਬ ਹੋ ਗਏ ਹਾਂ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁੱਖ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਸਮਾਨ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਹੋਰ ਆ ਰਹੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਜਲਦ ਹੱਲ ਕਰਾਉਣ ਦਾ ਭਰੋਸਾ ਦਿੱਤਾ।ਇਸ ਤੋਂ ਇਲਾਵਾ ਉਨ੍ਹਾਂ ਗਲੀ ਨੰਬਰ 17 ਸਰਾਭਾ ਨਗਰ ਵਿਖੇ ਗਲੀ ਦਾ ਉਦਘਾਟਨ ਵੀ ਕੀਤਾ।

## ਕੱਪੜਿਆਂ ਦੀ ਸਜਾਵਟ ਦੀ ਤਕਨੀਕ ਤੇ ਸਿਖਲਾਈ ਬਾਰੇ ਪ੍ਰੋਗਰਾਮ




**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਪੇਂਡੂ ਖੇਤੀ ਕਾਰਜ ਅਨੁਭਵ (ਰੇਵਾਈ) ਪ੍ਰੋਗਰਾਮ ਤਹਿਤ ਕੱਪੜਾ ਅਲਾਂਕਰਣ ਤਕਨੀਕਾਂ ਤੇ ਦੋ ਦਿਨਾ ਆਫ-ਕੈਂਪਸ ਸਿਖਲਾਈ ਪ੍ਰੋਗਰਾਮ ਦਾ ਭਾਸ਼ਨ, ਜਿਸਦਾ ਉਦੇਸ਼ ਕੱਪੜੇ ਦੀ ਸਜਾਵਟ ਵਿੱਚ ਪ੍ਰਤਿਭਾਸ਼ਾਲੀ ਦੇ ਹੁਨਰ ਅਤੇ ਰਚਨਾਤਮਕਤਾ ਵਧਣਾ ਸੀ।ਇਸ ਸਿਖਲਾਈ ਵਿੱਚ ਕੁੱਲ 20 ਔਰਤਾਂ ਨੇ ਭਾਗ ਲਿਆ।ਪ੍ਰੋਗਰਾਮ ਵਿੱਚ ਤਾਈ ਐਂਡ ਡਾਈ, ਸਟੇਂਸਿਲ ਪ੍ਰਿੰਟਿੰਗ, ਬਲਾਕ ਪ੍ਰਿੰਟਿੰਗ ਤੇ ਵੱਖ-ਵੱਖ ਕਢਾਈ ਸ਼ੈਲੀਆਂ ਸਮੇਤ ਕਈ ਪ੍ਰੰਪਰਾਗਤ ਤੇ ਸਮਕਾਲੀ ਅਲਾਂਕਰਣ ਤਕਨੀਕਾਂ ਨੂੰ ਸ਼ਾਮਲ ਕੀਤਾ ਗਿਆ ਸੀ। ਡਾ. ਰਿਤੂ ਮਿੱਤਲ ਗੁਪਤਾ ਦੇ ਮਾਰਗਦਰਸ਼ਨ ਵਿੱਚ ਵਿਚਾਰ-ਵਟਾਂਦਰਾ ਕੀਤਾ ਗਿਆ। ਸਭ ਉੱਚ ਗੁਣਵੱਤਾ ਵਾਲੇ ਅਲੰਕ੍ਰਿਤ ਕੱਪੜੇ ਉਤਪਾਦਾਂ ਵਿੱਚ ਰਚਨਾਤਮਕਤਾ, ਰੰਗ ਸੰਗ੍ਰਹਿ, ਉਪਯੋਗੀ ਦੀ ਚੋਣ ਤੇ ਖੋਜ ਤਕਨੀਕਾਂ ਦੇ ਮਹੱਤਵ ਉੱਤੇ ਪ੍ਰਕਾਸ਼ ਪਇਆ।

## ਪੀ ਆਰ ਟੀ ਸੀ ਹੈੱਡ ਆਫਿਸ ਦੀ ਐਕਸ਼ਨ ਕਮੇਟੀ ਵੱਲੋਂ ਮੰਗਾਂ ਨੂੰ ਲੈ ਕੇ ਗੇਟ ਰੈਲੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੀਆਰਟੀਸੀ ਦਫਤਰ ਬਠਿੰਡਾ 'ਚ ਹੈੱਡ ਆਫਿਸ ਦੀ ਐਕਸ਼ਨ ਕਮੇਟੀ ਦੇ ਸੱਦੇ 'ਤੇ ਪੀਆਰਟੀਸੀ ਬਠਿੰਡਾ ਡੀਪੂ ਦੇ ਗੇਟ 'ਤੇ ਵਰਕਰਾਂ ਵੱਲੋਂ ਭੱਖਦੀਆਂ ਮੰਗਾਂ ਦੇ ਸਬੰਧ ਵਿੱਚ ਗੇਟ ਰੈਲੀ ਕੀਤੀ ਗਈ। ਇਸ ਗੇਟ ਰੈਲੀ ਵਿੱਚ ਐਕਸ਼ਨ ਕਮੇਟੀ ਦੇ ਸਾਰੇ ਮੈਂਬਰਾਂ ਨੇ ਪੰਜਾਬ ਸਰਕਾਰ ਤੇ ਪੀਆਰਟੀਸੀ ਦੀ ਮੈਨੇਜਮੈਂਟ ਦਾ ਪਿੱਟ ਸਿਆਪਾ ਕੀਤਾ। ਇਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਅਹੁਦੇਦਾਰਾਂ ਨੇ ਤਨਖਾਹ, ਪੈਨਸ਼ਨ ਸਮੇਂ ਸਿਰ ਨਾ ਮਿਲਣਾ, ਪੀਆਰਟੀਸੀ ਵਿੱਚ ਨਵੀਆਂ ਬੱਸਾਂ ਨਾ ਪਾਉਣਾ, ਕੱਚੇ ਕਾਮਿਆਂ ਨੂੰ ਪੱਕੇ ਨਾ ਕਰਨਾ, ਪਿਛਲੇ ਲੰਮੇ ਸਮੇਂ ਤੋਂ ਵਰਕਰਾਂ ਦੇ ਬਕਾਏ ਨਾ ਦੇਣਾ, ਡੀਏ ਦੀ ਕਿਸ਼ਤ ਨਾ ਜਾਰੀ ਕਰਨਾ, ਪੀਆਰਟੀਸੀ ਦਾ ਮੁਫਤ ਬੱਸ ਸਫ਼ਰ ਦਾ ਬਕਾਇਆ ਨਾ ਦੇਣਾ, ਪੰਜਾਬ ਸਰਕਾਰ ਵੱਲੋਂ ਹਾਈ ਕੋਰਟ ਵਿੱਚ ਹੋਏ ਫੈਸਲੇ ਲਾਗੂ ਨਾ ਕਰਨਾ ਆਦਿ ਦੀ ਜ਼ੋਰਦਾਰ ਨਿੰਦਾ ਕੀਤੀ। ਅਹੁਦੇਦਾਰਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਹੈੱਡ ਆਫਿਸ ਦੀ ਐਕਸ਼ਨ ਕਮੇਟੀ ਵੱਲੋਂ 20 ਮਾਰਚ 2026 ਨੂੰ ਪਟਿਆਲਾ ਦੇ ਨਵੇਂ ਬੱਸ ਅੱਡੇ ਵਿੱਚ ਦਿੱਤੇ ਜਾ ਰਹੇ ਧਰਨੇ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਰੈਲੀ ਵਿੱਚ ਰਿਟਾਇਰਮੈਂਟ ਭਾਈਚਾਰੇ ਦੇ ਪ੍ਰਧਾਨ ਨਛੱਤਰ ਸਿੰਘ, ਇੰਟਕ ਦੇ ਪ੍ਰਧਾਨ ਗੰਡਾ ਸਿੰਘ, ਕਰਮਚਾਰੀ ਦਲ ਦੇ ਪ੍ਰਧਾਨ ਸੁਖਜਿੰਦਰ ਸਿੰਘ, ਐੱਸਸੀ, ਬੀਸੀ ਦੇ ਪ੍ਰਧਾਨ ਹਰਿਮੰਦਰ ਸਿੰਘ ਪਥਰਾਲਾ ਤੇ ਏਟਕ ਦੇ ਪ੍ਰਧਾਨ ਸੂਰਜ ਸਿੰਘ ਤੇ ਸੀਟੂ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸੰਬੋਧਨ ਕੀਤਾ।

## ਪੀ ਜੀ ਆਈ 'ਚ ਸਰਜਨਾਂ ਲਈ ਦੀ ਰੋਜ਼ਾ ਟਰੌਮਾ ਮੈਨੇਜਮੈਂਟ ਕੋਰਸ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਜਨਰਲ ਸਰਜਰੀ ਵਿਭਾਗ ਵੱਲੋਂ ਸਰਜਨਾਂ ਲਈ ਰੋਜ਼ਾ ਟ੍ਰੌਮਾ ਮੈਨੇਜਮੈਂਟ ਕੋਰਸ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਹ ਅਕਾਦਮਿਕ ਪ੍ਰੋਗਰਾਮ ਟ੍ਰੌਮਾ ਕੇਅਰ ਤੇ ਬਰਨਜ਼ ਦੇ ਕੇਂਦਰ ਦੇ ਸਹਿਯੋਗ ਨਾਲ ਕਰਵਾਇਆ ਗਿਆ।ਕੋਰਸ ਦਾ ਮੁੱਖ ਉਦੇਸ਼ ਟ੍ਰੌਮਾ ਦੇ ਮਰੀਜ਼ਾਂ ਦਾ ਇਲਾਜ ਕਰਨ ਵਾਲੇ ਸਰਜਨਾਂ ਦੀ ਮੁਹਾਰਤ ਤੇ ਗਿਆਨ ਨੂੰ ਵਧਾਉਣਾ ਸੀ। ਪ੍ਰੋਗਰਾਮ ਦੀ ਖਾਸ ਵਿਸ਼ੇਸ਼ਤਾ ਕੈਡੇਵਰਿਕ ਵਰਕਸ਼ਾਪ ਰਹੀ, ਜਿਸ ਵਿੱਚ ਡੈਮੇਜ ਕੰਟਰੋਲ ਸਰਜਰੀ ਤੇ ਡੈਫਿਨਿਟਿਵ ਟ੍ਰੌਮਾ ਸਰਜਰੀ ਬਾਰੇ ਹੱਥੋ ਹੱਥ ਸਿਖਲਾਈ ਦਿੱਤੀ ਗਈ, ਜਿਸ ਨਾਲ ਭਾਗੀਦਾਰਾਂ ਨੂੰ ਗੰਭੀਰ ਰੂਪ ਨਾਲ ਜ਼ਖ਼ਮੀ ਮਰੀਜ਼ਾਂ ਦੀ ਸੰਭਾਲ ਲਈ ਮਹੱਤਵਪੂਰਨ ਓਪਰੇਟਿਵ ਹੁਨਰ ਪ੍ਰਾਪਤ ਹੋਏ।ਪ੍ਰੋਗਰਾਮ ਵਿੱਚ 'ਲੇਸਨਜ਼ ਫ੍ਰਮ ਦ ਬੈਟਲਫੀਲਡ' ਵਿਸ਼ੇ 'ਤੇ ਵੀ ਸੈਸ਼ਨ ਕਰਵਾਏ ਗਏ, ਜਿੱਥੇ ਸਸ਼ਸਤਰ ਬਲਾਂ ਦੇ ਡਾਕਟਰਾਂ ਨੇ ਜੰਗੀ ਟ੍ਰੌਮਾ ਕੇਅਰ ਦੇ ਆਪਣੇ ਤਜਰਬੇ ਸਾਂਝੇ ਕੀਤੇ।ਇਸ ਸਮਾਗਮ ਨੂੰ ਪੀਜੀਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਅਤੇ ਟ੍ਰੌਮਾ ਤੇ ਬਰਨਜ਼ ਕੇਂਦਰ ਦੇ ਨੋਡਲ ਅਧਿਕਾਰੀ ਪ੍ਰੋ. ਅਤੁਲ ਪਰਾਸ਼ਰ, ਨਾਲ ਹੀ ਐੱਨਪੀਪੀਐੱਮਟੀ ਤੇ ਬੀ ਆਈ ਅਤੇ ਐਨਾਟਮੀ ਵਿਭਾਗ ਦੀ ਮੁਖੀ ਪ੍ਰੋ. ਅੰਜਲੀ ਅੱਗਰਵਾਲ ਵੱਲੋਂ ਸਹਿਯੋਗ ਪ੍ਰਾਪਤ ਹੋਇਆ।

## ਇਤਿਹਾਸਕ ਫੌਜੀ ਤੇ ਸਾਹਿਤਕ ਮੇਲੇ ਦੀਆਂ ਤਿਆਰੀਆਂ ਸ਼ੁਰੂ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਰਥਵਿਵਸਥਾ ਤੇ ਸੈਰ-ਸਪਾਟੇ ਨੂੰ ਹੁਲਾਰਾ ਦੇਣ ਦੇ ਨਾਲ-ਨਾਲ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਸ਼ਾਨਦਾਰ ਵਿਰਾਸਤ ਨੂੰ ਪ੍ਰਦਰਸ਼ਤ ਕਰਨ ਦੇ ਉਦੇਸ਼ ਨਾਲ ਇਕ ਇਤਿਹਾਸਕ ਪਹਿਲਕਦਮੀ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ (ਚੰਡੀਗੜ੍ਹ) ਦੁਆਰਾ ਗੋਲਡਨ ਐਰੋ ਡਵੀਜ਼ਨ ਤੇ ਫਿਰੋਜ਼ਪੁਰ ਲਿਟਰੇਟੀ ਐਸੋਸੀਏਸ਼ਨ ਦੇ ਸਹਿਯੋਗ ਨਾਲ ਕੀਤੀ ਜਾ ਰਹੀ ਹੈ। ਇਹ ਮੇਲਾ 28 ਤੇ 29 ਮਾਰਚ ਨੂੰ ਕੀਤਾ ਜਾਵੇਗਾ। ਇਸ ਦਾ ਮੁੱਖ ਉਦੇਸ਼ ਇਸ ਸਰਹੱਦੀ ਸ਼ਹਿਰ ਨੂੰ ਫੌਜੀ ਸੈਰ-ਸਪਾਟੇ ਦੇ ਕੇਂਦਰ ਵਿਚ ਬਦਲਣਾ ਹੈ। ਇਸ ਦਾ ਉਦੇਸ਼ ਭਾਰਤ ਦੀਆਂ ਸਭ ਤੋਂ ਪੁਰਾਣੀਆਂ ਫੌਜੀ ਛਾਉਣੀਆਂ ਵਿੱਚੋਂ ਇਕ, ਫਿਰੋਜ਼ਪੁਰ ਦੀ ਵਿਰਾਸਤ ਤੇ ਫੌਜੀ ਇਤਿਹਾਸ ਨੂੰ ਉਜਾਗਰ ਕਰਕੇ ਨੌਜਵਾਨਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨਾ ਵੀ ਹੈ। ਇਹ ਮੇਲਾ ਰਸਮੀ ਤੌਰ 'ਤੇ ਅੱਜ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿਖੇ ਇਕ ਸ਼ਾਨਦਾਰ ਕਰਟੇਨ ਰੇਜ਼ਰ ਸਮਾਰੋਹ ਨਾਲ ਸ਼ੁਰੂ ਹੋਇਆ। ਇਸ ਸਮਾਗਮ ਦੀ ਪ੍ਰਧਾਨਗੀ ਮੇਜਰ ਜਨਰਲ ਰਣਜੀਤ ਸਿੰਘ ਮਨਰਾਲ (ਐੱਸਐੱਮ, ਵੀਐੱਸਐੱਮ), ਜੀਓਸੀ, ਗੋਲਡਨ ਐਰੋ ਡਵੀਜ਼ਨ ਨੇ ਕੀਤੀ, ਜਿਨ੍ਹਾਂ ਵੱਲੋਂ ਅਧਿਕਾਰਤ ਤੌਰ 'ਤੇ ਫੈਸਟੀਵਲ ਦਾ ਪੋਸਟਰ ਲਾਂਚ ਕੀਤਾ। ਇਸ ਮੌਕੇ ਗੋਲਡਨ ਐਰੋ ਫੈਮਿਲੀ ਵੈਲਫੇਅਰ ਆਰਗੇਨਾਈਜ਼ੇਸ਼ਨ ਦੀ ਚੇਅਰਪਰਸਨ ਗੀਤਾਂਜਲੀ ਮਨਰਾਲ, ਡੀਸੀਐੱਮ ਗਰੁੱਪ ਆਫ਼ ਸਕੂਲਜ਼ ਦੇ ਸੀਈਓ ਡਾ. ਅਨਿਰੁਧ ਗੁਪਤਾ ਤੇ ਕਈ ਸੀਨੀਅਰ ਫੌਜੀ ਅਧਿਕਾਰੀ ਮੌਜੂਦ ਸਨ। ਡਾ. ਅਨਿਰੁਧ ਗੁਪਤਾ ਨੇ ਇਸ ਪਹਿਲੇ ਤਿਉਹਾਰ ਦੇ ਆਯੋਜਨ ਵਿੱਚ ਉਨ੍ਹਾਂ ਦੇ ਪੂਰੇ ਸਹਿਯੋਗ ਲਈ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ, ਗੋਲਡਨ ਐਰੋ ਡਵੀਜ਼ਨ ਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਦੀ ਅਮੀਰ ਵਿਰਾਸਤ, ਇਕ ਇਤਿਹਾਸਕ ਫੌਜੀ ਛਾਉਣੀ ਵਜੋਂ ਪੂਰੇ ਸਮਾਗਮ ਦਾ ਮੁੱਖ ਆਕਰਸ਼ਨ ਹੋਵੇਗੀ।

# ਕੰਸਟਰਕਸ਼ਨ ਵਰਕਰਜ਼ ਯੂਨੀਅਨ ਵੱਲੋਂ ਚੰਡੀਗੜ੍ਹ 'ਚ ਸੂਬਾ ਪੱਧਰੀ ਧਰਨਾ 27 ਨੂੰ

**ਲੁਧਿਆਣਾ/ਜਲਾਲਾਬਾਦ (ਐੱਮ ਐੱਸ ਭਾਟੀਆ/ਬਲਵਿੰਦਰ ਸਿੰਘ)**



ਪੰਜਾਬ ਲੇਬਰ ਵਿਭਾਗ ਦੇ ਪ੍ਰਿੰਸੀਪਲ ਸੈਕਟਰੀ ਤੇ ਬਿਲਡਿੰਗ ਐਂਡ ਅੰਦਰ ਕੰਸਟਰੱਕਸ਼ਨ ਵੈੱਲਫੇਅਰ ਬੋਰਡ ਦੇ ਸੈਕਟਰੀ ਵੱਲੋਂ ਬੋਰਡ ਦੇ ਮੈਂਬਰਾਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਕਿਰਤੀਆਂ ਦੀ ਭਲਾਈ ਦੀ ਬਜਾਏ ਉਨ੍ਹਾਂ ਖਿਲਾਫ਼ ਆਪ ਹੁਦਰੇ ਲਏ ਜਾ ਰਹੇ ਫੈਸਲਿਆਂ ਦਾ ਕੰਸਟਰੱਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਪੰਜਾਬ (ਰਜਿ:) ਨੇ ਸਖ਼ਤ ਨੋਟਿਸ ਲੈਂਦਿਆਂ ਪੰਜਾਬ ਦੇ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸਕੱਤਰ ਖਿਲਾਫ਼ ਸੂਬਾ ਪੱਧਰੀ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਹੈ। ਯੂਨੀਅਨ ਦੀ ਆਨਲਾਈਨ ਹੋਈ ਸੂਬਾ ਪੱਧਰੀ ਹੰਗਾਮੀ ਮੀਟਿੰਗ 'ਚ ਲਏ ਗਏ ਫੈਸਲੇ ਸਬੰਧੀ ਪ੍ਰੈੱਸ ਦੇ ਨਾਂਅ ਜਾਰੀ ਕੀਤੇ ਬਿਆਨ ਰਾਹੀਂ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਪ੍ਰਧਾਨ ਬੋਹੜ ਸਿੰਘ ਸੁਖਨਾ, ਮੀਤ ਪ੍ਰਧਾਨ ਇਕਬਾਲ ਸਿੰਘ ਤਖਾਣਵੱਧ, ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ ਤੇ ਏਟਕ ਦੇ ਜਥੇਬੰਦਕ ਸਕੱਤਰ ਸਾਥੀ ਮਨਿੰਦਰ ਸਿੰਘ ਭਾਟੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੇਬਰ ਡਿਪਾਰਟਮੈਂਟ ਦੇ ਪ੍ਰਿੰਸੀਪਲ ਸੈਕਟਰੀ ਵੱਲੋਂ ਬੋਰਡ ਵਿੱਚ ਨਿਯੁਕਤ ਕੀਤੇ ਹੋਏ ਨੁਮਾਇੰਦਿਆਂ ਨਾਲ ਮੀਟਿੰਗ ਕਰਨ ਤੋਂ ਬਿਨਾਂ ਆਪਣੀ ਮਰਜ਼ੀ ਨਾਲ ਨਵੇਂ ਨਿਯਮ ਬਣਾ ਕੇ ਆਪ ਹੁਦਰਾ ਸ਼ਾਹੀ ਫ਼ਰਮਾਨ ਜਾਰੀ ਕਰਦਿਆਂ ਫੈਸਲੇ ਲਏ ਜਾ ਰਹੇ ਹਨ, ਜੋ ਕਿ ਕਿਸੇ ਵੀ ਤਰ੍ਹਾਂ ਕਿਰਤੀਆਂ ਦੇ ਹੱਕ ਵਿੱਚ ਭੁਗਤਦੇ ਨਜ਼ਰ ਨਹੀਂ ਆ ਰਹੇ।ਇਸ ਕਰਕੇ ਯੂਨੀਅਨ ਵੱਲੋਂ ਪ੍ਰਿੰਸੀਪਲ ਸੈਕਟਰੀ ਖਿਲਾਫ਼ 27 ਮਾਰਚ ਨੂੰ ਚੰਡੀਗੜ੍ਹ ਸਥਿਤ ਕਿਰਤ ਭਵਨ ਸਾਹਮਣੇ ਸੂਬਾ ਪੱਧਰੀ ਧਰਨਾ ਦੇਣ ਦਾ ਫੈਸਲਾ ਕੀਤਾ ਹੈ। ਆਗੂਆਂ ਨੇ ਦੱਸਿਆ ਕਿ ਕਿਰਤ ਵਿਭਾਗ ਵੱਲੋਂ ਐਕਸ ਗਰੇਸ਼ੀਆ ਸਕੀਮ ਨੂੰ ਮਨਜ਼ੂਰੀ ਨਾ ਦੇਣਾ, ਐੱਲਟੀਸੀ ਨੂੰ ਲਗਭਗ ਖਤਮ ਕਰਨ ਕਿਨਾਰੇ ਲੈ ਕੇ ਆਉਣਾ, ਸਰਜਰੀ ਦੇ ਬਕਾਇਆ ਰਕਮ ਨੂੰ ਸਿਹਤ ਬੀਮਾ ਨਾਲ ਜੋੜ ਕੇ ਕਿਰਤੀਆਂ ਨੂੰ ਨਜਾਇਜ਼ ਤੌਰ 'ਤੇ ਤੰਗ ਪ੍ਰੇਸ਼ਾਨ ਕਰਨਾ, ਦੇਸ਼ ਨੂੰ ਉਸਾਰਨ ਵਿੱਚ ਜ਼ਿੰਦਗੀ ਭਰ ਆਪਣੀਆਂ ਸੇਵਾਵਾਂ ਦੇਣ ਵਾਲੇ ਕਿਰਤੀਆਂ ਨੂੰ ਪੈਨਸ਼ਨ ਦੇਣ ਲਈ ਵੱਖ-ਵੱਖ ਸਮਾਂ ਸ਼੍ਰੇਣੀਆਂ ਵਿੱਚ ਵੰਡ ਕੇ ਪੈਨਸ਼ਨ ਨੂੰ ਘਟਾ ਕੇ ਦੇਣ ਦਾ ਫੈਸਲਾ ਕਰਨਾ ਕਿਰਤੀਆਂ 'ਤੇ ਵੱਡਾ ਆਰਥਿਕ ਹਮਲਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਸੂਬਾ ਪੱਧਰੀ ਹੋਈ ਮੀਟਿੰਗ ਵਿੱਚ ਲੁਧਿਆਣਾ ਤੋਂ ਸਾਥੀ ਮਨਿੰਦਰ ਸਿੰਘ ਭਾਟੀਆ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਰਣਜੀਤ ਸਿੰਘ, ਤਰਨ ਤਾਰਨ ਤੋਂ ਗੁਰਦਿਆਲ ਸਿੰਘ ਖੰਡੂਰ ਸਾਹਿਬ, ਮੋਗਾ ਤੋਂ ਇਕਬਾਲ ਤਖਾਣਵੱਧ, ਡਾਕਟਰ ਇੰਦਰਬੀਰ ਗਿੱਲ, ਪਟਿਆਲਾ ਤੋਂ ਕਸ਼ਮੀਰ ਸਿੰਘ ਗਦਾਈਆ, ਸੰਗਰੂਰ ਤੋਂ ਲੀਲੇ ਖਾਂ, ਪ੍ਰਦੀਪ ਚੀਮਾ, ਬਰਨਾਲਾ ਤੋਂ ਖੁਸ਼ਿਆ ਸਿੰਘ, ਫਰੀਦਕੋਟ ਤੋਂ ਚਰਨਜੀਤ ਸਿੰਘ ਚਮੇਲੀ ਫਿਰੋਜ਼ਪੁਰ ਤੋਂ ਚਰਨਜੀਤ ਛਾਂਗਾਰਾਏ, ਫਾਜ਼ਿਲਕਾ ਤੋਂ ਜੰਮੂਰਾਮ ਬਨ ਵਾਲਾ ਤੇ ਸੋਨਾ ਸਿੰਘ ਧੁਨਕੀਆਂ ਹਾਜ਼ਰ ਹੋਏ।ਇਸ ਮੀਟਿੰਗ ਵਿੱਚ ਸੂਬਾ ਪੱਧਰੀ ਲਗਾਏ ਜਾ ਰਹੇ ਧਰਨੇ ਵਿੱਚ ਜ਼ਿਲ੍ਹੇ ਵਾਈਜ਼ ਕੋਟੇ ਦੀ ਵੰਡ ਕੀਤੀ ਗਈ ਤੇ ਇਸ ਧਰਨੇ ਨੂੰ ਕਾਮਯਾਬ ਬਣਾਉਣ ਲਈ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।

# ਸ੍ਰੀ ਸੰਗਮੇਸ਼ਵਰ ਚੈਰੀਟੇਬਲ ਸੁਸਾਇਟੀ ਤੇ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਭੰਡਾਰਾ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਸੰਗਮੇਸ਼ਵਰ ਮਹਾਦੇਵ ਅਰੁਣਾਏ ਚੈਰੀਟੇਬਲ ਸੋਸਾਇਟੀ ਤੇ ਸ੍ਰੀ ਬਾਲਾ ਜੀ ਟਰੱਸਟ ਸੁਨਾਮ ਦੁਆਰਾ ਤ੍ਰਿਓਦਸ਼ੀ ਮੇਲੇ 'ਤੇ ਸੁਨਾਮ ਵਾਲੀ ਧਰਮਸ਼ਾਲਾ (ਅਰੁਣਾਏ) ਵਿੱਚ ਭੰਡਾਰਾ ਤੇ ਮੋਬਾਈਲ ਹਸਪਤਾਲ ਵੈਨ ਰਾਹੀਂ 114ਵਾਂ ਮੈਡੀਕਲ ਕੈਂਪ ਲਗਾਇਆ ਗਿਆ।

ਗੌਰਵ ਜਨਾਲੀਆ ਨੇ ਦੱਸਿਆ ਕਿ ਸ੍ਰੀ ਸੰਗਮੇਸ਼ਵਰ ਮਹਾਂਦੇਵ ਦੇ ਦਰਸ਼ਨ ਕਰਨ ਲਈ ਹਰ ਮਹੀਨੇ ਤ੍ਰਿਓਦਸ਼ੀ ਮੌਕੇ ਸ਼ਰਧਾਲੂਆਂ ਦੀ ਭੀੜ ਉਮੜਦੀ ਹੈ, ਜਿਸ ਕਾਰਨ ਹਰ ਮਹੀਨੇ ਭੰਡਾਰਾ ਲਗਾਇਆ ਜਾਂਦਾ ਹੈ ਤੇ ਨਾਲ ਹੀ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਮੋਬਾਈਲ ਹਸਪਤਾਲ ਵੈਨ ਰਾਹੀਂ 114ਵਾਂ ਮੁਫ਼ਤ ਮੈਡੀਕਲ ਕੈਂਪ ਅਰੁਣਾਏ ਤੇ ਆਸ-ਪਾਸ ਦੇ ਪਿੰਡਾਂ ਵਿੱਚ ਲਗਾਇਆ ਗਿਆ।ਫਾਰਮਾਸਿਸਟ ਅਮਨਦੀਪ ਗੋਇਲ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ ਸ੍ਰੀ ਬਾਲਾ ਜੀ ਟਰੱਸਟ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡਿਆ ਗਈਆਂ।ਇਸ ਮੌਕੇ ਮਨਪ੍ਰੀਤ ਬਾਂਸਲ, ਐਡਵੋਕੇਟ ਨਵੀਨ ਜੈਨ, ਮੰਗਤ ਰਾਏ ਜਿੰਦਲ, ਰੋਹਿਤ ਗੋਇਲ, ਪਰਮਾਨੰਦ ਗਰਗ, ਸੋਨੂ ਨਾਗਰਾ, ਵਿਜੇ ਕੁਮਾਰ, ਜਤਿਨ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਗੁਰੂ ਨਾਨਕ ਕਾਲਜ ਕੈਂਟ ਵਿਖੇ ਐਥਲੈਟਿਕ ਮੀਟ ਕਰਵਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਕਾਲਜ ਫਿਰੋਜ਼ਪੁਰ ਕੈਂਟ ਵਿਖੇ ਦੋ ਰੋਜ਼ਾ ਸਾਲਾਨਾ ਐਥਲੈਟਿਕ ਮੀਟ ਕਰਵਾਈ ਗਈ। ਇਸ ਐਥਲੈਟਿਕ ਮੀਟ ਦਾ ਉਦਘਾਟਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਚੇਅਰਮੈਨ ਗੁਰੂ ਨਾਨਕ ਐਜੂਕੇਸ਼ਨ ਸੋਸਾਇਟੀ ਵੱਲੋਂ ਕੀਤਾ ਗਿਆ। ਚੇਅਰਮੈਨ ਸਾਹਿਬ ਨੇ ਆਪਣੇ ਉਦਘਾਟਨੀ ਸ਼ਬਦਾਂ ਰਾਹੀਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜੀਵਨ ਵਿੱਚ ਖੇਡਾਂ ਦੇ ਮਹੱਤਵ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਤੰਦਰੁਸਤ ਸਰੀਰ ਵਿੱਚ ਹੀ ਤੰਦਰੁਸਤ ਦਿਮਾਗ ਰਹਿ ਸਕਦਾ ਹੈ। ਇਸ ਲਈ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਆਪਣੀ ਸਰੀਰਕ ਤੰਦਰੁਸਤੀ ਲਈ ਖੇਡਾਂ ਨੂੰ ਆਪਣੇ ਜੀਵਨ ਦਾ ਅਟੁੱਟ ਅੰਗ ਬਣਾਉਣ ਚਾਹੀਦਾ ਹੈ। ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਲਈ ਉਨ੍ਹਾਂ ਹਰ ਖੇਡ ਮੁਕਾਬਲੇ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਆਪਣੇ ਵੱਲੋਂ ਨਕਦ ਇਨਾਮੀ ਰਾਸ਼ੀ ਦੇਣ ਦਾ ਐਲਾਨ ਕੀਤਾ। ਇਸ ਦੋ ਰੋਜ਼ਾ ਐਥਲੈਟਿਕ ਮੀਟ ਵਿੱਚ ਲੜਕੇ ਤੇ ਲੜਕੀਆਂ ਦੇ ਰੱਸਾਕਸ਼ੀ, ਵਾਲੀਬਾਲ, ਬੈਡਮਿੰਟਨ, ਕ੍ਰਿਕਟ, ਟੇਬਲ ਟੈਨਿਸ, ਚੈੱਸ, ਦੌੜਾਂ (100 ਮੀਟਰ, 200 ਮੀਟਰ, 400 ਮੀਟਰ ਰੀਲੇਅ), ਲੌਂਗ ਜੰਪ, ਹਾਈ ਜੰਪ, ਡਿਸਕਸ ਥਰੋ, ਜੈਵਲਿਨ ਥਰੋ, ਸ਼ਾਟਪੁੱਟ ਥਰੋ ਆਦਿ ਦੇ ਵੱਖੋ-ਵੱਖਰੇ ਖੇਡ ਮੁਕਾਬਲੇ ਕਰਵਾਏ ਗਏ। ਐਥਲੈਟਿਕ ਮੀਟ ਦੇ ਦੂਜੇ ਦਿਨ ਡਾ. ਐੱਨ. ਆਰ. ਸ਼ਰਮਾ ਪ੍ਰਿੰਸੀਪਲ ਪੰਜਾਬ ਯੂਨੀਵਰਸਿਟੀ ਕੰਸਟੀਚੁਇੰਟ ਕਾਲਜ ਮੋਹਕਮ ਖਾਂ ਵਾਲਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਵਿਅਕਤੀ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀਆਂ ਹਨ। ਖੇਡਾਂ ਵਿੱਚ ਜਿੱਤ ਜਾਂ ਹਾਰ ਨਾਲੋਂ ਖੇਡਣ ਵਾਲੇ ਖਿਡਾਰੀ ਦਾ ਜਜ਼ਬਾ ਵਧੇਰੇ ਅਹਿਮੀਅਤ ਰੱਖਦਾ ਹੈ। ਕਾਲਜ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਸਾਰੇ ਵਿਦਿਆਰਥੀਆਂ ਨੂੰ ਇਸ ਐਥਲੈਟਿਕ ਮੀਟ ਵਿੱਚ ਵਧ ਚੜ੍ਹ ਕੇ ਭਾਗ ਲੈਣ ਤੇ ਸਮੂਹ ਸਟਾਫ਼ ਵੱਲੋਂ ਇਸ ਮੀਟ ਨੂੰ ਪੂਰੀ ਤਨਦੇਹੀ ਨਾਲ ਨੇਪਰੇ ਚਾੜ੍ਹਨ ਲਈ ਮੁਬਾਰਕਬਾਦ ਦਿੱਤੀ। ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ, ਟਰਾਫ਼ੀ, ਤਮਗੇ ਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਨੁਮਾਇੰਦੇ ਪ੍ਰਧਾਨ ਗੁਰਦੀਪ ਸਿੰਘ ਸੰਘਾ, ਡਾਇਰੈਕਟਰ ਪ੍ਰੋ. ਸਤੀਸ਼ ਗੁਪਤਾ, ਸੀਨੀਅਰ ਪ੍ਰੋ. ਇੰਦੂ ਗੁਪਤਾ, ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਭਾਰੀ ਬਾਰਸ਼ ਕਾਰਨ ਧੱਲੇਕੇ ਬਾਬਾ ਪੰਜਾਂ ਪੀਰਾਂ ਦਾ ਸੱਭਿਆਚਾਰਕ ਮੇਲਾ ਹੁਣ 22 ਨੂੰ ਹੋਵੇਗਾ : ਹਰਬੰਸ ਸਿੰਘ ਜੌਹਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਅਤੇ ਸਾਬਕਾ ਸਰਪੰਚ ਹਰਬੰਸ ਸਿੰਘ ਜੌਹਲ ਨੇ ਦੱਸਿਆ ਕਿ ਜੋ ਮੇਲਾ 19 ਮਾਰਚ ਨੂੰ ਪਿੰਡ ਧੱਲੇ ਕੇ ਬਾਬਾ ਪੰਜਾਂ ਪੀਰਾਂ ਜਗ੍ਹਾ 'ਤੇ ਹੋਣਾ ਸੀਸ ਉਹ ਭਾਰੀ ਬਾਰਸ਼ ਕਾਰਨ ਰੱਦ ਕਰ ਦਿੱਤਾ ਗਿਆ।ਇਹ ਮੇਲਾ ਹੁਣ 22 ਮਾਰਚ ਦਿਨ ਐਤਵਾਰ ਨੂੰ ਹੋਵੇਗਾ।ਉਨ੍ਹਾ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਦਾ ਜਿੱਥੇ ਧੰਨਵਾਦ ਕੀਤਾ, ਉੱਥੇ ਹੀ ਅਪੀਲ ਕੀਤੀ ਕਿ ਐਤਵਾਰ ਨੂੰ ਵੀ ਉਹ ਹੁੰਮ ਹੁਮਾ ਕੇ ਇਸ ਸੱਭਿਆਚਾਰਕ ਮੇਲੇ ਵਿੱਚ ਆਪਣੀ ਹਾਜ਼ਰੀ ਲਗਵਾਉਣ।ਇਸ ਮੌਕੇ ਗੁਰਪ੍ਰੀਤ ਸਿੰਘ ਮੈਂਬਰ, ਬਲਵੰਤ ਸਿੰਘ ਜੌਹਲ, ਮੰਦਰ ਸਿੰਘ, ਮਨਜੀਤ ਸਿੰਘ ਮਣੀ, ਗੁਰਚਰਨ ਸਿੰਘ, ਜਗਤਾਰ ਸਿੰਘ, ਜੰਗ ਸਿੰਘ ਮੈਂਬਰ, ਜਗਰੂਪ ਸਿੰਘ ਮੈਂਬਰ, ਹਰਜੀਤ ਸਿੰਘ, ਜਗਤਾਰ ਸਿੰਘ ਜੱਗਾ, ਸੁਖਜਿੰਦਰ ਸਿੰਘ ਸੁੱਖਾ, ਰਾਜਾ ਸਿੰਘ ਜੀਤ ਸਿੰਘ ਦੇਵ ਦੋਧਰੀਆ, ਹਰਜੀਤ ਸੈਕਟਰੀ, ਹਰਪ੍ਰੀਤ ਹੈਪੀ, ਡਾ. ਜੱਗੀ, ਮੀਤਾ ਬਾਵਾ, ਗੁਰਜੀਤ ਸਿੰਘ, ਬਲਦੇਵ ਨੈਸਲੇ, ਹਰਮਨ ਜੌਹਲ, ਦਵਿੰਦਰ ਨੈਸਲੇ ਆਦਿ ਪ੍ਰਬੰਧਕ ਹਾਜ਼ਰ ਸਨ।

# ਅਧਿਆਪਕਾਂ ਦੀ ਤਨਖਾਹ ਜਾਰੀ ਕਰਵਾਉਣ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪ੍ਰਾਇਮਰੀ ਅਧਿਆਪਕਾਂ ਦੀ ਫਰਵਰੀ ਮਹੀਨੇ ਦੀ ਤਨਖਾਹ ਜਾਰੀ ਨਾ ਹੋਣ ਕਾਰਨ ਪਰੇਸ਼ਾਨੀ ਵਿੱਚੋਂ ਗੁਜਰ ਰਹੇ ਅਧਿਆਪਕਾਂ ਦੀ ਤਨਖਾਹ ਜਾਰੀ ਕਰਵਾਉਣ ਦੇ ਲਈ ਜ਼ਿਲ੍ਹਾ ਬਠਿੰਡਾ ਦੀਆਂ ਅਧਿਆਪਕ ਜਥੇਬੰਦੀਆਂ ਵੱਲੋਂ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਮੰਗ ਪੱਤਰ ਦੇ ਕੇ ਤਨਖਾਹ ਲਈ ਬਜਟ ਜਾਰੀ ਕਰਵਾਉਣ ਦੀ ਮੰਗ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕਰੇਟਿਕ ਟੀਚਰਜ਼ ਫਰੰਟ ਬਠਿੰਡਾ ਦੀਆਂ ਦੋਵਾਂ ਜਥੇਬੰਦੀਆਂ ਦੇ ਪ੍ਰਧਾਨ ਬਲਜਿੰਦਰ ਸਿੰਘ, ਜਗਪਾਲ ਸਿੰਘ ਬੰਗੀ, ਜੀਟੀਯੂ ਦੇ ਬਲਦੇਵ ਸਿੰਘ, ਈਟੀਟੀ ਟੀਚਰ ਯੂਨੀਅਨ ਤੇ ਸੂਬਾ ਪ੍ਰਧਾਨ ਜਗਸੀਰ ਸਿੰਘ ਸਹੋਤਾ, ਈਟੀਟੀ ਅਧਿਆਪਕ ਯੂਨੀਅਨ ਦੇ ਆਗੂ ਗੁਰਜੀਤ ਸਿੰਘ ਜੱਸੀ, ਬੀਐਡ ਅਧਿਆਪਕ ਫਰੰਟ ਤੋਂ ਰਾਜਵੀਰ ਸਿੰਘ ਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ 19 ਦਿਨ ਬੀਤਣ ਦੇ ਬਾਵਜੂਦ ਪ੍ਰਾਇਮਰੀ ਅਧਿਆਪਕਾਂ ਦੀ ਤਨਖਾਹ ਜਾਰੀ ਨਹੀਂ ਕੀਤੀ ਗਈ।ਇਨ੍ਹੀਂ ਦਿਨੀਂ ਜਿੱਥੇ ਬੱਚਿਆਂ ਦੇ ਦਾਖਲੇ, ਫੀਸਾਂ ਭਰਨੀਆਂ ਹਨ, ਉਥੇ ਅਧਿਆਪਕਾਂ ਦੀਆਂ ਤਨਖਾਹਾਂ ਵਿੱਚੋਂ ਟੈਕਸ ਵੀ ਕੱਟੇ ਜਾਣੇ ਹੁੰਦੇ ਹਨ, ਤਨਖਾਹਾਂ ਜਾਰੀ ਨਾ ਹੋਣ ਕਾਰਨ ਜਿੱਥੇ ਅਧਿਆਪਕਾਂ ਦੇ ਘਰੇਲੂ ਖਰਚਿਆਂ ਦਾ ਬੋਝ ਵੱਧ ਗਿਆ ਹੈ, ਉੱਥੇ ਬੈਂਕਾਂ ਦੇ ਲੋਨ ਅਤੇ ਕਿਸ਼ਤਾਂ ਟੁੱਟਣ ਕਾਰਨ ਪਨੈਲਟੀਆਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ।ਅੱਜ ਵੱਖ-ਵੱਖ ਜਥੇਬੰਦੀਆਂ ਵੱਲੋਂ ਵੱਡੇ ਡੈਪੂਟੇਸ਼ਨ ਦੇ ਰੂਪ ਵਿੱਚ ਡਿਪਟੀ ਕਮਿਸ਼ਨਰ ਬਠਿੰਡਾ ਨੂੰ ਮੰਗ ਪੱਤਰ ਦੇ ਕੇ ਵਿੱਤ ਵਿਭਾਗ ਤੋਂ ਬਜਟ ਜਾਰੀ ਕਰਾਉਣ ਦੀ ਅਪੀਲ ਕੀਤੀ ਗਈ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਗੌਰਮੈਂਟ ਵੱਡੇ ਵੱਡੇ ਇਸ਼ਤਿਹਾਰ ਮਸ਼ਹੂਰੀਆਂ ਉੱਤੇ ਤਾਂ ਕਰੋੜਾਂ ਰੁਪਏ ਖਰਚ ਕਰ ਰਹੀ ਹੈ, ਪ੍ਰੰਤੂ ਅਧਿਆਪਕ ਜਿਹੜੇ ਵਿਭਾਗ ਵਿੱਚ ਅਧਿਆਪਨ ਦੇ ਕੰਮ ਤੋਂ ਬਿਨਾਂ ਸਰਕਾਰ ਦੀਆਂ ਦੂਹਰੀਆਂ ਤੀਹਰੀਆਂ ਡਿਊਟੀਆਂ ਕਰਨ ਲਈ ਮਜਬੂਰ ਹਨ, ਉਨਾਂ ਨੂੰ ਤਨਖਾਹਾਂ ਦੇਣ ਤੋਂ ਹੱਥ ਪਿੱਛੇ ਖਿੱਚ ਰਹੀ ਹੈ। ਆਗੂਆਂ ਨੇ ਕਿਹਾ ਕਿ ਜੇਕਰ ਅਧਿਆਪਕਾਂ ਦੀਆਂ ਤਨਖਾਹਾਂ ਜਾਰੀ ਨਾ ਹੋਈਆਂ ਤਾਂ ਉਹ ਸੰਘਰਸ਼ ਕਰਨ ਦੇ ਲਈ ਮਜਬੂਰ ਹੋਣਗੇ, ਜਿਸ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰੇਸ਼ਮ ਸਿੰਘ ਸੂਬਾ ਜਨਰਲ ਸਕੱਤਰ ਡੀਟੀਐਫ, ਅੰਮ੍ਰਿਤਪਾਲ ਸਿੰਘ ਮਾਨ, ਗੁਰਪ੍ਰੀਤ ਸਿੰਘ ਖੇਮੇਆਣਾ, ਭੁਪਿੰਦਰ ਸਿੰਘ ਮਾਈਸਰਖਾਨਾ, ਅੰਮ੍ਰਿਤਪਾਲ ਸਿੰਘ, ਜਗਮੇਲ ਸਿੰਘ, ਰਾਮ ਸਿੰਘ ਨਹੀਆਂਵਾਲਾ, ਸੁਖਵੀਰ ਸਿੰਘ, ਅਵਤਾਰ ਸਿੰਘ, ਰਾਮ ਸਿੰਘ ਆਦਿ ਆਗੂ ਹਾਜ਼ਰ ਸਨ।

## ਕੇਂਦਰ ਵੱਲੋਂ ਆੜ੍ਹਤੀਆਂ ਦਾ ਵਧਾਇਆ ਮਾਮੂਲੀ ਕਮਿਸ਼ਨ ਨਾਮਨਜ਼ੂਰ : ਖੇੜਾ, ਵਿੱਕੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੇਂਦਰ ਸਰਕਾਰ ਵੱਲੋਂ ਕਣਕ ਤੇ ਝੋਨੇ ਦੀ ਫਸਲ 'ਤੇ ਆੜ੍ਹਤੀਆਂ ਦੇ ਕਮਿਸ਼ਨ ਵਿੱਚ ਜੋ ਮਾਮੂਲੀ ਵਾਧਾ ਕੀਤਾ ਹੈ, ਉਸ ਨੂੰ ਭਾਈਚਾਰੇ ਨੇ ਨਾਮਨਜ਼ੂਰ ਕਰ ਦਿੱਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਉਪ ਪ੍ਰਧਾਨ ਅਰਵਿੰਦਰਪਾਲ ਸਿੰਘ ਵਿੱਕੀ ਤੇ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਕਤ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੁਝ ਕੁ ਰੁਪਏ ਦਾ ਵਾਧਾ ਕਰਕੇ ਆੜ੍ਹਤੀਆਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜਦਕਿ ਸਾਡੀ ਮੰਗ ਬੜੀ ਸਪੱਸ਼ਟ ਹੈ ਕਿ ਏ.ਪੀ.ਐੱਮ.ਸੀ. ਐਕਟ ਤਹਿਤ ਸਾਡਾ ਹੱਕ 2.50 ਪ੍ਰਤੀਸ਼ਤ ਪੂਰੀ ਆੜ੍ਹਤ ਬਣਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਤੈਅ ਕੀਤੇ ਗਏ ਮਾਮੂਲੀ ਰੇਟ ਸਾਡੀ ਵਪਾਰ 'ਤੇ ਮਿਹਨਤ ਨਾਲ ਕੋਝਾ ਮਜ਼ਾਕ ਹੈ। ਆੜ੍ਹਤੀ ਆਗੂ ਖੇੜਾ ਤੇ ਵਿੱਕੀ ਨੇ ਕਿਹਾ ਕਿ ਕਿਸਾਨ ਤੇ ਸਰਕਾਰ ਵਿਚਕਾਰ ਆੜ੍ਹਤੀ ਵਰਗ ਇੱਕ ਮਜ਼ਬੂਤ ਕੜੀ ਹੈ, ਪਰ ਸਰਕਾਰ ਸਾਡੇ ਹੱਕਾਂ 'ਤੇ ਡਾਕਾ ਮਾਰ ਰਹੀ ਹੈ। ਉਨ੍ਹਾਂ ਸਮੂਹ ਆੜ੍ਹਤੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਅੱਜ ਸਮਾਂ ਆ ਗਿਆ ਹੈ ਕਿ ਆਪਣੇ ਹੱਕਾਂ ਲਈ ਇੱਕਜੁਟ ਹੋ ਕੇ ਅਵਾਜ਼ ਬੁਲੰਦ ਕਰੀਏ ਤਾਂ ਜੋ ਸਾਡਾ ਫਸਲਾਂ ਦੀ ਖਰੀਦ 'ਤੇ ਬਣਦਾ 2.50 ਫੀਸਦੀ ਕਮਿਸ਼ਨ ਪੂਰਾ ਮਿਲੇ। ਵਿੱਕੀ ਤੇ ਖੇੜਾ ਨੇ ਕਿਹਾ ਕਿ ਜੇਕਰ ਆਪਣੇ ਹੱਕਾਂ ਲਈ ਆੜ੍ਹਤੀ ਭਾਈਚਾਰੇ ਨੂੰ ਸੰਘਰਸ਼ ਕਰਨਾ ਪਿਆ ਤਾਂ ਉਹ ਤਿਆਰ ਰਹਿਣ।

## ਬੀ ਕੇ ਯੂ ਏਕਤਾ ਉਗਰਾਹਾਂ ਦੀ ਮੀਟਿੰਗ 'ਚ ਅਹਿਮ ਵਿਚਾਰਾਂ

**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਿਲਾ ਲੁਧਿਆਣਾ ਦੀ ਹੋਈ ਇਕ ਮੀਟਿੰਗ 'ਚ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਟਰੇਡ ਯੂਨੀਅਨ ਤੇ ਮਜ਼ਦੂਰ ਯੂਨੀਅਨ ਦੇ ਸੱਦੇ ਤਹਿਤ 23 ਮਾਰਚ ਦੇ ਸ਼ਹੀਦਾਂ ਨੂੰ ਸਮਰਪਿਤ ਅਤੇ ਸਾਮਰਾਜ ਵਿਰੋਧੀ ਦਿਵਸ ਮਨਾਉਣ ਦੀਆਂ ਤਿਆਰੀਆਂ ਸਬੰਧੀ ਇਹ ਫੈਸਲਾ ਕੀਤਾ ਗਿਆ ਕਿ ਵੱਡੀ ਗਿਣਤੀ ਵਿੱਚ ਬਰਨਾਲਾ ਵਿਖੇ ਕੀਤੀ ਜਾ ਰਹੀ ਕਾਨਫਰੰਸ ਵਿੱਚ ਪਹੁੰਚਿਆ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸਾਮਰਾਜ ਨੀਤੀਆਂ ਨੂੰ ਲਾਗੂ ਕਰਨ ਲਈ ਮੋਦੀ ਸਰਕਾਰ ਅਮਰੀਕਾ ਅੱਗੇ ਝੁਕ ਗਈ ਹੈ ਅਤੇ ਉਹਨਾਂ ਦੀਆਂ ਨੀਤੀਆਂ ਲਾਗੂ ਕਰਨ ਲਈ ਚਾਪਲੂਸੀ ਕਰ ਰਹੀ ਹੈ। ਮੀਟਿੰਗ 'ਚ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ, ਸੁਦਾਗਰ ਸਿੰਘ ਘੁਡਾਣੀ, ਚਰਨਜੀਤ ਸਿੰਘ ਫੱਲੇਵਾਲ, ਮਨਜੀਤ ਸਿੰਘ ਬੁਢੇਲ, ਦਰਸ਼ਨ ਸਿੰਘ ਫੱਲੇਵਾਲ, ਗੁਰਦੇਵ ਸਿੰਘ ਨਾਰੰਗਵਾਲ, ਜੀਤ ਸਿੰਘ ਤੇ ਚਰਨ ਸਿੰਘ ਵੀ ਸ਼ਾਮਲ ਸਨ।

## ਫਰੀਦਕੋਟ ਵਿੱਚ ਐਨ.ਡੀ.ਆਰ.ਐਫ. ਵੱਲੋਂ ਸਾਲਾਨਾ ਆਫਤ ਪ੍ਰਬੰਧਨ ਪ੍ਰੋਗਰਾਮ ਆਯੋਜਿਤ

**ਫਰੀਦਕੋਟ (ਬੇਦੀ, ਡਿਸੂਜਾ)**-ਐੱਨ.ਡੀ.ਆਰ.ਐੱਫ. ਵੱਲੋਂ ਜ਼ਿਲ੍ਹਾ ਮਾਲ ਅਫਸਰ ਮੈਡਮ ਲਵਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਸਾਲਾਨਾ ਆਫਤ ਪ੍ਰਬੰਧਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਐੱਨ.ਜੀ.ਓਜ਼ ਤੇ ਲੋਕਾਂ ਨੇ ਹਿੱਸਾ ਲਿਆ।ਇਸ ਪ੍ਰੋਗਰਾਮ ਵਿੱਚ 7ਵੀਂ ਬਟਾਲੀਅਨ ਐੱਨ.ਡੀ.ਆਰ.ਐੱਫ. ਬਠਿੰਡਾ ਦੇ ਕਮਾਂਡੈਂਟ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਟੀਮ ਨੇ ਆਫਤ ਸਮੇਂ ਬਚਾਅ ਕੰਮਾਂ ਬਾਰੇ ਸਧਾਰਣ ਤੇ ਸਮਝਣ ਯੋਗ ਤਰੀਕੇ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਤਹਿਸੀਲਦਾਰ ਹਰਸ਼ਵੀਰ ਗੋਇਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਉਨ੍ਹਾਂ ਕਿਹਾ ਕਿ ਆਫਤਾਂ ਤੋਂ ਬਚਣ ਲਈ ਪਹਿਲਾਂ ਤੋਂ ਤਿਆਰੀ ਕਰਨਾ ਬਹੁਤ ਜ਼ਰੂਰੀ ਹੈ ਤੇ ਹਰ ਕਿਸੇ ਨੂੰ ਜਾਗਰੂਕ ਰਹਿਣਾ ਚਾਹੀਦਾ ਹੈ।ਪ੍ਰੋਗਰਾਮ ਦੌਰਾਨ ਐੱਨ.ਡੀ.ਆਰ.ਐੱਫ. ਦੀ ਟੀਮ ਵੱਲੋਂ ਮੌਕ ਡ੍ਰਿੱਲ (ਅਭਿਆਸ) ਕਰਕੇ ਦਿਖਾਇਆ ਗਿਆ ਕਿ ਕਿਵੇਂ ਕੁਦਰਤੀ ਆਫਤਾਂ ਹੜ੍ਹ, ਅੱਗ ਜਾਂ ਹੋਰ ਹਾਦਸਿਆਂ ਵੇਲੇ ਲੋਕਾਂ ਨੂੰ ਸੁਰੱਖਿਅਤ ਤਰੀਕੇ ਨਾਲ ਕਿਵੇਂ ਬਚਾਇਆ ਜਾਂਦਾ ਹੈ।ਇਸ ਮੌਕੇ ਮੌਜੂਦ ਲੋਕਾਂ ਨੂੰ ਕਾਫੀ ਸਿਖਲਾਈ ਮਿਲੀ।ਇਸ ਮੌਕੇ ਲੋਕਾਂ ਨੂੰ ਸਹਾਇਤਾ ਦੇਣ ਤੇ ਐਮਰਜੈਂਸੀ ਸਮੇਂ ਮਿਲਜੁਲ ਕੇ ਕੰਮ ਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਰਿਹਰਸਲ ਦਾ ਮੁੱਖ ਉਦੇਸ਼ ਸਰਕਾਰੀ ਵਿਭਾਗਾਂ, ਐੱਨ.ਡੀ.ਆਰ.ਐੱਫ. ਤੇ ਸਮਾਜਿਕ ਸੰਸਥਾਵਾਂ ਵਿਚਕਾਰ ਤਾਲਮੇਲ ਵਧਾਉਣਾ ਤੇ ਆਮ ਲੋਕਾਂ ਨੂੰ ਆਫਤਾਂ ਨਾਲ ਨਜਿੱਠਣ ਲਈ ਤਿਆਰ ਕਰਨਾ ਸੀ।ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਖੁਲ੍ਹੀ ਨਿਵਿਦਾ ਸੂਚਨਾ ਪੱਤਰ ਨੰਬਰ:- OP-03-GSU-FZR-2025-26 ਤਾਰੀਕ : 17.03.2026

ਉਪ ਮੁੱਖ ਇੰਜੀਨੀਅਰ/ਜੀ.ਐਸ.ਯੂ., ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 09.04.2026 ਸਮਾਂ 11.30 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਜਗ੍ਹਾ "ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ" ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ 'ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹੀ ਨਿਵਿਦਾ | ਗਤੀ ਸ਼ਕਤੀ ਯੂਨਿਟ | ਦੋ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 17.03.2026 | 26.03.2026 | 09.04.2026 / 11:30 Hrs. |

| ਲ. | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | OP-03-GSU-FZR-2025-26 Date: 09/04/2026 | ਕੇ.ਕੇ.ਪੀ ਰਲਵੇਸਟੇਸ਼ਨ ਤੇ ਏਬੀਐਸਐਸ ਦੇ ਬਾਕੀ ਕੰਮਾਂ ਦੇ ਤਹਿਤ ਦੂਜੇ ਐਂਟਰੀ ਗੇਟ ਦਾ ਵਿਕਾਸ ਅਤੇ ਪਲੇਟਫਾਰਮ ਨੰਬਰ 1 ਅਤੇ 2 ਦਾ ਨਵੀਨੀਕਰਨ ਅਤੇ ਹੋਰ ਵਖ-ਵਖ ਕੰਮ। | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਸਮਾਪਨ ਦੀ ਅਵਧੀ | ਆਫਰ ਦੀ ਵੈਲੇਡਿਟੀ |
| | 13,38,12,205.29 | 26,76,200.00 | 90 ਦਿਨ | 7 ਮਹੀਨੇ |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 919/26


## ਪਬਲਿਕ ਨੋਟਿਸ

ਹੇਠ ਲਿਖੇ ਈ.ਟੀ.ਟੀ. ਟੀਚਰ ਸਾਹਮਣੇ ਲਿਖੀਆਂ ਮਿਤੀਆਂ ਤੋਂ ਸਰਕਾਰੀ ਡਿਊਟੀ ਤੋਂ ਗੈਰਹਾਜ਼ਰ ਚੱਲ ਰਹੇ ਇਹਨਾਂ ਟੀਚਰਾਂ ਨੂੰ ਦਫਤਰ ਵੱਲੋਂ ਦੋਸ਼ ਸੂਚੀਆਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਟੀਚਰਾਂ ਨੇ ਦਫਤਰ ਵੱਲੋਂ ਦੋਸ਼ ਸੂਚੀ ਦਾ ਉੱਤਰ ਨਹੀਂ ਦਿੱਤਾ ਹੈ ਅਤੇ ਨਾ ਹੀ ਸਕੂਲ ਹਾਜ਼ਰ ਹੋਏ ਹਨ। ਇਹਨਾਂ ਟੀਚਰਾਂ ਦੀ ਗੈਰਹਾਜ਼ਰੀ ਸਬੰਧੀ ਪੜਤਾਲ ਕਰਨ ਲਈ ਪੜਤਾਲੀਆ ਅਫਸਰ ਕੋਲ ਹਾਜ਼ਰ ਨਹੀਂ ਹੋਏ ਸਨ। ਪੜਤਾਲੀਆ ਅਫਸਰ ਨੇ ਇਹਨਾ ਟੀਚਰਾਂ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਸਜ਼ਾ ਅਤੇ ਅਪੀਲ ਰੂਲਜ਼ 1970 ਦੀ ਧਾਰਾ (5) 8 ਅਧੀਨ ਕਾਰਵਾਈ ਕਰਨ ਦੀ ਸਿਫਾਰਸ਼ ਕੀਤੀ ਹੈ। ਇਸ ਲਈ ਪਬਲਿਕ ਨੋਟਿਸ ਰਾਹੀਂ ਇਹਨਾਂ ਟੀਚਰਾਂ ਨੂੰ ਹੋਰ ਮੌਕਾ ਦਿੱਤਾ ਜਾਂਦਾ ਹੈ ਕਿ 21 ਦਿਨਾਂ ਦੇ ਅੰਦਰ-ਅੰਦਰ ਨਿੱਜੀ ਤੌਰ 'ਤੇ ਆਪਣਾ ਪੱਖ ਨਾ ਰੱਖਣ 'ਤੇ ਇਹ ਸਮਝਿਆ ਜਾਵੇਗਾ ਕਿ ਉਹ ਆਪਣੀ ਸਫਾਈ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੇ ਅਤੇ ਉਹਨਾ ਦੇ ਵਿਰੁੱਧ ਇੱਕਤਰਫਾ ਕਾਰਵਾਈ ਕਰਦੇ ਹੋਏ ਹੇਠ ਲਿਖੇ ਟੀਚਰਾਂ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਜਾਣਗੀਆਂ।

| ਲੜੀ ਨੰ: | ਕਰਮਚਾਰੀ ਦਾ ਨਾਂਅ ਸ੍ਰੀ/ਸ੍ਰੀਮਤੀ | ਸਕੂਲ ਦਾ ਨਾਂਅ/ਬਲਾਕ ਦਾ ਨਾਂਅ | ਗੈਰ ਹਾਜ਼ਰੀ ਦੀ ਮਿਤੀ | ਦੋਸ਼ ਸੂਚੀ ਦੀ ਮਿਤੀ | ਪੜਤਾਲੀਆ ਅਫਸਰ ਦਾ ਨਾਂਅ |
|---|---|---|---|---|---|
| 1 | ਪਰਦੀਪ ਕੌਰ ਈ.ਟੀ.ਟੀ. ਟੀਚਰ | ਸ੍ਰ. ਐਸ. ਚੱਕ ਕਮਾਲ ਖਾਂ ਬਲਾਕ ਚੋਗਾਵਾਂ-2 | 3.7.2023 | 6.3.2024 | ਦਲਜੀਤ ਸਿੰਘ ਬਲਾਕ ਸਿੱਖਿਆ ਅਫਸਰ ਅਜਨਾਲਾ-1 |
| 2 | ਹਰਲੀਨ ਕੌਰ ਚੀਮਾ ਈ.ਟੀ.ਟੀ. ਟੀਚਰ | ਸ੍ਰ. ਐਸ. ਦਿਆਲਪੁਰਾ ਬਲਾਕ ਅਜਨਾਲਾ-1 | 2.12.2024 | 5.3.2025 | ਦਲਜੀਤ ਸਿੰਘ ਬਲਾਕ ਸਿੱਖਿਆ ਅਫਸਰ ਅਜਨਾਲਾ-1 |
| 3 | ਸਿਮਰਜੀਤ ਕੌਰ ਈ.ਟੀ.ਟੀ. ਟੀਚਰ | ਸ੍ਰ. ਐਸ. ਬਾਗਬਾਨਪੁਰਾ ਬਲਾਕ ਅਜਨਾਲਾ-2 | 1.9.2024 | 5.3.2025 | ਦਲਜੀਤ ਸਿੰਘ ਬਲਾਕ ਸਿੱਖਿਆ ਅਫਸਰ ਅਜਨਾਲਾ-1 |

ਸਹੀ/- ਜ਼ਿਲ੍ਹਾ ਸਿੱਖਿਆ ਅਫਸਰ (ਐ. ਸਿੰ.)
ਅੰਮ੍ਰਿਤਸਰ।


**AXIS BANK**

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025
ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | 1. ਸ੍ਰੀ ਬੰਸੀ ਲਾਲ ਪੁੱਤਰ ਕਸਤੂਰੀ ਲਾਲ (ਕਰਜ਼ਦਾਰ) ਅਤੇ 2. ਸ੍ਰੀਮਤੀ ਮੀਨਾਕਸ਼ੀ ਪਤਨੀ ਬੰਸੀ ਲਾਲ (ਸਹਿ-ਕਰਜ਼ਦਾਰ/ਰਹਿਣਕਾਰ) | 08-Nov-2025 | 26-Nov-2025 | 17-Mar-2026 | ਰੁਪਏ 12,34,610/- (ਬਾਰਾਂ ਲੱਖ ਚੌਂਤੀ ਹਜ਼ਾਰ ਛੇ ਸੌ ਦਸ ਰੁਪਏ ਕੇਵਲ) |

**ਰਹਿਣ ਕੀਤੀ ਜਾਇਦਾਦ ਦਾ ਵੇਰਵਾ**

ਬੈਨਾਮਾ ਦਸਤਾਵੇਜ਼ ਨੰ. 2021-2022/187/1/10700 ਮਿਤੀ 23 ਫਰਵਰੀ 2022 ਅਨੁਸਾਰ ਸ੍ਰੀਮਤੀ ਮੀਨਾਕਸ਼ੀ ਪਤਨੀ ਬੰਸੀ ਲਾਲ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. ਏ-7, ਰਕਬਾ 01 ਮਾਰਚ 203 ਵਰਗ ਫੁੱਟ, ਖੱਤਾ ਖਤੌਨੀ ਨੰ. 256/270, 257/271, ਖਸਰਾ ਨੰ. 577, 578, ਜਮ੍ਹਾਂਬੰਦੀ ਸਾਲ 2015-2016, ਅਬਾਦੀ ਬਸਤੀ ਸ਼ੇਖ, ਕਾਲਾ ਸੰਘਿਆਂ ਰੋਡ, ਨੇੜੇ ਡੋਲੀ ਪੈਲੇਸ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।
ਹੱਦਾਂ : (ਬੈਨਾਮੇ ਅਨੁਸਾਰ) : ਪੂਰਬ : ਹੋਰ, ਪੱਛਮ : ਸੜਕ, ਉੱਤਰ : ਮਕਾਨ ਨੰ. 7 ਦਾ ਹਿੱਸਾ, ਦੱਖਣ : ਮਾਲਕ

ਮਿਤੀ : 17-03-2026 ਸਹੀ/-
ਸਥਾਨ : ਲੁਧਿਆਣਾ (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ



**EXCLUSIVE LEASING AND FINANCE LIMITED**
(Formerly known as EXCLUSIVE LEASING AND FINANCE LIMITED)
Regd. Off: - 321, 322 Narain Manzil Building, New Delhi -110001|
Corp Off.: 87, Radio Colony, Mahavir Marg, Near BMC Chowk, Jalandhar-144001|
Tel-011-45576003||E-mail: exclusiveleasingfl@gmail.com||CIN: U65921DL1984PTC018746

EZ CAPITAL CRISIL Rating: BBB- Stable

**ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਅਧੀਨ ਸਕਿਉਰਟਾਈਜੇਸ਼ਨ ਨੋਟਿਸ**

ਅਸੀਂ, ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ, ਜੋ ਕਿ ਹੇਠਾਂ ਦਿੱਤੇ ਕਾਲਮਾਂ ਵਿੱਚ ਦਰਸਾਏ ਗਏ ਅਰਜ਼ੀਕਾਰ ਅਤੇ ਸਹਿ-ਅਰਜ਼ੀਕਾਰ ਦੇ ਸਕਿਉਰਡ ਕ੍ਰੈਡਿਟਰ ਹਾਂ, ਇਸ ਰਾਹੀਂ ਤੁਹਾਨੂੰ ਸੂਚਿਤ ਕਰਦੇ ਹਾਂ ਕਿ ਮੂਲ ਰਕਮ ਅਤੇ ਵਿਆਜ਼ ਦੀ ਅਦਾਇਗੀ ਕਰਨ 'ਚ ਅਸਫਲ ਹੋਣ ਕਰਕੇ ਤੁਹਾਡੇ ਖਾਤੇ ਨਾਨ-ਪ੍ਰਫਾਰਮਿੰਗ ਅਕਾਊਂਟ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਇਸ ਨੋਟਿਸ ਦੀ ਮਿਤੀ ਤੱਕ ਹੇਠਾਂ ਦਰਸਾਏ ਕਾਲਮਾਂ 'ਚ ਦਰਸਾਈ ਗਈ ਰਕਮ ਸਮੇਤ ਇਸ 'ਤੇ ਹੋਰ ਵਿਆਜ ਦੀ ਅਦਾਇਗੀ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ ਨੂੰ ਭੁਗਤਾਨ ਕਰਨਾ ਹੈ, ਪਰ ਸਾਡੇ ਵੱਲੋਂ ਵਾਰ-ਵਾਰ ਮੰਗ ਕਰਨ ਦੇ ਬਾਵਜੂਦ ਤੁਸੀਂ ਆਪਣੇ ਖਾਤਿਆਂ 'ਚ ਬਕਾਇਆ ਰਕਮ ਦੀ ਅਦਾਇਗੀ ਕਰਨ 'ਚ ਅਸਫਲ ਰਹੇ ਹੋ ਅਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰਾ ਨਹੀਂ ਕੀਤਾ।
ਇਸ ਲਈ, ਤੁਹਾਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਦੇ ਚੈਪਟਰ III ਦੇ ਸੈਕਸ਼ਨ 13(2) ਅਧੀਨ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੂਲ ਰਕਮ, ਲਾਗੂ ਠੇਕਾ ਦਰ ਅਨੁਸਾਰ ਵਿਆਜ, ਲਾਗਤਾਂ, ਚਾਰਜਿਜ਼ ਅਤੇ ਹੋਰ ਬਕਾਇਆ ਰਕਮ ਸਮੇਤ ਆਪਣੇ ਕਰਜ਼ੇ ਦੀ ਪੂਰੀ ਅਦਾਇਗੀ ਕਰਨ ਲਈ ਨੋਟਿਸ ਜਾਰੀ ਕੀਤੇ ਹਨ।

| ਕਰਜ਼ਾ ਖਾਤਾ ਨੰ., ਕਰਜ਼ਦਾਰਾਂ ਦਾ ਨਾਂਅ, 13 (2) ਨੋਟਿਸ ਦੇ ਵੇਰਵੇ ਅਤੇ ਸੰਕੇਤਕ ਕਬਜ਼ਾ ਮਿਤੀ | ਰਹਿਣ ਕੀਤੀ ਜਾਇਦਾਦ ਦੇ ਵੇਰਵੇ |
|---|---|
| (1) ਸ੍ਰੀ ਹਰਬੰਸ ਸਿੰਘ ਪੁੱਤਰ ਗੁਰਮੀਤ ਸਿੰਘ (ਕਰਜ਼ਦਾਰ)<br>(2) ਸ੍ਰੀਮਤੀ ਦੀਪਕ ਪਤਨੀ ਹਰਬੰਸ ਸਿੰਘ (ਸਹਿ-ਕਰਜ਼ਦਾਰ)<br>(3) ਗੁਰਬਖਸ਼ ਸਿੰਘ ਪੁੱਤਰ ਗੁਰਮੀਤ ਸਿੰਘ (ਸਹਿ-ਕਰਜ਼ਦਾਰ)<br>(4) ਸ੍ਰੀ ਤਰਸੇਮ ਸਿੰਘ ਪੁੱਤਰ ਅਮਰ ਸਿੰਘ (ਗਰੰਟਰ)<br>ਪੱਤਰ ਵਿਹਾਰ ਲਈ ਪਤਾ :<br>ਵਾਸੀ ਪਿੰਡ ਰਾਜਗੜ੍ਹ, ਡਾਕਖਾਨਾ ਵਜ਼ੀਦਪੁਰ, ਪਟਿਆਲਾ, ਪੰਜਾਬ-147001<br>ਕਰਜ਼ਾ ਖਾਤਾ ਨੰ. ਐੱਲ ਏ ਪੀ-256-ਪੀ ਏ ਟੀ ਐੱਲ ਕਰਜ਼ਾ ਰਕਮ : 15,40, 467<br>ਐੱਨ ਪੀ ਏ ਮਿਤੀ : 06-10-2025 13 (2) ਨੋਟਿਸ ਮਿਤੀ : 21-02-2026<br>13 (2) ਨੋਟਿਸ ਰਕਮ : 20, 05, 420 | ਰਹਿਣ ਕੀਤੀ ਜਾਇਦਾਦ ਦਾ ਵੇਰਵਾ<br>ਖੇਵਟ ਨੰ. 39/38, ਖਤੌਨੀ ਨੰ. 42, ਖਸਰਾ ਨੰ. 10//15/2 (6-0), 10//16/1 (4-0) ਜਮ੍ਹਾਂਬੰਦੀ ਸਾਲ 2017-18, ਵਾਕਿਆ ਪਿੰਡ ਰਾਜਗੜ੍ਹ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ ਹਰਬੰਸ ਸਿੰਘ ਪੁੱਤਰ ਗੁਰਮੀਤ ਸਿੰਘ ਦੇ ਪੱਖ 'ਚ। ਹੱਦਾਂ : ਉੱਤਰ : ਖੇਤੀਬਾੜੀ ਵਾਲੀ ਜ਼ਮੀਨ 225', ਦੱਖਣ : ਖੇਤੀਬਾੜੀ ਵਾਲੀ ਜ਼ਮੀਨ 225', ਪੂਰਬ : ਗਲੀ ਚੌੜੀ 16', 82', ਪੱਛਮ : ਖੇਤੀਬਾੜੀ ਜ਼ਮੀਨ 83'-3" |
| (1) ਸ੍ਰੀ ਸੁਖਚੈਨ ਸਿੰਘ ਪੁੱਤਰ ਅਮਰਜੀਤ ਸਿੰਘ (ਕਰਜ਼ਦਾਰ)<br>(2) ਸ੍ਰੀਮਤੀ ਸਿਮਰਨ ਕੌਰ ਪਤਨੀ ਸੁਖਚੈਨ ਸਿੰਘ (ਸਹਿ-ਕਰਜ਼ਦਾਰ)<br>ਪੱਤਰ ਵਿਹਾਰ ਲਈ ਪਤਾ :<br>(1) ਵਾਸੀ ਸੰਨੀ ਇਨਕਲੇਵ ਪਟਿਆਲਾ, ਪੰਜਾਬ-140101<br>(2) ਵਾਸੀ ਕਾਂਜਲੀ, ਨੇੜੇ ਸਰਕਾਰੀ ਸਕੂਲ ਧੂਰੀ, ਧੂਰੀ, ਸੰਗਰੂਰ, ਪੰਜਾਬ-148024<br>(3) ਕੁਲਵਿੰਦਰ ਸਿੰਘ ਪੁੱਤਰ ਜੀਤ ਰਾਮ (ਸਹਿ-ਕਰਜ਼ਦਾਰ)<br>ਵਾਸੀ ਕੁਲਵਿੰਦਰ ਸਿੰਘ ਪੁੱਤਰ ਜੀਤ ਰਾਮ (ਸਹਿ-ਕਰਜ਼ਦਾਰ) ਵਾਸੀ ਜੱਖਲਾਂ, ਤਹਿਸੀਲ ਧੂਰੀ, ਸੰਗਰੂਰ, ਪੰਜਾਬ।<br>ਕਰਜ਼ਾ ਖਾਤਾ ਨੰਬਰ : ਐੱਲ ਏ ਪੀ-591-ਪੀ ਏ ਟੀ ਐੱਲ ਕਰਜ਼ਾ ਰਕਮ : 20,62,249<br>ਐੱਨ ਪੀ ਏ ਮਿਤੀ :11-02-2026 13 (2) ਨੋਟਿਸ ਮਿਤੀ : 21-02-2026<br>13 (2) ਨੋਟਿਸ ਰਕਮ : 23,54,875 | ਰਹਿਣ ਕੀਤੀ ਜਾਇਦਾਦ ਦਾ ਵੇਰਵਾ<br>ਪਲਾਟ ਨੰ. 197/01, ਪਿੰਡ ਘਰੋਲੀ, ਸੰਨੀ ਇਨਕਲੇਵ, ਹੱਦਬਸਤ ਨੰ. 43, ਖਸਰਾ ਨੰ. 8//16, 17, 18... 25, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ, ਬੈਨਾਮਾ ਨੰ. 12968 ਮਿਤੀ 16-10-2024 ਅਤੇ ਤਬਾਦਲਾ ਨੰ. 5351 ਜਮ੍ਹਾਂਬੰਦੀ ਸਾਲ 2019-20, ਹੱਦਾਂ ਬੈਨਾਮੇ ਅਨੁਸਾਰ : ਉੱਤਰ : ਪਲਾਟ ਨੰ. 197, ਬਾਹੀ 75 ਫੁੱਟ, ਦੱਖਣ : ਪਲਾਟ ਨੰ. 196, ਬਾਹੀ 75 ਫੁੱਟ, ਪੂਰਬ : ਸੜਕ 40 ਫੁੱਟ ਚੌੜੀ, ਬਾਹੀ 33 ਫੁੱਟ, ਪੱਛਮ : ਖਾਲੀ ਪਲਾਟ ਬਾਹੀ 33 ਫੁੱਟ |
| (1) ਸ੍ਰੀ ਅਸ਼ੋਕ ਕੁਮਾਰ ਪੁੱਤਰ ਗੁਰਮੇਲ ਸਿੰਘ (ਕਰਜ਼ਦਾਰ)<br>(2) ਸ੍ਰੀਮਤੀ ਜੋਗਿੰਦਰ ਕੌਰ ਪਤਨੀ ਗੁਰਮੇਲ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ)<br>(3) ਗੁਰਮੇਲ ਸਿੰਘ ਪੁੱਤਰ ਹਰਬੰਸ ਸਿੰਘ (ਸਹਿ-ਕਰਜ਼ਦਾਰ)<br>(4) ਸੁਖਚੈਨ ਸਿੰਘ ਪੁੱਤਰ ਗੁਰਮੇਲ ਸਿੰਘ (ਸਹਿ-ਕਰਜ਼ਦਾਰ)<br>(5) ਸ੍ਰੀ ਪਰਮਜੀਤ ਸਿੰਘ ਪੁੱਤਰ ਬਲਵੀਰ ਸਿੰਘ (ਗਰੰਟਰ)<br>ਪੱਤਰ ਵਿਹਾਰ ਲਈ ਪਤਾ :<br>ਵਾਸੀ ਪਿੰਡ ਚੱਕ ਟਿੱਬੀ ਤਾਬਿਆ, ਜ਼ੀਰਾ, ਫਿਰੋਜ਼ਪੁਰ, ਪੰਜਾਬ-142051<br>ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਜੇ ਡੀ ਐੱਚ-647 ਕਰਜ਼ਾ ਰਕਮ : 13,32,740<br>ਐੱਨ ਪੀ ਏ ਮਿਤੀ :06-01-2026 13 (2) ਨੋਟਿਸ ਮਿਤੀ : 21-02-2026<br>13 (2) ਨੋਟਿਸ ਰਕਮ : 21,41,634 | ਰਹਿਣ ਕੀਤੀ ਜਾਇਦਾਦ ਦਾ ਵੇਰਵਾ<br>ਜਾਇਦਾਦ 1 ਕਨਾਲ 4 ਮਰਲੇ, ਖੇਵਟ ਨੰ. 3, ਖਤੌਨੀ ਨੰ. 3 ਤੋਂ 34, ਜਮ੍ਹਾਂਬੰਦੀ ਸਾਲ 2018-2019, ਪਿੰਡ ਟਿੱਬੀ ਤਾਬਿਆ, ਤਹਿਸੀਲ ਜ਼ੀਰਾ, ਫਿਰੋਜ਼ਪੁਰ, ਪੰਜਾਬ ਜੋਗਿੰਦਰ ਕੌਰ ਪਤਨੀ ਗੁਰਮੇਲ ਸਿੰਘ ਦੇ ਨਾਂਅ ਪਿੰਡ ਟਿੱਬੀ ਤਾਬਿਆ, ਤਹਿਸੀਲ ਜ਼ੀਰਾ, ਫਿਰੋਜ਼ਪੁਰ, ਪੰਜਾਬ-142051 , ਬੈਨਾਮਾ ਤਬਾਦਲਾ ਬੈਨਾਮਾ ਨੰ. 2023-24/119/1/114 ਮਿਤੀ 02-05-2023 ਅਨੁਸਾਰ (ਇਸ ਤੋਂ ਬਾਅਦ ਜਾਇਦਾਦ ਵਜੋਂ ਹਵਾਲਾ) ਹੱਦਾਂ : ਉੱਤਰ : ਦੇਸਾ ਸਿੰਘ (118'), ਦੱਖਣ : ਭਗਤ ਸਿੰਘ (45'), ਪੂਰਬ : ਗਲੀ : ਪੱਛਮ : ਖੇਤੀਬਾੜੀ ਵਾਲੀ ਜ਼ਮੀਨ (118') |
| (1) ਸ੍ਰੀ ਸੰਤੋਖ ਸਿੰਘ ਪੁੱਤਰ ਸਲਵਿੰਦਰ ਸਿੰਘ (ਕਰਜ਼ਦਾਰ ਅਤੇ ਰਹਿਣਕਾਰ)<br>(2) ਸ੍ਰੀਮਤੀ ਹਰਜੀਤ ਕੌਰ ਪਤਨੀ ਸੰਤੋਖ ਸਿੰਘ (ਸਹਿ-ਕਰਜ਼ਦਾਰ)<br>(3) ਸ੍ਰੀ ਸੁਖਦੇਵ ਸਿੰਘ ਪੁੱਤਰ ਮਹਿੰਗਾ ਸਿੰਘ (ਗਰੰਟਰ)<br>ਪੱਤਰ ਵਿਹਾਰ ਲਈ ਪਤਾ :<br>ਵਾਸੀ ਪਿੰਡ ਭਾਗੀਆਂ, ਗੁਰਦਾਸਪੁਰ, ਪੰਜਾਬ-143510<br>ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਬੀ ਏ ਟੀ-286<br>ਕਰਜ਼ਾ ਰਕਮ : 12,86,998 ਐੱਨ ਪੀ ਏ ਮਿਤੀ :06-02-2026<br>13 (2) ਨੋਟਿਸ ਮਿਤੀ : 21-02-2026<br>13 (2) ਨੋਟਿਸ ਰਕਮ : 20,10,948 | ਰਹਿਣ ਕੀਤੀ ਜਾਇਦਾਦ ਦਾ ਵੇਰਵਾ<br>ਜਾਇਦਾਦ ਦਾ ਰਜਿਸਟਰਡ ਗਿਰਵੀਨਾਮਾ ਰਕਬਾ 1 ਕਨਾਲ 2 ਮਰਲੇ, ਵਾਕਿਆ ਪਿੰਡ ਨੰਗਲ ਬੁੱਟਰ, ਖੇਵਟ ਨੰ. 84, ਖਤੌਨੀ ਨੰ. 112, ਹੱਦਬਸਤ ਨੰ. 185 ਕਾਦੀਆਂ, ਬਟਾਲਾ ਗੁਰਦਾਸਪੁਰ, ਸੰਤੋਖ ਸਿੰਘ ਪੁੱਤਰ ਸਲਵਿੰਦਰ ਸਿੰਘ ਦੇ ਪੱਖ 'ਚ ਵਾਸੀ ਪਿੰਡ ਭਾਗੀਆਂ, ਗੁਰਦਾਸਪੁਰ, ਪੰਜਾਬ-143518, ਤਬਾਦਲਾ ਬੈਨਾਮਾ 2022-23/151/1/13 ਮਿਤੀ 01-04-2022 ਅਨੁਸਾਰ ਖਸਰਾ ਨੰ. 21//1, 34//4/1/1/2/4/1/2/2, 35//1/1/2 (ਇਸ ਤੋਂ ਬਾਅਦ ਜਾਇਦਾਦ ਵਜੋਂ ਹਵਾਲਾ) ਹੱਦਾਂ : ਉੱਤਰ : ਸਵਿੰਦਰ ਸਿੰਘ ਦੀ ਜਾਇਦਾਦ, ਦੱਖਣ : ਗਲੀ, ਪੂਰਬ : ਗੁਰਮੁਖ ਸਿੰਘ ਦੀ ਜਾਇਦਾਦ, ਪੱਛਮ : ਸੁੱਖਾ ਸਿੰਘ ਦੀ ਜਾਇਦਾਦ। |

ਹੁਣ, ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ ਦੇ ਅਧਿਕਾਰਤ ਅਫਸਰ ਵੱਲੋਂ ਉਕਤ ਡਿਮਾਂਡ ਨੋਟਿਸ ਦੀ ਸੱਮਗਰੀ ਨੂੰ ਨਿਯਮਾਂ ਅਨੁਸਾਰ ਪ੍ਰਕਾਸ਼ਿਤ ਕੀਤਾ ਜਾਂਦਾ ਹੈ ਤਾਂ ਜੋ ਤੁਸੀਂ ਆਪਣੇ ਕਰਜ਼ੇ ਦੀ ਪੂਰੀ ਅਦਾਇਗੀ ਕਰ ਸਕੋ। ਇਸ ਵਿੱਚ ਅਸਫਲ ਰਹਿਣ 'ਤੇ ਅਸੀਂ ਬਿਨਾਂ ਕਿਸੇ ਹੋਰ ਸੂਚਨਾ ਦੇ ਤੁਹਾਡੇ ਵੱਲੋਂ ਸਾਡੇ ਹੱਕ 'ਚ ਬਣਾਈ ਗਈ ਉਪਰੋਕਤ ਸਕਿਉਰਿਟੀ ਨੂੰ ਲਾਗੂ ਕਰਨ ਲਈ ਉਕਤ ਐਕਟ ਅਧੀਨ ਪ੍ਰਦਾਨ ਕੀਤੇ ਗਏ ਕਿਸੇ ਵੀ ਜਾਂ ਸਾਰੇ ਅਧਿਕਾਰਾਂ ਦੀ ਵਰਤੋਂ ਕਰਨ ਲਈ ਪਾਬੰਦ ਹੋਵਾਂਗੇ। ਕਿਰਪਾ ਕਰਕੇ ਧਿਆਨ ਦਿਉ ਕਿ ਇਹ ਪ੍ਰਕਾਸ਼ਨਾ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ ਨੂੰ ਕਾਨੂੰਨ ਅਧੀਨ ਕਰਜ਼ਦਾਰਾਂ ਅਤੇ ਗਰੰਟਰਾਂ ਖਿਲਾਫ ਉਪਲਬਧ ਸਾਰੇ ਅਧਿਕਾਰਾਂ ਅਤੇ ਉਪਚਾਰਾਂ ਨੂੰ ਪ੍ਰਭਾਵਿਤ ਕੀਤੇ ਬਿਨਾਂ ਕੀਤੀ ਗਈ ਹੈ। ਤੁਹਾਨੂੰ ਅੱਗੇ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਐਕਟ ਦੀ ਧਾਰਾ 13(13) ਅਨੁਸਾਰ ਤੁਹਾਡੇ 'ਤੇ ਉਪਰੋਕਤ ਸਕਿਉਰਿਟੀ ਸੰਪਤੀ ਨੂੰ ਬਿਨਾਂ ਸਾਡੇ ਤੋਂ ਅਗਾਊਂ ਮਨਜ਼ੂਰੀ ਦੇ ਵੇਚਣ, ਲੀਜ਼ ਕਰਨ ਜਾਂ ਕਿਸੇ ਵੀ ਹੋਰ ਤਰੀਕੇ ਨਾਲ ਹਸਤਾਂਤਰਿਤ ਕਰਨ ਜਾਂ ਇਸ ਨਾਲ ਕੋਈ ਲੈਣ-ਦੇਣ ਕਰਨ 'ਤੇ ਰੋਕ ਜਾਂ ਮਨਾਹੀ ਹੈ।

ਸਥਾਨ : ਪਟਿਆਲਾ,ਫਿਰੋਜ਼ਪੁਰ, ਗੁਰਦਾਸਪੁਰ ਮਿਤੀ : 20.03.2026 ਸਹੀ/- ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ, ਅਧਿਕਾਰਤ ਅਫਸਰ

## 3 ਮਹਿਲਾ ਉੱਦਮੀਆਂ ਨੂੰ ਮਿਲਿਆ ਪੰਜਾਬ ਸਰਕਾਰ ਉੱਦਮੀ ਮਹਿਲਾ ਸਨਮਾਨ

**ਜਲੰਧਰ, (ਸੁਰਿੰਦਰ ਕੁਮਾਰ)**- ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕਰਨ ਲਈ ਮੁਹਾਲੀ ਵਿਖੇ ਕਰਵਾਏ ਗਏ ਸਨਮਾਨ ਸਮਾਗਮ ਦੌਰਾਨ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਪਾਸੋਂ ਸਨਮਾਨ ਹਾਸਲ ਕਰਨ ਵਾਲੀਆਂ ਮਹਿਲਾ ਉੱਦਮੀਆਂ ਵਿੱਚ 3 ਜ਼ਿਲ੍ਹਾ ਜਲੰਧਰ ਨਾਲ ਸਬੰਧਤ ਮਹਿਲਾ ਉੱਦਮੀ ਵੀ ਸ਼ਾਮਲ ਹਨ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਪੱਧਰੀ ਸਮਾਗਮ ਦੌਰਾਨ ਪੂਜਾ ਪੁੱਤਰੀ ਸੰਜੀਵ ਕੁਮਾਰ ਪਿੰਡ ਭੰਗਾਲਾ ਬਲਾਕ ਨੂਰਮਹਿਲ ਨੂੰ ਡਿਜੀਟਲ ਦੀਦੀ ਕੈਟਾਗਰੀ ਲਈ, ਅੰਜਲੀ ਪੁੱਤਰੀ ਨਛੱਤਰ ਪਿੰਡ ਪੂਨੀਆ ਬਲਾਕ ਸ਼ਾਹਕੋਟ ਨੂੰ ਸੇਵਾ ਟੂ ਸੈਲਫ਼ ਰਿਲਾਇੰਸ ਅਤੇ ਮੋਨਿਕਾ ਪੁੱਤਰੀ ਗੁਰਮੇਲ ਸਿੰਘ ਵਾਸੀ ਪਿੰਡ ਮਾਣਕੋ ਬਲਾਕ ਆਦਮਪੁਰ ਨੂੰ ਸੇਵਾ ਟੂ ਸੈਲਫ਼ ਰਿਲਾਇੰਸ ਕੈਟਾਗਰੀ ਵਿੱਚ ਵਧੀਆ ਅਤੇ ਸ਼ਲਾਘਾਯੋਗ ਕਾਰਗੁਜ਼ਾਰੀ ਲਈ ਸਨਮਾਨ ਪ੍ਰਾਪਤ ਹੋਇਆ ਹੈ।ਇਨ੍ਹਾਂ ਮਹਿਲਾ ਉੱਦਮੀਆਂ ਨੂੰ ਸਰਕਾਰ ਵੱਲੋਂ ਸਨਮਾਨ ਪੱਤਰ, ਟਰਾਫੀ ਤੇ 25000-25000 ਰੁਪਏ ਦਾ ਚੈੱਕ ਸਨਮਾਨ ਵਜੋਂ ਦਿੱਤੇ ਗਏ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹਲਕਾ ਪੱਧਰ ਅਤੇ ਜ਼ਿਲ੍ਹਾ ਪੱਧਰ 'ਤੇ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਸਬੰਧੀ ਸਮਾਗਮ ਕਰਵਾਏ ਗਏ ਹਨ, ਜਿਸ ਦੌਰਾਨ ਵੱਖ-ਵੱਖ ਕੈਟਾਗਰੀਜ਼ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੀਆ 100-100 ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਿਸ਼ਨ ਤਹਿਤ ਪੇਂਡੂ ਖੇਤਰਾਂ ਦੀਆਂ ਗਰੀਬ ਔਰਤਾਂ ਨੂੰ ਸਵੈ ਸਹਾਇਤਾ ਸਮੂਹਾਂ ਨਾਲ ਜੋੜ ਕੇ ਉਨ੍ਹਾਂ ਦੇ ਜੀਵਨ ਪੱਧਰ, ਆਰਥਿਕ ਅਤੇ ਸਮਾਜਿਕ ਪੱਧਰ ਨੂੰ ਉੱਚਾ ਚੁੱਕਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਵਧੀਆ ਕਾਰਗੁਜ਼ਾਰੀ ਵਾਲੇ ਸਵੈ ਸਹਾਇਤਾ ਸਮੂਹਾਂ ਨੂੰ ਰਿਵਾਲਵਿੰਗ ਫੰਡ ਦੇ ਤੌਰ 'ਤੇ 30000 ਰੁਪਏ ਅਤੇ ਕਮਿਊਨਟੀ ਇਨਵੈਸਟਮੈਂਟ ਫੰਡ ਦੇ ਤੌਰ 'ਤੇ 50000 ਰੁਪਏ ਪ੍ਰਤੀ ਗਰੁੱਪ ਦੇ ਹਿਸਾਬ ਨਾਲ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਇਸ ਤੋਂ ਇਲਾਵਾ ਇਨ੍ਹਾਂ ਗਰੁੱਪਾਂ ਨੂੰ ਸੀ ਸੀ ਐੱਲ ਮੁਹੱਈਆ ਕਰਵਾ ਕੇ ਲਾਇਵਲੀਹੁੱਡ ਨਾਲ ਜੁੜੇ ਕੰਮ ਧੰਦਿਆਂ ਜਿਵੇਂ ਸਕੂਲੀ ਵਰਦੀਆਂ ਦੀ ਸਿਲਾਈ, ਐਗਰੀ ਨਿਊਟਰੀ ਗਾਰਡਨ, ਵੇਰਕਾ ਨਾਲ ਕੰਨਵਰਜੈਂਸ ਕਰਕੇ ਡੇਅਰੀ ਦੇ ਕੰਮ ਨਾਲ ਜੋੜਿਆ ਜਾਂਦਾ ਹੈ ਤਾਂ ਜੋ ਸਵੈ ਸਹਾਇਤਾ ਸਮੂਹਾਂ ਦੀਆਂ ਮਹਿਲਾਵਾਂ ਦਾ ਜੀਵਨ ਪੱਧਰ ਬਿਹਤਰ ਹੋ ਸਕੇ।ਇਸ ਮੌਕੇ ਡੀ ਪੀ ਐੱਮ ਸੁਖਵੰਤ ਕੌਰ, ਡੀ ਐੱਫ ਐਮ ਕੋਮਲ, ਲੇਖਾਕਾਰ ਵਿਕਾਸ ਬਖ਼ਸ਼ੀ ਤੇ ਆਜੀਵਿਕਾ ਮਿਸ਼ਨ ਦਾ ਬਾਕੀ ਸਟਾਫ਼ ਵੀ ਮੌਜੂਦ ਸੀ।



## ਮੰਡੀਆਂ 'ਚ ਕਣਕ ਦੀ ਖਰੀਦ ਦੇ ਪ੍ਰਬੰਧ ਜਲਦ ਕੀਤੇ ਜਾਣ ਪੂਰੇ : ਬਰਸਟ



**ਐਸ.ਏ.ਐਸ. ਨਗਰ (ਮੋਹਾਲੀ) (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਹਾੜ੍ਹੀ ਸੀਜ਼ਨ ਦੀ ਮੁੱਖ ਫਸਲ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮੰਡੀ ਬੋਰਡ ਦੇ ਸਮੂਹ ਅਧਿਕਾਰੀਆਂ ਤੇ ਜ਼ਿਲ੍ਹਾ ਮੰਡੀ ਅਫ਼ਸਰਾਂ ਨਾਲ ਬੋਰਡ ਦੇ ਮੁੱਖ ਦਫ਼ਤਰ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਚੇਅਰਮੈਨ ਵੱਲੋਂ ਮੰਡੀਆਂ ਵਿੱਚ ਕੀਤੇ ਜਾ ਰਹੇ ਪ੍ਰਬੰਧਾਂ ਸਬੰਧੀ ਅਧਿਕਾਰੀਆਂ ਪਾਸੋਂ ਜਾਣਕਾਰੀ ਪ੍ਰਾਪਤ ਕੀਤੀ ਗਈ ਤੇ ਸਾਰੇ ਪ੍ਰਬੰਧਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਬਰਸਟ ਨੇ ਕਿਹਾ ਕਿ 1 ਅਪ੍ਰੈਲ ਤੋਂ ਪੰਜਾਬ ਰਾਜ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਣ ਵਾਲੀ ਹੈ, ਜਿਸ ਦੇ ਲਈ 1896 ਮੰਡੀਆਂ ਐਲਾਨ ਕੀਤੀਆਂ ਗਈਆਂ ਹਨ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਮੰਡੀਆਂ ਅਤੇ ਖਰੀਦ ਕੇਂਦਰਾਂ ਦੀ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ ਅਤੇ ਛਾਂ ਆਦਿ ਦੇ ਸਮੇਂ ਸਿਰ ਪੁਖਤਾ ਪ੍ਰਬੰਧ ਕੀਤੇ ਜਾਣ, ਤਾਂ ਕਿ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆਂ ਪੇਸ਼ ਨਾ ਆਵੇ।ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਜ਼ਿਲ੍ਹਾ ਮੰਡੀ ਅਫ਼ਸਰਾਂ ਨੂੰ ਪੂਰੀ ਤਨਦੇਹੀ ਨਾਲ ਮੰਡੀਆਂ ਵਿੱਚ ਕਣਕ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਪੁਖਤਾਂ ਪ੍ਰਬੰਧ ਕਰਕੇ ਚੰਗੀ ਕਾਰਗੁਜਾਰੀ ਦੀ ਮਿਸਾਲ ਕਾਇਮ ਕੀਤੀ ਜਾਵੇ ਅਤੇ ਕਿਸਾਨ ਵੀ ਖੁਸ਼ੀ-ਖੁਸ਼ੀ ਆਪਣੀ ਫਸਲ ਨੂੰ ਬਿਨਾਂ ਕਿਸੇ ਸਮੱਸਿਆ ਤੋਂ ਵੇਚ ਸਕਣ। ਇਸ ਦੇ ਨਾਲ ਹੀ ਬਰਸਟ ਨੇ ਸਮੂਹ ਅਧਿਕਾਰੀਆਂ ਨੂੰ ਜਿੱਥੇ ਹਰਿਆਵਲ ਮੁਹਿੰਮ ਤਹਿਤ ਮੰਡੀਆਂ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ, ਉੱਥੇ ਹੀ ਮੰਡੀ ਬੋਰਡ ਦੀ ਆਮਦਨ ਵਧਾਉਣ ਲਈ ਵੀ ਵਿਸ਼ੇਸ਼ ਪੱਧਰ ਤੇ ਉਪਰਾਲੇ ਕਰਨ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮੰਡੀ ਬੋਰਡ ਵੱਲੋਂ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ, ਤਾਂ ਜੋ ਉਹ ਇਨ੍ਹਾਂ ਸਹੂਲਤਾਂ ਦਾ ਲਾਭ ਲੈ ਸਕਣ। ਮੀਟਿੰਗ ਵਿੱਚ ਜਤਿੰਦਰ ਸਿੰਘ ਭੰਗੂ ਇੰਜੀਨਿਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਅਮਨਦੀਪ ਸਿੰਘ ਮੁੱਖ ਇੰਜੀਨੀਅਰ, ਮਨਿੰਦਰਜੀਤ ਸਿੰਘ ਬੇਦੀ ਡੀ ਜੀ ਐੱਮ, ਪ੍ਰੀਤ ਕੰਵਰ ਸਿੰਘ ਬਰਾੜ ਡੀ ਜੀ ਐੱਮ, ਮੁਕੇਸ਼ ਕੁਮਾਰ ਕੈਲੇ ਡੀ ਜੀ ਐੱਮ, ਅਮਨਦੀਪ ਸਿੰਘ ਸੰਧੂ ਡੀ ਜੀ ਐੱਮ ਸਮੇਤ ਸਮੂਹ ਜਿਲ੍ਹਾ ਮੰਡੀ ਅਫ਼ਸਰ ਤੇ ਹੋਰ ਅਧਿਕਾਰੀ ਮੌਜੂਦ ਰਹੇ।

## ਮੂਰਤੀ ਸਥਾਪਨਾ ਦਿਵਸ ਮਨਾਇਆ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਮਾਂ ਦੁਰਗਾ ਮੰਦਰ ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਪੰਡਿਤ ਆਸ਼ੂ ਕੁਮਾਰ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੂਰਤੀ ਸਥਾਪਨਾ ਦਿਵਸ ਮਨਾਇਆ ਗਿਆ।ਮੰਦਰ ਵਿਖੇ ਪੂਜਾ ਕਰਕੇ ਝੰਡੇ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਤੇ ਪੰਡਿਤ ਆਸ਼ੂ ਕੁਮਾਰ, ਪੰਡਿਤ ਸ਼ੰਕਰ ਮੰਦਰ ਦੇ ਪੁਜਾਰੀ, ਜਸਵੀਰ ਸਿੰਘ ਸੀਰਾ, ਰੋਕਾਂ, ਸੁਨੀਲ ਮੱਟੂ, ਰਾਹੁਲ, ਅਮਰਜੀਤ, ਗੋਬਿੰਦਾ, ਬਿੰਦਾ, ਰਾਣ ਸਾਂਈ, ਮੀਨਾ ਕੁਮਾਰੀ, ਸੁਰਿੰਦਰ ਰਾਣੀ, ਦੇਬੋ, ਰਾਜਵਿੰਦਰ ਕੌਰ ਆਦਿ ਹੋਰ ਵੀ ਬਹੁਤ ਸਾਰੇ ਸ਼ਰਧਾਲੂ ਹਾਜ਼ਰ ਸਨ।



## ਘਰੇਲੂ ਗੈਸ ਸਿਲੰਡਰ ਨਾ ਮਿਲਣ ਕਾਰਨ ਲੋਕ ਪ੍ਰੇਸ਼ਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬੁਕਿੰਗ ਦੇ ਬਾਵਜੂਦ ਘਰੇਲੂ ਗੈਸ ਸਿਲੰਡਰ ਨਾ ਮਿਲਣ ਕਾਰਨ ਖਪਤਕਾਰ ਸੜਕਾਂ ਤੇ ਰੁਲਣ ਲਈ ਮਜਬੂਰ ਹੋ ਰਹੇ ਹਨ। ਇਸ ਸਬੰਧੀ ਸਥਾਨਕ ਗੈਸ ਏਜੰਸੀ ਦੇ ਸਹੇੜੀ ਸਥਿਤ ਗੁਦਾਮ ਦੇ ਬਾਹਰ ਲੰਮੀ ਕਤਾਰ ਵਿਚ ਖੜ ਕੇ ਆਪਣੀ ਵਾਰੀ ਦਾ ਇੰਤਜ਼ਾਰ ਕਰ ਰਹੇ ਲੋਕਾਂ ਵਲੋਂ ਏਜੰਸੀ ਦੀ ਸਪਲਾਈ ਯਕੀਨੀ ਨਾ ਹੋਣ ਕਾਰਨ ਨਾਅਰੇਬਾਜ਼ੀ ਕੀਤੀ ਗਈ ਤੇ ਸਪਲਾਈ ਯਕੀਨੀ ਬਣਾਉਣ ਦੀ ਮੰਗ ਕੀਤੀ। ਇਸ ਸਬੰਧੀ ਪ੍ਰੈਸ ਨੋਟ ਜਾਰੀ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਦੱਸਿਆ ਕਿ ਗੈਸ ਸਿਲੰਡਰ ਬੁੱਕ ਹੋਣ ਦੇ ਕਈ ਕਈ ਦਿਨਾਂ ਬਾਅਦ ਵੀ ਸਿਲੰਡਰ ਨਹੀਂ ਮਿਲ ਰਹੇ। ਉਹਨਾਂ ਦੋਸ਼ ਲਗਾਇਆ ਕਿ ਗੈਸ ਏਜੰਸੀ ਦੇ ਮਾਲਕ ਫੋਨ ਵੀ ਅਟੈਂਡ ਨਹੀਂ ਕਰ ਰਹੇ। ਗੈਸ ਸਿਲੰਡਰ ਲੈਣ ਲਈ ਲਾਈਨ ਵਿੱਚ ਖੜੇ ਰਣਬੀਰ ਸਿੰਘ ਖਮਾਣੋਂ, ਰਿੰਕੂ ਮੋਰਿੰਡਾ,ਤੇਲੂ ਰਾਮ ਮੋਰਿੰਡਾ, ਬਲਜੀਤ ਸਿੰਘ ਕਲੌੜ ਅਤੇ ਮਨਜੀਤ ਸਿੰਘ ਢੋਲਣ ਮਾਜਰਾ ਨੇ ਦੱਸਿਆ ਕਿ ਉਹ ਕਈ ਦਿਨਾਂ ਤੋਂ ਸਾਰਾ ਸਾਰਾ ਦਿਨ ਖੜ ਕੇ ਖਾਲੀ ਆਪਣੇ ਘਰਾਂ ਨੂੰ ਮੁੜ ਜਾਂਦੇ ਹਨ। ਉਹਨਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਜ਼ੋਰਦਾਰ ਮੰਗ ਕੀਤੀ ਕਿ ਗੈਸ ਦੀ ਸਪਲਾਈ ਯਕੀਨੀ ਅਤੇ ਅਸਾਨ ਬਣਾਈ ਜਾਵੇ।



## ਆਈ ਪੀ ਐੱਲ ਮੈਚਾਂ ਲਈ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੀਟਿੰਗ

**ਮੋਹਾਲੀ (ਗੁਰਜੀਤ ਬਿੱਲਾ)**- ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ ਵੱਲੋਂ ਮੁੱਲਾਂਪੁਰ (ਨਿਊ ਚੰਡੀਗੜ੍ਹ) ਵਿਖੇ ਸਥਿਤ ਮਹਾਰਾਜਾ ਯਾਦਵਿੰਦਰਾ ਸਿੰਘ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਹੋਣ ਵਾਲੇ ਟਾਟਾ ਇੰਡੀਅਨ ਪ੍ਰੀਮੀਅਰ ਲੀਗ (ਆਈ ਪੀ ਐੱਲ) ਮੈਚਾਂ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਮੀਖਿਆ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਜਾਰੀ ਕੀਤੇ ਗਏ ਸ਼ਡਿਊਲ ਅਨੁਸਾਰ ਆਈ ਪੀ ਐੱਲ ਮੈਚ 31 ਮਾਰਚ ਤੇ 11 ਅਪ੍ਰੈਲ, 2026 ਨੂੰ ਖੇਡੇ ਜਾਣਗੇ।ਉਨ੍ਹਾਂ ਕਿਹਾ ਕਿ ਦਰਸ਼ਕਾਂ ਦੀ ਸੰਭਾਵਿਤ ਵੱਡੀ ਆਮਦ ਨੂੰ ਦੇਖਦੇ ਹੋਏ ਸਭ ਸੰਬੰਧਿਤ ਵਿਭਾਗਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਪਾਰਕਿੰਗ, ਜਨਤਕ ਸੁਵਿਧਾਵਾਂ ਅਤੇ ਸਟੇਡੀਅਮ ਦੇ ਅੰਦਰ ਅਤੇ ਬਾਹਰ ਸੁਰੱਖਿਆ ਮਾਪਦੰਡਾਂ ਦੀ ਪੂਰੀ ਪਾਲਣਾ ਯਕੀਨੀ ਬਣਾਈ ਜਾਵੇ। ਏ.ਡੀ.ਸੀ. (ਜ) ਨੇ ਆਯੋਜਕਾਂ ਨੂੰ ਨਿਰਦੇਸ਼ ਦਿੱਤੇ ਕਿ ਸਟੇਡੀਅਮ ਤੋਂ ਬਾਹਰ ਯੋਗ ਪਾਰਕਿੰਗ ਥਾਵਾਂ ਨਿਰਧਾਰਤ ਕੀਤੀਆਂ ਜਾਣ ਤਾਂ ਜੋ ਜ਼ਿਲ੍ਹਾ ਪੁਲਿਸ ਵੱਲੋਂ ਵਾਹਨਾਂ ਦੀ ਸੁਚੱਜੀ ਪਾਰਕਿੰਗ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਪਾਰਕਿੰਗ ਸਥਾਨਾਂ ਦੇ ਨੇੜੇ ਮੋਬਾਈਲ ਟਾਇਲਟ ਅਤੇ ਯੂਰੀਨਲ ਦੀ ਸੁਵਿਧਾ ਮੁਹੱਈਆ ਕਰਵਾਈ ਜਾਵੇ। ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਫਾਇਰ ਅਫ਼ਸਰ ਨੂੰ ਸਟੇਡੀਅਮ ਦੇ ਅੰਦਰ ਅੱਗ ਬੁਝਾਉਣ ਵਾਲੇ ਸਾਜ਼ੋ-ਸਾਮਾਨ ਅਤੇ ਪ੍ਰਣਾਲੀ ਦੀ ਪੂਰੀ ਜਾਂਚ ਕਰਨ ਲਈ ਕਿਹਾ ਗਿਆ। ਗਮਾਡਾ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਸਟੇਡੀਅਮ ਤੱਕ ਜਾਣ ਵਾਲੀਆਂ ਸੜਕਾਂ ਦੀ ਸੰਭਾਲ ਅਤੇ ਮੁਰੰਮਤ ਯਕੀਨੀ ਬਣਾਉਣ ਦੇ ਨਾਲ ਨਾਲ ਇਮਾਰਤ ਅਤੇ ਬੈਠਣ ਦੇ ਪ੍ਰਬੰਧਾਂ ਦੀ ਸੁਰੱਖਿਆ ਦੀ ਜਾਂਚ ਕਰਨ ਲਈ ਵੀ ਕਿਹਾ ਗਿਆ।ਉਨ੍ਹਾਂ ਇਹ ਵੀ ਦਿਸ਼ਾ-ਨਿਰਦੇਸ਼ ਦਿੱਤੇ ਗਏ ਕਿ ਸਾਰੇ ਲਾਜ਼ਮੀ ਪ੍ਰਬੰਧ ਤੇ ਜਾਂਚਾਂ ਨਿਰਧਾਰਿਤ ਮਿਤੀਆਂ ਤੋਂ ਪਹਿਲਾਂ ਹੀ ਮੁਕੰਮਲ ਕੀਤੀਆਂ ਜਾਣ ਤੇ ਲੋੜੀਂਦੇ ਸੁਰੱਖਿਆ ਅਤੇ ਫਿਟਨੈੱਸ ਸਰਟੀਫਿਕੇਟ ਸਮੇਂ ਸਿਰ ਜਮ੍ਹਾਂ ਕਰਵਾਏ ਜਾਣ।ਇਸ ਮੀਟਿੰਗ ਵਿੱਚ ਗਮਾਡਾ ਦੇ ਏ ਸੀ ਏ ਅਮਰਿੰਦਰ ਸਿੰਘ ਮੱਲ੍ਹੀ, ਅਸਿਸਟੈਂਟ ਕਮਿਸ਼ਨਰ (ਜ) ਡਾ. ਅੰਕਿਤਾ ਕਾਂਸਲ, ਐਸ.ਡੀ.ਐਮ ਖਰੜ ਗੁਰਮੀਤ ਸਿੰਘ, ਐੱਸ ਪੀ ਐੱਸ ਏ ਐਸ ਨਗਰ ਰਮਨਦੀਪ ਸਿੰਘ, ਸਿਵਲ ਸਰਜਨ ਦਫ਼ਤਰ ਤੋਂ ਡਾ. ਹਰਮਨ ਬਰਾੜ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਹੋਏ। ਇਸ ਤੋਂ ਇਲਾਵਾ ਪੰਜਾਬ ਕਿੰਗਜ਼ ਫ੍ਰੈਂਚਾਈਜ਼ੀ ਦੇ ਨੁਮਾਇੰਦੇ, ਕੇ.ਪੀ.ਐਚ ਡ੍ਰੀਮ ਕ੍ਰਿਕਟ ਪ੍ਰਾਈਵੇਟ ਲਿਮਟਿਡ, ਚੰਡੀਗੜ੍ਹ ਦੇ ਅਧਿਕਾਰੀ ਤੇ ਸਟੇਡੀਅਮ ਦੇ ਸੀ ਈ ਓ ਵੀ ਮੌਜੂਦ ਸਨ।



## ਰਿਆਤ ਇੰਸਟੀਚਿਊਟ ਆਫ਼ ਫਾਰਮੇਸੀ ਨੇ 2025-26 'ਚ ਅਕਾਦਮਿਕ ਤੇ ਖੋਜ ਉੱਤਮਤਾ ਪ੍ਰਾਪਤ ਕੀਤੀ

**ਬਲਾਚੌਰ (ਜਸਵਿੰਦਰ ਬੈਂਸ)**- ਟੈਕ ਸਕਿੱਲਜ਼ ਯੂਨੀਵਰਸਿਟੀ ਪੰਜਾਬ ਦੇ ਅਧੀਨ ਰਿਆਤ ਇੰਸਟੀਚਿਊਟ ਆਫ਼ ਫਾਰਮੇਸੀ ਨੇ ਅਕਾਦਮਿਕ ਸੈਸ਼ਨ 2025-26 ਦੌਰਾਨ ਅਕਾਦਮਿਕ ਤੇ ਖੋਜ ਉੱਤਮਤਾ ਵਿੱਚ ਸ਼ਾਨਦਾਰ ਤਰੱਕੀ ਪ੍ਰਾਪਤ ਕੀਤੀ ਹੈ। ਸੰਸਥਾ ਨੇ ਪ੍ਰਸਿੱਧ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਵਿੱਚ ਪ੍ਰਕਾਸ਼ਨਾਂ ਰਾਹੀਂ ਮਜ਼ਬੂਤ ?ਖੋਜ ਉਤਪਾਦਕਤਾ ਦਾ ਪ੍ਰਦਰਸ਼ਨ ਕੀਤਾ ਹੈ। ਕਾਰਜਕਾਰੀ ਡੀਨ ਡਾ. ਐਨ ਐੱਸ ਗਿੱਲ ਨੇ ਸਾਂਝਾ ਕੀਤਾ ਕਿ ਫੈਕਲਟੀ ਮੈਂਬਰਾਂ ਨੇ ਅੰਤਰਰਾਸ਼ਟਰੀ ਰਸਾਲਿਆਂ ਵਿੱਚ 41 ਖੋਜ ਅਤੇ ਸਮੀਖਿਆ ਲੇਖ ਪ੍ਰਕਾਸ਼ਿਤ ਕੀਤੇ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਉੱਚ-ਪ੍ਰਭਾਵ ਵਾਲੇ ਜਰਨਲਾਂ ਵਿੱਚ 6-9 ਤੱਕ ਪ੍ਰਭਾਵ ਕਾਰਕਾਂ ਦੇ ਨਾਲ ਛਪੇ ਅਤੇ ਸਕੋਪਸ ਵਿੱਚ ਸੂਚੀਬੱਧ ਹਨ। ਸੰਸਥਾ ਨੇ 9 ਪੇਟੈਂਟ ਦਾਇਰ/ਪ੍ਰਕਾਸ਼ਿਤ ਕਰਕੇ ਆਪਣੇ ਨਵੀਨਤਾ ਵਾਤਾਵਰਣ ਨੂੰ ਵੀ ਮਜ਼ਬੂਤ ਕੀਤਾ ਹੈ, ਜੋ ਖੋਜ, ਤਕਨਾਲੋਜੀ ਵਿਕਾਸ ਅਤੇ ਬੌਧਿਕ ਸੰਪੱਤੀ ਉਤਪਾਦਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਾਪਤੀਆਂ ਗੁਣਵੱਤਾ ਖੋਜ, ਨਵੀਨਤਾ ਪ੍ਰਤੀ ਸੰਸਥਾ ਦੇ ਸਮਰਪਣ ਨੂੰ ਉਜਾਗਰ ਕਰਦੀਆਂ ਹਨ।ਸੰਸਥਾ ਫੈਕਲਟੀ ਤੇ ਵਿਦਿਆਰਥੀਆਂ ਨੂੰ ਪ੍ਰਭਾਵਸ਼ਾਲੀ ਖੋਜ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕਰਨਾ ਜਾਰੀ ਰੱਖਦੀ ਹੈ, ਜੋ ਕਿ ਫਾਰਮਾਸਿਊਟੀਕਲ ਵਿਗਿਆਨ ਤੇ ਸਿਹਤ ਸੰਭਾਲ ਨਵੀਨਤਾਵਾਂ ਦੀ ਤਰੱਕੀ ਵਿੱਚ ਯੋਗਦਾਨ ਪਾਉਂਦੀ ਹੈ।



## ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੈਸ਼ਨਲ ਮੈਰਾਥਨ 22 ਨੂੰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਸ਼ਹੀਦੀ ਨੂੰ ਸਮਰਪਿਤ 22 ਮਾਰਚ ਨੂੰ ਮਾਹਿਲਪੁਰ ਵਿਖੇ ਕਰਵਾਈ ਜਾ ਰਹੀ ਨੈਸ਼ਨਲ ਮੈਰਾਥਨ ਦੇ ਮੱਦੇਨਜ਼ਰ ਜ਼ਿਲ੍ਹਾ ਪੁਲਿਸ ਵਲੋਂ ਲੋਕਾਂ ਦੀ ਸਹੂਲਤ ਲਈ ਬਦਲਵੇਂ ਟ੍ਰੈਫਿਕ ਰੂਟਾਂ ਦਾ ਵੇਰਵਾ ਜਾਰੀ ਕੀਤਾ ਗਿਆ ਹੈ। ਐੱਸ ਐੱਸ ਪੀ ਸੰਦੀਪ ਕੁਮਾਰ ਮਲਿਕ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਸ਼ਟਰੀ ਮੈਰਾਥਨ ਵਾਲੇ ਦਿਨ ਸਵਰਨ ਫਾਰਮ ਚੌਂਕ ਚੰਡੀਗੜ੍ਹ ਰੋਡ ਤੋਂ ਮਾਹਿਲਪੁਰ ਵੱਲ ਜਾਣ ਵਾਲੀ ਸਾਰੀ ਟ੍ਰੈਫਿਕ ਨੂੰ ਪੁਰਹੀਰਾਂ ਤੋਂ ਮੇਹਟੀਆਣਾ ਤੋਂ ਫਗਵਾੜਾ ਸਾਈਡ ਡਾਇਵਰਟ ਕੀਤਾ ਜਾਵੇਗਾ। ਇਸੇ ਤਰ੍ਹਾਂ ਪੁਰਹੀਰਾਂ ਬਾਈਪਾਸ ਤੋਂ ਮਾਹਿਲਪੁਰ ਵੱਲ ਜਾਣ ਵਾਲੀ ਟ੍ਰੈਫਿਕ ਨੂੰ ਵੀ ਮੇਹਟੀਆਣਾ-ਫਗਵਾੜਾ ਵਾਲੇ ਪਾਸੇ ਭੇਜਿਆ ਜਾਵੇਗਾ। ਮੇਹਟੀਆਣਾ ਨਹਿਰ ਲਾਗੇ ਨਾਕੇ ਤੋਂ ਟ੍ਰੈਫਿਕ ਨੂੰ ਫਗਵਾੜਾ ਵੱਲ ਡਾਇਵਰਟ ਕੀਤਾ ਜਾਵੇਗਾ। ਇਸੇ ਤਰ੍ਹਾਂ ਕੋਟ ਫਤੂਹੀ ਨਹਿਰ ਤੋਂ ਮੇਹਟੀਆਣਾ ਤੇ ਫਗਵਾੜਾ ਨੂੰ ਟ੍ਰੈਫਿਕ ਭੇਜੀ ਜਾਵੇਗੀ। ਨਾਕਾ ਅੱਡਾ ਚੱਬੇਵਾਲ ਤੋਂ ਪਿੰਡ ਸਸੋਲੀ ਸਾਈਡ ਨੂੰ ਸਾਰੀ ਟ੍ਰੈਫਿਕ ਡਾਇਵਰਟ ਕੀਤੀ ਜਾਵੇਗੀ ਤੇ ਨਾਕਾ ਅੱਡਾ ਜੇਜੋਂ ਤੋਂ ਹਿਮਾਚਲ ਤੋਂ ਆਉਣ ਵਾਲੀ ਸਾਰੀ ਟ੍ਰੈਫਿਕ ਗੜ੍ਹਸ਼ੰਕਰ ਅਤੇ ਮਾਹਿਲਪੁਰ ਵੱਲ ਪ੍ਰਵੇਸ਼ ਨਹੀਂ ਹੋ ਸਕੇਗਾ। ਜ਼ਿਕਰਯੋਗ ਹੈ ਕਿ ਮਾਹਿਲਪੁਰ ਅੱਡਾ ਨੇੜੇ ਹੀਰਾ ਇਲੈਕਟ੍ਰੋਨਿਕਸ ਵਾਲੀ ਗਲੀ ਤੋਂ ਚੱਬੇਵਾਲ, ਹੁਸ਼ਿਆਰਪੁਰ ਸਾਈਡ ਨੂੰ ਸਾਰੀ ਟ੍ਰੈਫਿਕ ਡਾਇਵਰਟ ਕੀਤੀ ਜਾਵੇਗੀ। ਇਸੇ ਤਰ੍ਹਾਂ ਭੁਲੇਵਾਲ ਗੁਜਰਾਂ ਗੇਟ ਦੇ ਨੇੜੇ ਜੇਜੋਂ ਰੋਡ ਤੋਂ ਚੱਬੇਵਾਲ, ਹੁਸ਼ਿਆਰਪੁਰ ਵੱਲ ਨੂੰ ਟ੍ਰੈਫਿਕ ਭੇਜੀ ਜਾਵੇਗੀ। ਪਿੰਡ ਪੱਦੀ ਸੂਰਾ ਸਿੰਘ ਵਿਖੇ ਨਾਕੇ ਤੋਂ ਮੋਰਾਂਵਾਲੀ ਨਹਿਰ ਪੁੱਲ ਰੋਡ ਵੱਲ ਨੂੰ ਟ੍ਰੈਫਿਕ ਭੇਜੀ ਜਾਵੇਗੀ। ਬੰਗਾ ਰੋਡ ਗੜ੍ਹਸ਼ੰਕਰ ਨੇੜੇ ਚੂੰਗੀ ਨਾਕਾ ਤੋਂ ਟ੍ਰੈਫਿਕ ਨੂੰ ਨਵਾਂਸ਼ਹਿਰ ਰੋਡ ਵੱਲ ਭੇਜਿਆ ਜਾਵੇਗਾ ਤੇ ਬੰਗਾ ਰੋਡ ਗੜ੍ਹਸ਼ੰਕਰ ਤੋਂ ਨਵਾਂਸ਼ਹਿਰ-ਚੰਡੀਗੜ੍ਹ ਰੋਡ-ਕੋਟ ਫਤੂਹੀ ਰੋਡ ਸਾਈਡ ਨੂੰ ਟ੍ਰੈਫਿਕ ਡਾਇਵਰਟ ਕੀਤਾ ਜਾਵੇਗਾ। ਇਸੇ ਤਰ੍ਹਾਂ ਨਾਕਾ ਨਵਾਂਸ਼ਹਿਰ ਰੋਡ ਗੜ੍ਹਸ਼ੰਕਰ ਤੋਂ ਦੋਵਾਂ ਪਾਸੇ ਨਵਾਂਸ਼ਹਿਰ ਅਤੇ ਚੰਡੀਗੜ੍ਹ ਰੋਡ ਸਾਈਡ ਨੂੰ ਆਵਾਜਾਈ ਰਹੇਗੀ। ਨਾਕਾ ਚੰਡੀਗੜ੍ਹ ਚੌਕ ਗੜ੍ਹਸ਼ੰਕਰ ਤੋਂ ਨਵਾਂਸ਼ਹਿਰ ਰੋਡ ਅਤੇ ਚੰਡੀਗੜ੍ਹ ਰੋਡ ਵੱਲ ਨੂੰ ਟ੍ਰੈਫਿਕ ਸੁਚਾਰੂ ਢੰਗ ਨਾਲ ਚੱਲੇਗੀ ਅਤੇ ਨਾਕਾ ਸ੍ਰੀ ਅਨੰਦਪੁਰ ਸਾਹਿਬ ਚੌਕ ਗੜ੍ਹਸ਼ੰਕਰ ਤੋਂ ਨਵਾਂਸ਼ਹਿਰ ਅਤੇ ਚੰਡੀਗੜ੍ਹ ਸਾਈਡ ਨੂੰ ਟ੍ਰੈਫਿਕ ਚੱਲੇਗੀ।ਉਨ੍ਹਾਂ ਦੱਸਿਆ ਕਿ ਨਾਕਾ ਨੰਗਲ ਰੋਡ ਗੜ੍ਹਸ਼ੰਕਰ ਤੋਂ ਨਵਾਂਸ਼ਹਿਰ ਰੋਡ ਅਤੇ ਚੰਡੀਗੜ੍ਹ ਰੋਡ ਨੂੰ ਟ੍ਰੈਫਿਕ ਜਾਰੀ ਰਹੇਗੀ।



## ਸ਼ਹੀਦ ਬਾਬਾ ਮਤੀ ਜੀ ਹਾਈ ਸਕੂਲ 'ਚ ਸਾਲਾਨਾ ਸਮਾਗਮ



**ਆਦਮਪੁਰ (ਪਰਮਜੀਤ ਸਿੰਘ)**- ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸ਼ਹੀਦ ਬਾਬਾ ਮਤੀ ਮੈਮੋਰੀਅਲ ਹਾਈ ਸਕੂਲ ਵਿਖੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੀ ਅਗਵਾਈ ਹੇਠ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ। ਸਮਾਪਤੀ ਉਪਰੰਤ 90% ਨੰਬਰ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਾਣਕਾਰੀ ਦਿੰਦੇ ਪ੍ਰਧਾਨ ਮਨੋਹਰ ਸਿੰਘ ਨੇ ਦੱਸਿਆ ਕਿ ਇਲਾਕੇ ਵਿੱਚ ਸਿੱਖ ਇਤਿਹਾਸ ਤੇ ਸਿੱਖੀ ਨੂੰ ਪ੍ਰਫੁੱਲਤ ਕਰਨ ਦੇ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ ਇਸ ਸਕੂਲ ਵਿੱਚ ਘੱਟ ਫੀਸ ਤੇ ਵੱਧ ਪੜ੍ਹਾਈ ਤੇ ਪੜ੍ਹਿਆ ਲਿਖਿਆ ਸਟਾਫ ਰੱਖਿਆ ਹੋਇਆ ਹੈ ਜਿਸ ਦਾ ਸਾਰਾ ਖਰਚਾ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਪਾਸੋਂ ਕਰਦੀ ਹੈ। ਇਸ ਸਮਾਗਮ ਦੌਰਾਨ ਜਿੱਥੇ ਸਕੂਲ ਸਟਾਫ ਦਾ ਮਾਣ ਸਨਮਾਨ ਕੀਤਾ ਗਿਆ ਉੱਥੇ ਹੀ ਬੱਸ ਡਰਾਈਵਰਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ । ਸਮਾਗਮ ਦੌਰਾਨ ਜਥੇਦਾਰ ਮਨੋਹਰ ਸਿੰਘ ਪ੍ਰਧਾਨ, ਰਸ਼ਪਾਲ ਸਿੰਘ ਸਰਪੰਚ, ਰਣਵੀਰ ਪਾਲ ਸਿੰਘ, ਜਗਜੀਤ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਤੇਜਾ ਸਿੰਘ ਹੀਰਾ ਪ੍ਰਿੰਸੀਪਲ, ਹਰਦੀਪ ਸਿੰਘ ਇੰਸਪੈਕਟਰ, ਮਨਦੀਪ ਸਿੰਘ, ਇਕਬਾਲ ਸਿੰਘ, ਸੁਰਿੰਦਰ ਸਿੰਘ, ਜਰਨੈਲ ਸਿੰਘ, ਗੁਰਜੀਤ ਸਿੰਘ, ਦਰਸ਼ਨ ਸਿੰਘ, ਹਰਦਿਆਲ ਸਿੰਘ, ਡਾਕਟਰ ਗੁਰਮੀਤ ਸਿੰਘ, ਗੁਰਦੀਪ ਸਿੰਘ, ਕੁਲਵੰਤ ਸਿੰਘ, ਜੋਰਾਵਰ ਸਿੰਘ, ਅਵਤਾਰ ਸਿੰਘ, ਗੁਰਮੀਤ ਸਿੰਘ ਅਤੇ ਨਗਰ ਪੰਚਾਇਤ ਤੇ ਪਿੰਡ ਵਾਸੀ ਹਾਜ਼ਰ ਸਨ।

## ਵੈਟਰਨਰੀ ਇੰਸਪੈਕਟਰਾਂ ਵੱਲੋਂ ਰੋਸ ਰੈਲੀ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਜਦੋ ਜਹਿਦ ਕਰਦੇ ਆ ਰਹੇ ਹਨ, ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਕਿਹਾ ਕਿ ਵੈਟਨਰੀ ਇੰਸਪੈਕਟਰ ਪਸ਼ੂ ਪਾਲਣ ਵਿਭਾਗ ਦੀ ਰੀੜ ਦੀ ਹੱਡੀ ਹਨ ਤੇ 90% ਕੰਮ ਇਸੇ ਕੇਡਰ ਵੱਲੋਂ ਕੀਤਾ ਜਾਂਦਾ ਹੈ। ਸਰਕਾਰ ਦੀਆਂ ਸਾਰੀਆਂ ਸਕੀਮਾਂ ਜਮੀਨੀ ਪੱਧਰ ਤੇ ਵੈਟਰਨਰੀ ਇੰਸਪੈਕਟਰਾਂ ਵੱਲੋਂ ਲਾਗੂ ਕੀਤੀਆਂ ਜਾਂਦੀਆਂ ਹਨ। ਵੈਟਨਰੀ ਇੰਸਪੈਕਟਰਾਂ ਦੀਆਂ ਕੁਝ ਮੰਗਾਂ ਹਨ ਜਿਹਨਾਂ ਦੇ ਸੰਬੰਧ ਵਿੱਚ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਦੀਆਂ ਕਈ ਮੀਟਿੰਗਾਂ ਮਾਣਯੋਗ ਮੰਤਰੀ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋ ਚੁੱਕੀਆਂ ਹਨ, ਪਰ ਹੁਣ ਤੱਕ ਵੈਟਨਰੀ ਇੰਸਪੈਕਟਰਾਂ ਦੇ ਪੱਲੇ ਸਿਵਾਏ ਲਾਰਿਆਂ ਤੋਂ ਕੁਝ ਨਹੀਂ ਪਿਆ, ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਨੇ 21 ਮਾਰਚ ਦਿਨ ਸ਼ਨੀਵਾਰ ਨੂੰ ਪਸ਼ੂ ਪਾਲਣ ਮੰਤਰੀ ਦੇ ਹਲਕਾ ਲੰਬੀ ਵਿੱਚ ਇੱਕ ਵਿਸ਼ਾਲ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਹੈ। ਇਸ ਸਬੰਧੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਹਰ ਤਰ੍ਹਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਉਹਨਾਂ ਨੇ ਜਾਣਕਾਰੀ ਦਿੰਦਿਆ ਹੋਇਆ ਦੱਸਿਆ ਕਿ ਇਸ ਰੈਲੀ ਵਿੱਚ ਪੂਰੇ ਪੰਜਾਬ ਦੇ ਵੈਟਰਨਰੀ ਇੰਸਪੈਕਟਰ ਸ਼ਿਰਕਤ ਕਰਨਗੇ, ਰੈਲੀ ਵਿੱਚ ਰਿਟਾਇਰ ਹੋਏ ਵੈਟਨਰੀ ਇੰਸਪੈਕਟਰ ਵੀ ਭਾਗ ਲੈਣਗੇ। ਇਸ ਮੌਕੇ ਤੇ ਸੀਨੀਅਰ ਆਗੂ ਗੁਰਮੀਤ ਸਿੰਘ ਮਹਿਤਾ, ਵਿਪਨ ਗੋਇਲ,ਰਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ, ਗੁਰਦੀਪ ਛੰਨਾ, ਵਿਜੇ ਕੰਬੋਜ, ਜਗਜੀਤ ਸੰਗਰੂਰ, ਪਰਵੀਨ ਕੁਮਾਰ, ਸੰਦੀਪ ਚੌਧਰੀ, ਦਮਨਜੀਤ ਸਿੰਘ, ਰਕੇਸ਼ ਸੈਣੀ, ਹਰਜੋਧ ਸਿੰਘ ਸੈਣੀ, ਦਵਿੰਦਰ ਧੁੱਗਾ, ਰਜਿੰਦਰ ਕੰਬੋਜ, ਸੁਖਜਿੰਦਰ ਸਿੰਘ ਫਰੀਦਕੋਟ, ਸਤਨਾਮ ਸਿੰਘ ਅੰਮ੍ਰਿਤਸਰ ਆਦਿ ਹਾਜ਼ਰ ਸਨ।



## ਪੀਣ ਵਾਲੇ ਪਾਣੀ ਦੀਆਂ ਨਵੀਆਂ ਪਾਈਪਾਂ ਪਾਏ ਜਾਣ 'ਤੇ 57 ਕਰੋੜ ਰੁਪਏ ਖਰਚ ਹੋਣਗੇ : ਵਿਧਾਇਕ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਦੇ ਚਿਰਕੋਣੇ ਮਸਲਿਆਂ ਦਾ ਤਰਜੀਹੀ ਅਧਾਰ 'ਤੇ ਹੱਲ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਹ ਫੇਜ਼-10 ਵਿਖੇ ਪੀਣ ਵਾਲੇ ਪਾਣੀ ਦੀਆਂ ਨਵੀਆਂ ਪਾਈਪਾਂ ਪਾਉਣ ਦੇ ਕੰਮ ਦੀ ਸ਼ੁਰੂਆਤ ਮੌਕੇ ਗੱਲਬਾਤ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਐੱਲ ਆਈ ਜੀ ਤੇ ਐੱਮ ਆਈ ਜੀ ਫੇਜ਼-10 ਦੇ ਇਲਾਕੇ ਵਿੱਚ ਪੁਰਾਣੀਆਂ ਤੇ ਖਰਾਬ ਪਾਣੀ ਸਪਲਾਈ ਲਾਈਨਾਂ ਕਾਰਨ ਪਾਣੀ ਅਸ਼ੁੱਧ ਹੋਣ ਦੀ ਸਮੱਸਿਆ ਆ ਰਹੀ ਸੀ। ਇਸ ਨੂੰ ਧਿਆਨ ਵਿੱਚ ਰੱਖਦਿਆਂ ਪੁਰਾਣੀਆਂ ਲਾਈਨਾਂ ਨੂੰ ਬਦਲ ਕੇ ਨਵੀਆਂ 4 ਇੰਚ ਦੀਆਂ ਡੀ ਆਈ ਪਾਈਪਾਂ ਪਾਈਆਂ ਜਾ ਰਹੀਆਂ ਹਨ। ਇਸ ਪ੍ਰੋਜੈਕਟ 'ਤੇ ਲਗਭਗ 57 ਕਰੋੜ ਰੁਪਏ ਖਰਚ ਆਉਣ ਦਾ ਅੰਦਾਜ਼ਾ ਹੈ ਅਤੇ ਕੰਮ ਕਰੀਬ ਢਾਈ ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਵਿਧਾਇਕ ਨੇ ਕਿਹਾ ਕਿ ਪੁਰਾਣੀਆਂ ਪਾਈਪਾਂ ਵਿੱਚ ਪਾਣੀ ਦੇ ਮਿਕਸ ਹੋਣ ਕਾਰਨ ਸਾਫ ਪਾਣੀ ਨਹੀਂ ਮਿਲ ਰਿਹਾ ਸੀ, ਜਿਸ ਨਾਲ ਬਿਮਾਰੀਆਂ ਫੈਲਣ ਦਾ ਖਤਰਾ ਬਣਿਆ ਹੋਇਆ ਸੀ। ਨਵੀਆਂ ਪਾਈਪਾਂ ਪਾਉਣ ਨਾਲ ਇਲਾਕੇ ਦੇ ਲੋਕਾਂ ਨੂੰ ਸਾਫ ਪਾਣੀ ਮਿਲੇਗਾ ਤੇ ਬਿਮਾਰੀਆਂ ਤੋਂ ਵੀ ਰਾਹਤ ਮਿਲੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਫੇਜ਼-10 ਵਿੱਚ ਨਹਿਰੀ ਪਾਣੀ ਦੀ ਸਪਲਾਈ ਪਹਿਲਾਂ ਹੀ ਸ਼ੁਰੂ ਕੀਤੀ ਜਾ ਚੁੱਕੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਦਿੱਕਤ ਆਉਣ 'ਤੇ ਸੰਬੰਧਿਤ ਵਿਭਾਗ ਵੱਲੋਂ ਤੁਰੰਤ ਠੀਕ ਕੀਤਾ ਜਾਂਦਾ ਹੈ।ਸ੍ਰੀ ਕੁਲਵੰਤ ਸਿੰਘ ਨੇ ਕਿਹਾ ਕਿ ਫੇਜ਼-10 ਨਾਲ ਉਨ੍ਹਾਂ ਦਾ ਵਿਸ਼ੇਸ਼ ਲਗਾਅ ਹੈ ਕਿਉਂਕਿ ਉਹ 1995 ਵਿੱਚ ਇੱਥੋਂ ਕੌਂਸਲਰ ਚੁਣੇ ਗਏ ਸਨ ਅਤੇ ਇਸ ਇਲਾਕੇ ਦੇ ਵਸਨੀਕਾਂ ਨੇ ਉਨ੍ਹਾਂ ਨੂੰ ਵੱਖ-ਵੱਖ ਅਹੁਦਿਆਂ 'ਤੇ ਸੇਵਾ ਕਰਨ ਦਾ ਮੌਕਾ ਦਿੱਤਾ।ਨਗਰ ਨਿਗਮ ਚੋਣਾਂ ਬਾਰੇ ਗੱਲ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਭਨਾਂ ਨੂੰ ਮਾਨਯੋਗ ਅਦਾਲਤ ਦੇ ਫੈਸਲੇ ਦੀ ਉਡੀਕ ਸੀ ਅਤੇ ਅਦਾਲਤ ਦੇ ਫੈਸਲੇ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇਗੀ।ਇਸ ਮੌਕੇ ਨਗਰ ਨਿਗਮ ਦੇ ਕਮਿਸ਼ਨਰ ਸੰਦੀਪ ਸਿੰਘ ਗਾੜ੍ਹਾ, ਚੀਫ ਇੰਜੀਨੀਅਰ ਨਰੇਸ਼ ਕੁਮਾਰ ਬੱਤਾ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਸਮੇਤ ਕਈ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।



## ਬਾਬਾ ਸੈਣ ਭਗਤ ਚੌਕ ਬਣਾਉਣ ਲਈ ਨਗਰ ਕੌਂਸਲ ਨੇ ਬਜਟ 'ਚ 12 ਲੱਖ 30 ਹਜ਼ਾਰ ਰੁਪਏ ਕੀਤੇ ਪਾਸ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਸੈਣਿ ਸਮਾਜ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਮੱਖਣ ਪੱਲਣ, ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਫੌਜੀ ਦੇਹਰਾ ਬਾਬਾ ਸੈਣਿ ਭਗਤ ਪ੍ਰਤਾਬਪੁਰਾ, ਚਰਨਜੀਤ ਸਿੰਘ ਲਾਡੀ ਮੈਂਬਰ ਫਿਲੌਰ ਸੈਣ ਸਮਾਜ ਵੈਲਫੇਅਰ ਬੋਰਡ ਪੰਜਾਬ, ਮਾਸਟਰ ਜਸਵਿੰਦਰ ਸਿੰਘ ਖਜਾਨਚੀ ਦੇਹਰਾ ਬਾਬਾ ਸੈਣਿ ਭਗਤ ਪ੍ਰਤਾਬਪੁਰਾ ਵੱਲੋਂ ਨਗਰ ਕੌਂਸਲ ਫਿਲੌਰ ਦੇ ਪ੍ਰਧਾਨ ਮਹਿੰਦਰਪਾਲ, ਈ ਓ ਸੁਨੀਲ ਕੁਮਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ । ਉਨ੍ਹਾਂ ਧੰਨ ਧੰਨ ਬਾਬਾ ਸੈਣ ਭਗਤ ਚੌਂਕ ਨੂਰਮਹਿਲ ਬੱਸ ਅੱਡਾ ਫਿਲੌਰ ਬਣਾਉਣ ਦੀ ਮੰਗ ਕੀਤੀ ਅਤੇ ਸ਼੍ਰੋਮਣੀ ਬਾਬਾ ਧੰਨ ਧੰਨ ਬਾਬਾ ਸੈਣ ਭਗਤ ਜੀ ਚੌਂਕ ਬਣਾਉਣ ਲਈ ਮਤਾ ਰੱਖਿਆਗਿਆ ਜਿਸ ਦਾ ਸਰਬ ਸੰਮਤੀ ਨਾਲ ਚੌਂਕ ਬਣਾਉਣ ਲਈ ਨਗਰ ਕੌਂਸਲ ਨੇ ਬਜਟ 'ਚੋਂ 12 ਲੱਖ 30 ਰੁਪਏ ਪਾਸ ਕੀਤੇ ਗਏ। ਉਨ੍ਹਾਂ ਦੱਸਿਆ ਕਿ ਚੌਂਕ ਦੀ ਉਸਾਰੀ ਜਲਦ ਸੁਰੂ ਕਰਵਾਈ ਜਾਵੇਗੀ । ਇਸ ਮੌਕੇ ਫਿਲੌਰ ਸੈਣਿ ਸਮਾਜ ਵੈਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਮੱਖਣ ਪੱਲਣ ਤੇ ਪ੍ਰਬੰਧਕ ਕਮੇਟੀ ਪ੍ਰਤਾਬਪੁਰਾ ਫਿਲੌਰ ਦੇ ਮੈਂਬਰਾਂ ਨੇ ਪ੍ਰਧਾਨ ਮਹਿੰਦਰਪਾਲ, ਈ ਓ ਸੁਨੀਲ ਕੁਮਾਰ ਤੇ ਕੌਂਸਲਰਾਂ ਦਾ ਸਿਰੋਪਾਓ ਤੇ ਯਾਦਗਾਰੀ ਚਿੰਨ ਦੇ ਕੇ ਸਨਮਾਨ ਕੀਤਾ। ਇਸ ਮੌਕੇ ਰਾਜੇਸ਼ ਰੋਕਸੀ, ਲਖਣਪਾਲ, ਯਸ਼ਪਾਲ ਗਿੰਡਾ, ਕੌਂਸਲਰ, ਪਰਮਜੀਤ ਭਾਰਤੀ, ਕੌਂਸਲਰ ਲਖਵਿੰਦਰ ਲੱਖੂ, ਸੁਰਿੰਦਰ ਡਾਬਰ, ਕੌਂਸਲਰ ਸੰਕਰ ਸੰਧੂ, ਕੌਂਸਲਰ ਰਕੇਸ਼ ਕਾਲੀਆ ਕੌਂਸਲਰ ਰਾਜਕੁਮਾਰ ਸੰਧੂ, ਸੋਨੂ ਪੰਮਾ, ਮੁਕੇਸ਼ ਗਾਬਾ, ਹਰਭਜਨ ਸਿੰਘ ਲੱਕੀ, ਮਨੀਸ਼ ਕੁਮਾਰ ਮੁੰਨਾ, ਸ਼ਿਵ ਨੰਦਾ, ਮਨਦੀਪ ਕੁਮਾਰ, ਵਰੁਣ ਲਖਣਪਾਲ ਆਦਿ ਹਾਜ਼ਰ ਸਨ।



## ਖਲਵਾੜਾ ਨੂੰ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਜ਼ਿਲ੍ਹਾ ਕਪੂਰਥਲਾ (ਸ਼ਹਿਰੀ) ਪ੍ਰਧਾਨ ਬਣਨ 'ਤੇ ਕੀਤਾ ਸਨਮਾਨਤ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**- ਸ਼੍ਰੋਮਣੀ ਅਕਾਲੀ ਦਲ (ਬ) ਦੀ ਇਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਜਰਨੈਲ ਸਿੰਘ ਵਾਹਦ ਦੇ ਗ੍ਰਹਿ ਵਿਖੇ ਹੋਈ। ਮੀਟਿੰਗ ਦੌਰਾਨ ਅਗਲੇ ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਐਸ. ਸੀ. ਵਿੰਗ ਦੋਆਬਾ ਜ਼ੋਨ ਦੇ ਥਾਪੇ ਗਏ ਪ੍ਰਧਾਨ ਕੁਲਦੀਪ ਸਿੰਘ ਬੂਲੇ, ਜ਼ਿਲ੍ਹਾ ਕਪੂਰਥਲਾ ਐਸ.ਸੀ. ਵਿੰਗ ਸ਼ਹਿਰੀ ਦੇ ਥਾਪੇ ਗਏ ਪ੍ਰਧਾਨ ਜਥੇਦਾਰ ਸਰੂਪ ਸਿੰਘ ਖਲਵਾੜਾ ਅਤੇ ਸੁਰਿੰਦਰ ਸਿੰਘ ਦੇਸਲ ਜ਼ਿਲ੍ਹਾ ਪ੍ਰਧਾਨ ਦਿਹਾਤੀ ਨੂੰ ਸਨਮਾਨਤ ਕਰਦੇ ਹੋਏ ਜਰਨੈਲ ਸਿੰਘ ਵਾਹਦ ਨੇ ਕਿਹਾ ਕਿ ਜ਼ਿਲ੍ਹਾ ਕਪੂਰਥਲਾ ਅਤੇ ਦੋਆਬਾ ਜ਼ੋਨ ਵਿੱਚ ਐਸ.ਸੀ. ਭਾਈਚਾਰੇ ਦੀ ਕਾਫੀ ਵਸੋਂ ਹੈ। ਦੋਆਬੇ 'ਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਵੱਧ ਤੋਂ ਵੱਧ ਐਸ.ਸੀ. ਭਾਈਚਾਰੇ ਨੂੰ ਪਾਰਟੀ ਨਾਲ ਜੋੜਿਆ ਜਾਵੇ। ਵਾਹਦ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਇੱਕੋ ਇੱਕ ਅਜਿਹੀ ਸਿਆਸੀ ਜਮਾਤ ਹੈ, ਜੋ ਪੰਜਾਬ ਅਤੇ ਪੰਥ ਦੇ ਹੱਕਾਂ 'ਤੇ ਪਹਿਰਾ ਦਿੰਦੀ ਹੈ। ਉਹਨਾਂ ਕਿਹਾ ਕਿ 'ਆਪ' ਪਾਰਟੀ ਨੇ ਪਿਛਲੀਆਂ ਵਿਧਾਨ ਸਭਾ ਚੋਣਾਂ ਸਮੇਂ ਪੰਜਾਬੀਆਂ ਨੂੰ ਝੂਠੀਆਂ ਗਰੰਟੀਆਂ ਦਿੱਤੀਆਂ ਅਤੇ ਉਹਨਾਂ ਦੇ ਜਜ਼ਬਾਤਾਂ ਨਾਲ ਖੇਡ ਕੇ ਸੱਤਾ ਹਾਸਲ ਕੀਤੀ। ਪੰਜਾਬ ਦੇ ਲੋਕ ਹੁਣ ਮਹਿਸੂਸ ਕਰਦੇ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਉਹਨਾਂ ਨੇ ਵੱਡੀ ਗਲਤੀ ਕੀਤੀ ਸੀ। ਪੰਜਾਬ ਦੀ ਤਰੱਕੀ ਲਈ ਦੁਬਾਰਾ ਸੂਬੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣਾ ਅੱਜ ਸਮੇਂ ਦੀ ਮੰਗ ਹੈ।ਮੀਟਿੰਗ ਦੌਰਾਨ ਜਥੇਦਾਰ ਸਰੂਪ ਸਿੰਘ ਖਲਵਾੜਾ ਸਮੇਤ ਐਸ.ਸੀ. ਵਿੰਗ ਦੇ ਨਵ ਨਿਯੁਕਤ ਆਗੂਆਂ ਨੇ ਆਪਣੀ ਨਿਯੁਕਤੀ ਲਈ ਪੰਜਾਬ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਤੇ ਸਾਬਕਾ ਮੰਤਰੀ ਗੁਲਜਾਰ ਸਿੰਘ ਰਣੀਕੇ, ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ, ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ ਅਤੇ ਸੋਹਨ ਸਿੰਘ ਠੰਡਲ ਦਾ ਤਹਿ ਦਿਲੋਂ ਧੰਨਵਾਦ ਕੀਤਾ। ਜਥੇਦਾਰ ਸਰੂਪ ਸਿੰਘ ਖਲਵਾੜਾ ਨੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਵਾਹਦ ਤੋਂ ਇਲਾਵਾ ਰਣਜੀਤ ਸਿੰਘ ਖੁਰਾਣਾ ਹਲਕਾ ਇੰਚਾਰਜ ਫਗਵਾੜਾ ਸ਼ਹਿਰੀ ਅਤੇ ਰਾਜਿੰਦਰ ਸਿੰਘ ਚੰਦੀ ਹਲਕਾ ਇੰਚਾਰਜ ਫਗਵਾੜਾ ਦਿਹਾਤੀ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੇ ਨਾਲ ਪੂਰਾ ਸਹਿਯੋਗ ਕਰਦੇ ਹੋਏ ਵਿਧਾਨ ਸਭਾ ਚੋਣਾਂ 'ਚ ਫਗਵਾੜਾ ਵਿਧਾਨਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਉਮੀਦਵਾਰ ਦੀ ਰਿਕਾਰਡ ਵੋਟਾਂ ਦੇ ਨਾਲ ਜਿੱਤ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਸੁਰਜੀਤ ਸਿੰਘ ਢਿੱਲੋਂ ਸੁਲਤਾਨਪੁਰ, ਕਾਬਲ ਸਿੰਘ ਸਰਪੰਚ, ਪਰਮਿੰਦਰ ਸਿੰਘ ਜੰਡੂ, ਝਿਰਮਲ ਸਿੰਘ ਭਿੰਡਰ, ਸੁਰਿੰਦਰ ਸਿੰਘ ਦਰਵੇਸ਼ ਪਿੰਡ, ਗੁਰਮੁਖ ਸਿੰਘ ਚਾਨਾ, ਬਲਵੀਰ ਖਲਵਾੜਾ, ਬਲਵੀਰ ਰਾਮ ਪੰਡੋਰੀ, ਬਹਾਦਰ ਸਿੰਘ ਸੰਗਤਪੁਰ, ਨਵੀ ਭਾਣੋਕੀ, ਅਵਤਾਰ ਸਿੰਘ ਮੰਗੀ, ਗੁਰਦੀਪ ਸਿੰਘ ਖੇੜਾ ਆਦਿ ਹਾਜ਼ਰ ਸਨ।



## ਕਲੱਬ ਵੱਲੋਂ ਚੌਧਰੀ ਮੋਹਣ ਲਾਲ ਸਨਮਾਨਤ



**ਬੰਗਾ (ਅਵਤਾਰ ਕਲੇਰ)**- ਸ੍ਰੀ ਗੁਰੂ ਰਵਿਦਾਸ ਸਪੋਰਟਸ ਐਂਡ ਵੈਲਫੇਅਰ ਕਲੱਬ ਘੁੰਮਣਾ ਵਲੋਂ ਚੇਅਰਮੈਨ ਬਲਵੀਰ ਸਿੰਘ ਬੈਂਸ ਕਨੇਡਾ ਦੀ ਅਗਵਾਈ ਵਿੱਚ ਇੱਕ ਸਮਾਗਮ ਆਯੋਜਨ ਕੀਤਾ ਗਿਆ। ਜਿਸ ਵਿੱਚ ਸਾਬਕਾ ਵਿਧਾਇਕ ਚੌਧਰੀ ਮੋਹਣ ਲਾਲ ਬੰਗਾ ਨੂੰ ਵਿਸ਼ੇਸ਼ ਤੌਰ 'ਤੇ ਕਲੱਬ ਵਲੋਂ ਸਨਮਾਨਤ ਕੀਤਾ ਗਿਆ। ਬਲਵੀਰ ਸਿੰਘ ਬੈਂਸ ਨੇ ਕਿਹਾ ਕਿ ਚੌਧਰੀ ਮੋਹਣ ਲਾਲ ਨੇ ਪਿਛਲੇ ਸਮੇਂ ਦੌਰਾਨ ਆਪਣੇ ਰਾਜਨੀਤੀ ਖੇਤਰ ਵਿੱਚ ਇਲਾਕੇ ਵਿੱਚ ਜੋ ਕੰਮ ਕੀਤੇ ਹਨ ਉਹ ਸ਼ਲਾਘਾਯੋਗ ਹਨ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਪਿੰਡਾਂ ਵਿੱਚ ਜਿੰਮ ਅਤੇ ਖੇਡ ਸਟੇਡੀਅਮ ਬਣਾਉਣਾ, ਨਸ਼ਿਆਂ ਵਿਰੁੱਧ ਠੋਸ ਕਦਮ, ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਵੱਡੇ ਸੁਧਾਰ, ਪੇਂਡੂ ਵਿਕਾਸ ਦੇ ਖੇਤਰ ਵਿੱਚ ਬਿਜਲੀ ਅਤੇ ਪਾਣੀ, ਰੋਜ਼ਗਾਰ ਵਿੱਚ ਲੋਕਪੱਖੀ ਫੈਸਲੇ ਇੱਕ ਮੀਲ ਪੱਥਰ ਦੀ ਤਰ੍ਹਾ ਸਾਬਿਤ ਹੋਏ ਸਨ। ਚੌਧਰੀ ਮੋਹਣ ਲਾਲ ਨੇ ਸਨਮਾਨਤ ਕਰਨ 'ਤੇ ਕਲੱਬ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ ਅਤੇ ਸੁਖਬੀਰ ਸਿੰਘ ਬਾਦਲ ਪੰਜਾਬ ਦੇ ਮੁੱਖ ਮੰਤਰੀ ਬਣਨਗੇ। ਇਸ ਮੌਕੇ ਕਲੱਬ ਪ੍ਰਧਾਨ ਪਾਲ ਸਿੰਘ ਮੇਹਲੀਆਣਾ, ਸਾਬਕਾ ਸਰਪੰਚ ਸੁਰਿੰਦਰ ਸਿੰਘ, ਸੁਖਬੀਰ ਸਿੰਘ ਕਿੰਨੜਾ, ਜਥੇਦਾਰ ਸੁਖਦੇਵ ਸਿੰਘ, ਵਿਜੇ ਪਾਲ ਸਿੰਘ ਤੇਜੀ, ਧਰਮਿੰਦਰ ਕਟਾਰੀਆ, ਦੀਪਾ ਝੰਮਟ, ਸੁਰਜੀਤ ਸਿੰਘ ਘੁੰਮਣ, ਰਜੇਸ਼ ਗੁਪਤਾ, ਆਦਿ ਹਾਜ਼ਰ ਸਨ ।

## ਭੀਲੋਵਾਲ 'ਚ ਮੈਡੀਕਲ ਚੈੱਕਅਪ ਤੇ ਐਕਸਰੇ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਭੀਲੋਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਮੁਫ਼ਤ ਮੈਡੀਕਲ ਚੈਕਅਪ ਅਤੇ ਐਕਸਰੇ ਕੈਂਪ ਲਗਾਇਆ ਗਿਆ ਜਿਸ ਵਿੱਚ ਲੱਗਭਗ 100 ਤੋਂ ਉਪਰ ਲੋਕਾਂ ਦੀ ਸਿਹਤ ਜਾਂਚ ਅਤੇ 66 ਲੋਕਾਂ ਦੇ ਫ੍ਰੀ ਐਕਸਰੇ ਕੀਤੇ ਗਏ। ਇਸ ਮੌਕੇ ਡਾ.ਮਨਪ੍ਰੀਤ ਸਿੰਘ ਬੈਂਸ ਨੇ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਪਿੰਡ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕਰਨਾ ਸੀ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਤਜਰਬੇਕਾਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਲੋੜੀਂਦੀਆਂ ਦਵਾਈਆਂ ਵੀ ਮੁਫ਼ਤ ਦਿੱਤੀਆਂ ਗਈਆਂ। ਕੈਂਪ ਦੌਰਾਨ ਬਲੱਡ ਪ੍ਰੈਸ਼ਰ, ਸ਼ੂਗਰ, ਐਚ.ਬੀ ਅਤੇ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ। ਇਸ ਮੌਕੇ ਐਸ.ਟੀ.ਐਸ ਭੁਪਿੰਦਰ ਕੌਰ ਵਲੋਂ ਲੋਕਾਂ ਨੂੰ ਟੀ.ਬੀ ਦੀ ਬਿਮਾਰੀ ਦੀ ਰੋਕਥਾਮ ਸੰਬੰਧੀ 100 ਦਿਨਾਂ ਟੀ.ਬੀ ਮੁਕਤ ਅਭਿਆਨ ਬਾਰੇ ਜਾਣਕਾਰੀ ਦਿੱਤੀ ਗਈ । ਉਨ੍ਹਾਂ ਦੱਸਿਆ ਕਿ ਟੀ.ਬੀ ਹੁਣ ਲਾਇਲਾਜ ਨਹੀਂ ਹੈ ਅਤੇ ਇਸ ਦਾ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਇਸ ਮੁਹਿੰਮ ਤਹਿਤ ਸ਼ੱਕੀ ਮਰੀਜ਼ਾਂ ਦੇ ਟੈਸਟ ਅਤੇ ਐਕਸਰੇ ਸਿਹਤ ਵਿਭਾਗ ਵਲੋਂ ਮੁਫ਼ਤ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਜੇ ਕਿਸੇ ਨੂੰ ਲੰਮੇ ਸਮੇਂ ਤੱਕ ਖੰਘ, (ਅਕਸਰ ਦੋ ਹਫਤਿਆਂ ਤੋਂ ਵੱਧ), ਰਾਤ ਨੂੰ ਬਹੁਤ ਜ਼ਿਆਦਾ ਆਉਂਦਾ, ਹਲਕਾ ਜਾਂ ਮਾਧਿਅਮ ਦਰਜੇ ਦਾ ਬੁਖਾਰ, ਸਰੀਰ ਦੀ ਥਕਾਵਟ ਅਤੇ ਕਮਜ਼ੋਰੀ ਮਹਿਸੂਸ ਹੋਣਾ, ਅਚਾਨਕ ਜਾਂ ਬਿਨਾਂ ਕਿਸੇ ਕਾਰਨ ਤੋਂ ਭਾਰ ਘਟਣਾ, ਫੇਫੜਿਆਂ ਵਿੱਚ ਇਨਫੈਕਸ਼ਨ ਹੋਣ ਕਾਰਨ ਛਾਤੀ ਵਿੱਚ ਦਰਦ ਅਤੇ ਤਣਾਅ, ਖੰਘਣ ਦੌਰਾਨ ਖੂਨ ਆਉਣਾ ਆਦਿ ਵਰਗੇ ਲੱਛਣ ਨਜ਼ਰ ਆਉਣ ਤਾਂ ਉਹ ਆਪਣਾ ਟੀ.ਬੀ ਦਾ ਟੈਸਟ ਜ਼ਰੂਰ ਕਰਵਾਏ ਤਾਂ ਜੋ ਸਮੇਂ ਸਿਰ ਇਸ ਬਿਮਾਰੀ ਦਾ ਇਲਾਜ ਹੋ ਸਕੇ । ਸਰਕਾਰ ਵਲੋਂ ਪੰਜਾਬ ਦੇ ਵਸਨੀਕਾਂ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਮੌਕੇ ਤੇ ਹਾਜ਼ਰ ਬਲਾਕ ਐਕਸਟੈਨਸ਼ਨ ਐਜੂਕੇਟਰ ਅਮਨਦੀਪ ਸਿੰਘ ਨੇ ਦੱਸਿਆ ਕਿ ਐਮ.ਐਮ.ਐਸ.ਵਾਈ ਸਰਕਾਰ ਦੀ ਇੱਕ ਪ੍ਰਮੁੱਖ ਸਿਹਤ ਸੰਭਾਲ ਯੋਜਨਾ ਹੈ ਜੋ ਪੰਜਾਬ ਦੇ ਸਾਰੇ ਪ੍ਰਮਾਣਿਤ ਨਾਗਰਿਕਾਂ ਨੂੰ ਨਕਦ ਰਹਿਤ ਦੂਜੇ ਅਤੇ ਤੀਜੇ ਦਰਜੇ ਦੀ ਡਾਕਟਰੀ ਦੇਖਭਾਲ ਪ੍ਰਦਾਨ ਕਰਦੀ ਹੈ। ਇਹ ਯੋਜਨਾ ਪੈਨਸ਼ਨਰਾਂ ਅਤੇ ਪੰਜਾਬ ਸਰਕਾਰ ਦੇ ਨਿਯਮਿਤ ਕਰਮਚਾਰੀਆਂ ਸਮੇਤ ਸਾਰੇ ਯੋਗ ਪਰਵਾਰਾਂ ਲਈ ਹੈ, ਜੋ ਬਿਨਾਂ ਕਿਸੇ ਵਿੱਤੀ ਪ੍ਰੇਸ਼ਾਨੀ ਦੇ ਮਿਆਰੀ ਸਿਹਤ ਸਿਹਤ ਸੰਭਾਲ ਦੀ ਪਹੁੰਚ ਨੂੰ ਯਕੀਨੀ ਬਣਾਉਂਦੀ ਹੈ ਅਤੇ ਇਸ ਯੋਜਨਾ ਤਹਿਤ ਪੰਜਾਬ ਵਾਸੀ 900 ਤੋਂ ਵੱਧ ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ ਆਪਣਾ ਇਲਾਜ ਮੁਫਤ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਐਮ.ਐਮ.ਐਸ.ਵਾਈ ਦੇ ਕਾਰਡ ਸਾਰੇ ਕਾਮਨ ਸਰਵਿਸ ਸੈਂਟਰਾਂ ਅਤੇ ਪਿੰਡਾਂ ਵਿੱਚ ਸਪੈਸ਼ਲ ਕੈਂਪ ਲਗਾ ਕੇ ਮੁਫਤ ਬਣਾਏ ਜਾ ਰਹੇ ਹਨ।ਇਸ ਮੌਕੇ ਡਾ. ਨਵਪ੍ਰੀਤ ਕੌਰ ਮੈਡੀਕਲ ਅਫਸਰ, ਸ਼੍ਰੀਮਤੀ ਪਰਮਜੀਤ ਕੌਰ ਰੇਡੀਓਗ੍ਰਾਫਰ, ਅਮਨਦੀਪ ਕੌਰ (ਸੀ.ਐਚ.ਓ), ਰਜਨੀ ਬਾਲਾ (ਮ.ਪ.ਹ.ਵ-ਫੀਮੇਲ), ਹਰਬੰਸ ਲਾਲ(ਮ.ਪ.ਹ.ਵ-ਮੇਲ) ਅਤੇ ਆਸ਼ਾ ਹਾਜ਼ਰ ਸਨ।



## ਇਨੋਸੈਂਟ ਹਾਰਟਸ ਗਰੁੱਪ ਇੰਸਟੀਟਿਊਸ਼ਨਜ਼ 'ਚ ਖੂਨਦਾਨ ਕੈਂਪ

**ਜਲੰਧਰ (ਸ਼ੈਲੀ ਐਲਬਰਟ)**- ਮਾਨਵਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ, ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਟਿਊਸ਼ਨਜ਼ ਲੋਹਾਰਾਂ ਵਿੱਚ 18 ਮਾਰਚ ਨੂੰ ਇੰਡੀਅਨ ਰੈੱਡ ਕ੍ਰਾਸ ਸੋਸਾਇਟੀ, ਜਲੰਧਰ ਦੇ ਸਹਿਯੋਗ ਨਾਲ ਰਕਤਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ - ਐਨ ਇਨੀਸ਼ਿਏਟਿਵ' ਦੇ ਤਹਿਤ ਅਤੇ ਨੈਸ਼ਨਲ ਸਰਵਿਸ ਸਕੀਮ ਅਤੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।ਇਸ ਕੈਂਪ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਸੇਵਾਦਾਰਾਂ ਨੇ ਸਵੈਇੱਛਕ ਰਕਤਦਾਨ ਕਰਕੇ ਜੀਵਨ ਬਚਾਉਣ ਦੇ ਇਸ ਮਹਾਨ ਕੰਮ ਵਿੱਚ ਆਪਣਾ ਯੋਗਦਾਨ ਪਾਇਆ। ਕੈਂਪ ਦੌਰਾਨ ਕੁੱਲ 45 ਰਕਤਦਾਤਾਵਾਂ ਨੇ ਰਕਤਦਾਨ ਕੀਤਾ ।ਕੈਂਪ ਦਾ ਮੁੱਖ ਉਦੇਸ਼ ਸਵੈਇੱਛਕ ਰਕਤਦਾਨ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਨੌਜਵਾਨਾਂ ਨੂੰ ਜ਼ਰੂਰਤਮੰਦ ਮਰੀਜ਼ਾਂ ਦੀ ਮਦਦ ਲਈ ਅੱਗੇ ਆਉਣ ਲਈ ਪ੍ਰੇਰਿਤ ਕਰਨਾ ਸੀ। ਰੈੱਡ ਕ੍ਰਾਸ ਸੋਸਾਇਟੀ ਦੀ ਮੈਡੀਕਲ ਟੀਮ ਨੇ ਇਹ ਯਕੀਨੀ ਬਣਾਇਆ ਕਿ ਸਾਰੇ ਲਾਜ਼ਮੀ ਸਿਹਤ ਅਤੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕੀਤੀ ਜਾਵੇ ਅਤੇ ਹਰ ਰਕਤਦਾਤਾ ਦੀ ਪੂਰੀ ਪ੍ਰਕਿਰਿਆ ਦੌਰਾਨ ਢੰਗ ਨਾਲ ਦੇਖਭਾਲ ਕੀਤੀ ਜਾਵੇ।ਸੰਸਥਾ ਦੇ ਪ੍ਰਬੰਧਨ ਨੇ ਸਾਰੇ ਭਾਗੀਦਾਰਾਂ, ਸੇਵਾਦਾਰਾਂ ਅਤੇ ਆਯੋਜਕਾਂ ਦੇ ਯਤਨਾਂ ਦੀ ਸਰਾਹਨਾ ਕੀਤੀ ਅਤੇ ਰਕਤਦਾਨ ਕੈਂਪ ਨੂੰ ਸਫਲ ਬਣਾਉਣ ਲਈ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਧੰਨਵਾਦ ਕੀਤਾ। ਡਾ. ਪਲਕ ਗੁਪਤਾ ਬੌਰੀ (ਡਾਇਰੈਕਟਰ ) ਨੇ ਦੱਸਿਆ ਕਿ ਇਸ ਤਰ੍ਹਾਂ ਦੇ ਆਯੋਜਨ ਸੰਸਥਾ ਦੀ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਅਤੇ ਵਿਦਿਆਰਥੀਆਂ ਵਿੱਚ ਦਇਆ ਅਤੇ ਸੇਵਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ।



## ਸੁਖਬੀਰ ਬਾਦਲ ਵੱਲੋਂ ਪਾਰਟੀ ਦੇ ਬੀ ਸੀ ਵਿੰਗ ਦੇ ਜਥੇਬੰਦਕ ਢਾਂਚੇ ਦੇ ਐਲਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਬੀ ਸੀ ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ ਕਰ ਦਿੱਤਾ।ਸੁਖਬੀਰ ਸਿੰਘ ਬਾਦਲ ਨੇ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਸਨਮਾਨ ਦਿੰਦਿਆਂ ਸਾਬਕਾ ਕੌਂਸਲਰ ਵਿਕਰਮਜੀਤ ਸਿੰਘ ਕਲਸੀ ਤੇ ਭੁਪਿੰਦਰ ਸਿੰਘ ਮਹਿੰਦੀਪੁਰ ਨੂੰ ਪੰਜਾਬ ਦਾ ਜਨਰਲ ਸਕੱਤਰ ਥਾਪਿਆ ਹੈ। ਇਸੇ ਤਰ੍ਹਾਂ ਸਤਨਾਮ ਸਿੰਘ ਬੰਟੀ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਸ਼ਹਿਰੀ ਦਾ ਜ਼ਿਲ੍ਹਾ ਪ੍ਰਧਾਨ ਤੇ ਸੁਰਜੀਤ ਸਿੰਘ ਕੈਰੇ ਹੁਸ਼ਿਆਰਪੁਰ (ਦਿਹਾਤੀ) ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ। ਇਹਨਾਂ ਨਿਯੁਕਤੀਆਂ ਤੇ ਪ੍ਰਤੀਕਿਰਿਆ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਕਿਹਾ ਕਿ ਸਰਦਾਰ ਸੁਖਬੀਰ ਸਿੰਘ ਬਾਦਲ ਹਮੇਸ਼ਾ ਹੀ ਮਿਹਨਤੀ ਵਰਕਰਾਂ ਦੀ ਕਦਰ ਕਰਦੇ ਹਨ। ਬਿਕਰਮਜੀਤ ਸਿੰਘ ਕਲਸੀ ਅਤੇ ਸਰਦਾਰ ਭੁਪਿੰਦਰ ਸਿੰਘ ਨੇ ਹਮੇਸ਼ਾ ਪਾਰਟੀ ਦੇ ਲਈ ਦਿਨ ਰਾਤ ਇੱਕ ਕੀਤਾ ਹੈ। ਆਉਣ ਵਾਲੇ ਸਮੇਂ ਵਿੱਚ ਵੀ ਇਹਨਾਂ ਦੀਆਂ ਸੇਵਾਵਾਂ ਦੇ ਨਾਲ ਪਾਰਟੀ ਇਲਾਕੇ ਵਿੱਚ ਬਿਹਤਰ ਪ੍ਰਦਰਸ਼ਨ ਕਰੇਗੀ।

# ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਤੇ ਕਾਲਜ ਦੇ ਗੇਟ ਅੱਗੇ ਏਟਕ ਵੱਲੋਂ ਅਣਮਿੱਥੇ ਸਮੇਂ ਲਈ ਪੱਕਾ ਧਰਨਾ ਸ਼ੁਰੂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਨਾਮਵਰ ਵਿਦਿਅਕ ਅਦਾਰੇ ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਅਤੇ ਕਾਲਜ ਦੀ ਮੈਨੇਜਮੈਂਟ ਵੱਲੋਂ ਕੀਤੇ ਜਾ ਰਹੇ ਕਥਿਤ ਮਜ਼ਦੂਰ ਵਿਰੋਧੀ ਫੈਸਲਿਆਂ ਤੇ ਪੱਕੇ ਕਰਮਚਾਰੀਆਂ ਦੀ ਗੈਰ-ਕਾਨੂੰਨੀ ਬਰਖਾਸਤਗੀ ਵਿਰੁੱਧ ਸਿੱਖਿਆ ਸੰਸਥਾਨ ਵਰਕਰ ਯੂਨੀਅਨ (ਏਟਕ) ਵੱਲੋਂ ਸੰਸਥਾ ਦੇ ਮੁੱਖ ਗੇਟ ਅੱਗੇ ਅਣਮਿੱਥੇ ਸਮੇਂ ਲਈ ਪੱਕਾ ਮੋਰਚਾ ਖੋਲ੍ਹ ਦਿੱਤਾ ਗਿਆ ਹੈ। ਇਸ ਧਰਨੇ ਵਿੱਚ ਵੱਖ-ਵੱਖ ਜਨਤਕ, ਕਿਸਾਨੀ ਅਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਮੈਨੇਜਮੈਂਟ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਅਤੇ ਐਲਾਨ ਕੀਤਾ ਕਿ ਜਦੋਂ ਤੱਕ ਹਟਾਏ ਗਏ ਕਿਰਤੀਆਂ ਨੂੰ ਬਹਾਲ ਕਰਕੇ ਇਨਸਾਫ਼ ਨਹੀਂ ਦਿੱਤਾ ਜਾਂਦਾ, ਇਹ ਸੰਘਰਸ਼ ਲਗਾਤਾਰ ਜਾਰੀ ਰਹੇਗਾ। ਧਰਨੇ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਪੰਜਾਬ ਏਟਕ ਦੇ ਉਪ ਪ੍ਰਧਾਨ ਵਿਨੋਦ ਚੁਘ ਨੇ ਮੈਨੇਜਮੈਂਟ ਦੇ ਵਤੀਰੇ ਦੀ ਕਰੜੀ ਨਿਖੇਧੀ ਕੀਤੀ। ਚੁਘ ਨੇ ਕਿਹਾ, 'ਸੰਸਥਾ ਕੋਲ ਸਾਲਾਨਾ ਸਮਾਗਮਾਂ 'ਤੇ ਨਾਮਵਰ ਪੰਜਾਬੀ ਗਾਇਕ ਰਣਜੀਤ ਬਾਵਾ ਵਰਗੇ ਕਲਾਕਾਰਾਂ ਨੂੰ ਬੁਲਾਉਣ ਤੇ ਉਨ੍ਹਾਂ 'ਤੇ ਲੱਖਾਂ ਰੁਪਏ ਨਿਛਾਵਰ ਕਰਨ ਲਈ ਫੰਡ ਮੌਜੂਦ ਹਨ, ਪਰ ਉਨ੍ਹਾਂ ਮਜ਼ਦੂਰਾਂ ਨੂੰ ਦੇਣ ਲਈ ਕੁਝ ਨਹੀਂ ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦੇ 20-20 ਸਾਲ ਇਸ ਸੰਸਥਾ ਦੀ ਸੇਵਾ ਵਿੱਚ ਲਗਾ ਦਿੱਤੇ।' ਇਸ ਰੋਸ ਪ੍ਰਦਰਸ਼ਨ ਦੀ ਸਭ ਤੋਂ ਪ੍ਰਭਾਵਸ਼ਾਲੀ ਤਸਵੀਰ ਉਦੋਂ ਦੇਖਣ ਨੂੰ ਮਿਲੀ ਜਦੋਂ ਬਰਖਾਸਤ ਕੀਤੇ ਮਜ਼ਦੂਰ ਆਪਣੇ ਛੋਟੇ-ਛੋਟੇ ਬੱਚਿਆਂ ਤੇ ਪਰਵਾਰਾਂ ਸਮੇਤ ਧਰਨੇ 'ਤੇ ਬੈਠੇ। ਮਾਸੂਮ ਬੱਚਿਆਂ ਦੇ ਹੱਥਾਂ ਵਿੱਚ ਫੜੀਆਂ ਤਖ਼ਤੀਆਂ, ਜਿਨ੍ਹਾਂ 'ਤੇ 'ਸਾਡੇ ਪਾਪਾ ਨੂੰ ਰੁਜ਼ਗਾਰ ਦਿਓ' ਤੇ



'ਸਾਡਾ ਭਵਿੱਖ ਖਰਾਬ ਨਾ ਕਰੋ' ਵਰਗੇ ਨਾਅਰੇ ਲਿਖੇ ਸਨ, ਉੱਥੋਂ ਗੁਜ਼ਰਨ ਵਾਲੇ ਹਰ ਰਾਹਗੀਰ ਦੀ ਅੱਖ ਨਮ ਕਰ ਰਹੀਆਂ ਸਨ। ਯੂਨੀਅਨ ਆਗੂਆਂ ਨੇ ਦੱਸਿਆ ਕਿ ਮੈਨੇਜਮੈਂਟ ਵੱਲੋਂ 15 ਪੱਕੇ ਕਰਮਚਾਰੀਆਂ ਨੂੰ ਅਚਾਨਕ ਹਟਾ ਕੇ ਉਨ੍ਹਾਂ ਦੀ ਥਾਂ ਨਵੇਂ ਠੇਕੇਦਾਰੀ ਵਰਕਰ ਰੱਖੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ 'ਉਦਯੋਗਿਕ ਵਿਵਾਦ ਐਕਟ 1947' ਦੀ ਧਾਰਾ 25-ਟੀ ਤੇ 25-ਯੂ ਦੀ ਸਿੱਧੀ ਉਲੰਘਣਾ ਹੈ। ਇਸ ਤੋਂ ਇਲਾਵਾ, ਸਾਲ 2013 ਵਿੱਚ ਹੋਏ ਇੱਕ ਲਿਖਤੀ ਸਮਝੌਤੇ ਮੁਤਾਬਕ ਕਰਮਚਾਰੀਆਂ ਦੇ ਬੱਚਿਆਂ ਨੂੰ ਸਕੂਲ ਵਿੱਚ ਮੁਫ਼ਤ ਸਿੱਖਿਆ ਦਿੱਤੀ ਜਾਣੀ ਸੀ, ਪਰ ਹੁਣ ਮੈਨੇਜਮੈਂਟ ਉਸ ਵਾਅਦੇ ਤੋਂ ਵੀ ਪੂਰੀ ਤਰ੍ਹਾਂ ਮੁਕਰ ਗਈ ਹੈ। ਧਰਨਾਕਾਰੀਆਂ ਨੇ ਇਸ ਗੱਲ 'ਤੇ ਵੀ ਗਹਿਰਾ ਰੋਸ ਪ੍ਰਗਟਾਇਆ ਕਿ ਉਨ੍ਹਾਂ ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਮਿਲ ਕੇ ਆਪਣੀ ਫ਼ਰਿਆਦ ਰੱਖਣ ਤੋਂ ਵੀ ਰੋਕਿਆ ਗਿਆ। ਆਗੂਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਆਪਣੀ ਆਵਾਜ਼ ਉੱਚ ਅਧਿਕਾਰੀਆਂ ਤੱਕ ਪਹੁੰਚਾਉਣਾ ਹਰ ਨਾਗਰਿਕ ਦਾ ਹੱਕ ਹੈ, ਪਰ ਇੱਥੇ ਮਜ਼ਦੂਰਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਧਰਨੇ ਵਿੱਚ ਵੱਖ-ਵੱਖ ਖੇਤਰਾਂ ਦੀਆਂ ਜਥੇਬੰਦੀਆਂ ਨੇ ਪਹੁੰਚ ਕੇ ਮਜ਼ਦੂਰਾਂ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਿਆ। ਹਾਜ਼ਰ ਆਗੂਆਂ ਵਿੱਚ ਪ੍ਰਮੁੱਖ ਤੌਰ 'ਤੇ ਕਿਸਾਨ ਜਥੇਬੰਦੀਆਂ ਰਣਜੀਤ ਸਿੰਘ (ਬੀ.ਕੇ.ਯੂ. ਲੱਖੋਵਾਲ), ਤਰਲੋਚਨ ਸਿੰਘ (ਬੀ.ਕੇ.ਯੂ. ਪੁਆਧ), ਅਵਤਾਰ ਸਿੰਘ ਜਵਾਹਰਪੁਰ (ਜ਼ਿਲ੍ਹਾ ਪ੍ਰਧਾਨ ਬੀ.ਕੇ.ਯੂ. ਰਾਜੇਵਾਲ), ਸੁਰਿੰਦਰ ਸਿੰਘ (ਕੁਲ ਹਿੰਦ ਕਿਸਾਨ ਸਭਾ)। ਯੂਨੀਅਨ ਆਗੂ ਲਖਵਿੰਦਰ ਸਿੰਘ (ਗੇਟਸ ਇੰਡੀਆ ਵਰਕਰਜ਼), ਜਸਮੇਰ ਸਿੰਘ (ਪਨੇਸ਼ੀਆ ਬਾਇਓਟੈੱਕ), ਰਵਿੰਦਰਪਾਲ (ਸਫਾਈ ਸੈਨਿਕ ਯੂਨੀਅਨ), ਗੁਰਦੀਪ ਸਿੰਘ (ਲਾਲੜੂ ਨਗਰ ਪੰਚਾਇਤ ਵਰਕਰ ਯੂਨੀਅਨ)।ਸੁਰਿੰਦਰ ਸਿੰਘ ਸਰਪੰਚ ਪਰਾਗਪੁਰ, ਬਲਦੇਵ ਸਿੰਘ ਪੰਡਵਾਲਾ, ਰਜਿੰਦਰ ਸਿੰਘ (ਬਿਜਲੀ ਬੋਰਡ ਪੈਨਸ਼ਨਰ ਯੂਨੀਅਨ), ਜਗਤਾਰ ਸਿੰਘ (ਪੀ.ਆਰ.ਟੀ.ਸੀ. ਵਰਕਰ ਯੂਨੀਅਨ), ਏਕਮ ਸਿੱਧੂ ਆਦਿ ਸ਼ਾਮਲ ਸਨ।

# ਪੈਨਸ਼ਨਰਾਂ ਨੂੰ 31 ਤੱਕ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਜ਼ਰੂਰੀ : ਖਜ਼ਾਨਾ ਅਫਸਰ

**ਦਸੂਹਾ (ਕਰਨੈਲ ਮਾਂਗਟ)**- ਪੰਜਾਬ ਸਰਕਾਰ ਵੱਲੋਂ ਰਾਜ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦਾ ਭੁਗਤਾਨ ਸੁਚੱਜੇ ਢੰਗ ਨਾਲ ਕਰਨ ਲਈ ਲਾਈਫ ਸਰਟੀਫਿਕੇਟ ਆਨ ਲਾਈਨ ਪ੍ਰਾਪਤ ਕੀਤੇ ਜਾ ਰਹੇ ਹਨ, ਪਰ ਫਿਰ ਵੀ ਕਈ



ਪੈਨਸ਼ਨਰਾਂ ਤੋਂ ਬੈਂਕਾਂ ਪਾਸੋਂ ਜੀਵਨ ਪ੍ਰਮਾਣ ਪੱਤਰ ਆਫਲਾਈਨ ਜਾਂ ਦਸਤੀ ਰੂਪ ਵਿੱਚ ਜਮਾ ਕਰਵਾਏ ਗਏ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਲਖਵੀਰ ਸਿੰਘ ਖਜ਼ਾਨਾ ਅਫਸਰ ਤਹਿਸੀਲ ਦਸੂਹਾ ਨੇ ਦੱਸਿਆ ਕਿ ਜਿਹਨਾਂ ਪੈਨਸ਼ਨਰਾਂ ਵੱਲੋਂ ਲਾਈਫ ਸਰਟੀਫਿਕੇਟ ਆਨਲਾਈਨ ਜਮਾ ਨਹੀਂ ਕਰਵਾਏ ਗਏ ਉਹ 31 ਮਾਰਚ 2026 ਤੱਕ ਇਸ ਨੂੰ ਤਹਿਸੀਲ ਦਸੂਹਾ ਦੇ ਖਜ਼ਾਨਾ ਦਫਤਰ, ਆਪਣੀ ਬੈਂਕ ਬਰਾਂਚ, ਸੇਵਾ ਕੇਂਦਰ, ਹੈਲਪਲਾਇਨ ਨੰਬਰ 1076 ਤੇ ਕਾਲ ਕਰਕੇ ਜਾਂ ਮੋਬਾਇਲ ਐਪ 'ਜੀਵਨ ਪ੍ਰਮਾਣ ਪੱਤਰ' ਰਾਹੀਂ ਆਪ ਖੁਦ ਜਮਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੈਨਸ਼ਨਰਾਂ ਵੱਲੋਂ ਆਨਲਾਈਨ ਸਰਟੀਫਿਕੇਟ ਜਮਾਂ ਕਰਵਾਉਣ ਉਪਰੰਤ ਪੈਨਸ਼ਨਰਾਂ ਨੂੰ ਤੁਰੰਤ ਇਸ ਸਬੰਧੀ ਸਰਟੀਫਿਕੇਟ ਫੋਨ ਤੇ ਪ੍ਰਾਪਤ ਹੋ ਜਾਵੇਗਾ ਜਿਸ ਨਾਲ ਬਿਨਾਂ ਕਿਸੇ ਰੁਕਾਵਟ ਦੇ ਪੈਨਸ਼ਨ ਜਾਰੀ ਰਹੇਗੀ। ਉਨ੍ਹਾਂ ਦੱਸਿਆ ਪੈਨਸ਼ਨਰ ਆਪਣੇ ਨਾਲ ਆਪਣੀ ਪੈਨਸ਼ਨ ਬੁੱਕ ਖਾਤਾ ਨੰਬਰ ਆਧਾਰ ਕਾਰਡ ਤੇ ਲਿੰਕ ਮੋਬਾਇਲ ਨੰਬਰ ਜ਼ਰੂਰ ਲੈ ਕੇ ਜਾਣ। ਉਨ੍ਹਾਂ ਦੱਸਿਆ ਪੈਨਸ਼ਨਰਾਂ ਨੂੰ ਪੈਨਸ਼ਨ ਦਾ ਭੁਗਤਾਨ ਸੁਚੱਜੇ ਢੰਗ ਨਾਲ ਕਰਨ ਲਈ ਲਾਈਫ ਸਰਟੀਫਿਕੇਟ ਜ਼ਰੂਰੀ ਹੈ।

# ਸਰਕਾਰੀ ਸਕੂਲਾਂ 'ਚ ਪੜ੍ਹਦੇ 25 ਵਿਦਿਆਰਥੀ ਜਾਣਗੇ ਇਸਰੋ



**ਜਲੰਧਰ, (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)** ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ 25 ਹੋਣਹਾਰ ਵਿਦਿਆਰਥੀਆਂ ਨੂੰ ਭਾਰਤੀ ਪੁਲਾੜ ਖੋਜ ਸੰਸਥਾ (ਇਸਰੋ) ਦੇ ਪ੍ਰਮੁੱਖ ਕੇਂਦਰ ਸਪੇਸ ਐਪਲੀਕੇਸ਼ਨ ਸੈਂਟਰ ਅਹਿਮਦਾਬਾਦ ਜਾਣ ਦਾ ਮੌਕਾ ਮਿਲਿਆ ਹੈ।7ਵੀਂ,9ਵੀਂ ਤੇ 11ਵੀਂ ਕਲਾਸ ਵਿੱਚ ਪੜ੍ਹਦੇ ਇਨ੍ਹਾਂ ਵਿਦਿਆਰਥੀਆਂ ਵਿੱਚ 15 ਲੜਕੀਆਂ ਅਤੇ 10 ਲੜਕੇ ਸ਼ਾਮਲ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਨ੍ਹਾਂ ਵਿਦਿਆਰਥੀਆਂ ਨਾਲ ਮੁਲਾਕਾਤ ਕਰਦਿਆਂ ਇਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸੁਨਹਿਰੀ ਮੌਕੇ ਦਾ ਪੂਰਾ ਲਾਭ ਉਠਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਇਸ ਯਾਤਰਾ ਤੋਂ ਵੱਧ ਤੋਂ ਵੱਧ ਸਿੱਖਣ ਦੀ ਕੋਸ਼ਿਸ਼ ਕਰਨ ਕਿਉਂਕਿ ਇਹ ਮੌਕਾ ਉਨ੍ਹਾਂ ਦੀ ਜ਼ਿੰਦਗੀ ਬਦਲ ਕੇ ਰੱਖ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਨਾ ਸਿਰਫ਼ ਉਨ੍ਹਾਂ ਦੀ ਪੜ੍ਹਾਈ ਲਈ ਲਾਹੇਵੰਦ ਹੋਵੇਗੀ ਸਗੋਂ ਉਨ੍ਹਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਵੀ ਦੇ ਸਕਦੀ ਹੈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਦਿਆਰਥੀਆਂ ਦੀ ਚੋਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਇਸਰੋ ਦੇ ਸਾਂਝੇ ਯਤਨਾਂ ਸਦਕਾ ਪਹਿਲਾਂ ਬਲਾਕ ਪੱਧਰ 'ਤੇ ਕੁਇੱਜ਼ ਮੁਕਾਬਲੇ ਕਰਵਾਏ ਗਏ ਸਨ, ਜਿਨ੍ਹਾਂ ਵਿੱਚ ਜਿੱਤਣ ਵਾਲੇ ਵਿਦਿਆਰਥੀਆਂ ਦੇ ਜ਼ਿਲ੍ਹਾ ਪੱਧਰ 'ਤੇ ਮੁਕਾਬਲੇ ਕਰਵਾਏ ਗਏ। ਜ਼ਿਲ੍ਹਾ ਪੱਧਰ 'ਤੇ ਜੇਤੂ ਰਹੇ 25 ਵਿਦਿਆਰਥੀਆਂ ਨੂੰ ਆਪਣੀ ਮਿਹਨਤ ਤੇ ਪ੍ਰਤਿਭਾ ਸਦਕਾ ਇਸਰੋ ਜਾਣ ਦਾ ਮੌਕਾ ਮਿਲ ਰਿਹਾ ਹੈ। ਵਿਦਿਆਰਥੀਆਂ ਨੇ ਲਈ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਯਾਤਰਾ ਦੌਰਾਨ ਵੱਧ ਤੋਂ ਵੱਧ ਸਿੱਖਣ ਦੀ ਕੋਸ਼ਿਸ਼ ਕਰਨਗੇ।

# ਪੰਜਾਬੀ ਵਿਭਾਗ ਵੱਲੋਂ ਸ਼ਾਇਰ ਡਾ. ਅਮਰਜੀਤ ਕੌਂਕੇ ਨਾਲ ਸੰਵਾਦ ਸਮਾਰੋਹ

**ਮਾਹਿਲਪੁਰ (ਸ.ਫ਼ਰੀ)**- ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਦੀ ਅਗਵਾਈ ਹੇਠ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵੱਲੋਂ ਪ੍ਰਸਿੱਧ ਕਵੀ ਅਨੁਵਾਦਕ ਤੇ ਸਾਹਿਤਕ ਮੈਗਜ਼ੀਨ ਪ੍ਰਤਿਮਾਨ ਦੇ ਸੰਪਾਦਕ ਡਾ ਅਮਰਜੀਤ ਕੌਂਕੇ ਨਾਲ ਇੱਕ ਸੰਵਾਦ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਪੰਜਾਬ ਸਾਹਿਤ ਅਕੈਡਮੀ ਚੰਡੀਗੜ੍ਹ ਦੇ ਸਕੱਤਰ ਡਾ. ਅਮਰਜੀਤ ਸਿੰਘ, ਡਾ. ਜਗਤਾਰ ਮਿਸਤਰੀ ਤੇ ਡਾ. ਰਵੀ ਦਿੱਤ ਨੇ ਸ਼ਿਰਕਤ ਕੀਤੀ।ਪੰਜਾਬੀ ਵਿਭਾਗ ਦੇ ਮੁਖੀ ਡਾ. ਜੇ ਬੀ ਸੇਖੋਂ ਨੇ ਕਿਹਾ ਕਿ ਵਿਭਾਗ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੇ ਖੇਤਰ ਵਿੱਚ ਮਹੱਤਵਪੂਰਨ ਕੰਮ ਕਰਨ ਵਾਲੀ ਵਾਲੀਆਂ ਸ਼ਖ਼ਸੀਅਤਾਂ ਨਾਲ ਸੰਵਾਦ ਸਮਾਰੋਹ ਰਚਾਏ ਜਾਂਦੇ ਹਨ ਜੋ ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਵਿੱਚ ਸਹਾਇਕ ਬਣਦੇ ਹਨ। ਉਨ੍ਹਾਂ ਲੇਖਕ ਡਾ. ਅਮਰਜੀਤ ਕੌਂਕੇ ਵੱਲੋਂ ਪੰਜਾਬੀ ਕਵਿਤਾ, ਅਨੁਵਾਦ ਕਲਾ, ਸੰਪਾਦਨਾ ਆਦਿ ਦੇ ਖੇਤਰ ਵਿੱਚ ਪਾਏ ਯੋਗਦਾਨ ਦੀ ਚਰਚਾ ਕੀਤੀ। ਇਸ ਮੌਕੇ ਡਾ. ਅਮਰਜੀਤ ਸਿੰਘ ਨੇ ਕਿਹਾ ਕਿ ਸ਼ਾਇਰ ਅਮਰਜੀਤ ਕੌਂਕੇ ਹਿੰਦੀ ਅਤੇ ਪੰਜਾਬੀ ਭਾਸ਼ਾ ਵਿੱਚ ਪਿਛਲੇ ਕਰੀਬ 35 ਸਾਲਾਂ ਤੋਂ ਲਗਾਤਾਰ ਲਿਖ ਰਹੇ ਹਨ। ਉਨ੍ਹਾਂ ਕਿਹਾ ਕਿ ਚੰਗਾ ਸਾਹਿਤ ਹਮੇਸ਼ਾ ਮਾਨਵਤਾ ਪੱਖੀ ਹੁੰਦਾ ਹੈ ਤੇ ਸ੍ਰੀ ਕੌਂਕੇ ਦੀ ਕਵਿਤਾ ਵੀ ਪੰਜਾਬ ਦੇ ਮਾਨਵਤਾਵਾਦੀ ਜੀਵਨ ਮੁੱਲਾਂ ਦੀ ਗੱਲ ਕਰਦੀ ਹੈ। ਉਨ੍ਹਾਂ ਸਾਹਿਤ ਅਕਾਦਮੀ ਵੱਲੋਂ ਕਾਲਜ ਨੂੰ ਹਰ ਤਰਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਅਮਰਜੀਤ ਕੌਂਕੇ ਨੇ ਆਪਣੀਆਂ ਕਵਿਤਾਵਾਂ ਦੀ ਰਚਨਾ ਪ੍ਰਕਿਰਿਆ ਬਾਰੇ ਵਿਚਾਰ ਸਾਂਝੇ ਕੀਤੇ। ਉਨਾਂ ਆਪਣੀ ਨਵੀਂ ਪੁਸਤਕ 'ਇਸ ਧਰਤੀ ਤੇ ਰਹਿੰਦਿਆਂ' ਵਿੱਚੋਂ ਕਵਿਤਾਵਾਂ ਸੁਣਾ ਕੇ ਹਾਜ਼ਰ ਸਰੋਤਿਆਂ ਦੀ ਖੂਬ ਪ੍ਰਸ਼ੰਸਾ ਹਾਸਲ ਕੀਤੀ।ਸਮਾਰੋਹ ਮੌਕੇ ਹਾਜ਼ਰ ਬੁਲਾਰਿਆਂ ਦਾ ਪ੍ਰਬੰਧਕਾਂ ਵੱਲੋਂ ਪੁਸਤਕਾਂ ਦੇ ਸੈੱਟ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੰਚ ਦੀ ਕਾਰਵਾਈ ਡਾ ਬਲਵੀਰ ਕੌਰ ਰੀਹਲ ਨੇ ਚਲਾਈ। ਇਸ ਮੌਕੇ ਲੇਖਕ ਜੀਵਨ ਚੰਦੇਲੀ, ਡਾ. ਜੇ ਬੀ ਸੇਖੋਂ, ਡਾ. ਬਲਵੀਰ ਕੌਰ, ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਮਨਦੀਪ ਕੁਮਾਰ, ਡਾ. ਦੇਵ ਕੁਮਾਰ, ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਤਜਿੰਦਰ ਸਿੰਘ, ਡਾ. ਰਾਕੇਸ਼ ਕੁਮਾਰ, ਡਾ. ਵਿਕਰਾਂਤ ਰਾਣਾ, ਪ੍ਰੋ. ਗੁਰਪ੍ਰੀਤ ਕੌਰ, ਡਾ. ਵਰਿੰਦਰ ਆਜ਼ਾਦ, ਡਾ. ਕੁਲਦੀਪ ਸਿੰਘ, ਪ੍ਰੋ. ਮਨਦੀਪ ਗੌਤਮ ਆਦਿ ਸਮੇਤ ਐੱਮ ਏ ਪੰਜਾਬੀ ਤੇ ਹੋਰ ਕੋਰਸਾਂ ਦੇ ਵਿਦਿਆਰਥੀ ਹਾਜ਼ਰ ਸਨ।



# ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਨੈਸ਼ਨਲ ਮੈਰਾਥਨ 22 ਨੂੰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਲੋਕਾਂ ਨੂੰ ਜਾਗਰੂਕ ਕਰਨ ਤੇ ਖੇਡਾਂ ਨਾਲ ਜੁੜਨ ਦਾ ਸੰਦੇਸ਼ ਦੇਣ ਲਈ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ ਰਾਸ਼ਟਰੀ ਮੈਰਾਥਨ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਮਾਹਿਲਪੁਰ ਵਿਖੇ 22 ਮਾਰਚ ਨੂੰ ਕਰਵਾਈ ਜਾ ਰਹੀ ਹੈ ਜਿਸ ਦੀਆਂ ਤਿਆਰੀਆਂ ਤੇ ਪ੍ਰਬੰਧਾਂ ਦਾ ਜਾਇਜ਼ਾ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਇੱਥੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲਿਆ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨ ਲਈ ਵੱਡੇ ਪੱਧਰ 'ਤੇ ਐਕਸ਼ਨ ਕਰਨ ਦੇ ਨਾਲ-ਨਾਲ ਲੋਕਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਕਈ ਸਾਰਥਕ ਸਰਗਰਮੀਆਂ ਵੀ ਕੀਤੀਆਂ ਜਾ ਰਹੀਆਂ ਹਨ ਅਤੇ ਮਾਹਿਲਪੁਰ ਵਿਖੇ ਹੋਣ ਵਾਲੀ ਰਾਸ਼ਟਰੀ ਮੈਰਾਥਨ ਵੀ ਇਸੇ ਲੜੀ ਦਾ ਹਿੱਸਾ ਹੈ।ਮਾਹਿਲਪੁਰ ਵਿਖੇ ਹੋਣ ਵਾਲੀ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੈਸ਼ਨਲ ਮੈਰਾਥਨ ਬਾਰੇ ਡਿਪਟੀ ਸਪੀਕਰ ਨੇ ਕਿਹਾ ਕਿ ਇਸ ਮੈਰਾਥਨ ਵਿਚ ਚਾਰ ਵਰਗ ਰੱਖੇ ਗਏ ਹਨ ਜਿਨ੍ਹਾਂ ਵਿਚ 5 ਕਿਲੋਮੀਟਰ, 10 ਕਿਲੋਮੀਟਰ, 21 ਕਿਲੋਮੀਟਰ ਤੇ 42 ਕਿਲੋਮੀਟਰ ਮੈਰਾਥਨ ਵਿਚ ਲੋਕ ਦੌੜਨਗੇ ਅਤੇ 'ਨਸ਼ਿਆਂ ਨੂੰ ਨਾਂਹ' ਦਾ ਅਹਿਦ ਵੀ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੈਰਾਥਨ ਵਿਚ ਹਰ ਪੱਖੋਂ ਲੋੜੀਂਦੇ ਪੁਖਤਾ ਪ੍ਰਬੰਧ ਅਮਲ ਵਿਚ ਲਿਆਂਦੇ ਜਾਣਗੇ ਤਾਂ ਜੋ ਸਾਰੀ ਪ੍ਰਕਿਰਿਆ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ। ਉਨ੍ਹਾਂ ਨੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੂੰ ਸੁਚਾਰੂ ਟ੍ਰੈਫਿਕ ਵਿਵਸਥਾ ਅਤੇ ਬਦਲਵੇਂ ਰੂਟਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਮੈਰਾਥਨ ਵਿਚ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਲਈ ਵੀ ਜ਼ੋਰ ਦਿੱਤਾ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਵਿਰੁੱਧ ਸੰਦੇਸ਼ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਸਕੇ। ਮੈਰਾਥਨ ਲਈ ਰਜਿਸਟ੍ਰੇਸ਼ਨ ਬਾਰੇ ਡਿਪਟੀ ਸਪੀਕਰ ਨੇ ਦੱਸਿਆ ਕਿ ਵੱਖ-ਵੱਖ ਵਰਗਾਂ ਲਈ ਚਾਹਵਾਨ ਵਿਅਕਤੀ/ਨੌਜਵਾਨ www.srsftge.com ਰਾਹੀਂ ਨੈਸ਼ਨਲ ਮੈਰਾਥਨ ਵਾਸਤੇ ਰਜਿਸਟ੍ਰੇਸ਼ਨ ਕਰਵਾਈ ਜਾ ਸਕਦੀ ਹੈ।

## ਸਾਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਬਾਬਾ ਮੰਗਤੋ ਸ਼ਾਹ ਜੀ ਕਾਦਰੀ ਪਿੰਡ ਜੰਡਿਆਲਾ ਵਿਖੇ ਸਾਲਾਨਾ ਮੇਲਾ ਗੱਦੀ ਨਸ਼ੀਨ ਬਾਬਾ ਰਾਮ ਰਤਨ ਜੀ,ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰ ਰਮੇਸ਼ ਚੌਹਾਨ ਤੋਂ ਇਲਾਵਾ ਨਕਾਲ ਤੇ ਕਵਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਦਰਬਾਰ ਤੇ ਚਾਹ ਪਕੌੜੇ ਤੇ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਗੱਦੀ ਨਸ਼ੀਨ ਬਾਬਾ ਰਾਮ ਰਤਨ, ਮੁੱਖ ਸੇਵਾਦਾਰ ਲੇਖ ਰਾਜ ਜੇ ਈ, ਸੇਵਾਦਾਰ ਬਲਰਾਜ ਇਟਲੀ, ਸੁਖਵਿੰਦਰ ਸਿੰਘ ਸਰਪੰਚ, ਰਾਜ ਕੁਮਾਰ ਨੰਬਰਦਾਰ, ਬਲਵੀਰ ਮਾਹੀ, ਬਲਜੀਤ ਪੰਚ, ਅਵਤਾਰ ਮਾਹੀ, ਸੋਮਨਾਥ,ਬਾਲ ਕਿਸ਼ਨ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



## ਛਿੰਝ ਮੇਲਾ ਭਲਕੇ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਗ੍ਰਾਮ ਪੰਚਾਇਤ ਪਿੰਡ ਆਧੀ, ਸ਼ਾਹਪੁਰ,ਪੰਡੋਰੀ ਸ਼ੇਖ (ਜਲੰਧਰ) ਤੇ ਐਨ ਆਰ ਆਈ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਲੱਖ ਦਾਤਾ ਨੂੰ ਸਮਰਪਿਤ 21 ਮਾਰਚ 8 ਚੇਤ ਨੂੰ ਛਿੰਝ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਪੰਡਿਤ ਆਸ਼ੂ ਕੁਮਾਰ ਨੇ ਦੱਸਿਆ ਕਿ ਸ਼ਹੀਦ ਕਰਮ ਸਿੰਘ ਸਟੇਡੀਅਮ ਵਿਖੇ ਇਸ ਵਾਰ ਪਟਕੇ ਦੀ ਪਹਿਲੀ ਕੁਸ਼ਤੀ ਪਹਿਲਵਾਨ ਤਾਲਬ ਬਾਬਾ ਫਲਾਈ ਤੇ ਪੁਸ਼ਪਿੰਦਰ ਆਲਮਗੀਰ ਤੇ ਦੋ ਨੰਬਰ ਦੀਆਂ ਕੁਸ਼ਤੀਆਂ ਸ਼ਰੀਫ਼ ਨਵਾਂ ਪਿੰਡ ਕਾਲੀਆਂ ਤੇ ਅਮਨਾ ਬਾਹੜੋਵਾਲ ਤੇ ਬਿਲੂ ਹੁਸ਼ਿਆਰਪੁਰ ਵਿਚਕਾਰ ਹੋਣਗੀਆ ਤੇ ਦੋ ਨੰਬਰ ਪਟਕੇ ਦੀਆਂ ਕੁਸ਼ਤੀਆਂ ਸਵ: ਤਾਰਾ ਸਿੰਘ ਪੁੱਤਰ ਧੰਨਾ ਸਿੰਘ ਦੇ ਪਰਵਾਰ ਅਤੇ ਸਵਰਨ ਸਿੰਘ ਪੁੱਤਰ ਲਛਮਣ ਸਿੰਘ ਮਾਘੀ ਦੇ ਪਰਵਾਰ ਵੱਲੋਂ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਤੇ ਕੁਸ਼ਤੀਆਂ ਦੀ ਦੇਖ ਰੇਖ ਪਹਿਲਵਾਨ ਲਹਿੰਬਰ ਸ਼ਾਹਕੋਟ ਕਰਨਗੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ਜਾਵੇਗਾ।

# ਸਤਨਾਮ ਜਲਾਲਪੁਰ ਵੱਲੋਂ ਜਗਤਪੁਰ ਦੇ ਖੇਡ ਮੈਦਾਨ ਲਈ 2 ਲੱਖ ਦੀ ਗ੍ਰਾਂਟ



**ਬਲਾਚੌਰ, (ਜਸਵਿੰਦਰ ਬੈਂਸ)**
ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਤੇ ਨੌਜਵਾਨ ਪੀੜ੍ਹੀ ਨੂੰ ਖੇਡ ਮੈਦਾਨਾਂ ਨਾਲ ਜੋੜਨ ਦੇ ਮਕਸਦ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਇੱਕ ਅਹਿਮ ਉਪਰਾਲਾ ਕੀਤਾ ਗਿਆ। ਉਨ੍ਹਾਂ ਨੇ ਪਿੰਡ ਜਗਤਪੁਰ ਵਿਖੇ ਖੇਡ ਮੈਦਾਨ ਦੀ ਸਾਂਭ-ਸੰਭਾਲ ਤੇ ਵਿਕਾਸ ਕਾਰਜਾਂ ਲਈ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡਾਂ ਵੱਲ ਪ੍ਰੇਰਿਤ ਕਰਨਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਪਿੰਡ ਜਗਤਪੁਰ ਦੇ ਸਰਵਪੱਖੀ ਵਿਕਾਸ ਤੇ ਖਿਡਾਰੀਆਂ ਦੀਆਂ ਸਹੂਲਤਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਹ ਰਾਸ਼ੀ ਖੇਡ ਮੈਦਾਨ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਤੇ ਬਿਹਤਰ ਬੁਨਿਆਦੀ ਢਾਂਚਾ ਤਿਆਰ ਕਰਨ ਲਈ ਖ਼ਰਚ ਕੀਤੀ ਜਾਵੇਗੀ।ਚੇਅਰਮੈਨ ਜਲਾਲਪੁਰ ਦੇ ਇਸ ਉਪਰਾਲੇ ਲਈ ਪਿੰਡ ਦੀ ਪੰਚਾਇਤ ਤੇ ਖੇਡ ਕਲੱਬ ਦੇ ਮੈਂਬਰਾਂ ਨੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਮੌਕੇ ਤੇ ਬਲਾਕ ਪ੍ਰਧਾਨ ਪਰਮਜੀਤ ਸਿੰਘ, ਦਵਿੰਦਰ ਸਿੰਘ,ਡਾਕਟਰ ਜਸਵੀਰ ਸਿੰਘ ਸਰਪੰਚ, ਜੋਗਾ ਸਿੰਘ ਪੰਚ, ਲੈਬਰ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਬਲਜਿੰਦਰ ਸਿੰਘ, ਰਵੀ ਕੁਮਾਰ, ਬਖਸ਼ੀਸ਼ ਸਿੰਘ, ਸੰਦੀਪ ਸਿੰਘ ਸੋਨੂ, ਬਲਵੰਤ ਸਿੰਘ, ਗੁਰਮੀਤ ਸਿੰਘ, ਪਰਵਿੰਦਰ ਸਿੰਘ, ਪ੍ਰੀਤ ਅਤੇ ਖੇਡ ਕਲੱਬ ਦੇ ਹੋਰ ਮੈਂਬਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਤੇ ਵਫਾਦਾਰ ਵਰਕਰਾਂ ਨੂੰ ਹਮੇਸ਼ਾ ਮਾਣ ਦਿੱਤਾ : ਲਾਲੀ ਬਾਜਵਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਤੇ ਵਫਾਦਾਰ ਵਰਕਰਾਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਸ਼ਹਿਰੀ ਦੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਹੁਸ਼ਿਆਰਪੁਰ ਦਿਹਾਤੀ ਦੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਦਾ ਸਨਮਾਨ ਕਰਨ ਉਪਰੰਤ ਕੀਤਾ। ਇਸ ਮੌਕੇ ਤੇ ਲਾਲੀ ਬਾਜਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਮਿਹਨਤੀ ਤੇ ਵਫਾਦਾਰ ਆਗੂਆਂ ਨੂੰ ਹਮੇਸ਼ਾ ਮਾਣ ਸਤਿਕਾਰ ਦਿੱਤਾ ਹੈ ਤੇ ਸਰਬਜੀਤ ਸਿੰਘ ਮੋਮੀ ਦੀ ਵਫਾਦਾਰੀ ਅਤੇ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਕੀਤੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੀ ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਬਣਾ ਕੇ ਉਨ੍ਹਾਂ ਨੂੰ ਵੱਡੀ ਜ਼ਿੰਮੇਵਾਰੀ ਦਿੱਤੀ ਹੈ ਅਤੇ ਵੱਡਾ ਮਾਣ ਸਤਿਕਾਰ ਵੀ ਦਿੱਤਾ ਹੈ। ਜਤਿੰਦਰ ਸਿੰਘ ਲਾਲੀ ਬਾਜਵਾ ਨੇ ਹੋਰ ਕਿਹਾ ਕਿ ਸੁਖਬੀਰ ਸਿੰਘ ਬਾਦਲ ਇੱਕੋ ਇੱਕ ਪੰਜਾਬ ਦੇ ਅਜਿਹੇ ਆਗੂ ਹਨ ਜੋ ਸਮੁੱਚੇ ਪੰਜਾਬ ਦਾ ਵਿਕਾਸ



ਅਤੇ ਪੰਜਾਬ ਦੇ ਲੋਕਾਂ ਦੀ ਵਧੀਆ ਤਰੀਕੇ ਨਾਲ ਅਗਵਾਈ ਕਰ ਸਕਦੇ ਹਨ । ਇਸ ਮੌਕੇ ਤੇ ਉਨਾਂ ਨਾਲ ਐਡਵੋਕੇਟ ਸਮਸ਼ੇਰ ਭਾਰਦਵਾਜ, ਹਰਿੰਦਰਪਾਲ ਸਿੰਘ ਗਿੱਲ ਝਿੰਗੜ, ਰਣਵੀਰ ਗਿੱਲ ਯੂ ਐੱਸ ਏ, ਸਤਵਿੰਦਰ ਸਿੰਘ ਆਹਲੂਵਾਲੀਆ, ਅਜੀਤ ਸਿੰਘ ਮੂਨਕਾ, ਅਮਰੀਕ ਸਿੰਘ ਸੋਢੀ, ਜਸਵੀਰ ਸਿੰਘ ਮੂਨਕ ਤੋਂ ਇਲਾਵਾ ਹੋਰ ਅਕਾਲੀ ਵਰਕਰ ਵੀ ਹਾਜ਼ਰ ਸੀ।

## ਹਰਿਆਣਾ ਸਰਕਾਰ ਨੇ ਗੈਰ-ਸੰਚਾਰੀ ਰੋਗਾਂ ਵਿਰੁੱਧ ਤੇਜ਼ ਕੀਤੇ ਕਦਮ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਸ੍ਰੀਮਤੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਰਾਜ ਸਰਕਾਰ ਗੈਰ-ਸੰਚਾਰੀ ਰੋਗਾਂ ਜਿਨ੍ਹਾਂ ਵਿੱਚ ਦਿਲ ਸਬੰਧੀ ਬੀਮਾਰੀਆਂ ਵੀ ਸ਼ਾਮਲ ਹਨ, ਦੀ ਰੋਕਥਾਮ ਅਤੇ ਕੰਟ੍ਰੋਲ ਲਈ ਵਿਆਪਕ ਪੱਧਰ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਇਨ੍ਹਾਂ ਬੀਮਾਰੀਆਂ ਦੀ ਰੋਕਥਾਮ ਤੇ ਕੰਟ੍ਰੋਲ ਲਈ ਰਾਸ਼ਟਰੀ ਪ੍ਰੋਗਰਾਮ ਨੂੰ ਰਾਜ ਦੇ ਸਾਰੇ 22 ਜ਼ਿਲ੍ਹਾਂ ਵਿੱਚ ਲਾਗੂ ਕੀਤਾ ਗਿਆ ਹੈ।

ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਇਸ ਪ੍ਰੋਗਰਾਮ ਤਹਿਤ ਸਾਰੇ 22 ਜ਼ਿਲ੍ਹਿਆਂ ਵਿੱਚ ਐੱਨ ਸੀ ਡੀ ਕਲਿਨਿਕ ਸਥਾਪਿਤ ਕੀਤੇ ਗਏ ਹਨ। ਇਸ ਦੇ ਇਲਾਵਾ, 170 ਸਬ-ਡਿਵਿਜਨਲ ਜ਼ਿਲ੍ਹਾ ਹਸਪਤਾਲਾਂ ਤੇ ਕਮਿਊਨਿਟੀ ਸਿਹਤ ਕੇਂਦਰਾਂ ਤੇ 292 ਪ੍ਰਾਥਮਿਕ ਸਿਹਤ ਕੇਂਦਰਾਂ ਵਿੱਚ ਵੀ ਐੱਨ ਸੀ ਡੀ ਕਲਿਨਿਕ ਸੰਚਾਲਿਤ ਕੀਤੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਨੇੜੇ ਸਿਹਤ ਸਹੂਲਤਾਂ ਮੁਹੱਈਆ ਕਰਾਈ ਜਾ ਸਕੇ।

## ਦੂਜੀ ਜਮਾਤ ਦਾ ਗ੍ਰੈਜੂਏਸ਼ਨ ਸਮਾਰੋਹ ਕਰਵਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਵਿਖੇ ਦੂਜੀ ਜਮਾਤ ਦੇ ਵਿਦਿਆਰਥੀਆਂ ਲਈ 'ਗ੍ਰੈਜੂਏਸ਼ਨ ਸਮਾਰੋਹ' ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਵਾਗਤੀ ਗੀਤ ਅਤੇ ਰੰਗਾਰੰਗ ਸਭਿਆਚਾਰਕ ਪ੍ਰੋਗਰਾਮ ਨਾਲ ਹੋਈ, ਜਿਸ ਵਿੱਚ ਨੰਨ੍ਹੇ ਵਿਦਿਆਰਥੀਆਂ ਨੇ ਨਾਚ ਅਤੇ ਹੋਰ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਚਹਿਲ ਨੇ ਗ੍ਰੈਜੂਏਟ ਹੋਏ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਪ੍ਰਿੰਸੀਪਲ ਡਾ. ਬਸੁੰਧਰਾ ਨੇ ਮਾਪਿਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਦੇ ਬੌਧਿਕ ਵਿਕਾਸ ਲਈ ਉਨ੍ਹਾਂ ਨੂੰ ਮੋਬਾਈਲ ਫੋਨ ਦੀ ਵਰਤੋਂ ਘਟਾਉਣ ਦੀ ਖ਼ਾਸ ਸਲਾਹ ਦਿੱਤੀ। ਸਮਾਗਮ ਦੌਰਾਨ ਗ੍ਰੈਜੂਏਸ਼ਨ ਪਹਿਰਾਵੇ ਵਿੱਚ ਸਜੇ ਬੱਚਿਆਂ ਨੂੰ ਸਰਟੀਫਿਕੇਟ ਵੰਡੇ ਗਏ। ਅੰਤ ਵਿੱਚ ਸਕੂਲ ਪ੍ਰਬੰਧਕਾਂ ਨੇ ਸਾਰਿਆਂ ਦਾ ਧੰਨਵਾਦ ਕੀਤਾ।




# ਪੋਲੀਟੈਕਨਿਕ ਕਾਲਜ ਗਜ਼ਟਿਡ ਟੀਚਰਜ਼ ਐਸੋਸੀਏਸ਼ਨ ਦੀ ਲੋਕਲ ਯੂਨਿਟ ਦਾ ਪੁਨਰਗਠਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ, ਹੁਸ਼ਿਆਰਪੁਰ ਵਿਖੇ ਪੋਲੀਟੈਕਨਿਕ ਕਾਲਜ ਗਜ਼ਟਿਡ ਟੀਚਰਜ਼ ਐਸੋਸਿਏਸ਼ਨ ਦੀ ਲੋਕਲ ਯੂਨਿਟ ਦੇ ਪੁਨਰਗਠਨ ਲਈ ਟੀਚਿੰਗ ਸਟਾਫ਼ ਵੱਲੋਂ ਅਹਿਮ ਮੀਟਿੰਗ ਕੀਤੀ ਗਈ। ਸਥਾਨਕ ਇਕਾਈ ਵੱਲੋਂ ਸਰਬਸੰਮਤੀ ਨਾਲ ਅਕਾਸ਼ ਮਹਿਤਾ ਪ੍ਰਧਾਨ, ਸਪਨਾ ਜਨਰਲ ਸਕੱਤਰ, ਵਰਿੰਦਰ ਪਾਲ ਸਿੰਘ ਉਪ ਪ੍ਰਧਾਨ, ਅਰਚਨਾ ਬੈਂਸ ਉਪ ਪ੍ਰਧਾਨ, ਵਿਸ਼ਾਲ ਅੰਗੁਰਾਣਾ ਵਿੱਤ ਸਕੱਤਰ ਤੇ ਰੁਪੇਸ਼ ਸ਼ਰਮਾ ਨੂੰ ਪ੍ਰੈੱਸ ਸਕੱਤਰ ਚੁਣਿਆ। ਮੀਟਿੰਗ ਦੌਰਾਨ ਅਰਚਨਾ ਸ਼ਰਮਾ, ਜਸਮੇਰ ਕੌਰ, ਮੁਨੀਸ਼ ਕਪਲਾਸ, ਜਸਵੰਤ ਕੌਰ, ਦੀਪਤੀ ਜੈਨ, ਹਰਮਿੰਦਰ ਸਿੰਘ, ਗੁਰਦੀਪ ਸਿੰਘ, ਪੰਕਜ ਚਾਵਲਾ, ਮਿਸ ਰਾਜਵਿੰਦਰ ਕੌਰ, ਸੁਮੀਤ ਵਰਮਾ,ਜਨਮੀਤ ਸਿੰਘ ਅਤੇ ਮਨਪ੍ਰੀਤ ਸਿੰਘ ਮੌਜੂਦ ਸਨ। ਇਸ ਮੌਕੇ ਸਮੂਹ ਮੈਂਬਰ ਸਾਹਿਬਾਨਾਂ ਵੱਲੋਂ ਪੋਲੀਟੈਕਨਿਕ ਟੀਚਿੰਗ ਸਟਾਫ਼ ਦੇ ਮਸਲਿਆਂ ਤੇ ਮੰਗਾਂ ਨੂੰ ਇੱਕਜੁੱਟ ਹੋ ਕੇ ਹੱਲ ਕਰਨ ਦੀ ਸਹਿਮਤੀ ਪ੍ਰਗਟਾਈ ਤੇ ਇਕਾਈ ਨੇ ਫੈਕਲਟੀ ਮੈਂਬਰਾਂ ਦੇ ਜਾਇਜ਼ ਅਧਿਕਾਰਾਂ ਲਈ ਲੜਨ ਦੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ।

# ਦਰਿਆਵਾਂ, ਪਾਣੀ ਦੇ ਵਹਾਅ ਵਾਲੇ ਖੇਤਰ 'ਚ ਬਿਨਾਂ ਕਿਸੇ ਪ੍ਰਵਾਨਗੀ ਦੇ ਕਿਸੇ ਵੀ ਕਿਸਮ ਦੇ ਵੱਡੇ ਰੁੱਖ ਲਗਾਉਣ 'ਤੇ ਪਾਬੰਦੀ

**ਜਲੰਧਰ, (ਸੁਰਿੰਦਰ ਕੁਮਾਰ)** ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਨਤਕ ਹਿੱਤ ਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਹੁਕਮ ਜਾਰੀ ਕੀਤੇ ਗਏ ਹਨ ਕਿ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਆਉਂਦੇ ਸਾਰੇ ਦਰਿਆਵਾਂ, ਉਨ੍ਹਾਂ ਦੇ ਕੁਦਰਤੀ ਰਸਤੇ,ਫਲੱਡ ਪਲੇਨ ਜਾਂ ਪਾਣੀ ਦੇ ਵਹਾਅ ਵਾਲੇ ਖੇਤਰ ਵਿੱਚ ਬਿਨਾਂ ਕਿਸੇ ਪੂਰਵ ਪ੍ਰਵਾਨਗੀ ਦੇ ਕਿਸੇ ਵੀ ਕਿਸਮ ਦੇ ਵੱਡੇ ਰੁੱਖ, ਜਿਵੇਂ ਕਿ ਸਫੇਦਾ, ਪਾਪੂਲਰ ਆਦਿ ਲਗਾਉਣ 'ਤੇ ਪੂਰਨ ਤੌਰ 'ਤੇ ਪਾਬੰਦੀ ਹੋਵੇਗੀ। ਹੁਕਮਾਂ ਮੁਤਾਬਕ ਇਹ ਪਾਬੰਦੀ ਹਰ ਕਿਸਮ ਦੀ ਜ਼ਮੀਨ 'ਤੇ ਲਾਗੂ ਹੋਵੇਗੀ, ਭਾਵੇਂ ਉਹ ਸਰਕਾਰੀ, ਪੰਚਾਇਤੀ ਜਾਂ ਕਿਸੇ ਵੀ ਤਰ੍ਹਾਂ ਦੀ ਨਿੱਜੀ ਮਾਲਕੀ ਅਧੀਨ ਹੀ ਕਿਉਂ ਨਾ ਹੋਵੇ, ਕਿਉਂਕਿ ਦਰਿਆ ਦੇ ਵਹਾਅ ਵਾਲੇ ਖੇਤਰ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਜਨਤਕ ਸੁਰੱਖਿਆ ਲਈ ਖ਼ਤਰਾ ਪੈਦਾ ਕਰ ਸਕਦੀ ਹੈ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਜਲੰਧਰ ਦੀ ਹੱਦ ਨਾਲ ਵਗਦੇ ਸਤਲੁਜ ਦਰਿਆ ਅਤੇ ਇਸ ਦੀਆਂ ਸਹਾਇਕ ਨਦੀਆਂ/ਚੋਆਂ ਦੇ ਵਹਾਅ ਵਾਲੇ ਖੇਤਰ ਵਿੱਚ ਕੁਝ ਵਿਅਕਤੀਆਂ ਵੱਲੋਂ ਸਫੇਦਾ, ਪਾਪੂਲਰ ਅਤੇ ਹੋਰ ਕਿਸਮਾਂ ਦੇ ਵੱਡੇ ਰੁੱਖ ਲਗਾਏ ਜਾ ਰਹੇ ਹਨ। ਦਰਿਆ ਦੇ ਕੁਦਰਤੀ ਵਹਾਅ ਵਾਲੇ ਖੇਤਰ ਵਿੱਚ ਇਸ ਤਰ੍ਹਾਂ ਰੁੱਖ ਲਗਾਉਣ ਨਾਲ ਪਾਣੀ ਦੇ ਵਹਾਅ ਵਿੱਚ ਰੁਕਾਵਟ ਪੈਦਾ ਹੁੰਦੀ ਹੈ, ਜਿਸ ਨਾਲ ਬਰਸਾਤੀ ਮੌਸਮ ਦੌਰਾਨ ਹੜ੍ਹਾਂ ਦੀ ਸੰਭਾਵਨਾ ਵਧ ਜਾਂਦੀ ਹੈ ਅਤੇ ਜਾਨੀ-ਮਾਲੀ ਨੁਕਸਾਨ ਹੋਣ ਦਾ ਗੰਭੀਰ ਖਤਰਾ ਬਣਿਆ ਰਹਿੰਦਾ ਹੈ। ਦਰਿਆ ਦੇ ਅੰਦਰੂਨੀ ਹਿੱਸੇ ਵਿੱਚ ਇਸ ਤਰ੍ਹਾਂ ਦੀ ਗਤੀਵਿਧੀ ਪਾਣੀ ਦੀ ਕੁਦਰਤੀ ਨਿਕਾਸੀ ਨੂੰ ਪ੍ਰਭਾਵਿਤ ਕਰਦੀ ਹੈ, ਜੋ ਕਿ ਜਨਤਕ ਸੁਰੱਖਿਆ ਲਈ ਚਿੰਤਾਜਨਕ ਹੈ ਅਤੇ ਪੰਜਾਬ ਕੈਨਾਲ ਅਤੇ ਡਰੇਨੇਜ਼ ਐਕਟ,2023 ਤਹਿਤ ਸਜ਼ਾਯੋਗ ਅਪਰਾਧ ਹੈ।ਇਹ ਹੁਕਮ 12 ਮਈ 2026 ਤੱਕ ਲਾਗੂ ਰਹੇਗਾ।

# ਸੀਟੀ ਗਰੁੱਪ ਵੱਲੋਂ ਮਹਿਲਾ ਸਸ਼ਕਤੀਕਰਨ 'ਤੇ ਪੈਨਲ ਚਰਚਾ



**ਜਲੰਧਰ (ਸ਼ੈਲੀ ਐਲਬਰਟ)**- ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਨੌਰਥ ਕੈਂਪਸ, ਮਕਸੂਦਾਂ ਵੱਲੋਂ ਅੱਜ ਸਸ਼ਕਤ, ਕੱਲ੍ਹ ਅਟੁੱਟ ਵਿਸ਼ੇ 'ਤੇ ਇੱਕ ਪ੍ਰੇਰਨਾਦਾਇਕ ਪੈਨਲ ਚਰਚਾ ਕਰਵਾਈ ਗਈ। ਇਸ ਦਾ ਮਕਸਦ ਨੌਜਵਾਨਾਂ ਵਿੱਚ ਮਹਿਲਾ ਸਸ਼ਕਤੀਕਰਨ, ਲਿੰਗ ਸਮਾਨਤਾ, ਨੇਤ੍ਰਿਤਵ ਅਤੇ ਆਤਮ-ਵਿਸ਼ਵਾਸ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਇਸ ਸੈਸ਼ਨ ਵਿੱਚ ਮਾਣਯੋਗ ਪੈਨਲਿਸਟਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਮੇਜਰ ਮੋਨਿਕਾ (ਭਾਰਤੀ ਫੌਜ), ਪਰਵੀਨ ਅਬਰੋਲ (ਪ੍ਰਧਾਨ, ਦਿਵਿਆ ਦ੍ਰਿਸ਼ਟੀ ਐਨਜੀਓ), ਹੀਨਾ ਸ਼ਰਮਾ (ਰੇਡੀਓ ਜੌਕੀ, ਰੇਡੀਓ ਮਿਰਚੀ ਪੰਜਾਬ) ਅਤੇ ਡਾ. ਦਲਵਿੰਦਰ ਕੌਰ (ਸਹਾਇਕ ਪ੍ਰੋਫੈਸਰ, ਗਲੋਬਲਨੈਕਸਟ ਯੂਨੀਵਰਸਿਟੀ, ਮਲੇਸ਼ੀਆ) ਸ਼ਾਮਲ ਸਨ।ਉਨ੍ਹਾਂ ਇੱਕ ਦਿਲਚਸਪ ਇੰਟਰਐਕਟਿਵ ਸੈਸ਼ਨ ਵੀ ਕਰਵਾਇਆ, ਇਸ ਮੌਕੇ ਸੀਟੀ ਗਰੁੱਪ ਦੀ ਜਾਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ ਅਤੇ ਕੋ-ਚੇਅਰਪਰਸਨ ਪਰਮਿੰਦਰ ਕੌਰ ਚੰਨੀ ਵੀ ਮੌਜੂਦ ਸਨ।ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਨੇ ਇਸ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਅਰਥਪੂਰਨ ਸੰਵਾਦ ਵਿਦਿਆਰਥੀਆਂ ਦੀ ਸੋਚ ਨੂੰ ਵਿਸਤਾਰ ਦਿੰਦੇ ਹਨ, ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਾਉਂਦੇ ਹਨ ਅਤੇ ਉਨ੍ਹਾਂ ਨੂੰ ਉੱਚੀਆਂ ਉਡਾਣਾਂ ਭਰਨ ਲਈ ਪ੍ਰੇਰਿਤ ਕਰਦੇ ਹਨ।

## ਵਿਧਾਇਕ ਨੇ ਹਲੇੜ ਦੀ ਪੰਚਾਇਤ ਨੂੰ ਦਿੱਤਾ 2 ਲੱਖ ਦਾ ਚੈੱਕ

**ਦਸੂਹਾ (ਕਰਨੈਲ ਮਾਂਗਟ)**- ਬਲਾਕ ਦਸੂਹਾ ਦੇ ਪਿੰਡ ਹਲੇੜ ਦੀ ਪੰਚਾਇਤ ਨੂੰ 2 ਲੱਖ ਰੁਪਏ ਦਾ ਚੈੱਕ ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਦਿੱਤਾ। ਇਸ ਮੌਕੇ ਤੇ ਵਿਧਾਇਕ ਘੁੰਮਣ ਨੇ ਕਿਹਾ ਕਿ ਪਿੰਡ ਦੇ ਵੱਡੇ ਪੱਧਰ ਤੇ ਵਿਕਾਸ ਆਮ ਆਦਮੀ ਪਾਰਟੀ ਵਿੱਚ ਹੋ ਰਹੇ ਹਨ ਤੇ ਪਿੰਡਾਂ ਤੇ ਸ਼ਹਿਰਾਂ ਨੂੰ ਬਿਨਾਂ ਕਿਸੇ ਭੇਦ ਭਾਵ ਵਿਕਾਸ ਕੰਮਾਂ ਲਈ ਚੈੱਕ ਦਿੱਤੇ ਜਾ ਰਹੇ ਹਨ ਤੇ ਵਿਕਾਸ ਜੰਗੀ ਪੱਧਰ ਤੇ ਚੱਲ ਰਹੇ ਹਨ। ਇਸ ਮੌਕੇ ਤੇ ਪਿੰਡ ਹਲੇੜ ਦੇ ਸਰਪੰਚ ਇਕਬਾਲ ਸਿੰਘ ਤੇ ਸਮੂਹ ਪੰਚਾਇਤ ਨੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਦਾ ਧੰਨਵਾਦ ਕੀਤਾ। । ਇਸ ਮੌਕੇ ਤੇ ਸਰਪੰਚ ਹਲੇੜ ਇਕਬਾਲ ਸਿੰਘ, ਪੰਚ ਮਦਨ ਲਾਲ, ਸਾਬਕਾ ਸਰਪੰਚ ਕੁਲਦੀਪ ਸਿੰਘ ,ਵਿੱਕੀ ਬੱਧਣ, ਅਮਨ ਘੁੰਮਣ ਆਦਿ ਹਾਜ਼ਰ ਸਨ।



## 105 ਸਾਲਾ ਬੇਬੇ ਗੁਰਮੀਤ ਕੌਰ ਨਹੀਂ ਰਹੇ



**ਨਕੋਦਰ (ਮਨਜੀਤ ਮਾਨ)**- ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਰਹੀਮਪੁਰ ਦੀ ਬੇਬੇ ਗੁਰਮੀਤ ਕੌਰ ਪਤਨੀ ਸਵਰਗਵਾਸੀ ਹਰਬੰਸ ਸਿੰਘ ਨੇ ਬੇਬੇ ਗੁਰਮੀਤ ਕੌਰ ਜੋ ਚਾਰ ਪੀੜ੍ਹੀਆਂ ਦਾ ਨਿੱਘ ਮਾਣ ਚੁੱਕੀ ਹੈ ਜਿਸ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਬੇਬੇ ਗੁਰਮੀਤ ਕੌਰ ਚਾਰ ਪੀੜ੍ਹੀਆਂ ਦਾ ਆਨੰਦ ਮਾਣਿਆ ਹੈ ਜਿਨ੍ਹਾਂ ਦਾ ਪਿੰਡ ਦੇ ਸ਼ਮਸ਼ਾਨ ਘਾਟ ਵਿਖੇ ਸੈਂਕੜੇ ਸੇਜਲ ਅੱਖਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ।

## ਸਰਕਾਰ ਬੇਟੀਆਂ ਦੇ ਉੱਜਵਲ ਭਵਿੱਖ ਲਈ ਪੂਰੀ ਤਰ੍ਹਾਂ ਪ੍ਰਤੀਬੱਧ : ਸ਼ਰੁਤੀ ਚੌਧਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ੍ਰੀਮਤੀ ਸ਼ਰੁਤੀ ਚੌਧਰੀ ਨੇ ਕਿਹਾ ਕਿ ਰਾਜ ਵਿੱਚ ਬੇਟੀ ਬਚਾਓ-ਬੇਟੀ ਪੜ੍ਹਾਓ ਪ੍ਰੋਗਰਾਮ ਸਿਰਫ ਇੱਕ ਯੋਜਨਾ ਨਹੀਂ, ਸਗੋਂ ਸਾਮਾਜਿਕ ਸੋਚ ਵਿੱਚ ਸਕਾਰਾਤਕਮ ਬਦਲਾਵ ਲਿਆਉਣ ਦਾ ਇੱਕ ਵਿਆਪਕ ਜਨਆਂਦੋਲਨ ਬਣ ਚੁੱਕਾ ਹੈ। ਇਸ ਦੇ ਰਾਹੀਂ ਬੇਟੀਆਂ ਦੇ ਜਨਮ ਨੂੰ ਪ੍ਰੋਤਸਾਹਿਤ ਕਰਨ, ਉਨ੍ਹਾਂ ਪ੍ਰਤੀ ਸਨਮਾਨ ਵਧਾਉਣ ਅਤੇ ਸਮਾਜ ਵਿੱਚ ਲੈਂਗਿਕ ਸਮਾਨਤਾ ਸਥਾਪਿਤ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਸਾਰਥਕ ਅਤੇ ਨਤੀਜੇ ਵੱਜੋਂ ਯਤਨ ਕੀਤੇ ਜਾ ਰਹੇ ਹਨ।ਮੰਤਰੀ ਸ੍ਰੀਮਤੀ ਸ਼ਰੁਤੀ ਚੌਧਰੀ ਨੇ ਇਹ ਗੱਲ ਚੰਡੀਗੜ੍ਹ ਸਥਿਤ ਆਪਣੇ ਨਿਵਾਸ ਸਥਾਨ 'ਤੇ ਆਯੋਜਿਤ ਸਨਮਾਨ ਸਮਾਰੋਹ ਦੌਰਾਨ ਕਹੀ, ਜੋ ਜਨਮ ਦੇ ਸਮੇ ਲਿੰਗਾਨੁਪਾਤ ਵਿੱਚ ਸ਼ਾਨਦਾਰ ਸੁਧਾਰ ਕਰਨ ਵਾਲੇ ਜ਼ਿਲ੍ਹਿਆਂ ਦੇ ਸਨਮਾਨ ਵਿੱਚ ਆਯੋਜਿਤ ਕੀਤਾ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਨੇ ਇਸ ਦਿਸ਼ਾ ਵਿੱਚ ਵਰਣਨਯੋਗ ਤਰੱਕੀ ਕੀਤੀ ਹੈ।

# ਸਾਲਾਨਾ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਆਰੰਭ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਹੇੜੀਆਂ ਵਿਖੇ ਸਮੂਹ ਨਗਰ ਨਿਵਾਸੀ ਗ੍ਰਾਮ ਪੰਚਾਇਤ ਪ੍ਰਵਾਸੀ ਭਾਰਤੀਆਂ ਇਲਾਕੇ ਦੇ ਸਹਿਯੋਗ ਨਾਲ ਖਾਲਸਾ ਯੂਥ ਕਲੱਬ ਤੇ ਨਹਿਰੂ ਯੂਵਾ ਕੇਂਦਰ ਹੁਸ਼ਿਆਰਪੁਰ ਵੱਲੋਂ 18 ਮਾਰਚ ਤੋਂ 22 ਮਾਰਚ ਤੱਕ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕਲੱਬ ਦੇ ਪ੍ਰਧਾਨ ਸਰਪੰਚ ਗੁਰਦੀਪ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਗ੍ਰਾਮ ਪੰਚਾਇਤ ਤੇ ਪਿੰਡ ਦੇ ਪਤਵੰਤੇ ਸੱਜਣ ਵੱਲੋਂ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਉਦਘਾਟਨੀ ਮੈਚ ਬੋਹਣ ਅਤੇ ਮੋਨਾ ਕਲਾਂ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਬੋਹਣ ਦੀ ਟੀਮ ਜੇਤੂ ਰਹੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੇ ਸਥਾਨ ਤੇ ਆਉਣ ਵਾਲੀ ਟੀਮ ਨੂੰ 31,000 ਟਰਾਫੀ ਅਤੇ ਦੂਜੇ ਸਥਾਨ ਤੇ ਆਉਣ ਵਾਲੀ ਟੀਮ ਨੂੰ 21,000 ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 22 ਮਾਰਚ ਨੂੰ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਡਾਕਟਰ ਰਾਜਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਅਤੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਜੇਤੂ ਤੇ ਉਪ ਜੇਤੂ ਟੀਮਾਂ ਦੀ ਇਨਾਮਾਂ ਦੀ ਵੰਡ ਕਰਨਗੇ।ਕਲੱਬ ਦੇ ਪ੍ਰਧਾਨ ਸਰਪੰਚ ਗੁਰਦੀਪ ਸਿੰਘ, ਨੰਬਰਦਾਰ ਬਖਸ਼ੀਸ਼ ਸਿੰਘ, ਜਸਪਿੰਦਰ ਸਿੰਘ, ਗੁਰਜੀਤ ਸਿੰਘ ਪੰਚ, ਜਸਵਿੰਦਰ ਸਿੰਘ ਪੰਚ, ਬਲਵੀਰ ਰਾਮ ਪੰਚ, ਈਸ਼ਰ ਸਿੰਘ ਸਾਬਕਾ ਪੰਚ, ਕਿਰਪਾਲ ਸਿੰਘ, ਬਲਵੀਰ ਸਿੰਘ, ਤਰਲੋਕ ਸਿੰਘ, ਡਾਕਟਰ ਜਰਨੈਲ ਸਿੰਘ, ਦੇਵ ਰਾਮ, ਤੀਰਥ ਰਾਮ, ਮਨਜੀਤ ਸਿੰਘ ਬਲਾਕ ਪ੍ਰਧਾਨ, ਸਨਮ ਬੰਗਾ, ਜਸਵੀਰ ਸਿੰਘ ਕਾਕਾ, ਰੇਸ਼ਮ ਲਾਲ, ਸੁਨੀਲ ਕੁਮਾਰ ਸੀਲਾ, ਗੁਰਿੰਦਰ ਬੰਗਾ, ਗੱਗੀ, ਹਰਮਨ, ਗੁਰ ਅੰਮ੍ਰਿਤ ਰਾਮ ਤੋਂ ਇਲਾਵਾ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।



# ਦਲਜੀਤ ਸਿੰਘ ਮਿਨਹਾਸ ਨੇ ਚੇਅਰਮੈਨ ਦਾ ਅਹੁਦਾ ਸੰਭਾਲਿਆ

**ਆਦਮਪੁਰ (ਪਰਮਜੀਤ ਸਿੰਘ)**- ਦਲਜੀਤ ਸਿੰਘ ਮਿਨਹਾਸ ਵਲੋਂ ਬਲਾਕ ਸੰਮਤੀ ਆਦਮਪੁਰ ਦੇ ਚੇਅਰਮੈਨ ਤੇ ਕਮਲਜੀਤ ਸਲਾਲਾ ਵੱਲੋਂ ਵਾਈਸ ਚੇਅਰਮੈਨ ਦਾ ਅਹੁਦਾ ਹਲਕਾ ਇੰਚਾਰਜ ਪਵਨ ਟੀਨੂੰ ਦੀ ਅਗਵਾਈ ਹੇਠ ਸੰਭਾਲਿਆ ਗਿਆ। ਪਵਨ ਟੀਨੂੰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋਂ 4 ਸਾਲ ਪੂਰੇ ਹੋਣ ਤੇ ਸਰਕਾਰ ਨੇ ਕੰਮ ਤੇ ਸਿਆਸਤ ਰਾਹੀਂ ਲੋਕਾਂ ਨੂੰ ਦਿੱਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ ਹਨ ਜਿਸ ਕਰਕੇ ਲੋਕਾਂ ਨੇ ਕਾਂਗਰਸ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਨੂੰ ਨਕਾਰ ਕੇ ਸਾਡੇ ਤੇ ਭਰੋਸਾ ਜਤਾਇਆ ਹੈ ਜਿਸ ਨੂੰ ਅਸੀਂ ਕਦੀ ਟੁੱਟਣ ਨਹੀਂ ਦਵਾਂਗੇ। ਸਮਾਪਤੀ ਉਪਰੰਤ ਦਲਜੀਤ ਸਿੰਘ ਮਿਨਆਸ ਚੇਅਰਮੈਨ ਦਾ ਅਹੁਦਾ ਸੰਭਾਲਦਿਆਂ ਮੌਕੇ ਤੇ ਹਾਜ਼ਰ ਐੱਸ ਡੀ ਐੱਮ ਆਦਮਪੁਰ ਸਮੇਤ ਪਾਰਟੀ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਕਿਹਾ ਕਿ ਮੈਂ ਪੂਰੀ ਇਮਾਨਦਾਰੀ ਨਾਲ ਆਪਣੇ ਸੰਮਤੀ ਮੈਂਬਰਾਂ ਨੂੰ ਨਾਲ ਲੈ ਕੇ ਇਲਾਕੇ ਦਾ ਵਿਕਾਸ ਕਰਵਾਵਾਂਗਾ। ਇਸ ਮੌਕੇ ਹਲਕਾ ਇੰਚਾਰਜ ਪਵਨ ਟੀਨੂੰ, ਐੱਸ ਡੀ ਐੱਮ ਆਦਮਪੁਰ, ਦਲਜੀਤ ਸਿੰਘ ਮਿਨਹਾਸ, ਜਸਦਿਆਲ ਜੱਸ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਹਰਜੀਤ ਸਿੰਘ ਪਰਹਾਰ, ਮੰਗਾ ਸਿੰਘ, ਬਲਜੀਤ ਰਸਤਗੋ, ਤਰਸੇਮ ਸਿੰਘ ਚੁਖਿਆਰਾ, ਜਗਜੀਤ ਸਿੰਘ, ਸੁਖਵੀਰ ਖਾਲਸਾ, ਮਨਜੀਤ ਕੰਦੋਲਾ, ਕੁਲਦੀਪ ਸਿੰਘ ਲਸੜੀਵਾਲ, ਅੰਮ੍ਰਿਤਪਾਲ ਸਿੰਘ, ਕਮਲ ਸਲਾਲਾ, ਗੁਰਨਾਮ ਲੰਬੜਦਾਰ, ਜਸਪ੍ਰੀਤ ਸਿੰਘ ਸਰਪੰਚ ਬਲਵੀਰ ਸੰਧਮਾ, ਰਣਵੀਰ ਸਿੰਘ, ਪਰਦੀਪ ਤੂਰ, ਪਰਦੀਪ ਸਿੰਘ, ਸੁਲਿੰਦਰ ਸਿੰਘ ਨੌਲੀ, ਰਣਜੀਤ ਸਿੰਘ ਤੱਲਣ ਸਮੇਤ ਪਾਰਟੀ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਸੇਂਟ ਸੋਲਜਰ ਕਾਲਜ 'ਚ ਵਿਦਾਇਗੀ ਪਾਰਟੀ ਕਰਵਾਈ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਕਾਲਜ ਆਫ਼ ਐਜੂਕੇਸ਼ਨ ਨੇ ਆਪਣੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਇੱਕ ਸ਼ਾਨਦਾਰ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਅਲਕਾ ਗੁਪਤਾ ਦੀ ਨਿਗਰਾਨੀ ਹੇਠ ਆਯੋਜਿਤ ਇਸ ਪ੍ਰੋਗਰਾਮ ਵਿੱਚ ਬਾਹਰ ਜਾਣ ਵਾਲੇ ਬੈਚ ਦੀਆਂ ਪ੍ਰਾਪਤੀਆਂ, ਦੋਸਤੀਆਂ ਤੇ ਪ੍ਰਤਿਭਾ ਦਾ ਜਸ਼ਨ ਮਨਾਇਆ ਗਿਆ। ਇਹ ਇੱਕ ਯਾਦਗਾਰੀ ਮੌਕਾ ਸੀ, ਜੋ ਮੁਸਕਰਾਹਟਾਂ, ਭਾਵਨਾਵਾਂ ਅਤੇ ਖੁਸ਼ੀ ਨਾਲ ਭਰਿਆ ਹੋਇਆ ਸੀ। ਰੰਗੀਨ ਪੇਸ਼ਕਾਰੀਆਂ, ਦਿਲੋਂ ਭਾਸ਼ਣ ਤੇ ਵਿਦਿਆਰਥੀਆਂ ਅਤੇ ਫੈਕਲਟੀ ਦੋਵਾਂ ਦੀ ਉਤਸ਼ਾਹੀ ਭਾਗੀਦਾਰੀ ਨੇ ਵਿਦਾਇਗੀ ਸਮਾਰੋਹ ਨੂੰ ਜੀਵਨ ਵਿੱਚ ਲਿਆਂਦਾ। ਸਮਾਗਮ ਵਿੱਚ ਰੰਗੋਲੀ ਤੇ ਪੋਸਟਰ ਮੇਕਿੰਗ ਸਮੇਤ ਕਈ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਨੂੰ ਵੱਖ-ਵੱਖ ਵਿਦਿਆਰਥੀਆਂ ਨੇ ਜਿੱਤਿਆ। ਵਿਦਿਆਰਥੀਆਂ ਨੇ ਗਾਇਕੀ, ਮਾਡਲਿੰਗ, ਬਾਲੀਵੁੱਡ ਡਾਂਸ, ਕੋਰੀਓਗ੍ਰਾਫੀ ਤੇ ਭੰਗੜੇ ਵਿੱਚ ਪ੍ਰਦਰਸ਼ਨ ਕਰਕੇ ਸਮਾਗਮ ਦੀ ਸ਼ਾਨ ਵਿੱਚ ਵੀ ਵਾਧਾ ਕੀਤਾ। ਵਿਦਾਇਗੀ ਜੇਤੂਆਂ ਵਿੱਚੋਂ ਅਸ਼ਵਨੀ ਨੂੰ ਮਿਸਟਰ ਫੇਅਰਵੈਲ ਅਤੇ ਰਿਚਾ ਨੂੰ ਮਿਸ ਫੇਅਰਵੈਲ ਦਾ ਤਾਜ ਪਹਿਨਾਇਆ ਗਿਆ। ਪ੍ਰਿੰਸੀਪਲ ਡਾ. ਅਲਕਾ ਗੁਪਤਾ ਨੇ ਫੈਕਲਟੀ ਅਤੇ ਵਿਦਿਆਰਥੀਆਂ ਦਾ ਸਮਾਗਮ ਨੂੰ ਸਫਲ ਬਣਾਉਣ ਵਿੱਚ ਉਨ੍ਹਾਂ ਦੇ ਯਤਨਾਂ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਦੇ ਹੋਏ ਧਿਆਨ ਤੇ ਆਤਮਵਿਸ਼ਵਾਸ ਬਣਾਈ ਰੱਖਣ ਲਈ ਉਤਸ਼ਾਹਿਤ ਕੀਤਾ।



## ਸਰਬੱਤ ਦਾ ਭਲਾ ਟਰੱਸਟ ਨੇ ਆਰਥਿਕ ਸਹਾਇਤਾ ਦੇ ਚੈੱਕ ਦਿੱਤੇ



**ਮੱਖੂ (ਰਛਪਾਲ ਸਿੰਘ ਸੰਧੂ)**-ਪੂਰੀ ਦੁਨੀਆਂ ਵਿੱਚ ਰੱਬੀ ਰੂਹ ਵਜੋਂ ਜਾਣੇ ਜਾਂਦੇ ਸਮਾਜ ਸੇਵੀ ਅਤੇ ਦੁਬੱਈ ਦੇ ਉੱਘੇ ਕਾਰੋਬਾਰੀ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਟੀਮ ਵੱਲੋ ਗੁਰਦੁਆਰਾ ਸਾਹਿਬ ਬਾਬਾ ਕਰਮ ਚੰਦ ਜੀ ਬਾਠਾਂ ਵਾਲਾ ਮਖੂ ਵਿਖੇ ਕਰਵਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਮਖੂ ਇਲਾਕੇ ਨਾਲ ਸਬੰਧਿਤ 80 ਜ਼ਰੂਰਤਮੰਦ, ਵਿਧਵਾਵਾਂ, ਅੰਗਹੀਣ ਅਤੇ ਲੋੜਵੰਦ ਪਰਿਵਾਰਾਂ ਨੂੰ 80 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਰਾਸ਼ੀ ਦੇ ਮਹੀਨਾਵਾਰ ਚੈੱਕ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਡਾ. ਭੁਪਿੰਦਰ ਸਿੰਘ ਪੱਟੀ ਵਾਲੇ, ਜਗਮਿੰਦਰ ਸਿੰਘ ਸਾਂਝ ਕੇਂਦਰ ਮੱਖੂ, ਮਹਾਂਵੀਰ ਸਿੰਘ, ਮਨਪ੍ਰੀਤ ਸਿੰਘ ਵੱਲੋਂ ਵੰਡੇ ਗਏ।ਸੰਸਥਾ ਦੇ ਜਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਾਰਜ ਬਿਨਾਂ ਕਿਸੇ ਤੋਂ ਮੱਦਦ ਲਏ ਆਪਣੀ ਕਿਰਤ ਕਮਾਈ ਚੋਂ ਲਗਾਤਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਫਿਰੋਜਪੁਰ ਜਿਲ੍ਹੇ ਅੰਦਰ 180 ਲੋੜਵੰਦਾਂ ਨੂੰ ਮਹੀਨਾਵਾਰ ਪੈਨਸ਼ਨਾਂ ਦੇ ਚੈੱਕ ਵੰਡੇ ਜਾਂਦੇ ਹਨ ਅਤੇ ਅਨੇਕਾਂ ਹੀ ਲੋਕ ਭਲਾਈ ਦੇ ਕਾਰਜ ਚੱਲ ਰਹੇ ਹਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਮੈਡੀਕਲ ਕੈਂਪ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਅਤੇ ਜਾਣਕਾਰੀ ਵਿਗਿਆਨ ਫੈਕਲਟੀ ਦੀ ਰਾਸ਼ਟਰੀ ਸੇਵਾ ਯੋਜਨਾ (ਐਨ ਐੱਸ ਐੱਸ) ਯੂਨਿਟ ਵੱਲੋਂ ਵੱਲੋਂ ਸਰੀਰਕ ਸੁਖਾਲਾ ਅਤੇ ਸਿਹਤਮੰਦ ਜੀਵਨ-ਸ਼ੈਲੀ ਵਿਸ਼ੇ ਹੇਠ ਚਲਾਈ ਗਈ ਪਹੁੰਚ ਮੁਹਿੰਮ ਦਾ ਸਮਾਪਨ ਪਿੰਡ ਚਰਨਾਥਲ ਵਿਖੇ ਮੈਡੀਕਲ ਕੈਂਪ ਲਗਾ ਕੇ ਸਫਲਤਾਪੂਰਵਕ ਕੀਤਾ ਗਿਆ।ਸਮਾਪਨ ਮੈਡੀਕਲ ਕੈਂਪ ਵਿੱਚ ਸਥਾਨਕ ਵਸਨੀਕਾਂ, ਖ਼ਾਸ ਤੌਰ 'ਤੇ ਮਹਿਲਾਵਾਂ ਅਤੇ ਬੱਚਿਆਂ ਦੀ ਉਤਸ਼ਾਹ ਨਾਲ ਭਰੀ ਭਾਗੀਦਾਰੀ ਦੇਖਣ ਨੂੰ ਮਿਲੀ। ਇੱਕ ਯੋਗ ਬਾਲ ਰੋਗ ਮਾਹਿਰ ਡਾ. ਕਰਨ ਸਿੰਘ ਅਤੇ ਇਸਤਰੀ ਰੋਗ ਮਾਹਿਰ ਡਾ. ਨਾਜ਼ਬੀਰ ਕੌਰ ਨੇ ਕੈਂਪ ਵਿੱਚ ਪਹੁੰਚ ਕਰਕੇ ਵਿਸ਼ੇਸ਼ ਤਬੀਬੀ ਸਲਾਹ ਪ੍ਰਦਾਨ ਕੀਤੀ।ਉਨ੍ਹਾਂ ਵੱਲੋਂ ਬੱਚਿਆਂ ਦੀ ਸਿਹਤ, ਪੋਸ਼ਣ, ਟੀਕਾਕਰਨ ਬਾਰੇ ਜਾਗਰੂਕਤਾ, ਮਾਤਾ ਸਿਹਤ, ਮਾਹਵਾਰੀ ਸਫਾਈ ਅਤੇ ਮਹਿਲਾਵਾਂ ਦੀ ਤੰਦਰੁਸਤੀ ਨਾਲ ਸੰਬੰਧਿਤ ਮੁੱਦਿਆਂ 'ਤੇ ਰਹਿਨੁਮਾਈ ਕੀਤੀ ਗਈ ਇਸ ਤੋਂ ਇਲਾਵਾ ਪਿੰਡ ਵਾਸੀਆਂ ਨੂੰ ਆਮ ਸਿਹਤ ਜਾਂਚ ਅਤੇ ਰੋਕਥਾਮੀ ਸਿਹਤ ਸੰਬੰਧੀ ਰਾਹਨੁਮਾਈ ਵੀ ਕੀਤੀ ਗਈ।ਮੁਹਿੰਮ ਦੌਰਾਨ ਐਨ ਐੱਸ ਐੱਸ ਯੂਨਿਟ ਵੱਲੋਂ ਨਿੱਜੀ ਸਫਾਈ, ਸੰਤੁਲਿਤ ਖੁਰਾਕ, ਜੀਵਨ-ਸ਼ੈਲੀ ਨਾਲ ਜੁੜੀਆਂ ਬਿਮਾਰੀਆਂ, ਪਹਿਲੀ ਸਹਾਇਤਾ, ਯੋਗ ਤੇ ਸਿਹਤਮੰਦ ਜੀਵਨ ਬਾਰੇ ਜਾਗਰੂਕਤਾ ਸੈਸ਼ਨ ਕਰਵਾਏ ਗਏ।ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਲਾਭਕਾਰੀ ਅਤੇ ਸਮਾਜਿਕ ਤੌਰ 'ਤੇ ਜ਼ਰੂਰੀ ਪ੍ਰੋਗਰਾਮ ਲਈ ਐਨ ਐੱਸ ਐੱਸ ਯੂਨਿਟ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ ਨੂੰ ਅਕਾਦਮਿਕ ਗਤੀਵਿਧੀਆਂ ਤੋਂ ਅੱਗੇ ਵਧ ਕੇ ਸਮਾਜਿਕ ਭਲਾਈ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।

## ਕਣਕ ਦੀ ਖਰੀਦ ਲਈ ਢੁਕਵੇਂ ਪ੍ਰਬੰਧ ਕਰੇ ਸਰਕਾਰ : ਬੀ ਕੇ ਯੂ ਕਾਦੀਆਂ



**ਜ਼ੀਰਾ (ਨਰਿੰਦਰ)**-ਅਨੇਜਾ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮਹੀਨਾਵਾਰ ਮੀਟਿੰਗ ਬਲਾਕ ਦੇ ਪ੍ਰਧਾਨ ਸੁਖਦੇਵ ਸਿੰਘ ਸਨੇਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਕਿਸਾਨਾਂ ਨੂੰ ਦਰਪੇਸ਼ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜਥੇਬੰਦੀ ਦੀ ਇਸ ਵਿਸ਼ੇਸ਼ ਮੀਟਿੰਗ ਵਿੱਚ ਦਰਸ਼ਨ ਸਿੰਘ ਮੀਹਾ ਸਿੰਘ ਵਾਲਾ ਐਗਜੈਕਟਿਵ ਮੈਂਬਰ ਪੰਜਾਬ, ਪ੍ਰੀਤਮ ਸਿੰਘ ਮੀਆਂ ਸਿੰਘ ਵਾਲਾ ਜਿਲਾ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਲੌਂਗੋ ਦੇਵਾ ਜ਼ਿਲ੍ਹਾ ਮੀਤ ਪ੍ਰਧਾਨ ਮਨਦੀਪ ਸਿੰਘ ਅਲੀਪੁਰ ਜ਼ਿਲ੍ਹਾ ਜਨਰਲ ਸਕੱਤਰ, ਗੁਲਜ਼ਾਰ ਸਿੰਘ ਸਰਪ੍ਰਸਤ ਅਤੇ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਵਿੱਚ ਪਿਛਲੇ ਦਿਨੀ ਜਥੇਬੰਦੀ ਵੱਲੋਂ ਸੇਫਟੀ ਫੂਡ ਵਿਭਾਗ ਨੂੰ ਨਾਲ ਲੈ ਕੇ ਭਰਵਾਏ ਗਏ ਸੈਂਪਲ ਸਬੰਧੀ ਬੋਲਦਿਆਂ ਜਥੇਬੰਦੀ ਦੇ ਆਗੂਆਂ ਨੇ ਕਿਹਾ ਖਾਣ ਪੀਣ ਵਾਲੀਆਂ ਚੀਜ਼ਾਂ ਵਿੱਚ ਮਿਲਾਵਟ ਕਰਨ ਵਾਲੇ ਕਿਸੇ ਵੀ ਮਿਲਾਵਟ ਖੋਰ ਨੂੰ ਬਖਸ਼ਿਆ ਨਹੀਂ ਜਾਏਗਾ ਅਤੇ ਭਵਿੱਖ ਵਿੱਚ ਵੀ ਜਥੇਬੰਦੀ ਵੱਲੋਂ ਮਿਲਾਵਟ ਕਰਨ ਵਾਲਿਆਂ 'ਤੇ ਨਜ਼ਰ ਰੱਖੀ ਜਾਏਗੀ।ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਸਰਕਾਰ ਚਿੱਪ ਵਾਲੇ ਮੀਟਰ ਵਾਪਸ ਲਵੇ। ਤੀਜੇ ਵਿਸ਼ੇਸ਼ ਏਜੰਡੇ 'ਤੇ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਕਣਕ ਦੀ ਖਰੀਦ ਦੇ ਢੁਕਵੇਂ ਪ੍ਰਬੰਧ ਕਰੇ। ਮੰਡੀਆਂ ਵਿੱਚ ਲਾਈਟਾਂ ਪਾਣੀ ਅਤੇ ਬਾਰ ਦਾਣੇ ਸਬੰਧੀ ਹੁਣ ਤੋਂ ਹੀ ਸਰਕਾਰ ਨੂੰ ਸਰਗਰਮੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਕਿ ਕਣਕ ਦੀ ਖਰੀਦ ਸਮੇਂ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀਆਂ ਮੁਸ਼ਕਿਲਾਂ ਦਰਪੇਸ਼ ਨਾ ਆਉਣ।ਮੀਟਿੰਗ ਵਿੱਚ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਗਰਮੀ ਵੱਧ ਪੈਣ ਨਾਲ ਆਲੂਆਂ ਦੀ ਫਸਲ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਹੈ। ਫ਼ਸਲ ਦਾ ਝਾੜ ਵੀ ਘਟਿਆ ਹੈ ਸਰਕਾਰ ਦਾ ਮਿਥਿਆ ਮੁੱਲ ਵੀ ਘੱਟ ਹੈ।ਜਥੇਬੰਦੀ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਆਲੂ ਉਤਪਾਦਕਾਂ ਨੂੰ ਰਾਹਤ ਦੇਣ ਲਈ ਢੁਕਵਾਂ ਮੁਆਵਜ਼ਾ ਦੇਵੇ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਭਾਗ ਲਿਆ।

## ਦਸਮੇਸ਼ ਪਬਲਿਕ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ



**ਜਗਰਾਉਂ (ਸੰਜੀਵ ਅਰੋੜਾ)**-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮੈਹਿਦੇਆਣਾ ਸਾਹਿਬ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਕੂਲ 'ਚ ਅਵੱਲ ਰਹਿਣ ਵਾਲੇ ਤੇ ਖੇਡਾਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਗਿੱਧਾ, ਭੰਗੜਾ, ਸਕਿੱਟ, ਕੋਰੀਓਗ੍ਰਾਫੀ ਪੇਸ਼ ਕਰਕੇ ਮਹਿਮਾਨਾਂ ਦਾ ਮਨੋਰੰਜਨ ਕੀਤਾ। ਇਸ ਮੌਕੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਪ੍ਰੋਗਰਾਮ ਨੂੰ ਦੇਖਦੇ ਹੋਏ ਅਧਿਆਪਕਾਂ ਤੇ ਬੱਚਿਆਂ ਨੂੰ ਸਿੱਖੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਗੁਰਬਾਣੀ ਦੀ ਪ੍ਰੀਖਿਆ ਵਿੱਚੋਂ ਅਵੱਲ ਆਏ ਬੱਚਿਆਂ ਨੂੰ ਵਜ਼ੀਫੇ ਦਿੱਤੇ ਤੇ ਬਾਕੀਆਂ ਨੂੰ ਗੁਰਬਾਣੀ ਨਾਲ ਜੁੜਨ ਤੇ ਕੀਰਤਨ ਦੀਆਂ ਕਲਾਸ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਮਨਪ੍ਰੀਤ ਕੌਰ ਨੇ ਬੱਚਿਆਂ ਨੂੰ ਤਨ, ਮਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਤੇ ਆਏ ਹੋਏ ਮੁੱਖ ਮਹਿਮਾਨਾਂ ਦਾ ਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਅਧਿਆਪਕਾਂ ਨੂੰ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ ਤੇ ਅੱਗੇ ਤੋਂ ਹੋਰ ਮਿਹਨਤ ਕਰਵਾਉਣ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਬਾਬਾ ਕੁਲਵੰਤ ਸਿੰਘ ਲੱਖਾ, ਪ੍ਰਧਾਨ ਅਮਰਜੀਤ ਸਿੰਘ, ਸੁਖਦੇਵ ਸਿੰਘ ਖਹਿਰਾ, ਗੁਰਪ੍ਰੀਤ ਸਿੰਘ, ਜਗਦੀਪ ਸਿੰਘ ਸਿੱਧੂ, ਸਰਪੰਚ ਗੁਰਮੇਲ ਸਿੰਘ ਮੱਲ੍ਹਾ, ਮੈਡਮ ਕਰਮਜੀਤ ਕੌਰ ਪ੍ਰਿੰਸੀਪਲ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

## ਵਪਾਰੀ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਰਾਬਤਾ ਕਰਨ : ਚੇਅਰਮੈਨ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਟਰੇਡਰਜ਼ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਧੂਰੀ ਦੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹਲ ਨੂੰ ਯਕੀਨੀ ਬਣਾਉਣ ਲਈ ਟਰੇਡਰਜ਼ ਕਮਿਸ਼ਨ ਦੀ ਮੀਟਿੰਗ ਧੂਰੀ ਵਿਖੇ ਹੋਈ।ਜਿਸ ਵਿੱਚ ਐਸ.ਡੀ.ਐਮ. ਧੂਰੀ ਡਾ. ਇਸਮਿਤ ਵਿਜੈ ਸਿੰਘ, ਟਰੇਡਰਜ਼ ਕਮਿਸ਼ਨ ਦੇ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਭਾਗ ਲਿਆ।ਇਸ ਮੌਕੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕਾ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਹੈ, ਤਾਂ ਜੋ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ।ਇਸ ਦੌਰਾਨ ਐਸ.ਡੀ.ਐਮ. ਧੂਰੀ ਡਾ. ਇਸਮਿਤ ਵਿਜੈ ਸਿੰਘ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਨਾਲ ਮਿਲ ਕੇ ਕੰਮ ਕਰਦਿਆਂ ਹਰ ਇਕ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਬੈਠਕ ਦੌਰਾਨ ਵਪਾਰੀਆਂ ਵੱਲੋਂ ਵੱਖ-ਵੱਖ ਮੁੱਦੇ ਉਠਾਏ ਗਏ।

## 65 ਗ੍ਰਾਮ ਹੈਰੋਇਨ ਸਮੇਤ ਦੋ ਕਾਬੂ

**ਲੁਧਿਆਣਾ (ਰਾਜ ਸਿੰਗਲਾ)**-ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਥਾਣਾ ਡਾਬਾ ਦੀ ਪੁਲਸ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ।ਪੁਲਸ ਵੱਲੋਂ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਕੁੱਲ 65 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ।ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਯੁਵਰਾਜ ਸ਼ਾ ਤੇ ਦਿਵਿਆਂਸ਼ੂ ਗੁਪਤਾ ਵਜੋਂ ਹੋਈ ਹੈ।ਥਾਣਾ ਡਾਬਾ ਦੇ ਮੁਖੀ ਐਸ.ਆਈ. ਪ੍ਰਮੋਦ ਰਾਜ ਨੇ ਦੱਸਿਆ ਕਿ ਪੁਲਸ ਪਾਰਟੀ ਇੰਡੀਅਨ ਸਕੂਲ ਲੋਹਾਰਾ ਰੋਡ ਨੇੜੇ ਗਸ਼ਤ 'ਤੇ ਮੌਜੂਦ ਸੀ। ਇਸ ਦੌਰਾਨ ਮੁਖ਼ਬਰ ਖ਼ਾਸ ਨੇ ਸੂਚਨਾ ਦਿੱਤੀ ਕਿ ਉਕਤ ਦੋਵੇਂ ਮੁਲਜ਼ਮ ਨਸ਼ਾ ਤਸਕਰੀ ਦੇ ਧੰਦੇ ਵਿੱਚ ਸ਼ਾਮਲ ਹਨ ਅਤੇ ਇਸ ਵੇਲੇ ਇਲਾਕੇ ਵਿੱਚ ਗਾਹਕਾਂ ਦੀ ਭਾਲ 'ਚ ਘੁੰਮ ਰਹੇ ਹਨ।ਸੂਚਨਾ ਦੇ ਆਧਾਰ 'ਤੇ ਪੁਲਸ ਵੱਲੋਂ ਨਾਕਾਬੰਦੀ ਕਰਕੇ ਦੋਹਾਂ ਸ਼ੱਕੀ ਵਿਅਕਤੀਆਂ ਨੂੰ ਰੋਕ ਕੇ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਦੋਸ਼ੀਆਂ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਤੋਂ ਬਾਅਦ ਮੁੱਢਲੀ ਪੁੱਛਗਿੱਛ ਦੌਰਾਨ ਦੋਸ਼ੀਆਂ ਦੀ ਨਿਸ਼ਾਨਦੇਹੀ 'ਤੇ ਉਨ੍ਹਾਂ ਦੇ ਘਰੋਂ ਹੋਰ 35 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ, ਜਿਸ ਨਾਲ ਕੁੱਲ ਬਰਾਮਦਗੀ 65 ਗ੍ਰਾਮ ਬਣਦੀ ਹੈ।ਪੁਲਸ ਵੱਲੋਂ ਦੋਹਾਂ ਦੋਸ਼ੀਆਂ ਖ਼ਿਲਾਫ਼ ਥਾਣਾ ਡਾਬਾ ਵਿੱਚ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਕਿ ਉਹ ਨਸ਼ਾ ਕਿਥੋਂ ਲਿਆਉਂਦੇ ਸਨ ਤੇ ਅੱਗੇ ਕਿਸ ਨੂੰ ਸਪਲਾਈ ਕਰਨਾ ਸੀ।

# ਸਿਲੰਡਰਾਂ ਦੀ ਗ਼ੈਰ-ਕਾਨੂੰਨੀ ਵਰਤੋਂ ਵਿਰੁੱਧ ਸਖ਼ਤ ਕਾਰਵਾਈ

### ■ ਫੂਡ ਸਪਲਾਈ ਟੀਮਾਂ ਵੱਲੋਂ 45 ਘਰੇਲੂ ਸਿਲੰਡਰ ਜ਼ਬਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਘਰੇਲੂ ਖਪਤਕਾਰਾਂ ਨੂੰ ਐਲਪੀਜੀ ਦੀ ਸੁਚਾਰੂ ਤੇ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਤੇ ਇਸਦੀ ਗ਼ੈਰਕਾਨੂੰਨੀ ਵਰਤੋਂ ਨੂੰ ਰੋਕਣ ਲਈ, ਜ਼ਿਲ੍ਹਾ ਖੁਰਾਕ ਅਤੇ ਸਪਲਾਈ ਅਫ਼ਸਰ ਤੇ ਸਹਾਇਕ ਖੁਰਾਕ ਸਪਲਾਈ ਅਧਿਕਾਰੀਆਂ ਦੀਆਂ ਟੀਮਾਂ ਨੇ ਜ਼ਿਲ੍ਹੇ ਭਰ 'ਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ। ਇਸ ਦੌਰਾਨ ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਤੇ ਹੋਟਲਾਂ 'ਤੇ ਚੈਕਿੰਗ ਕੀਤੀ ਗਈ, ਜਿੱਥੇ ਵਪਾਰਕ ਉਦੇਸ਼ਾਂ ਲਈ ਘਰੇਲੂ ਐਲਪੀਜੀ ਸਿਲੰਡਰਾਂ ਦੀ ਵਰਤੋਂ ਕਰਨ ਵਾਲੇ ਅਦਾਰਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ।ਇਸ ਤੋਂ ਇਲਾਵਾ ਗੈਸ ਏਜੰਸੀਆਂ ਦਾ ਵੀ ਨਿਰੀਖਣ ਕੀਤਾ ਗਿਆ, ਜਿੱਥੇ ਟੀਮਾਂ ਨੇ ਪਾਰਦਰਸ਼ਤਾ ਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਗੋਦਾਮਾਂ 'ਚ ਸਟਾਕ, ਸਪਲਾਈ ਪ੍ਰਣਾਲੀ ਤੇ ਬੁਕਿੰਗ ਰਿਕਾਰਡ ਦੀ ਜਾਂਚ ਕੀਤੀ। ਮੁਹਿੰਮ ਦੌਰਾਨ ਫੂਡ ਸਪਲਾਈ ਵਿਭਾਗ ਟੀਮਾਂ ਨੇ ਨਿਯਮਾਂ ਦੀ ਉਲੰਘਣਾ ਕਰਕੇ ਵਰਤੇ ਜਾ ਰਹੇ ਕੁੱਲ 45 ਘਰੇਲੂ ਐਲਪੀਜੀ ਸਿਲੰਡਰ ਜ਼ਬਤ ਕੀਤੇ।ਇਨ੍ਹਾਂ 'ਚੋਂ ਰਾਜਪੁਰਾ 'ਚ 11, ਪਟਿਆਲਾ 'ਚ 18, ਦੇਵੀਗੜ੍ਹ 'ਚ 2 ਅਤੇ ਸਨੌਰ 'ਚ 14 ਸਿਲੰਡਰ ਜ਼ਬਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਘਰੇਲੂ ਐਲਪੀਜੀ ਅਸਲ ਲਾਭਪਾਤਰੀਆਂ ਤੱਕ ਪਹੁੰਚੇ ਤੇ ਵਪਾਰਕ ਉਦੇਸ਼ਾਂ ਲਈ ਇਸਦੀ ਦੁਰਵਰਤੋਂ ਨਾ ਕੀਤੀ ਜਾਵੇ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀ ਮੁਹਿੰਮ ਨਿਯਮਿਤ ਤੌਰ 'ਤੇ ਜਾਰੀ ਰਹਿਗੀ। ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ




ਕੰਟਰੋਲਰ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਟੀਮਾਂ ਵਪਾਰਕ ਅਦਾਰਿਆਂ ਤੇ ਐਲਪੀਜੀ ਵੰਡ ਪ੍ਰਣਾਲੀਆਂ ਦੋਵਾਂ ਦੀ ਸਰਗਰਮੀ ਨਾਲ ਨਿਗਰਾਨੀ ਕਰ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਖਪਤਕਾਰਾਂ ਨੂੰ ਸਹੀ ਸਟਾਕ ਪ੍ਰਬੰਧਨ ਅਤੇ ਨਿਰਪੱਖ ਸਪਲਾਈ ਨੂੰ ਯਕੀਨੀ ਬਣਾਉਣ ਲਈ ਗੈਸ ਏਜੰਸੀਆਂ ਦੀ ਜਾਂਚ ਤੇਜ਼ ਕਰ ਦਿੱਤੀ ਗਈ ਹੈ।

## ਵਿਸ਼ਵ ਯੁੱਧ ਨੂੰ ਰੋਕਣ ਲਈ ਵੱਡੀਆਂ ਤਾਕਤਾਂ ਅੱਗੇ ਆਉਣ : ਗੁਰਦਾਸ ਗਿਰਧਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅੱਜ ਦੁਨੀਆਂ ਭਰ ਵਿੱਚ ਵਿਸ਼ਵ ਯੁੱਧ ਦੀ ਚਿੰਤਾ ਬਣੀ ਹੋਈ ਹੈ। ਹਰ ਆਤਮਾ ਇਸ ਨੂੰ ਲੈ ਕੇ ਡਰ ਅੰਦਰ ਭੈਅ-ਭੀਤ ਹੈ। ਦੁਨੀਆਂ ਦੀਆਂ ਵੱਡੀਆਂ ਤਾਕਤਾਂ ਨੂੰ ਇਸ ਖਤਰੇ ਨੂੰ ਟਾਲਣ ਲਈ ਆਪਣੇ ਨਿੱਜੀ-ਸੁਆਰਥ ਤਿਆਗ ਕੇ ਵਿਸ਼ਵ ਸ਼ਾਂਤੀ ਦੀ ਸਥਾਪਨਾ ਲਈ ਪਹਿਲ ਕਦਮੀ ਕਰਨੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੱਥੇ ਗੁਰਦਾਸ ਗਿਰਧਰ ਜਨਰਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ, ਸੁਤੰਤਰਤਾ ਸੰਗਰਾਮੀ ਪਰਿਵਾਰ ਨੇ ਕਰਦਿਆਂ ਕਿਹਾ ਕਿ ਦੁਨੀਆਂ ਦੇ ਲੋਕ ਪਹਿਲਾਂ ਹੀ ਪ੍ਰਦੂਸ਼ਿਤ ਵਾਤਾਵਰਨ, ਭਿਆਨਕ ਬਿਮਾਰੀਆਂ, ਮੌਸਮ ਵਿੱਚ ਜ਼ਬਰਦਸਤ ਤਬਦੀਲੀ ਅਤੇ ਵਧਦਾ ਹੋਇਆ ਲਗਾਤਾਰ ਤਾਪਮਾਨ ਅਤੇ ਵਧਦੀ ਹੋਈ ਮਹਿੰਗਾਈ ਤੋਂ ਪੀੜਤ ਹਨ। ਇਸ ਲਈ ਸ਼ਾਂਤੀ ਸਥਾਪਿਤ ਕਰਨ ਵਾਲੇ ਸੰਗਠਨਾਂ ਨੂੰ ਪੂਰੀ ਸਰਗਰਮੀ ਨਾਲ ਅੱਗੇ ਆਉਣਾ ਚਾਹੀਦਾ ਹੈ। ਮਨੁੱਖਤਾ ਨੂੰ ਇਨ੍ਹਾਂ ਦਰ-ਪੇਸ਼ ਖਤਰਿਆਂ ਤੋਂ ਮੁਕਤੀ ਦਿਵਾਉਣ ਲਈ ਹਰ ਸੰਭਵ ਯਤਨ ਕਰਨਾ ਚਾਹੀਦਾ ਹੈ।



# ਅਧਿਆਪਕਾਂ ਦੀਆਂ ਡਿਊਟੀਆਂ ਲਗਾਉਣ ਦੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਸਖ਼ਤ ਨਿਖੇਧੀ

**ਜ਼ੀਰਾ (ਨਰਿੰਦਰ ਅਨੇਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ,ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ, ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪੰਜਾਬ ਵਿੱਚ ਪਹਿਲੀ ਨਸ਼ਾ ਅਤੇ ਸਮਾਜਿਕ ਆਰਥਿਕ ਗਣਨਾ ਤਹਿਤ ਪਿੰਡਾਂ ਵਿੱਚ ਨਸ਼ੇੜੀਆਂ ਦੀ ਗਿਣਤੀ ਕਰਨ ਵਿੱਚ ਅਧਿਆਪਕਾਂ ਦੀ ਡਿਊਟੀ ਲਗਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਓਹਨਾਂ ਕਿਹਾ ਕਿ ਪੇਪਰਾਂ ਅਤੇ ਸਕੂਲਾਂ ਵਿੱਚ ਨਵੇਂ ਦਾਖਲਿਆਂ ਦੇ ਸਮੇਂ ਵਿੱਚ ਅਧਿਆਪਕਾਂ ਨੂੰ ਸਕੂਲਾਂ ਤੋਂ ਬਾਹਰ ਕਰਨਾ ਮੰਦਭਾਗਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸੇ ਨਿੱਜੀ ਕੰਪਨੀ ਤੋਂ ਇਹ ਸਰਵੇ ਕਰਵਾਇਆ ਜਾ ਸਕਦਾ ਹੈ। ਓਹਨਾਂ ਕਿਹਾ ਕੇ ਸਿੱਖਿਆ ਵਿਭਾਗ ਦੇ ਅਫਸਰਾਂ ਵਲੋਂ ਇੱਕ ਗੂਗਲ ਫਾਰਮ ਜਾਰੀ ਕਰਕੇ ਹਰ ਸਕੂਲ਼ ਨੂੰ ਘੱਟੋ ਘੱਟ ਦੋ ਦੋ ਵਲੰਟੀਅਰ ਦੇਣ ਦੇਣ ਲਈ ਧਮਕਾਇਆ ਜਾ ਰਿਹਾ ਹੈ ਜਦ ਕਿ ਇਹ ਸਰਵੇ ਲਈ ਜਾਰੀ ਹਦਾਇਤਾਂ ਅਨੁਸਾਰ ਸਵੈ ਇੱਛਾ ਅਨੁਸਾਰ ਵਲੰਟੀਅਰ ਨੇ ਆਪਣਾ ਬਿਨੈ ਪੱਤਰ ਦੇਣਾ ਹੈ ਤੇ ਉਸ ਦੀ ਯੋਗਤਾ ਗਰੈਜੂਏਸ਼ਨ ਹੋਣਾ ਤੇ ਸਰਕਾਰੀ ਮੁਲਾਜਮ ਹੋਣਾ ਜ਼ਰੂਰੀ ਹੈ ਤੇ ਉਹ ਦਫਤਰ ਸਮੇਂ ਤੋਂ ਬਾਅਦ ਜਾਂ ਛੁੱਟੀ ਵਾਲ਼ੇ ਦਿਨ ਇਸ ਸਰਵੇ ਨੂੰ ਕਰ ਸਕਦਾ ਹੈ, ਪਰ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਵਲੋਂ ਧੱਕੇ ਨਾਲ਼ ਅਧਿਆਪਕਾਂ ਦੀਆਂ ਵਲੰਟੀਅਰ ਡਿਊਟੀਆਂ ਲਗਾਉਣਾਂ ਠੀਕ ਨਹੀਂ ਹੈ।ਇਸ ਸਮੇਂ ਜੀ ਟੀ ਯੂ ਪੰਜਾਬ ਦੇ ਆਗੂਆਂ ਤੀਰਥ ਸਿੰਘ ਬਾਸੀ, ਗੁਰਪ੍ਰੀਤ ਸਿੰਘ ਅਮੀਵਾਲ, ਕੁਲਦੀਪ ਪੁਰੋਵਾਲ, ਗੁਰਦੀਪ ਬਾਜਵਾ, ਹਰਿੰਦਰ ਮੱਲੀਆਂ, ਰਛਪਾਲ ਵੜੈਚ ,ਫ਼ਤਿਹਗੜ੍ਹ ਸਾਹਿਬ ਤੋਂ ਰਾਜੇਸ਼ ਅਮਲੋਹ, ਰੋਪੜ ਤੋਂ ਧਰਮਿੰਦਰ ਸਿੰਘ ਭੰਗੂ ਹੁਸ਼ਿਆਰਪੁਰ ਤੋਂ ਪ੍ਰਿਤਪਾਲ ਚੋਟਾਲਾ ਜਸਵੀਰ ਤਲਵਾੜਾ,ਜਲੰਧਰ ਤੋਂ ਸੁਖਵਿੰਦਰ ਮੱਕੜ ਮੋਗਾ ਤੋਂ ਜੱਜਪਾਲ ਬਾਜੇ ਕੇ ,ਗੁਰਦਾਸਪੁਰ ਤੋਂ , ਦਿਲਦਾਰ ਭੰਡਾਲ ,ਮੁਕਤਸਰ ਸਾਹਿਬ ਤੋਂ ਮਨਜੀਤ ਸਿੰਘ ਬਰਾੜ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਹਰਵਿੰਦਰ ਸਿੰਘ ਸੁਲਤਾਨਵਿੰਡ ਸੰਗਰੂਰ ਤੋਂ ਦੇਵੀ ਦਿਆਲ ,ਸਤਵੰਤ ਆਲਮਪੁਰ, ਬਰਨਾਲਾ ਤੋਂ ਤੇਜਿੰਦਰ ਸਿੰਘ ਤੇਜੀ, ਫਗਵਾੜਾ ਤੋਂ ਸ੍ਰੀ ਗਣੇਸ਼ ਭਗਤ ਫਿਰੋਜਪੁਰ ਤੋਂ ਰਾਜੀਵ ਹਾਂਡਾ,ਬਲਵਿੰਦਰ ਸਿੰਘ ਭੁੱਟੋ ,ਫ਼ਾਜਿਲਕਾ ਤੋਂ ਪਰਮਜੀਤ ਸਿੰਘ ਸੋਰੇਵਾਲ, ਨਿਸ਼ਾਂਤ ਅਗਰਵਾਲ ਪਟਿਆਲਾ ਤੋਂ ਜਸਵਿੰਦਰ ਸਿੰਘ ਸਮਾਣਾ,ਪਰਮਜੀਤ ਪਟਿਆਲਾ ਮਲੇਰਕੋਟਲਾ ਤੋਂ ਨੂਰ ਮੁਹੰਮਦ, ਕਮਲ ਜੈਨ ,ਪਠਾਨਕੋਟ ਤੋਂ ਸੁਭਾਸ਼ ਚੰਦਰ, ਅੰਮ੍ਰਿਤਪਾਲ ਸਿੰਘ ,ਗੁਰਮੇਲ ਸਿੰਘ ਕੁਰੜੀਆਂ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ, ਗੁਰਦਾਸ ਸਿੰਘ ਸਿੱਧੂ ਮੁਹਾਲੀ ਤੋਂ ਰਵਿੰਦਰ ਸਿੰਘ ਪੱਪੀ, ਮਨਪ੍ਰੀਤ ਸਿੰਘ, ਕਪੂਰਥਲਾ ਤੋਂ ਸੁਖਚੈਨ ਸਿੰਘ ਬੱਧਣ,ਜੀਵਨਜੋਤ ਮੱਲੀ,ਫ਼ਰੀਦਕੋਟ ਤੋਂ ਸਰਬਜੀਤ ਸਿੰਘ ਬਰਾੜ, ਨਵਾਂਸ਼ਹਿਰ ਤੋਂ ਬਿਕਰਮਜੀਤ ਸਿੰਘ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਪ੍ਰਭਜੀਤ ਰਸੂਲਪੁਰ,ਤਰਨਤਾਰਨ ਤੋਂ ਸਰਬਜੀਤ ਸਿੰਘ ਸੰਧੂ, ਗੁਰਦੀਪ ਸਿੰਘ ,ਬਠਿੰਡਾ ਤੋਂ ਬਲਦੇਵ ਸਿੰਘ ਬਠਿੰਡਾ ਹਾਜ਼ਰ ਸਨ।

## ਸ੍ਰੀ ਰਾਮ ਕਾਲਜ ਡੱਲਾ ਦੀਆਂ ਲੜਕੀਆਂ ਨੇ ਕਬੱਡੀ 'ਚ ਕਾਂਸੀ ਦਾ ਤਮਗਾ ਜਿੱਤਿਆ

### 4 ਵਿਦਿਆਰਥਣਾਂ ਆਲ ਇੰਡੀਆ ਇੰਟਰਵਰਸਿਟੀ ਕਬੱਡੀ ਟੂਰਨਾਮੈਂਟ ਲਈ ਨਾਮਜ਼ਦ



**ਹਠੂਰ (ਨਛੱਤਰ ਸੰਧੂ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਏ ਅੰਤਰ-ਕਾਲਜ ਮੁਕਾਬਲਿਆਂ ਵਿੱਚ ਸ੍ਰੀ ਰਾਮ ਕਾਲਜ ਡੱਲਾ ਦੀ ਕਬੱਡੀ ਟੀਮ (ਲੜਕੀਆਂ) ਨੇ ਕਾਂਸੀ ਦਾ ਤਮਗਾ ਜਿੱਤਿਆ। ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਲੜਕੀਆਂ ਦੀ ਕਬੱਡੀ ਟੀਮ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਏ ਅੰਤਰ ਕਾਲਜ ਮੁਕਾਬਲਿਆਂ ਵਿੱਚ ਚੰਗਾ ਪ੍ਰਦਰਸ਼ਨ ਕਰਕੇ ਕਾਂਸੀ ਦਾ ਤਮਗਾ ਪ੍ਰਾਪਤ ਕੀਤਾ ਹੈ।ਇਨ੍ਹਾਂ ਮੁਕਾਬਲਿਆਂ ਦੇ ਆਧਾਰ 'ਤੇ ਹੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ 14 ਮਾਰਚ 2026 ਨੂੰ ਆਲ ਇੰਡੀਆ ਇੰਟਰਵਰਸਿਟੀ ਕਬੱਡੀ ਟੂਰਨਾਮੈਂਟ ਲਈ ਟ੍ਰਾਇਲ ਕਰਵਾਏ ਗਏ।ਇਨ੍ਹਾਂ ਟ੍ਰਾਇਲਜ਼ ਵਿੱਚ ਸਾਡੇ ਕਾਲਜ ਦੀਆਂ ਚਾਰ ਖਿਡਾਰਨਾਂ ਵੀਰਪਾਲ ਕੌਰ (ਐੱਮ ਏ ਭਾਗ ਦੂਜਾ), ਗੁਰਪ੍ਰੀਤ ਕੌਰ (ਐੱਮ ਏ ਭਾਗ ਪਹਿਲਾ), ਨਵਦੀਪ ਕੌਰ (ਐੱਮ ਏ ਭਾਗ ਪਹਿਲਾ) ਤੇ ਪੂਜਾ ਕੌਰ (ਬੀ ਏ ਭਾਗ ਪਹਿਲਾ) ਨੇ ਆਪਣਾ ਨਾਮ ਨਾਮਜ਼ਦ ਕਰਵਾਇਆ।ਕਾਲਜ ਪੁੱਜਣ 'ਤੇ ਉਕਤ ਸਾਰੀ ਟੀਮ ਦਾ ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ੍ਰੀ ਦੇਵੀ ਚੰਦ ਸ਼ਰਮਾ, ਮਾਸਟਰ ਭਗਵੰਤ ਸਿੰਘ, ਹੈੱਡ ਮਾਸਟਰ ਅਵਤਾਰ ਸਿੰਘ, ਸੈਕਟਰੀ ਸ੍. ਕਿਰਨਜੀਤ ਸਿੰਘ, ਪ੍ਰਿੰਸੀਪਲ ਪ੍ਰਭਜੀਤ ਸਿੰਘ, ਸਟਾਫ ਤੇ ਸਮੂਹ ਵਿਦਿਆਰਥੀਆਂ ਨੇ ਸ਼ਾਨਦਾਰ ਸਵਾਗਤ ਕੀਤਾ।ਕਾਲਜ ਦੇ ਚੇਅਰਮੈਨ ਦੇਵੀ ਚੰਦ ਸ਼ਰਮਾ ਨੇ ਜੇਤੂ ਖਿਡਾਰਨਾਂ, ਕੋਚ ਸਵਰਨਜੀਤ ਸਿੰਘ ਤੇ ਡੀ ਪੀ ਪ੍ਰੋਫੈਸਰ ਗੁਰਜੀਤ ਸਿੰਘ ਨੂੰ ਵਧਾਈਆਂ ਦਿੰਦਿਆਂ ਅਗਾਂਹ ਵੀ ਇਸੇ ਤਰ੍ਹਾਂ ਲਗਨ ਨਾਲ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਆ।ਇਸ ਦੇ ਨਾਲ ਹੀ ਉਨ੍ਹਾਂ ਨੇ ਆਲ ਇੰਡੀਆ ਇੰਟਰਵਰਸਿਟੀ ਕਬੱਡੀ ਟੂਰਨਾਮੈਂਟ ਲਈ ਨਾਮਜ਼ਦ ਹੋਈਆਂ ਵਿਦਿਆਰਥਣਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਤਾਂ ਜੋ ਉਹ ਅਗਲੇ ਪੜਾਅ ਵਿੱਚ ਵੀ ਚੰਗੀਆਂ ਪ੍ਰਾਪਤੀਆਂ ਕਰ ਸਕਣ।ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸੀ।

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਸ਼ਹਾਦਤ ਨੂੰ ਸਮਰਪਿਤ ਚੇਤਨਾ ਕਾਫਲਾ ਭਲਕ ਤੋਂ

**ਦਿੜ੍ਹਬਾ (ਜਸਵੀਰ ਲਾਡੀ)**-ਇੰਟਰਨੈਸ਼ਨਲਿਸਟ ਡੈਮੋਕਰੇਟਿਕ ਪਲੇਟਫਾਰਮ (ਆਈ. ਡੀ. ਪੀ) ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ 21 ਮਾਰਚ ਤੋਂ 23 ਮਾਰਚ ਤੱਕ ਧੂਰੀ ਸ਼ਹਿਰ ਤੋਂ ਸੇਰਪੁਰ, ਜਖੇਪਲ, ਦਿੜ੍ਹਬਾ ਤੋਂ ਹੁੰਦਾ ਹੋਇਆ ਚੇਤਨਾ ਕਾਫਲਾ ਕੈਦੂਪੁਰ ਨੇੜੇ ਨਾਭਾ ਵਿਖੇ ਪਹੁੰਚੇਗਾ।22 ਮਾਰਚ ਨੂੰ ਦੁਪਹਿਰ 2-00 ਵਜੇ ਗੁਰਦਵਾਰਾ ਸ੍ਰੀ ਬੈਰਸੀਆਣਾ ਸਾਹਿਬ ਦਿੜ੍ਹਬਾ ਵਿਖੇ ਵਿਚਾਰ ਚਰਚਾ ਨੂੰ ਉੱਘੇ ਪੱਤਰਕਾਰ ਸ੍ ਹਮੀਰ ਸਿੰਘ ਸੰਬੋਧਨ ਕਰਨਗੇ ਕਾਫਲੇ ਦੇ ਮੰਤਵ ਸਬੰਧੀ ਜਾਣਕਾਰੀ ਦਿੰਦਿਆਂ ਆਈ ਡੀ ਪੀ ਦੇ ਕੌਮੀ ਪ੍ਰਧਾਨ ਕਰਨੈਲ ਸਿੰਘ ਜਖੇਪਲ, ਸੂਬਾ ਪ੍ਰਧਾਨ ਦਰਸਨ ਸਿੰਘ ਧਨੇਠਾ, ਸੂਬਾ ਸਕੱਤਰ ਤਰਲੋਚਨ ਸਿੰਘ ਸੂਲਰ ਘਰਾਟ ਅਤੇ ਸੂਬਾ ਆਗੂ ਫਲਜੀਤ ਸਿੰਘ ਨੇ ਕਿਹਾ ਕਿ ਦੇਸ਼ ਦੀ ਅਜਾਦੀ ਲਈ ਸਿਰਲੱਥ ਯੋਧਿਆਂ ਨੇ ਅਪਣੀਆਂ ਜਾਨਾਂ ਨਿਸ਼ਾਵਰ ਕੀਤੀਆਂ ਪਰੰਤੂ ਮੌਜੂਦਾ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਟਰੇਡ ਡੀਲ ਰਾਹੀਂ ਦੇਸ਼ ਦੀ ਪ੍ਰਭੁਸਤਾ ਨੂੰ ਦਾਅ 'ਤੇ ਲਾਉਣ,ਬਿਜਲੀ ਸੋਧ ਬਿਲ 2025 ਲਿਆਉਣ, ਬੀਜ ਬਿਲ ਲਿਆਉਣ, ਮਨਰੇਗਾ ਕਾਨੂੰਨ ਨੂੰ ਖਤਮ ਕਰਕੇ ਕਿਰਤੀਆਂ ਦਾ ਰੋਜਗਾਰ ਖੋਹਣ ਅਤੇ ਲੇਬਰ ਕੋਡ ਦੇ ਬਣੇ 29 ਕਾਨੂੰਨਾ ਨੂੰ ਰੱਦ ਕਰਕੇ 4 ਲੇਬਰ ਕੋਡ ਬਣਾਉਣ ਆਦਿ ਵਰਗੇ ਕਾਨੂੰਨ ਬਣਾਕੇ ਦੇਸ਼ ਨੂੰ ਗੁਲਾਮ ਬਣਾਉਣ ਵੱਲ ਵਧਿਆ ਜਾ ਰਿਹਾ ਹੈ ਅਤੇ ਪੰਜਾਬ ਸਰਕਾਰ ਸਮੇਤ ਦੂਸਰੀਆਂ ਪਾਰਟੀਆਂ ਸਿਰਫ ਸਤਾ 'ਤੇ ਕਾਬਜ ਹੋਣ ਤੋਂ ਬਿਨਾਂ ਲੋਕਾਂ ਦੀ ਜਿੰਦਗੀ ਨਾਲ ਜੁੜੇ ਮੁੱਦਿਆਂ 'ਤੇ ਕੋਈ ਧਿਆਨ ਨਹੀਂ ਦੇ ਰਹੀਆਂ।

## ਦੇਸ਼ ਭਗਤ ਯੂਨੀਵਰਸਿਟੀ ਨੇ ਪੋਸਟ-ਬਜਟ ਵੈਬੀਨਾਰ 'ਚ ਲਿਆ ਹਿੱਸਾ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਮੈਨੇਜਮੈਂਟ ਤੇ ਕਾਮਰਸ ਵਿਭਾਗ ਨੇ ਸੰਸਥਾ ਦੀ ਇਨੋਵੇਸ਼ਨ ਕੌਂਸਲ ਅਤੇ ਆਈ ਕਿਊ ਏ ਸੀ ਦੇ ਸਹਿਯੋਗ ਨਾਲ, ਸਿੱਖਿਆ ਮੰਤਰਾਲੇ ਦੁਆਰਾ ਆਯੋਜਿਤ ਪੋਸਟ-ਬਜਟ ਵੈਬੀਨਾਰ 2026 ਵਿੱਚ ਸਰਗਰਮੀ ਨਾਲ ਹਿੱਸਾ ਲਿਆ।'ਸਬ ਕਾ ਸਾਥ, ਸਬ ਕਾ ਵਿਕਾਸ - ਲੋਕਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨਾ' ਦੇ ਥੀਮ ਵਾਲਾ ਇਹ ਵੈਬੀਨਾਰ ਸਿੱਖਿਆ, ਹੁਨਰ ਅਤੇ ਯੂਨੀਵਰਸਿਟੀ ਟਾਊਨਸ਼ਿਪਾਂ 'ਤੇ ਕੇਂਦ੍ਰਿਤ ਸੀ ਅਤੇ ਇਸ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸੰਬੋਧਨ ਕੀਤਾ।ਇਸ ਪ੍ਰੋਗਰਾਮ ਵਿੱਚ ਫੈਕਲਟੀ ਮੈਂਬਰਾਂ, ਪ੍ਰਸ਼ਾਸਕਾਂ ਅਤੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ। ਹਾਜ਼ਰੀਨ ਸਿੱਖਿਆ ਖੇਤਰ ਨਾਲ ਸਬੰਧਤ ਕੇਂਦਰੀ ਬਜਟ ਦੀਆਂ ਮੁੱਖ ਗੱਲਾਂ ਨੂੰ ਸਮਝਣ ਲਈ ਲਾਈਵ ਸੈਸ਼ਨ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਤਵਨੀਤ ਕੇ. ਗੀਨ ਦੇ ਸਵਾਗਤੀ ਭਾਸ਼ਣ ਨਾਲ ਹੋਈ।ਇਸ ਮੌਕੇ ਡਾ. ਜੀ.ਐਸ. ਬੱਤਰਾ, ਪ੍ਰੋ ਵਾਈਸ ਚਾਂਸਲਰ, ਰਿਸਰਚ ਐਂਡ ਡਿਵੈਲਪਮੈਂਟ, ਡਾ. ਬੂਟਾ ਸਿੰਘ, ਪ੍ਰੋ ਵਾਈਸ ਚਾਂਸਲਰ, ਰਿਸਰਚ, ਇਨੋਵੇਸ਼ਨ ਐਂਡ ਕੰਸਲਟੈਂਸੀ, ਡਾ. ਗੁਰਵਿੰਦਰ ਪਾਲ ਸਿੰਘ, ਅਸਿਸਟੈਂਟ ਡੀਨ ਅਕਾਦਮਿਕ, ਡਾ. ਨਵੀਨ ਠਾਕੁਰ, ਡਾਇਰੈਕਟਰ ਅਕਾਦਮਿਕ, ਡਾ. ਦਿਨੇਸ਼, ਕਨਵੀਨਰ, ਡੀ.ਬੀ.ਯੂ., ਆਈ.ਆਈ.ਸੀ. ਅਤੇ ਡਾ. ਬਲਦੀਪ ਸਿੰਘ, ਡਿਪਾਰਟਮੈਂਟ ਕੋਆਰਡੀਨੇਟਰ, ਆਈ.ਆਈ.ਸੀ. ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ।ਆਪਣੇ ਸੰਬੋਧਨ ਵਿੱਚ, ਡਾ. ਜੀ.ਐਸ. ਬੱਤਰਾ ਨੇ ਖੋਜ, ਨਵੀਨਤਾ ਤੇ ਹੁਨਰ-ਅਧਾਰਤ ਸਿੱਖਿਆ ਰਾਹੀਂ ਉੱਚ ਸਿੱਖਿਆ ਨੂੰ ਮਜ਼ਬੂਤ ਕਰਨ 'ਤੇ ਸਰਕਾਰ ਦੇ ਉਦਮ ਦੀ ਸ਼ਲਾਘਾ ਕੀਤੀ। ਡਾ. ਬੂਟਾ ਸਿੰਘ ਨੇ ਸਟਾਰਟਅੱਪ ਸੱਭਿਆਚਾਰ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਬਜਟ ਪ੍ਰਬੰਧਾਂ ਦੀ ਸੰਭਾਵਨਾ ਨੂੰ ਉਜਾਗਰ ਕੀਤਾ।



## ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਵਿਸ਼ਾਲ ਸੰਵਿਧਾਨ ਯਾਤਰਾ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਅਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਸਾਬਕਾ ਮੈਂਬਰ ਐਸ ਐਸ ਕਮਿਸ਼ਨ ਪੰਜਾਬ, ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਸਥਾਨਕ ਸ਼ਹਿਰ ਵਿਖੇ ਵਿਸ਼ਾਲ ਸੰਵਿਧਾਨ ਯਾਤਰਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਉਘੇ ਸਮਾਜ ਸੇਵਿਕਾ ਪ੍ਰੀਤੀ ਮਹੰਤ ਦੇ ਚੇਲੇ ਤੱਬੂ ਮਹੰਤ ਸ਼ਾਮਲ ਹੋਏ ਅਤੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੀ ਵਿਜੇ ਇੰਦਰ ਸਿੰਗਲਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਨੇ ਸੰਵਿਧਾਨ ਯਾਤਰਾ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਸੰਵਿਧਾਨ ਯਾਤਰਾ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਸ੍ ਸੁਰਿੰਦਰਪਾਲ ਸਿੰਘ ਸਿਬੀਆ ਸਾਬਕਾ ਵਿਧਾਇਕ, ਰਾਜਿੰਦਰ ਰਾਜਾ ਬੀਰ ਕਲਾਂ ਸਾਬਕਾ ਜ਼ਿਲ੍ਹਾ ਚੇਅਰਮੈਨ, ਭੁਪਿੰਦਰ ਸਿੰਘ ਨਹਿਲ ਪ੍ਰਧਾਨ ਨਗਰ ਕੌਂਸਲ ਸੰਗਰੂਰ, ਪ੍ਰੀਤਮ ਸਿੰਘ ਪੀਤੂ ਚੇਅਰਮੈਨ ਇੰਪਰੂਮੈਂਟ ਟਰੱਸਟ ਸੰਗਰੂਰ ਅਤੇ ਅਵਤਾਰ ਸਿੰਘ ਈਲਵਾਲ ਚੇਅਰਮੈਨ ਮਾਰਕੀਟ ਕਮੇਟੀ ਸੰਗਰੂਰ ਨੇ ਸ਼ਿਰਕਤ ਕੀਤੀ। ਸੰਵਿਧਾਨ ਯਾਤਰਾ ਭਗਵਾਨ ਵਾਲਮੀਕਿ ਤੀਰਥ ਰਮਾਇਣ ਭਵਨ ਸਰੋਵਰ ਸੰਗਰੂਰ ਤੋਂ ਚੱਲ ਕੇ ਸ਼ਹਿਰ ਦੇ ਬਾਜ਼ਾਰਾਂ ਵਿੱਚੋਂ ਹੁੰਦਿਆਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਪਹੁੰਚੀ ਜਿੱਥੇ ਮਿਸ਼ਨ ਦੇ ਆਗੂਆਂ ਵੱਲੋਂ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਦੀ ਪ੍ਰਤਿਮਾ ਤੇ ਫੁੱਲ ਮਾਲਾ ਭੇਟ ਕੀਤੀ ਗਈ। ਸੰਵਿਧਾਨ ਯਾਤਰਾ ਦਾ ਸ਼ਹਿਰ ਵਿੱਚ ਵੱਖ - ਵੱਖ ਥਾਵਾਂ 'ਤੇ ਦੁਕਾਨਦਾਰਾਂ ਵੱਲੋਂ ਫੁੱਲਾਂ ਦੀ ਵਰਖਾ ਕਰਦਿਆਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਚੇਅਰਮੈਨ ਚਮਕੌਰ ਸਿੰਘ ਜੱਸੀ, ਪ੍ਰੀਤ ਸੀਨੀਅਰ ਮੀਤ ਪ੍ਰਧਾਨ, ਮਨੀ ਕਥੂਰੀਆ, ਸਤਿੰਦਰ ਸੈਣੀ, ਹਿਮਾਂਸ਼ੂ ਗਾਭਾ, ਸੀਮਾ ਚਾਵਲਾ, ਸੁਰਿੰਦਰ ਸਿੰਘ ਭਿੰਡਰ, ਰਿਤੂ ਕੰਡਾ (ਸੱਤੇ ਕੌਂਸਲਰ) ਰਵੀ ਚਾਵਲਾ, ਸ਼ਸ਼ੀ ਚਾਵਰੀਆ, ਰਾਹੁਲ ਕਾਂਗੜਾ, ਰਣਬੀਰ ਕੁਮਾਰ, ਸ਼ਕਤੀਜੀਤ ਸਿੰਘ, ਡਾ ਵੀ ਕੇ ਸਿੰਘ, ਰਾਕੇਸ਼ ਧਾਲੀਵਾਲ, ਰਣਜੀਤ ਕੌਰ ਜ਼ਿਲ੍ਹਾ ਪ੍ਰਧਾਨ, ਚਰਨਜੀਤ ਕੌਰ, ਸਰਬਜੀਤ ਕੌਰ, ਜਗਸੀਰ ਜੱਗਾ, ਕਮਲ ਜੰਡੂ, ਕਾਲੂ ਸੰਗਰੂਰ, ਸੰਦੀਪ ਕੁਮਾਰ, ਸੁਭਮ, ਮਮਤਾ ਗਿੱਲ, ਨੰਦਨੀ, ਹੈਪੀ ਹੀਰਾ, ਮਨੋਜ ਕੁਮਾਰ, ਰਾਜਨ, ਰਾਜੇਸ਼ ਕਾਲੀ, ਬਲਕਾਰ ਸਿੰਘ ਆਦਿ ਹਾਜ਼ਰ ਸਨ।

# ਪੈਨਸ਼ਨਰਾਂ ਤੇ ਮੁਲਾਜ਼ਮਾਂ ਪ੍ਰਤੀ ਚੁੱਪ 'ਤੇ ਬਜਟ ਦੀ ਕੀਤੀ ਤਿੱਖੀ ਨਿਖੇਧੀ

**ਲੁਧਿਆਣਾ (ਸਤੀਸ਼ ਸਚਦੇਵਾ)**

ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ (ਰਜਿ.) ਦੀ ਤਿਮਾਹੀ ਸੂਬਾਈ ਮੀਟਿੰਗ ਪੈਨਸ਼ਨਰਜ਼ ਭਵਨ, ਲੁਧਿਆਣਾ ਵਿਖੇ ਸ੍ਰੀ ਕਰਮ ਸਿੰਘ ਧਨੋਆ, ਸੂਬਾ ਪ੍ਰਧਾਨ ਦੀ ਪ੍ਰਧਾਨਗੀ ਵਿੱਚ ਹੋਈ । ਪ੍ਰਧਾਨਗੀ ਮੰਡਲ ਵਿੱਚ ਸਰਪ੍ਰਸਤ ਅਜੀਤ ਸਿੰਘ ਫਤਿਹਚੱਕ, ਕਾਰਜਕਾਰੀ ਪ੍ਰਧਾਨ ਪਿਆਰਾ ਸਿੰਘ, ਮਦਨ ਗੋਪਾਲ, ਜਵੰਦ ਸਿੰਘ, ਗੁਰਦੀਪ ਸਿੰਘ ਵਾਲੀਆ ਸਾਮਿਲ ਸਨ। ਮੀਟਿੰਗ ਦੇ ਸ਼ੁਰੂ ਵਿੱਚ ਬੀਤੀ ਤਿਮਾਹੀ ਦੌਰਾਨ ਪ੍ਰਿੰਸੀਪਲ ਪਿਆਰਾ ਸਿੰਘ, ਮਹਿੰਦਰ ਸਿੰਘ ਦੀਵਾਨਾ ਅਤੇ ਹੋਰ ਪੈਨਸ਼ਨਰਾਂ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ, ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮਰਹੂਮ ਮਹਿੰਦਰ ਸਿੰਘ ਪ੍ਰਵਾਨਾ ਦੀ ਬਰਸੀ ਦੇ ਮੌਕੇ 'ਤੇ ਉਹਨਾਂ ਨੂੰ ਵੀ ਯਾਦ ਕੀਤਾ ਗਿਆ।ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਕੰਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਨੇ ਚਲਾਇਆ। ਕੰਨਫੈਡਰੇਸ਼ਨ ਦੇ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਦੇ ਆਰੰਭ ਵਿੱਚ ਸ੍ਰੀ ਕਰਮ ਸਿੰਘ ਧਨੋਆ ਸੂਬਾ ਪ੍ਰਧਾਨ, ਵਲੋਂ ਪਿਛਲੀ ਤਿਮਾਹੀ ਦੌਰਾਨ ਕੀਤੀਆਂ ਗਤੀਵਿਧੀਆਂ ਅਤੇ ਸੰਘਰਸ਼ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਕਿ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਸਬੰਧੀ ਡੀ ਏ ਜੀ, ਪੰਜਾਬ ਅਤੇ ਡਾਇਰੈਕਟਰ, ਪੈਨਸ਼ਨ ਅਤੇ ਪੈਨਸ਼ਨਰ ਭਲਾਈ, ਪੰਜਾਬ ਨਾਲ ਮੀਟਿੰਗਾਂ ਕੀਤੀਆਂ, ਜਿਸ ਬਾਰੇ ਵੀ ਜਾਣਕਾਰੀ ਦਿੱਤੀ ਗਈ। ਪ੍ਰਧਾਨਗੀ ਮੰਡਲ ਦੇ ਬੁਲਾਰਿਆਂ ਸਮੇਤ ਮਹਿੰਦਰ ਸਿੰਘ ਧਾਲੀਵਾਲ,ਰਾਜ ਕੁਮਾਰ ਅਰੋੜਾ, ਸੁਖਦੇਵ ਸਿੰਘ ਪੰਨੂ, ਮਨੋਹਰ ਲਾਲ ਬਰਨਾਲਾ, ਸੁਖਮਿੰਦਰ ਸਿੰਘ, ਮਨਜੀਤ ਸਿੰਘ ਸੈਣੀ, ਕਰਮਜੀਤ ਸ਼ਰਮਾ, ਆਸਾ ਸਿੰਘ ਪੰਨੂ, ਕੁਲਦੀਪ ਸਿੰਘ ਕੌੜਾ, ਤਰਲੋਚਨ ਸਿੰਘ, ਹਰਦਿਆਲ ਸਿੰਘ ਬਡਸਰ ਆਦਿ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਂਝੇ ਤੌਰ 'ਤੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਵਿੱਚ ਪੈਨਸ਼ਨਰਾਂ ਤੇ ਮੁਲਾਜ਼ਮਾਂ ਪ੍ਰਤੀ ਧਾਰੀ ਸਾਜ਼ਿਸ਼ੀ ਚੁੱਪ ਦੀ ਤਿੱਖੀ ਨਿਖੇਧੀ ਕੀਤੀ ਗਈ ਅਤੇ ਬਜਟ ਨੂੰ ਸਿਰਫ਼ ਤੇ ਸਿਰਫ਼ ਖਾਲੀ ਪੀਪਾ ਦੱਸਿਆ।

ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਵਲੋਂ ਦਿੱਤੇ ਗਏ ਸੱਦੇ 'ਤੇ ਚੀਫ਼ ਮੈਨੇਜਰ ਅਤੇ ਹੈੱਡ ਸ਼੍ਰੀ ਮਨੋਜ ਕੁਮਾਰ ਸ਼ਰਮਾ, ਸੀ ਪੀ ਪੀ ਸੀ ਪੰਜਾਬ ਨੈਸ਼ਨਲ ਬੈਂਕ, ਲੁਧਿਆਣਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਪੈਨਸ਼ਨਰਾਂ ਵਲੋਂ ਉਠਾਏ ਗਏ ਸਵਾਲਾਂ ਦੇ ਜਵਾਬ ਵਧੀਆ ਢੰਗ ਨਾਲ ਦਿੰਦੇ ਹੋਏ ਵਿਸ਼ਵਾਸ ਦਿਵਾਇਆ ਕਿ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਨੂੰ ਹਰ ਪੱਧਰ 'ਤੇ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਗੰਭੀਰਤਾ ਨਾਲ ਉਪਰਾਲੇ ਕੀਤੇ ਜਾਣਗੇ। ਕੰਨਫੈਡਰੇਸ਼ਨ ਦੀ ਤਿਮਾਹੀ ਮੀਟਿੰਗ ਦੇ ਅੰਤ ਵਿੱਚ ਸ੍ਰੀ ਕਰਮ ਸਿੰਘ ਧਨੋਆ ਸੂਬਾ ਪ੍ਰਧਾਨ, ਵੱਲੋਂ ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਵੱਲੋਂ ਉਠਾਏ ਸਵਾਲਾਂ ਦੇ ਜਵਾਬ ਦਿੰਦੇ ਹੋਏ, ਆਏ ਹੋਏ ਆਗੂਆਂ ਅਤੇ ਮੈਂਬਰਾਂ ਦਾ ਧੰਨਵਾਦ ਕਰਕੇ ਮੀਟਿੰਗ ਦੀ ਸਮਾਪਤੀ ਕੀਤੀ।



## ਸ਼੍ਰੋਮਣੀ ਅਕਾਲੀ ਦਲ ਦੀ ਮੋਗਾ ਰੈਲੀ 22 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 22 ਮਾਰਚ ਨੂੰ ਨਵੀਂ ਦਾਣਾ ਮੰਡੀ ਵਿੱਚ ਕੀਤੀ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਲੈ ਕੇ ਬਹੁਤ ਉਤਸ਼ਾਹ ਹੈ। ਰੈਲੀ ਨੂੰ ਸਫਲ ਬਣਾਉਣ ਲਈ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ ਨੇ ਪਿੰਡਾਂ ਅਤੇ ਸ਼ਹਿਰਾਂ ਦੇ ਇਲਾਕਿਆਂ ਵਿੱਚ ਬੈਠਕਾਂ ਦਾ ਦੌਰ ਤੇਜ਼ ਕਰ ਦਿੱਤਾ ਹੈ। ਇਸੇ ਕੜੀ ਤਹਿਤ ਵਿਜੇ ਧੀਰ ਐਡਵੋਕੇਟ ਨਾਲ ਸੰਬੰਧਤ ਈ ਰਿਕਸ਼ਾ ਮਜ਼ਦੂਰ ਸੰਘ ਦੇ ਅਹਾਤੇ ਵਿੱਚ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇਵਾਲਾ, ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ ਤੇ ਜਸਵੰਤ ਸਿੰਘ ਜੱਸਾ ਦੀ ਅਗਵਾਈ ਵਿੱਚ ਇਕੱਤਰਤਾ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਮੂਹ ਈ ਰਿਕਸ਼ਾ ਵਰਕਰਾਂ ਨੇ ਹਿੱਸਾ ਲਿਆ। ਸੰਨੀ ਗਿੱਲ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਮੋਗਾ ਵਿੱਚ ਆਯੋਜਤ ਕੀਤੀ ਜਾ ਰਹੀ ਇਹ ਰੈਲੀ ਇਤਿਹਾਸਕ ਹੋਵੇਗੀ ਤੇ ਆਪ ਸਰਕਾਰ ਦੀਆਂ ਗਲਤ ਤੇ ਜਨ ਵਿਰੋਧੀ ਨੀਤੀਆਂ ਦੇ ਖਿਲਾਫ ਵੱਡਾ ਸੰਘਰਸ਼ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਅਧੀਨ ਪੰਜਾਬ ਵਿਕਾਸ ਦੇ ਮਸਲੇ ਵਿੱਚ ਪਿਛੜ ਗਿਆ ਹੈ ਤੇ ਲੋਕਾਂ ਨੂੰ ਕਈ ਸਮੱਸਿਆਵਾਂ ਦਾ ਸਾਹਮਣ ਕਰਨਾ ਪੈ ਰਿਹਾ ਹੈ। ਸਨੀ ਗਿੱਲ ਨੇ ਕਿਹਾ ਕਿ 22 ਮਾਰਚ ਨੂੰ ਹੋਣ ਵਾਲੀ ਪੰਜਾਬ ਬਚਾਓ ਰੈਲੀ ਦੌਰਾਨ ਸੁਖਬੀਰ ਸਿੰਘ ਬਾਦਲ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਦਾ ਪਰਦਾਫਾਸ਼ ਕਰਨਗੇ ਤੇ ਪੰਜਾਬ ਦੇ ਲੋਕਾਂ ਦੀ ਆਵਾਜ਼ ਚੱਕਣਗੇ। ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਨਾਲ ਜੁੜੀਆਂ ਮਜ਼ਦੂਰ ਜਥੇਬੰਦੀਆਂ ਦੇ ਵਰਕਰ ਵੱਡੀ ਗਿਣਤੀ ਵਿੱਚ 22 ਤਰੀਕ ਦੀ ਪੰਜਾਬ ਬਚਾਓ ਮੋਗਾ ਰੈਲੀ ਵਿੱਚ ਸ਼ਾਮਲ ਹੋਣਗੇ।

## ਨਗਰ ਕੌਂਸਲ ਦੀ ਮੀਟਿੰਗ ਵਿੱਚ ਲਏ ਅਹਿਮ ਫੈਸਲੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਵਿੱਚ ਨਗਰ ਕੌਂਸਲ ਦੀ ਮੀਟਿੰਗ ਦੌਰਾਨ ਕਈ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਹੋਈ ਅਤੇ ਕਈ ਫੈਸਲੇ ਕੀਤੇ ਗਏ। ਮੀਟਿੰਗ ਵਿੱਚ ਇਹ ਵੀ ਦੇਖਣ ਨੂੰ ਮਿਲਿਆ ਕਿ ਮਹਿਲਾ ਕੌਂਸਲਰ ਜ਼ਿਆਦਾ ਸਰਗਰਮ ਨਹੀਂ ਦਿਖਾਈ ਦਿੱਤੀਆਂ, ਜਦ ਕਿ ਉਨ੍ਹਾਂ ਦੇ ਪਤੀ ਹੀ ਜ਼ਿਆਦਾਤਰ ਮਾਮਲਿਆਂ ਵਿੱਚ ਆਪਣੀ ਰਾਏ ਰੱਖਦੇ ਨਜ਼ਰ ਆਏ।ਮੀਟਿੰਗ ਵਿੱਚ ਬਾਬਾ ਜੀਵਨ ਸਿੰਘ ਤੇ ਅਰੂਟ ਜੀ ਮਹਾਰਾਜ ਦੀਆਂ ਮੂਰਤੀਆਂ ਲਗਾਉਣ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਗਈ।ਇਸ ਦੇ ਨਾਲ ਹੀ ਸ਼ਹਿਰ ਦੀ ਸਫਾਈ ਵਿਵਸਥਾ ਸੁਧਾਰਨ ਲਈ ਪੁਰਾਣੀ ਮੰਡੀ ਅਤੇ ਨਗਰ ਕੌਂਸਲ ਦੇ ਨੇੜੇ ਬਣੇ ਦੋ ਵੱਡੇ ਕੂੜਾ ਡੰਪ ਸ਼ਹਿਰ ਤੋਂ ਬਾਹਰ ਸ਼ਿਫਟ ਕਰਨ ਦਾ ਫੈਸਲਾ ਵੀ ਲਿਆ ਗਿਆ।ਇੱਕ ਹੋਰ ਅਹਿਮ ਫੈਸਲਾ ਇਹ ਕੀਤਾ ਗਿਆ ਕਿ ਨਗਰ ਕੌਂਸਲ ਦੀਆਂ ਸਾਰੀਆਂ ਜਾਇਦਾਦਾਂ ਅਤੇ ਦੁਕਾਨਾਂ ਦੀ ਪੂਰੀ ਜਾਣਕਾਰੀ 7 ਦਿਨਾਂ ਵਿੱਚ ਨੋਟਿਸ ਬੋਰਡ 'ਤੇ ਜਨਤਕ ਕੀਤੀ ਜਾਵੇਗੀ, ਤਾਂ ਜੋ ਲੋਕਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਜਾਣਕਾਰੀ ਮਿਲ ਸਕੇ।ਮੀਟਿੰਗ ਦੌਰਾਨ ਮੁੱਖ ਕੂੜਾ ਡੰਪ, 65 ਲੱਖ ਰੁਪਏ ਦੀ ਮਸ਼ੀਨ ਅਤੇ ਸਟ੍ਰੀਟ ਲਾਈਟ ਨਾਲ ਜੁੜੇ ਮਸਲਿਆਂ 'ਤੇ ਵੀ ਕਾਫੀ ਚਰਚਾ ਹੋਈ।ਇਸ ਤੋਂ ਇਲਾਵਾ ਟ੍ਰੈਫਿਕ ਪੁਲਿਸ ਵੱਲੋਂ ਪੁਰਾਣੀ ਨਗਰ ਕੌਂਸਲ ਦੀ ਇਮਾਰਤ ਵਿੱਚ ਆਪਣਾ ਦਫ਼ਤਰ ਬਣਾਉਣ ਦਾ ਮਸਲਾ ਵੀ ਜ਼ੋਰ-ਸ਼ੋਰ ਨਾਲ ਉਠਾਇਆ ਗਿਆ।ਪੁਰਾਣੀ ਮੰਡੀ ਨਾਲ ਜੁੜੇ ਮਸਲੇ 'ਤੇ ਵੀ ਗੱਲਬਾਤ ਹੋਈ, ਜਿੱਥੇ ਪਹਿਲਾਂ ਦੁਕਾਨਦਾਰਾਂ ਨੂੰ ਦੁਕਾਨਾਂ ਅਲਾਟ ਕੀਤੀਆਂ ਗਈਆਂ ਸਨ। ਦੱਸਿਆ ਗਿਆ ਕਿ 26 ਦੁਕਾਨਾਂ ਤੋੜੀਆਂ ਜਾ ਚੁੱਕੀਆਂ ਹਨ ਅਤੇ ਲਗਭਗ 90 ਫੀਸਦੀ ਦੁਕਾਨਾਂ ਅਜੇ ਵੀ ਬੰਦ ਪਈਆਂ ਹਨ।

## ਕੋਲਾ ਮਾਫੀਆ ਦੀ ਮਿਲੀਭੁਗਤ ਕਾਰਨ ਭੱਠਾ ਉਦਯੋਗ ਹੋਇਆ ਪ੍ਰਭਾਵਤ : ਕੁਲਦੀਪ ਸਿੰਘ ਨੀਟੂ



**ਮਾਨਸਾ (ਆਤਮਾ ਸਿੰਘ ਪਮਾਰ)**-ਕਿਸਾਨ ਮਜ਼ਦੂਰ ਐਸੋਸੀਏਸ਼ਨ ਪੰਜਾਬ (ਰਜਿ 140) ਦੀ ਇੱਕ ਅਹਿਮ ਮੀਟਿੰਗ ਮੁੱਖ ਦਫਤਰ ਕੋਟ ਧਰਮੂੰ ਵਿਖੇ ਸੂਬਾ ਪ੍ਰਧਾਨ ਕੁਲਦੀਪ ਸਿੰਘ ਨੀਟੂ ਧਰਮੂ ਦੀ ਅਗਵਾਈ ਹੇਠ ਹੋਈ।ਮੀਟਿੰਗ 'ਚ ਵੱਡੀ ਗਿਣਤੀ ਕਿਸਾਨਾਂ ਅਤੇ ਮਜ਼ਦੂਰਾਂ ਨੇ ਭਾਗ ਲਿਆ ਅਤੇ ਉਨ੍ਹਾਂ ਨਾਲ ਸੰਬੰਧਤ ਵੱਖ-ਵੱਖ ਮੰਗਾਂ 'ਤੇ ਗੰਭੀਰ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਖਾਸ ਤੌਰ 'ਤੇ ਕੋਲੇ ਦੇ ਵਧ ਰਹੇ ਰੇਟਾਂ ਦੇ ਮਸਲੇ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਦੋਸ਼ ਲਗਾਇਆ ਕਿ ਕੋਲਾ ਮਾਫੀਆ ਦੀ ਮਿਲੀਭੁਗਤ ਕਾਰਨ ਕੋਲੇ ਦੀਆਂ ਕੀਮਤਾਂ 'ਚ ਬੇਹੱਦ ਵਾਧਾ ਹੋਇਆ ਹੈ, ਜਿਸ ਦਾ ਸਿੱਧਾ ਅਸਰ ਭੱਠਾ ਉਦਯੋਗ 'ਤੇ ਪਿਆ ਹੈ। ਕੋਲੇ ਦੇ ਮਹਿੰਗਾ ਹੋਣ ਕਾਰਨ ਇੱਟਾਂ ਦੇ ਰੇਟ 'ਚ ਵੱਡਾ ਵਾਧਾ ਹੋਇਆ ਹੈ, ਜਿਸ ਨਾਲ ਆਮ ਲੋਕਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਲੋਕਾਂ ਦਾ ਘਰ ਬਣਾਉਣ ਦਾ ਸੁਪਨਾ ਟੁੱਟ ਰਿਹਾ ਹੈ।ਜਥੇਬੰਦੀ ਦਾ ਮੰਨਣਾ ਹੈ ਕਿ ਛੋਟੇ ਭੱਠਾ ਮਾਲਕ ਕੋਲੇ ਦੀਆਂ ਵਧੀਆਂ ਕੀਮਤਾਂ ਕਾਰਨ ਆਪਣਾ ਧੰਦਾ ਬੰਦ ਕਰਨ ਦੇ ਕਿਨਾਰੇ 'ਤੇ ਹਨ।ਮੀਟਿੰਗ 'ਚ ਬਾਜੇਵਾਲਾ ਦੇ ਇੱਕ ਭੱਠਾ ਮਜ਼ਦੂਰ ਤੋਤਾ ਸਿੰਘ ਨਾਲ ਹੋਈ ਧੋਖਾਧੜੀ ਦਾ ਮਾਮਲਾ ਵੀ ਉਠਾਇਆ ਗਿਆ, ਜਿਸ ਵਿੱਚ ਮੁੱਲਾਂਪੁਰ ਦਾਖਾ ਦੇ ਇੱਕ ਵਿਅਕਤੀ ਵੱਲੋਂ ਉਸ ਦਾ ਟਰੈਕਟਰ ਖੋਹ ਲਿਆ ਗਿਆ ਹੈ ਜਥੇਬੰਦੀ ਵੱਲੋਂ ਇਹ ਮਸਲਾ ਉੱਥੋਂ ਦੇ ਪ੍ਰਸ਼ਾਸਨ ਦੇ ਧਿਆਨ 'ਚ ਲਿਆਂਦਾ ਗਿਆ ਹੈ ਅਤੇ ਮੁੱਲਾਂਪੁਰ ਚੌਂਕੀ ਵਿੱਚ ਸ਼ਿਕਾਇਤ ਵੀ ਦਰਜ ਕਰਵਾਈ ਗਈ ਹੈ।ਇਸ ਮੌਕੇ ਜਿਲਾ ਪ੍ਰਧਾਨ ਸੋਨੂੰ ਖਾਨ , ਗੁਰਪ੍ਰੀਤ ਸਿੰਘ ਕੋਟ ਧਰਮੂੰ, ਗੁਰਸੇਵਕ ਸਿੰਘ, ਪਰਗਟ ਸਿੰਘ, ਗੁਰਦਾਸ ਸਿੰਘ ਉੱਡਤ, ਬੂਟਾ ਸਿੰਘ, ਗੱਗੀ ਸਿੰਘ, ਤੋਤਾ ਸਿੰਘ ਆਦਿ ਵੀ ਹਾਜ਼ਰ ਸਨ।

## ਸਨੌਰ ਦੀ ਟੁੱਟੀ ਫ਼ਿਰਨੀ ਲੋਕਾਂ ਦੇ ਜੀਅ ਦਾ ਜੰਜਾਲ ਬਣੀ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਸ਼ਹਿਰ ਦੀ ਫਿਰਨੀ ਲੰਮੇ ਸਮੇਂ ਤੋਂ ਟੁੱਟੀ ਹੋਈ ਹੋਣ ਤੇ ਸੀਵਰੇਜ ਪ੍ਰਣਾਲੀ ਬੰਦ ਪੈਣ ਕਾਰਨ ਇਲਾਕੇ ਦੇ ਲੋਕਾਂ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੜਕ ਦੀ ਹਾਲਤ ਦਿਨੋ-ਦਿਨ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ, ਜਿਸ ਨਾਲ ਆਵਾਜਾਈ ਪ੍ਰਭਾਵਤ ਹੋ ਰਹੀ ਹੈ ਤੇ ਹਰ ਵੇਲੇ ਹਾਦਸਿਆਂ ਦਾ ਖਤਰਾ ਬਣਿਆ ਰਹਿੰਦਾ ਹੈ।ਸੀਨੀਅਰ ਕਾਂਗਰਸੀ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਪੰਜਾਬ ਕਾਂਗਰਸ ਦੇ ਸੂਬਾ ਉਪ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਸਨੌਰ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਕੇ ਹਾਲਾਤ ਦਾ ਜਾਇਜ਼ਾ ਲਿਆ।ਉਨ੍ਹਾਂ ਫਿਰਨੀ ਦੀ ਟੁੱਟੀ ਸੜਕ ਤੇ ਬੰਦ ਸੀਵਰੇਜ ਕਾਰਨ ਪੈਦਾ ਹੋ ਰਹੀਆਂ ਸੱਮਸਿਆਵਾਂ ਨੂੰ ਨੇੜੇ ਤੋਂ ਵੇਖਿਆ ਅਤੇ ਲੋਕਾਂ ਨਾਲ ਗੱਲਬਾਤ ਕੀਤੀ।ਇਲਾਕਾ ਵਾਸੀਆਂ ਨੇ ਦੱਸਿਆ ਕਿ ਬਰਸਾਤ ਦੇ ਦਿਨਾਂ ਵਿੱਚ ਹਾਲਤ ਹੋਰ ਵੀ ਖ਼ਰਾਬ ਹੋ ਜਾਂਦੀ ਹੈ।ਸੜਕ 'ਤੇ ਪਾਣੀ ਭਰ ਜਾਂਦਾ ਹੈ ਤੇ ਸੀਵਰੇਜ ਓਵਰਫਲੋਅ ਹੋਣ ਕਾਰਨ ਗੰਦੀ ਬੂ ਤੇ ਬਿਮਾਰੀਆਂ ਦਾ ਖਤਰਾ ਵੱਧ ਜਾਂਦਾ ਹੈ।ਲੋਕਾਂ ਲਈ ਰੋਜ਼ਾਨਾ ਆਉਣਾ-ਜਾਣਾ ਵੀ ਮੁਸ਼ਕਿਲ ਬਣ ਜਾਂਦਾ ਹੈ।ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਤੇ ਆਮ ਆਦਮੀ ਪਾਰਟੀ 'ਤੇ ਤਿੱਖਾ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਦੇ ਦਾਅਵੇ ਸਿਰਫ ਕਾਗ਼ਜ਼ਾਂ ਤੱਕ ਹੀ ਸੀਮਤ ਹਨ।ਉਨ੍ਹਾਂ ਕਿਹਾ ਕਿ ਸਨੌਰ ਦੀ ਫਿਰਨੀ ਦੀ ਹਾਲਤ ਤੇ ਬੰਦ ਸੀਵਰੇਜ ਪ੍ਰਣਾਲੀ ਨੇ 'ਆਪ' ਦੇ ਵਿਕਾਸ ਮਾਡਲ ਦੀ ਪੋਲ ਖੋਲ੍ਹ ਦਿੱਤੀ ਹੈ।ਉਨ੍ਹਾਂ ਮੰਗ ਕੀਤੀ ਕਿ ਤੁਰੰਤ ਸੜਕ ਦੀ ਮੁਰੰਮਤ ਤੇ ਸੀਵਰੇਜ ਪ੍ਰਣਾਲੀ ਨੂੰ ਠੀਕ ਕੀਤਾ ਜਾਵੇ, ਤਾਂ ਜੁ ਲੋਕਾਂ ਨੂੰ ਰਾਹਤ ਮਿਲ ਸਕੇ।

## ਕੇ ਵੀ ਕੇ 'ਚ ਕਿਸਾਨਾਂ ਨੂੰ ਘਰੇਲੂ ਬਗੀਚੀ ਬਾਰੇ ਦਿੱਤੀ ਟ੍ਰੇਨਿੰਗ



**ਬਠਿੰਡਾ (ਬਖਤੌਰ ਢਿੱਲੋਂ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਠਿੰਡਾ ਵੱਲੋਂ ਆਤਮਾ ਸਕੀਮ ਅਧੀਨ ਮੁੱਖ ਖੇਤੀਬਾੜੀ ਅਫ਼ਸਰ ਡਾ: ਹਰਬੰਸ ਸਿੰਘ ਸਿੱਧੂ ਦੀ ਅਗਵਾਈ ਵਿੱਚ ਅਤੇ ਡਾ. ਭਾਰਤ ਭੂਸ਼ਣ ਖੇਤੀਬਾੜੀ ਅਫ਼ਸਰ ਦੀ ਦੇਖ ਰੇਖ ਹੇਠ ਕ੍ਰਿਸੀ ਵਿਗਿਆਨ ਕੇਂਦਰ ਦੇ ਸਹਿਯੋਗ ਨਾਲ ਬਲਾਕ ਮੌੜ ਵੱਲੋਂ ਵਿਗਿਆਨ ਕੇਂਦਰ ਵਿਖੇ ਕਿਸਾਨਾਂ ਨੂੰ ਸਬਜ਼ੀਆਂ ਦੀ ਕਾਸ਼ਤ (ਘਰੇਲੂ ਬਗੀਚੀ) ਬਾਰੇ ਟ੍ਰੇਨਿੰਗ ਕਰਾਈ ਗਈ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਗੁਰਮੀਤ ਸਿੰਘ ਪ੍ਰੋ: ਐਕਸਟੈਨਸ਼ਨ ਐਜੂਕੇਸਨ ਨੇ ਦੱਸਿਆ ਕਿ ਕਿਸਾਨ ਵੀਰਾਂ ਤੇ ਕਿਸਾਨ ਬੀਬੀਆਂ ਨੂੰ ਖੇਤੀ ਸਹਾਇਕ ਧੰਦਿਆਂ ਬਾਰੇ ਕ੍ਰਿਸੀ ਵਿਗਿਆਨ ਕੇਂਦਰ ਵੱਲੋਂ ਟ੍ਰੇਨਿੰਗ ਕਰਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਵੀਰਾਂ ਨੂੰ ਪਸ਼ੂ ਪਾਲਣ, ਸਬਜ਼ੀਆਂ ਦੀ ਕਾਸ਼ਤ, ਬੱਕਰੀਆਂ ਪਾਲਣ ਤੇ ਬੀਬੀਆਂ ਨੂੰ ਮੁਰੱਬੇ ਚੱਟਣੀਆਂ ਆਦਿ ਬਣਾਉਣ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਸਬਜ਼ੀਆਂ ਦੇ ਮਾਹਰ ਡਾ. ਅਮਰਜੀਤ ਸਿੰਘ ਸੰਧੂ ਨੇ ਸ਼ਬਜੀਆਂ ਦੀ ਸੁਚੱਜੀ ਕਾਸਤ ਬਾਰੇ ਜਾਣਕਾਰੀ ਮੁਹੱਈਆ ਕਰਦਿਆਂ ਕਿਹਾ ਕਿ ਥੋੜ੍ਹੀ ਜਗ੍ਹਾ ਵਿੱਚ ਸਬਜ਼ੀਆਂ ਉਗਾ ਕੇ ਪਰਵਾਰ ਦਾ ਖ਼ਰਚਾ ਘੱਟ ਕੀਤਾ ਜਾ ਸਕਦਾ ਹੈ ਤੇ ਜ਼ਹਿਰ ਰਹਿਤ ਸਬਜ਼ੀ ਵਰਤੋਂ ਵਿੱਚ ਲਿਆਂਦੀ ਜਾ ਸਕਦੀ ਹੈ। ਉਨ੍ਹਾਂ ਪਰਵਾਰ ਦੀ ਲੋੜ ਅਨੁਸਾਰ ਘਰੇਲੂ ਬਗੀਚੀ ਵਿੱਚ ਸਬਜ਼ੀਆਂ ਉਗਾਉਣ ਦੀ ਅਪੀਲ ਕੀਤੀ। ਸਬਜ਼ੀਆਂ ਦੇ ਮਾਹਰ ਡਾ. ਨਵੀਨ ਗਰਗ ਨੇ ਬਿਮਾਰੀਆਂ ਦੀ ਰੋਕਥਾਮ ਲਈ ਸੁਝਾਅ ਦਿੱਤੇ। ਡਾ. ਗੁਰਦੀਪ ਸਿੰਘ ਡਿਪਟੀ ਡਾਇਰੈਕਟਰ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨੇ ਭਾਸ਼ਣ ਕਰਦਿਆਂ ਫ਼ਸਲਾਂ ਤੇ ਸਬਜ਼ੀਆਂ ਦੇ ਬੀਜਾਂ ਦੀ ਸਾਂਭ ਸੰਭਾਲ ਬਾਰੇ ਜਾਣਕਾਰੀ ਮੁਹੱਈਆ ਕਰਾਈ। ਉਨ੍ਹਾਂ ਕਿਸਾਨਾਂ ਨੂੰ 24 ਮਾਰਚ ਦੇ ਕਿਸਾਨ ਮੇਲੇ ਵਿੱਚ ਪਹੁੰਚਣ ਦਾ ਸੱਦਾ ਦਿੱਤਾ। ਮਨਦੀਪ ਕੌਰ ਬਲਾਕ ਟੈਕਨਾਲੌਜੀ ਮੈਨੇਜਰ, ਬਲਾਕ ਮੌੜ ਨੇ ਆਤਮਾ ਸਕੀਮ ਅਧੀਨ ਚੱਲ ਰਹੀਆਂ ਗਤੀਵਿਧੀਆਂ ਬਾਰੇ ਕਿਸਾਨਾਂ ਨੂੰ ਜਾਣੂ ਕਰਾਇਆ।

## ਬਲਾਕ ਸੰਮਤੀ ਮੌੜ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਕੁਰਸੀ 'ਤੇ 'ਆਪ' ਹੋਈ ਕਾਬਜ਼



**ਮੌੜ ਮੰਡੀ (ਪਰਵਿੰਦਰ ਜੀਤ ਸਿੰਘ)**-ਬਲਾਕ ਸੰਮਤੀ ਮੌੜ ਦੇ ਚੇਅਰਮੈਨ ਦੀ ਚੋਣ ਨੂੰ ਲੈ ਕੇ ਸਵੇਰ ਤੋਂ ਹੀ ਬੀ ਡੀ ਪੀ ਓ ਦਫ਼ਤਰ ਮੌੜ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਬੀ ਡੀ ਪੀ ਓ ਦਫ਼ਤਰ ਨੂੰ ਜਾਂਦੇ ਸਾਰੇ ਰਸਤੇ ਪੁਲਿਸ ਪ੍ਰਸ਼ਾਸਨ ਦੀ ਮੱਦਦ ਨਾਲ ਸੀਲ ਕਰ ਦਿੱਤੇ ਗਏ ਸਨ।ਤਾਂ ਜੋ ਕੋਈ ਬਾਹਰਲਾ ਵਿਅਕਤੀ ਅੰਦਰ ਨਾ ਜਾ ਸਕੇ। ਹਲਕਾ ਵਿਧਾਇਕ ਮੌੜ ਬਲਾਕ ਸੰਮਤੀ ਮੌੜ ਅੰਦਰ ਆਮ ਆਦਮੀ ਪਾਰਟੀ ਸੁਖਵੀਰ ਸਿੰਘ ਸੰਦੋਹਾ ਨੂੰ ਚੇਅਰਮੈਨ ਅਤੇ ਸਰਬਜੀਤ ਕੌਰ ਮੌੜ ਚੜ੍ਹਤ ਸਿੰਘ ਨੂੰ ਵਾਇਸ ਚੇਅਰਮੈਨ ਬਣਾਉਣ ਵਿੱਚ ਕਾਮਯਾਬ ਹੋ ਗਈ।ਬਲਾਕ ਸੰਮਤੀ ਮੌੜ ਲਈ ਚੁਣੇ ਗਏ 15 ਮੈਂਬਰਾਂ ਵਿੱਚੋਂ ਚੋਣ ਪ੍ਰਕਿਰਿਆ ਵਿੱਚ ਸਿਰਫ ਛੇ ਮੈਂਬਰ ਹੀ ਜੋ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਸਨ ਨੂੰ ਸ਼ਾਮਿਲ ਹੋਣ ਦਿੱਤਾ ਗਿਆ ਜਦ ਕਿ ਬਾਕੀ ਦੇ 9 ਮੈਂਬਰਾਂ ਨੂੰ ਪੁਲਿਸ ਪ੍ਰਸ਼ਾਸਨ ਦੀ ਮਦਦ ਨਾਲ ਬੀ ਡੀ ਪੀ ਓ ਦਫਤਰ ਦੇ ਬਾਹਰ ਹੀ ਰੋਕ ਦਿੱਤਾ ਗਿਆ ਅਤੇ ਉਹਨਾਂ ਨੂੰ ਅਖੀਰ ਤੱਕ ਅੰਦਰ ਨਹੀਂ ਜਾਣ ਦਿੱਤਾ ਗਿਆ। ਜਦ ਕਿ ਬਾਹਰ ਖੜ੍ਹੇ ਚੁਣੇ ਗਏ 9 ਮੈਂਬਰਾਂ ਨੇ ਕਈ ਵਾਰ ਪੁਲਿਸ ਨਾਲ ਵੀ ਧੱਕਾ ਮੁੱਕੀ ਕਰਨ ਦੀ ਕੋਸ਼ਿਸ ਕੀਤੀ ਅਤੇ ਉਹਨਾਂ ਨੇ ਅੰਦਰ ਜਾਣ ਦੀ ਜਿੱਦ ਕੀਤੀ ਲੇਕਿਨ ਪੁਲਿਸ ਪ੍ਰਸ਼ਾਸਨ ਵੱਲੋਂ ਉਹਨਾਂ ਨੂੰ ਅੰਦਰ ਨਹੀਂ ਜਾਣ ਦਿੱਤਾ ਗਿਆ। ਚੇਅਰਮੈਨ ਦੀ ਚੋਣ ਸਮੇਂ ਹਾਲਾਤ ਤਨਾਪੂਰਨ ਬਣ ਗਏ ਸਨ ਅਤੇ ਦੋਵੇਂ ਪਾਰਟੀਆਂ ਵੱਲੋਂ ਇੱਕ ਦੂਜੇ ਖਿਲਾਫ਼ ਭਰਵੀਂ ਨਾਅਰੇਬਾਜ਼ੀ ਕੀਤੀ ਜਾ ਰਹੀ ਸੀ।ਬੀ ਡੀ ਪੀ ਓ ਦਫਤਰ ਦੇ ਬਾਹਰ ਖੜੇ 9 ਬਲਾਕ ਸੰਮਤੀ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਉਹ 9 ਵਜੇ ਹੀ ਬੀ ਡੀ ਪੀ ਓ ਦਫਤਰ ਮੌੜ ਪਹੁੰਚ ਗਏ ਸਨ ਲੇਕਿਨ ਪੁਲਿਸ ਥਾਣਾ ਮੁੱਖੀ ਮੌੜ ਅਤੇ ਹੋਰ ਪੁਲਿਸ ਮੁਲਾਜ਼ਮਾਂ ਵੱਲੋਂ ਉਹਨਾਂ ਨੂੰ ਅੰਦਰ ਨਹੀਂ ਜਾਣ ਦਿੱਤਾ ਗਿਆ।

# ਮਹਿਤਪੁਰ ਬਲਾਕ ਸੰਮਤੀ ਤੋਂ ਕੁਲਵੰਤ ਕੌਰ ਚੇਅਰਪਰਸਨ ਤੇ ਜਗੀਰ ਚੰਦ ਵਾਈਸ ਚੇਅਰਮੈਨ ਬਣੇ

**ਮਹਿਤਪੁਰ (ਗਿਆਨ ਸੈਦਪੁਰੀ, ਰਾਜਾ)**- ਵੀਰਵਾਰ ਨੂੰ ਐੱਸ ਡੀ ਐੱਮ ਨਕੋਦਰ ਸਿਮਰਨਜੀਤ ਸਿੰਘ ਦੀ ਅਗਵਾਈ ਹੇਠ ਬਲਾਕ ਸੰਮਤੀ ਮਹਿਤਪੁਰ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੀ ਚੋਣ ਲਈ ਬੀ ਡੀ ਪੀ ਓ ਦਫਤਰ ਮਹਿਤਪੁਰ ਵਿਖੇ ਮੀਟਿੰਗ ਰੱਖੀ ਗਈ ਸੀ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਆਪਣੇ 12 ਬਲਾਕ ਸੰਮਤੀ ਮੈਂਬਰਾਂ ਸਮੇਤ ਪੁੱਜੇ। ਕੁਝ ਸਮਾਂ ਆਮ ਆਦਮੀ ਪਾਰਟੀ ਦੇ ਚੁਣੇ ਹੋਏ ਬਲਾਕ ਸੰਮਤੀ ਮੈਂਬਰਾਂ ਦਾ ਇੰਤਜ਼ਾਰ ਕਰਨ ਤੋਂ ਬਾਅਦ ਚੋਣ ਪ੍ਰਕਿਰਿਆ ਸ਼ੁਰੂ ਕੀਤੀ ਗਈ। ਇਸ ਚੋਣ ਪ੍ਰਕਿਰਿਆ ਵਿੱਚ ਦਾਨੇਵਾਲ ਜੋਨ ਤੋਂ ਜੇਤੂ ਕੁਲਵੰਤ ਕੌਰ ਨੂੰ ਚੇਅਰਪਰਸਨ ਬਣਾਇਆ ਗਿਆ। ਇਸੇ ਤਰ੍ਹਾਂ ਉਧੋਵਾਲ ਜੋਨ ਤੋਂ ਜੇਤੂ ਜਗੀਰ ਚੰਦ ਬੀੜ ਬਾਲੋਕੀ ਨੂੰ ਵਾਈਸ ਚੇਅਰਮੈਨ ਬਣਾਇਆ ਗਿਆ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆਂ ਨੇ ਚੇਅਰਪਰਸਨ ਕੁਲਵੰਤ ਕੌਰ ਤੇ ਵਾਈਸ ਚੇਅਰਮੈਨ ਜਗੀਰ ਚੰਦ ਨੂੰ ਵਧਾਈ ਦਿੰਦਿਆਂ ਮਹਿਤਪੁਰ ਬਲਾਕ ਦੇ ਸਮੂਹ ਕਾਂਗਰਸੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ। ਚੇਅਰ ਪਰਸਨ ਕੁਲਵੰਤ ਕੌਰ ਤੇ ਵਾਈਸ ਚੇਅਰਮੈਨ ਜਗੀਰ ਚੰਦ ਨੇ ਹਲਕਾ ਵਿਧਾਇਕ ਸ਼ੇਰੋਵਾਲੀਆ ਤੇ ਕਾਂਗਰਸ ਪਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਜੋ ਜਿੰਮੇਵਾਰੀ ਸੌਂਪੀ ਹੈ, ਉਹ ਇਸ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਪਾਲ ਸਿੰਘ ਡੀ ਐੱਸ ਪੀ ਸ਼ਾਹਕੋਟ,



ਲਾਭ ਸਿੰਘ ਐੱਸ ਐੱਚ ਓ ਮਹਿਤਪੁਰ, ਬਲਵਿੰਦਰ ਸਿੰਘ ਭੁੱਲਰ ਐੱਸ ਐੱਚ ਓ ਸ਼ਾਹਕੋਟ, ਗੁਰਮੇਲ ਸਿੰਘ ਬੀ ਡੀ ਪੀ ਓ ਮਹਿਤਪੁਰ, ਮਹਿੰਦਰ ਪਾਲ ਸਿੰਘ ਟੁਰਨਾ ਬਲਾਕ ਪ੍ਰਧਾਨ ਕਾਂਗਰਸ ਮਹਿਤਪੁਰ, ਹਰਮੇਸ਼ ਮਹੇ ਪ੍ਰਧਾਨ ਨਗਰ ਪੰਚਾਇਤ ਮਹਿਤਪੁਰ, ਸੁਰਿੰਦਰਜੀਤ ਸਿੰਘ ਚੱਠਾ ਬਲਾਕ ਪ੍ਰਧਾਨ ਕਾਂਗਰਸ ਸ਼ਾਹਕੋਟ, ਸੁਖਦੀਪ ਸਿੰਘ ਕੰਗ ਪੀ ਏ, ਰਿਬਕਾ ਰਾਣੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸਵਰਨ ਸਿੰਘ ਧਰਮੀਵਾਲ ਬਲਾਕ ਸੰਮਤੀ ਮੈਂਬਰ, ਸੁਖਵਿੰਦਰ ਸਿੰਘ ਪਰਜੀਆਂ ਖੁਰਦ ਬਲਾਕ ਸੰਮਤੀ ਮੈਂਬਰ, ਗੁਰਮੀਤ ਸਿੰਘ ਮੰਡਿਆਲਾ ਬਲਾਕ ਸੰਮਤੀ ਮੈਂਬਰ, ਵਿਜੇ ਕੁਮਾਰ ਕੰਗ ਵਾਲੇ ਬਿੱਲੇ ਬਲਾਕ ਸੰਮਤੀ ਮੈਂਬਰ, ਸੁਖਜੀਤ ਸਿੰਘ ਹਰੀਪੁਰ ਬਲਾਕ ਸੰਮਤੀ ਮੈਂਬਰ,ਪਰਮਜੀਤ ਕੌਰ ਬੁੜੀ ਪਿੰਡ ਬਲਾਕ ਸੰਮਤੀ ਮੈਂਬਰ, ਸਿਮਰਜੀਤ ਕੌਰ ਅਕਬਰਪੁਰ ਕਲਾਂ ਬਲਾਕ ਸੰਮਤੀ ਮੈਂਬਰ, ਵਰਿੰਦਰਜੀਤ ਕੌਰ ਸੰਗੋਵਾਲ ਬਲਾਕ ਸੰਮਤੀ ਮੈਂਬਰ, ਪ੍ਰਕਾਸ਼ ਕੌਰ ਰਾਏਪੁਰ ਅਰਾਈਆਂ ਬੇਟ ਮੰਡ ਬਲਾਕ ਸੰਮਤੀ ਮੈਂਬਰ, ਪਰਮਜੀਤ ਕੌਰ ਧਰਮ ਸਿੰਘ ਦੀਆਂ ਛੰਨਾ ਬਲਾਕ ਸੰਮਤੀ ਮੈਂਬਰ, ਜਗਤਾਰ ਸਿੰਘ ਖਾਲਸਾ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਢੰਡੋਵਾਲ, ਬਲਜਿੰਦਰ ਸਿੰਘ ਕੰਗ ਵਾਲੇ ਬਿੱਲੇ, ਕਮਲ ਕਿਸ਼ੋਰ, ਸੁਰਿੰਦਰ ਸਿੰਘ ਚਾਹਲ, ਪੰਕਜ, ਕਸ਼ਮੀਰੀ ਲਾਲ (ਚਾਰੇ ਮੈਂਬਰ ਨਗਰ ਪੰਚਾਇਤ ਮਹਿਤਪੁਰ ), ਪੁਰਸ਼ੋਤਮ ਲਾਲ ਸਾਬਕਾ ਮੈਂਬਰ ਨਗਰ ਪੰਚਾਇਤ ਮਹਿਤਪੁਰ, ਦਲਬੀਰ ਸਿੰਘ ਸਰਪੰਚ ਮਹਿਸਮਪੁਰ, ਅਮਨਦੀਪ ਸੈਦਪੁਰੀ, ਲਛਮਣ ਸਿੰਘ ਬੀਟਲਾ, ਹਰਮੇਸ਼ ਸਾਬਕਾ ਸਰਪੰਚ ਬੀਟਲਾ, ਬਲਜੀਤ ਸਿੰਘ ਰੌਲੀ ਪੇਪਰ, ਬਲਦੇਵ ਸਿੰਘ ਸਾਬਕਾ ਸਰਪੰਚ, ਭਜਨ ਸਿੰਘ ਸਾਬਕਾ ਸਰਪੰਚ ਇਸਮਾਈਲਪੁਰ ਲਖਵਿੰਦਰ ਸਿੰਘ ਸਾਬਕਾ ਸਰਪੰਚ ਉਮਰੇਵਾਲ, ਰਣਜੀਤ ਕੌਰ ਰਾਮੂਵਾਲ ਬਲਜੀਤ ਸਿੰਘ ਜੰਮੂ ਸਾਬਕਾ ਬਲਾਕ ਸੰਮਤੀ ਮੈਂਬਰ, ਹੀਰਾ ਸਿੰਘ ਸਰਪੰਚ ਛੋਟੇ ਬਿੱਲੇ, ਡਾਕਟਰ ਗੁਰਪਾਲ ਸਿੰਘ ਸਾਬਕਾ ਸਰਪੰਚ, ਧਰਮਪਾਲ ਭੱਲਾ ਸੰਗੋਵਾਲ, ਪੰਜਾ ਸਿੰਘ ਸਰਪੰਚ ਰਾਏਪੁਰ ਅਰਾਈਆਂ ਬੇਟ ਮੰਡ, ਵਿੱਕੀ ਬੀੜ ਬਾਲੋਕੀ, ਰਮੇਸ਼ ਮਾਨ ਸਾਬਕਾ ਸਰਪੰਚ ਬੀੜ ਬਾਲੋਕੀ, ਪਰਮਿੰਦਰ ਸਿੰਘ ਸਰਪੰਚ ਬਾਲੋਕੀ, ਭੁਪਿੰਦਰ ਸਿੰਘ ਤੰਦਾਉਰਾ, ਕਾਮਰੇਡ ਮੇਜਰ ਸਿੰਘ ਖੁਰਲਾਪੁਰ, ਰੇਸ਼ਮ ਸਿੰਘ ਸਰਪੰਚ ਧਰਮੇ ਦੀਆਂ ਛੰਨਾ, ਵਰਿੰਦਰ ਜੱਖੂ ਸਾਬਕਾ ਸਰਪੰਚ ਬੁੜੀ ਪਿੰਡ, ਪ੍ਰਤਾਪ ਸਿੰਘ ਲਾਡੀ ਅਕਬਰਪੁਰ ਕਲਾਂ, ਜਗਦੀਪ ਸਿੰਘ ਬਾਊਪੁਰ ਬੇਟ ਆਦਿ ਮੌਜੂਦ ਸਨ।

# ਫੈਕਟਰੀਆਂ ਦਾ ਪ੍ਰਦੂਸ਼ਣ ਬਣ ਰਿਹਾ ਜਾਨ-ਲੇਵਾ : ਸਾਂਝਾ ਕਿਸਾਨ-ਮਜ਼ਦੂਰ ਮੋਰਚਾ



**ਬਲਾਚੌਰ (ਜਸਵਿੰਦਰ ਬੈਂਸ)**- ਪ੍ਰਦੂਸ਼ਣ ਸਮੁੱਚੇ ਪੰਜਾਬ ਵਿੱਚ ਇੱਕ ਵੱਡੀ ਲੋਕ ਸਮੱਸਿਆ ਬਣ ਗਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਅੰਦਰ ਅੱਧੀ ਦਰਜਨ ਤੋਂ ਵੱਧ ਵੱਖ ਵੱਖ ਥਾਵਾਂ ਤੇ ਲੋਕਾਂ ਵੱਲੋਂ ਫੈਕਟਰੀਆਂ ਵੱਲੋਂ ਪੈਦਾ ਕੀਤੇ ਹਵਾ ਪਾਣੀ ਦੇ ਪ੍ਰਦੂਸ਼ਣ ਵਿਰੁੱਧ ਰੋਸ ਚੱਲ ਰਹੇ ਹਨ। ਇਹ ਪ੍ਰਦੂਸ਼ਣ ਪੰਜਾਬ ਦੇ ਲੋਕਾਂ ਲਈ ਜਾਨ ਲੇਵਾ ਸਾਬਤ ਹੋ ਰਿਹਾ ਹੈ। ਸਨਤੀ ਖੇਤਰ ਟੌਂਸਾ ਦਾ ਜ਼ਿਕਰ ਕਰਦੇ ਹੋਏ ਸਾਥੀ ਰਾਣਾ ਨੇ ਦੱਸਿਆ ਕਿ ਇਸ ਖੇਤਰ ਵਿੱਚ ਫੈਕਟਰੀਆਂ ਵੱਲੋਂ ਪੈਦਾ ਕੀਤੇ ਹਵਾ ਪਾਨੀ ਦੇ ਪ੍ਰਦੂਸ਼ਣ ਕਾਰਨ ਦਰਜਨ ਤੋਂ ਵੱਧ ਪਿੰਡ ਮਾਰੂ ਬਿਮਾਰੀਆਂ ਦੀ ਚਪੇਟ ਵਿੱਚ ਆ ਚੁੱਕੇ ਹਨ। ਪ੍ਰਦੂਸ਼ਣ ਕਾਰਨ ਕੈਂਸਰ, ਦਮਾ, ਕਾਲਾ ਪੀਲੀਆ ਚਮੜੀ ਦੇ ਰੋਗ ਤੇ ਅੱਖਾਂ ਦੀਆਂ ਬਿਮਾਰੀਆਂ ਭਿਆਨਕ ਰੂਪ ਧਾਰ ਕਰ ਰਹੀਆਂ ਹਨ।

ਉਨਾਂ ਚਿੰਤਾ ਪ੍ਰਗਟ ਕੀਤੀ ਕਿ ਸਰਕਾਰ ਅਤੇ ਪ੍ਰਸ਼ਾਸਨ ਲੋਕਾਂ ਦੇ ਇਸ ਗੰਭੀਰ ਮੁੱਦੇ ਵੱਲ ਧਿਆਨ ਨਹੀਂ ਦੇ ਰਹੇ। ਸਿੱਟੇ ਵਜੋਂ ਲੋਕਾਂ ਵਿੱਚ ਭਾਰੀ ਬੇਚੈਨੀ ਹੈ।ਸਾਥੀ ਰਾਣਾ ਨੇ ਮੰਗ ਕੀਤੀ ਕਿ ਸਰਕਾਰ ਤੇ ਪ੍ਰਸ਼ਾਸਨ ਇਸ ਖਿੱਤੇ ਵਿੱਚ ਹਵਾ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਠੋਸ ਉਪਰਾਲੇ ਕਰੇ ਅਤੇ ਨਿਯਮਾਂ ਅਤੇ ਕਾਨੂੰਨ ਨੂੰ ਲਾਗੂ ਕਰੇ ਤਾਂ ਕਿ ਇਸ ਖਿੱਤੇ ਦੇ ਲੋਕ ਭਿਆਨਕ ਬਿਮਾਰੀਆਂ ਤੋਂ ਬਚ ਸਕਣ। ਇਸ ਮੌਕੇ ਮਨਰੇਗਾ ਅਧਿਕਾਰ ਅੰਦੋਲਨ ਦੇ ਆਗੂ ਮਨੋਹਰ ਲਾਲ, ਕਿਸਾਨ ਆਗੂ ਕਰਨੈਲ ਸਿੰਘ ਭੱਲਾ, ਸੱਤਪਾਲ ਸਾਰੋਵਾਲ, ਪ੍ਰਤਾਪ ਸਿੰਘ, ਰਾਮ ਕਿਸ਼ਨ ਅਤੇ ਬੀਬੀ ਸ਼ਸ਼ੀ ਰਾਣਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਸਰਪੰਚ ਵੱਲੋਂ ਤਿੰਨ ਲੋੜਵੰਦ ਪਰਵਾਰਾਂ ਨੂੰ ਮਕਾਨ ਉਸਾਰੀ ਲਈ 60 ਸੀਮੈਂਟ ਦੇ ਬੋਰੇ ਭੇਟ

**ਬੰਗਾ (ਅਵਤਾਰ ਕਲੇਰ)**- ਪਿੰਡ ਵਜੀਦੋਵਾਲ ਸਰਪੰਚ ਰਿਪਲ ਕੁਮਾਰ ਨੇ ਪਿੰਡ ਦੇ ਤਿੰਨ ਲੋੜਵੰਦ ਪਰਵਾਰਾਂ ਨੂੰ ਮਕਾਨਾਂ ਦੀ ਉਸਾਰੀ 'ਚ ਵਡਮੁੱਲਾ



ਸਹਿਯੋਗ ਕਰਦੇ ਹੋਏ 60 ਬੋਰੇ ਸੀਮੈਂਟ ਦੇ ਭੇਟ ਕੀਤੇ । ਇਸ ਮੌਕੇ ਸਰਪੰਚ ਰਿਪਲ ਕੁਮਾਰ ਨੇ ਦੱਸਿਆ ਕਿ ਮੰਗਤ ਰਾਮ ਪੁੱਤਰ ਦੇਵ ਰਾਜ ਨੂੰ ਲੈਂਟਰ ਪਾਉਣ ਲਈ 20 ਬੋਰੇ ਅਤੇ ਓਮ ਪ੍ਰਕਾਸ਼ ਪੁੱਤਰ ਸਿਮਰੂ ਰਾਮ ਤੇ ਬੀਬੀ ਸ਼ਿੰਦੋ ਪਤਨੀ ਖੇਮ ਰਾਮ ਨੂੰ ਬਾਥਰੂਮਾਂ ਦੀ ਉਸਾਰੀ ਲਈ 20-20 ਬੋਰੇ ਭੇਟ ਕੀਤੇ ਹਨ। ਸਰਪੰਚ ਰਿਪਲ ਕੁਮਾਰ ਵਲੋਂ ਪਹਿਲਾਂ ਵੀ ਪਿੰਡ ਦੀ ਲੋੜਵੰਦ ਕਮਲੇਸ਼ ਰਾਣੀ ਪਤਨੀ ਲੇਟ ਪ੍ਰੇਮ ਪਾਲ ਨੂੰ ਮਕਾਨ ਦੀ ਉਸਾਰੀ ਲਈ 50 ਬੋਰੇ ਅਤੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਨੂੰ ਵੀ ਅਧੂਰੇ ਵਿਕਾਸ ਕਾਰਜਾਂ ਲਈ 100 ਬੋਰੇ ਭੇਟ ਕੀਤੇ ਸਨ। ਉਨ੍ਹਾ ਕਿਹਾ ਕਿ ਉਨ੍ਹਾ ਲਈ ਸਾਰਾ ਪਿੰਡ ਇੱਕ ਪਰਵਾਰ ਦੀ ਤਰ੍ਹਾਂ ਹੈ ਅਤੇ ਜਦੋਂ ਵੀ ਕਿਸੇ ਨੂੰ ਕੋਈ ਸਹਾਇਤਾ ਦੀ ਲੋੜ ਹੋਵੇ ਤਾਂ ਪੰਚਾਇਤ ਦੇ ਨਾਲ ਸੰਪਰਕ ਕਰ ਸਕਦਾ ਹੈ।

ਇਸ ਮੌਕੇ ਮਾਤਾ ਚਿੰਤਪੁਰਨੀ ਮੰਦਰ ਦੇ ਪ੍ਰਧਾਨ ਰਾਜਕੁਮਾਰ, ਗੌਰਵ ਸ਼ਰਮਾ, ਨੰਬਰਦਾਰ ਸਤੀਸ਼ ਕੁਮਾਰ, ਸੋਮਨਾਥ, ਰਵੀ ਦੱਤ, ਬਲਿਹਾਰ ਲਾਲ, ਸੰਜੀਵ ਕੁਮਾਰ, ਰਾਕੇਸ਼ ਕੁਮਾਰ ਰਿਟਾ. ਏ.ਐਸ.ਆਈ., ਚੰਦਰ ਮੋਹਨ, ਭੁਪਿੰਦਰ ਕੁਮਾਰ, ਰਾਕੇਸ਼ ਢੰਡਾ ਅਤੇ ਸੁਖਦੇਵ ਡੇਅਰੀ ਆਦਿ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ 13ਵੀਂ ਬੱਸ ਰਵਾਨਾ



**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ 13ਵੀਂ ਬੱਸ ਨੂੰ ਹਰੀ ਝੰਡੀ ਦੇ ਕੇ ਤੀਰਥ ਯਾਤਰਾ ਲਈ ਰਵਾਨਾ ਕੀਤਾ ਗਿਆ। ਗੁਰਦੁਆਰਾ ਨਾਨਕ ਦਰਬਾਰ, ਸੈਕਟਰ-91, ਮੋਹਾਲੀ ਤੋਂ ਸ਼ਰਧਾਲੂਆਂ ਨਾਲ ਭਰੀ ਇਸ ਬੱਸ ਨੂੰ ਰਵਾਨਾ ਕਰਨ ਮੌਕੇ ਵਿਧਾਇਕ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਯਾਤਰਾ ਤਿੰਨ ਦਿਨ ਅਤੇ ਦੋ ਰਾਤਾਂ ਦੀ ਹੋਵੇਗੀ, ਜਿਸ ਤੋਂ ਬਾਅਦ ਸ਼ਰਧਾਲੂ ਸੁਰੱਖਿਅਤ ਤਰੀਕੇ ਨਾਲ ਵਾਪਸ ਮੋਹਾਲੀ ਪਹੁੰਚਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਆਉਣ-ਜਾਣ ਅਤੇ ਰਹਿਣ ਦੀ ਪੂਰੀ ਸੁਵਿਧਾ ਯਕੀਨੀ ਬਣਾਈ ਗਈ ਹੈ। ਹਰ ਬੱਸ ਦੇ ਨਾਲ ਮੈਡੀਕਲ ਮਾਹਿਰ ਅਤੇ ਗਾਈਡ ਦੀ ਵਿਵਸਥਾ ਕੀਤੀ ਜਾਂਦੀ ਹੈ, ਤਾਂ ਜੋ ਯਾਤਰਾ ਦੌਰਾਨ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਦੀ ਸਾਰਥਕ ਸੋਚ ਅਨੁਸਾਰ ਇਸ ਯੋਜਨਾ ਨੂੰ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ ਤੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਆਪਣੇ-ਆਪਣੇ ਹਲਕਿਆਂ ਵਿੱਚ ਰਜਿਸਟ੍ਰੇਸ਼ਨ ਕਰਵਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਨੂੰ ਅਗਾਂਹ ਵੀ ਜਾਰੀ ਰੱਖਿਆ ਜਾਵੇਗਾ, ਤਾਂ ਜੋ ਕੋਈ ਵੀ ਸ਼ਰਧਾਲੂ ਇਸ ਮੌਕੇ ਤੋਂ ਵਾਂਝਾ ਨਾ ਰਹਿ ਜਾਵੇ।ਉਨ੍ਹਾਂ ਹੋਰ ਦੱਸਿਆ ਕਿ ਯਾਤਰਾ ਤੋਂ ਵਾਪਸੀ ਉਪਰੰਤ ਸ਼ਰਧਾਲੂਆਂ ਨਾਲ ਫੋਨ ਰਾਹੀਂ ਸੰਪਰਕ ਕਰਕੇ ਉਨ੍ਹਾਂ ਦੇ ਅਨੁਭਵ ਜਾਣੇ ਜਾਂਦੇ ਹਨ, ਜਿਨ੍ਹਾਂ ਵੱਲੋਂ ਇਸ ਯੋਜਨਾ ਦੀ ਭਰਪੂਰ ਸਰਾਹਨਾ ਕੀਤੀ ਜਾਂਦੀ ਹੈ। ਇਸ ਮੌਕੇ ਵਿਧਾਇਕ ਨੇ ਇਸ ਯੋਜਨਾ ਦੀ ਸ਼ੁਰੂਆਤ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ ਫੂਲਰਾਜ ਸਿੰਘ ਨੇ ਕਿਹਾ ਕਿ ਤੀਰਥ ਯਾਤਰਾ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਲੋਕ ਆਪਣੇ ਰਿਸ਼ਤੇਦਾਰਾਂ ਤੇ ਦੋਸਤਾਂ ਨੂੰ ਵੀ ਇਸ ਯੋਜਨਾ ਨਾਲ ਜੁੜਨ ਲਈ ਪ੍ਰੇਰਿਤ ਕਰ ਰਹੇ ਹਨ। ਇਸ ਦੌਰਾਨ ਹਲਕਾ ਕੋਆਰਡੀਨੇਟਰ ਸ. ਫੂਲਰਾਜ ਸਿੰਘ, ਸੁਰਿੰਦਰ ਸਿੰਘ ਰੋਡਾ (ਸੁਹਾਣਾ), ਅਵਤਾਰ ਸਿੰਘ (ਜਨਰਲ ਸਕੱਤਰ, ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ, ਸੈਕਟਰ-74), ਸ਼ੇਰ ਸਿੰਘ (ਪ੍ਰਧਾਨ, ਰੈਜੀਡੈਂਟ ਵੈਲਫੇਅਰ ਐਸੋਸੀਏਸ਼ਨ, ਸੈਕਟਰ-74), ਬਲਦੇਵ ਸਿੰਘ ਕੰਗ, ਅਜਮੇਰ ਸਿੰਘ (ਸੁਹਾਣਾ), ਗੁਰਦੇਵ ਸਿੰਘ, ਗੁਰਵਿੰਦਰ ਸਿੰਘ, ਗੁਰਨਾਮ ਸਿੰਘ, ਗੁਰਮੀਤ ਸਿੰਘ, ਨਿਹਾਲ ਸਿੰਘ ਵਿਰਕ, ਗੁਰਦੀਪ ਸਿੰਘ ਟਿਵਾਣਾ, ਬਚਿੱਤਰ ਸਿੰਘ, ਅਮਰਜੀਤ ਸਿੰਘ, ਸੁਖਵੰਤ ਸਿੰਘ ਅਤੇ ਜਗਦੀਸ਼ ਸਿੰਘ ਵੀ ਮੌਜੂਦ ਸਨ।

# ਰਾਜਵਿੰਦਰ ਕੌਰ ਥਿਆੜਾ ਵੱਲੋਂ ਸਾਢੇ 38 ਲੱਖ ਦੀ ਲਾਗਤ ਨਾਲ ਬਣਨ ਵਾਲੀਆਂ ਨਵੀਂਆਂ ਸੜਕਾਂ ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉਭੀ)**- ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਵੱਲੋਂ ਵਾਰਡ ਨੰਬਰ 39 ਵਿੱਚ ਵਿਕਾਸ ਕਾਰਜਾਂ ਲਈ 38.50 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ



ਨਵੀਆਂ ਸੜਕਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 39 ਵਿੱਚ ਲੰਮੇ ਸਮੇਂ ਤੋਂ ਸੜਕਾਂ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਇਲਾਕਾ ਵਾਸੀਆਂ ਨੂੰ ਆਉਣ-ਜਾਣ ਵਿੱਚ ਵੱਡੀ ਰਾਹਤ ਮਿਲੇਗੀ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਇਲਾਕੇ ਦੇ ਹਰ ਮੁੱਦੇ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਕੌਂਸਲਰ ਮਨਜੀਤ ਕੌਰ ਨੇ ਕਿਹਾ ਕਿ ਵਾਰਡ ਦੇ ਸਮੂਹਿਕ ਵਿਕਾਸ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਕੌਂਸਲਰ ਪਤੀ ਲੱਕੀ ਦਾਦਰਾ, ਬਲਾਕ ਪ੍ਰਧਾਨ ਮੰਦੀਪ ਰਾਕੀ ਤੇ ਜੋਗਾ ਸਿੰਘ ਪੱਡਾ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ ਉਨ੍ਹਾਂ ਹਲਕਾ ਇੰਚਾਰਜ ਤੇ ਹੋਰ ਨੇਤਾਵਾਂ ਦਾ ਧੰਨਵਾਦ ਕੀਤਾ ਤੇ ਉਮੀਦ ਜਤਾਈ ਕਿ ਇਸ ਤਰ੍ਹਾਂ ਦੇ ਵਿਕਾਸ ਕਾਰਜ ਅੱਗੇ ਵੀ ਜਾਰੀ ਰਹਿਣਗੇ।

# ਖ਼ਾਲਸਾ ਏਡ ਨੇ ਲੋੜਵੰਦ ਪਰਵਾਰਾਂ ਲਈ 9 ਘਰਾਂ ਦੀ ਉਸਾਰੀ ਦੇ ਨੀਂਹ ਪੱਥਰ ਰੱਖੇ

**ਗੁਰਦਾਸਪੁਰ**- ਪਿੰਡ ਖਾਸਾਂਵਾਲ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਵਿੱਚ ਮਨੁੱਖਤਾ ਦੀ ਸੇਵਾ ਲਈ ਪ੍ਰਸਿੱਧ ਸੰਸਥਾ ਖ਼ਾਲਸਾ ਏਡ ਵੱਲੋਂ ਇੱਕ ਵੱਡਾ ਤੇ ਸਰਾਹਣਯੋਗ ਉਪਰਾਲਾ ਕਰਦਿਆਂ ਹੜ੍ਹ ਪ੍ਰਭਾਵਿਤ ਅਤੇ ਆਰਥਿਕ ਤੌਰ 'ਤੇ ਕਮਜ਼ੋਰ 9 ਪਰਵਾਰਾਂ ਲਈ ਨਵੇਂ ਘਰਾਂ ਦੇ ਨੀਂਹ ਪੱਥਰ ਰੱਖੇ ਗਏ। ਇਹ ਉਪਰਾਲਾ ਸਿਰਫ਼ ਘਰ ਬਣਾਉਣ ਤੱਕ ਸੀਮਿਤ ਨਹੀਂ, ਸਗੋਂ ਇਹ ਮਨੁੱਖਤਾ ਦੀ ਸੇਵਾ ਤੇ ਦੁੱਖੀ ਮਨੁੱਖਤਾ ਦੇ ਸਹਾਰੇ ਵਜੋਂ ਇੱਕ ਵੱਡੀ ਮਿਸਾਲ ਵਜੋਂ ਵੀ ਸਾਹਮਣੇ ਆ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਲਖਵਿੰਦਰ ਸਿੰਘ ਸੀਨੀਅਰ ਆਗੂ ਨੇ ਦੱਸਿਆ ਕਿ ਖ਼ਾਲਸਾ ਏਡ ਹਮੇਸ਼ਾ ਹੀ ਬਿਨਾਂ ਕਿਸੇ ਭੇਦਭਾਵ ਦੇ ਧਰਮ, ਜਾਤ ਜਾਂ ਇਲਾਕੇ ਤੋਂ ਉਪਰ ਉੱਠ ਕੇ ਮਨੁੱਖਤਾ ਦੀ ਸੇਵਾ ਕਰਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕਿਆਂ ਵਿੱਚ ਹੜ੍ਹਾਂ ਕਾਰਨ ਕਈ ਪਰਵਾਰ ਬਹੁਤ ਵੱਡੇ ਨੁਕਸਾਨ ਦਾ ਸ਼ਿਕਾਰ ਹੋਏ ਸਨ, ਜਿਨ੍ਹਾਂ ਦੇ ਘਰ ਤਬਾਹ ਹੋ ਗਏ ਸਨ ਅਤੇ ਉਹ ਬੇਘਰ ਹੋ ਗਏ ਸਨ। ਅਜਿਹੇ ਪਰਿਵਾਰਾਂ ਨੂੰ ਮੁੜ ਵਸਾਉਣਾ ਅਤੇ ਉਨ੍ਹਾਂ ਨੂੰ ਪੱਕੀ ਛੱਤ ਮੁਹੱਈਆ ਕਰਵਾਉਣਾ ਸੰਸਥਾ ਦੀ ਪ੍ਰਾਥਮਿਕਤਾ ਹੈ।ਉਨ੍ਹਾਂ




ਹੋਰ ਦੱਸਿਆ ਕਿ ਪਿੰਡ ਖਾਸਾਂਵਾਲ ਵਿੱਚ ਇਕੋ ਸਮੇਂ 9 ਘਰਾਂ ਦੀ ਉਸਾਰੀ ਦਾ ਕੰਮ ਸ਼ੁਰੂ ਕਰਨਾ ਸੰਸਥਾ ਦੀ ਸਮਰਪਣ ਭਾਵਨਾ ਦਾ ਪ੍ਰਤੀਕ ਹੈ। ਇਸ ਪ੍ਰੋਜੈਕਟ ਹੇਠ ਜੇਮਸ, ਅਮਨਤ, ਰਾਜੂ , ਅਰਸ਼ਦ , ਲੁਭਾਇਆ ਮਸੀਹ, ਪਿੰਕੀ, ਵਿਲੀਅਮ ਮਸੀਹ, ਰਾਜੀ ਅਤੇ ਮੰਜੀਤ ਵਰਗੇ ਲੋੜਵੰਦ ਪਰਵਾਰਾਂ ਲਈ ਆਧੁਨਿਕ ਸੁਵਿਧਾਵਾਂ ਨਾਲ ਲੈਸ ਮਕਾਨ ਤਿਆਰ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਨ੍ਹਾਂ ਘਰਾਂ ਵਿੱਚ ਸਿਰਫ਼ ਕਮਰੇ ਹੀ ਨਹੀਂ, ਸਗੋਂ ਵਰਾਂਡਾ, ਰਸੋਈ, ਮਜ਼ਬੂਤ ਦਰਵਾਜੇ ਅਤੇ ਖਿੜਕੀਆਂ, ਬਿਜਲੀ ਦਾ ਪੂਰਾ ਪ੍ਰਬੰਧ ਅਤੇ ਸਾਫ਼-ਸੁਥਰੇ ਬਾਥਰੂਮ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ, ਤਾਂ ਜੋ ਇਹ ਪਰਵਾਰ ਇੱਕ ਇੱਜ਼ਤਦਾਰ, ਸੁਰੱਖਿਅਤ ਅਤੇ ਸੁਵਿਧਾਜਨਕ ਜੀਵਨ ਬਤੀਤ ਕਰ ਸਕਣ। ਇਹ ਘਰ ਉਨ੍ਹਾਂ ਦੀ ਜ਼ਿੰਦਗੀ ਵਿੱਚ ਇੱਕ ਨਵੀਂ ਉਮੀਦ ਅਤੇ ਨਵੀਂ ਸ਼ੁਰੂਆਤ ਲੈ ਕੇ ਆਉਣਗੇ।ਉਨ੍ਹਾਂ ਨੇ ਇਹ ਵੀ ਜ਼ਿਕਰ ਕੀਤਾ ਕਿ ਬਾਰਡਰ ਏਰੀਏ ਦੇ ਹੋਰ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵੀ ਖ਼ਾਲਸਾ ਏਡ ਵੱਲੋਂ ਇਸ ਤਰ੍ਹਾਂ ਦੇ ਰਾਹਤ ਕਾਰਜ ਜਾਰੀ ਹਨ ਤੇ ਅਜੇਹੇ ਸਾਰੇ ਪਰਵਾਰਾਂ ਲਈ ਘਰ ਤਿਆਰ ਕਰਕੇ ਦਿੱਤੇ ਜਾ ਰਹੇ ਹਨ, ਜਿਨ੍ਹਾਂ ਨੂੰ ਕੁਦਰਤੀ ਆਫ਼ਤਾਂ ਕਾਰਨ ਵੱਡਾ ਨੁਕਸਾਨ ਝੱਲਣਾ ਪਿਆ ਸੀ।ਇਸ ਮੌਕੇ ਸਥਾਨਕ ਵਸਨੀਕਾਂ ਨੇ ਖ਼ਾਲਸਾ ਏਡ ਦੇ ਇਸ ਮਨੁੱਖਤਾ ਭਰੇ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਇਹ ਕਦਮ ਨਾ ਸਿਰਫ਼ ਲੋੜਵੰਦ ਪਰਵਾਰਾਂ ਲਈ ਸਹਾਰਾ ਹੈ, ਸਗੋਂ ਸਮਾਜ ਵਿੱਚ ਸੇਵਾ ਅਤੇ ਸਹਿਯੋਗ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦਾ ਹੈ।ਅੰਤ ਵਿੱਚ ਲਖਵਿੰਦਰ ਸਿੰਘ ਨੇ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੋਕ-ਭਲਾਈ ਕਾਰਜ ਲਗਾਤਾਰ ਕਰਦੀ ਰਹੇਗੀ ਤੇ ਜਿੱਥੇ ਵੀ ਕਿਸੇ ਨੂੰ ਮਦਦ ਦੀ ਲੋੜ ਹੋਵੇਗੀ, ਉੱਥੇ ਖ਼ਾਲਸਾ ਏਡ ਹਮੇਸ਼ਾ ਅੱਗੇ ਰਹੇਗੀ।

# ਸੰਤ ਬਾਬਾ ਅਮਰੀਕ ਸਿੰਘ ਨੇ ਸਰਪੰਚ ਰਿਪਲ ਕੁਮਾਰ ਨੂੰ ਕੀਤਾ ਸਨਮਾਨਤ

**ਫਗਵਾੜਾ (ਜਸਵਿੰਦਰ ਢੱਡਾ)**- 108 ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੀ ਸਾਲਾਨਾ ਬਰਸੀ ਮੌਕੇ ਪਿੰਡ ਮੰਨਣਹਾਨਾ ਵਿਖੇ ਆਯੋਜਿਤ ਕੁਸ਼ਤੀ ਮੁਕਾਬਲੇ ਦੌਰਾਨ ਸੰਤ ਬਾਬਾ ਅਮਰੀਕ ਸਿੰਘ ਡੇਰਾ



ਮੰਨਣਹਾਨਾ ਵਲੋਂ ਜਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਰਿਪਲ ਕੁਮਾਰ ਸਰਪੰਚ ਵਜੀਦੋਵਾਲ ਤੇ ਉਹਨਾਂ ਦੀ ਧਰਮ ਪਤਨੀ ਸੋਨੀਆ ਰਾਣੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਸੰਤ ਬਾਬਾ ਅਮਰੀਕ ਸਿੰਘ ਨੇ ਸਰਪੰਚ ਰਿਪਲ ਕੁਮਾਰ ਵਲੋਂ ਜ਼ਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਗੱਦੇ ਦੀ ਕੁਸ਼ਤੀ ਨੂੰ ਉਤਸ਼ਾਹਤ ਕਰਨ ਲਈ ਪਾਏ ਜਾ ਰਹੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਅਖਾੜੇ ਦੀ ਕੁਸ਼ਤੀ ਬੇਸ਼ਕ ਸਦੀਆਂ ਤੋਂ ਪੰਜਾਬ ਦੀ ਰਵਾਇਤੀ ਖੇਡ ਰਹੀ ਹੈ ਪਰ ਅੰਤਰਾਸ਼ਟਰੀ ਪੱਧਰ 'ਤੇ ਹੋਣ ਵਾਲੇ ਕੁਸ਼ਤੀ ਮੁਕਾਬਲੇ ਗੱਦੇ 'ਤੇ ਹੀ ਕਰਵਾਏ ਜਾਂਦੇ ਹਨ। ਇਸ ਲਈ ਪਹਿਲਵਾਨਾਂ ਨੂੰ ਗੱਦੇ ਦੀ ਕੁਸ਼ਤੀ ਦੀ ਮੁਹਾਰਤ ਹੋਣਾ ਲਾਜ਼ਮੀ ਹੈ ਤਾਂ ਹੀ ਦੇਸ਼ ਤੇ ਦੁਨੀਆ ਪੱਧਰ 'ਤੇ ਆਪਣਾ ਅਤੇ ਪੰਜਾਬ ਦਾ ਨਾਂਅ ਰੋਸ਼ਨ ਕਰ ਸਕਣਗੇ। ਸਰਪੰਚ ਰਿਪਲ ਕੁਮਾਰ ਨੇ ਸਨਮਾਨ ਲਈ ਸੰਤ ਬਾਬਾ ਅਮਰੀਕ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਨੇ ਦੱਸਿਆ ਕਿ ਉਹ ਖੁਦ ਵੀ ਪਹਿਲਵਾਨੀ ਕਰਦੇ ਰਹੇ ਹਨ ਤੇ ਹੁਣ ਸਾਬਕਾ ਇੰਟਰਨੈਸ਼ਨਲ ਕੁਸ਼ਤੀ ਕੋਚ ਪੀ ਆਰ ਸੌਂਧੀ ਦੀ ਦੇਖ-ਰੇਖ ਹੇਠ ਨੌਜਵਾਨਾਂ ਨੂੰ ਕੁਸ਼ਤੀ ਪ੍ਰਤੀ ਪ੍ਰੇਰਿਤ ਕਰਨ ਤੇ ਪਹਿਲਵਾਨਾਂ ਨੂੰ ਅੱਗੇ ਵੱਧਣ ਲਈ ਉਹਨਾਂ ਦਾ ਸਹੀ ਮਾਰਗ ਦਰਸ਼ਨ ਕਰਨਾ ਉਹਨਾਂ ਦੀ ਮੁਢਲੀ ਪ੍ਰਾਥਮਿਕਤਾ ਹੈ। ਉਹਨਾਂ ਭਰੋਸਾ ਦਿੱਤਾ ਕਿ ਰੈਸਲਿੰਗ ਫੈਡਰੇਸ਼ਨ ਆਫ ਇੰਡੀਆ ਤੇ ਪੰਜਾਬ ਰੈਸਲਿੰਗ ਐਸੋਸੀਏਸ਼ਨ ਦੇ ਸਹਿਯੋਗ ਸਦਕਾ ਜ਼ਿਲ੍ਹਾ ਕਪੂਰਥਲਾ ਦੇ ਪਹਿਲਵਾਨਾਂ ਨੂੰ ਕੌਮੀ ਤੇ ਅੰਤਰਾਸ਼ਟਰੀ ਪੱਧਰ 'ਤੇ ਅੱਗੇ ਵੱਧਣ ਦੇ ਵੱਧ ਤੋਂ ਵੱਧ ਮੌਕੇ ਉਪਲਬੱਧ ਕਰਵਾਏ ਜਾਣਗੇ।ਜ਼ਿਲ੍ਹਾ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਰੀਤ ਪ੍ਰੀਤ ਪਾਲ ਸਿੰਘ, ਰਾਜਿੰਦਰ ਸਿੰਘ ਕਨੇਡਾ, ਰਸ਼ਪਾਲ ਕਲੇਰ ਸਾਬਕਾ ਸਰਪੰਚ ਮੰਨਣਹਾਨਾ, ਕੁਲਦੀਪ ਸਿੰਘ ਗਿੱਲ, ਬੁੱਧ ਸਿੰਘ ਧਲੇਤਾ, ਸੰਦੀਪ ਸੈਂਡੀ ਮੁੱਖ ਸੇਵਾਦਾਰ, ਅੰਤਰਰਾਸ਼ਟਰੀ ਪਹਿਲਵਾਨ ਅਮਰੀਕ ਸਿੰਘ ਮੇਹਲੀ, ਕੋਚ ਰਵਿੰਦਰ ਨਾਥ, ਰਾਜ ਕੁਮਾਰ, ਡੀ ਪੀ ਈ ਜੀਵਨ, ਬੀ ਐੱਸ ਬਾਗਲਾ ਰਿਟਾ. ਮੈਨੇਜਰ ਪੀ ਐੱਨ ਬੀ ਆਦਿ ਹਾਜ਼ਰ ਸਨ।

## ਕੈਰੀਅਰ-ਗਾਈਡੈਂਸ ਤਹਿਤ ਸੇਫਟੀ ਐਂਡ ਸਕਿਊਰਟੀ ਓਰੀਐਂਟੇਸ਼ਨ ਸੈਮੀਨਾਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਸਿੱਖਿਆ ਅਫਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕੈਰੀਅਰ-ਗਾਈਡੈਂਸ ਪ੍ਰੋਜੈਕਟ ਅਧੀਨ ਸੇਫਟੀ ਐਂਡ ਸਕਿਊਰਟੀ ਓਰੀਐਂਟੇਸ਼ਨ ਦਾ ਇੱਕ ਰੋਜ਼ਾ ਸੈਮੀਨਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਵਿਖੇ ਲਗਾਇਆ ਗਿਆ।ਇਸ ਸੈਮੀਨਾਰ ਵਿੱਚ ਕੋਟ ਫਤੂਹੀ ਬਲਾਕ ਦੇ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ



ਸਕੂਲਾਂ ਦੇ ਗਾਈਡੈਂਸ ਅਧਿਆਪਕਾਂ ਨੇ ਭਾਗ ਲਿਆ।ਇਸ ਸੈਮੀਨਾਰ ਵਿੱਚ ਧਰਮਵੀਰ ਨੇ ਬਤੌਰ ਰਿਸੋਰਸ ਪਰਸਨ ਵਜੋਂ ਭੂਮਿਕਾ ਨਿਭਾਈ।ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪ੍ਰਿੰਸੀਪਲ ਹਰਮਨੋਜ ਕੁਮਾਰ, ਵੰਧਨਾ, ਜਸਵੀਰ ਕੌਰ, ਕੁਲਵੀਰ ਕੌਰ, ਮਨਿੰਦਰ ਕੌਰ, ਨੀਲਮ ਕੁਮਾਰੀ, ਰਣਜੀਤ ਕੌਰ, ਮਨਵੀਰ ਕੌਰ, ਮਨਦੀਪ ਕੌਰ, ਰਚਨਾ ਬਿਰਲਾ, ਸਰਬਜੀਤ ਕੌਰ, ਰਾਜਵਿੰਦਰ ਕੌਰ, ਲਵਦੀਪ ਕੌਰ, ਅਬਿਨਾਸ਼ ਕੌਰ, ਅਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਸਤਨਾਮ ਕੁਮਾਰ, ਨਰਿੰਦਰ ਸਿੰਘ, ਸੁਖਦੇਵ ਸਿੰਘ, ਮਨਜਿੰਦਰ ਸਿੰਘ, ਸ਼ਿੰਗਾਰਾ ਸਿੰਘ, ਅਜੇ ਕੁਮਾਰ, ਬਲਜੀਤ, ਕਰਨੈਲ ਸਿੰਘ, ਹਰਮਿੰਦਰ ਸਿੰਘ, ਬਲਜਿੰਦਰ ਕੁਮਾਰ, ਧਰਮਿੰਦਰ ਸਿੰਘ, ਹਾਫਿਜ, ਕੁਲਪ੍ਰੀਤ ਸਿੰਘ, ਸਤਵਿੰਦਰ ਸਿੰਘ, ਹਰਭਜਨ ਸਿੰਘ ਆਦਿ ਹਾਜ਼ਰ ਸਨ।

## ਅਸ਼ੋਕ ਮਹਿਰਾ ਵੱਲੋਂ ਸਕੂਲ ਨੂੰ 11 ਹਜ਼ਾਰ ਰੁਪਏ ਭੇਟ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਵਿਖੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਅਵਾਰਡੀ) ਦੀ ਪ੍ਰੇਰਨਾ ਸਦਕਾ ਪੁਨਰਜੋਤ ਸੰਸਥਾ ਦੇ ਸਟੇਟ ਅਤੇ ਇੰਟਰਨੈਸ਼ਨਲ ਕੋਆਰਡੀਨੇਟਰ ਅਸ਼ੋਕ ਮਹਿਰਾ ਵੱਲੋਂ ਸਕੂਲ ਦੀ ਐਜੂਕੇਸ਼ਨਲ ਪਾਰਕ ਦੀ ਮੈਂਟੇਨੈਂਸ ਵਾਸਤੇ 11 ਹਜ਼ਾਰ ਰੁਪਏ ਦਿੱਤੇ ਗਏ। ਅਸ਼ੋਕ ਮਹਿਰਾ ਇਸ ਸਕੂਲ ਦੇ ਪੁਰਾਣੇ ਵਿਦਿਆਰਥੀ ਹਨ। ਲਗਭਗ 5 ਸਾਲ ਪਹਿਲਾਂ ਇਸ ਐਜੂਕੇਸ਼ਨਲ ਪਾਰਕ ਨੂੰ ਅਸ਼ੋਕ ਮਹਿਰਾ ਵਲੋਂ ਮਿਸ਼ਨ ਹਨੇਰੇ ਤੋਂ ਚਾਨਣ ਵੱਲ ਦੇ ਅਧੀਨ ਸਪਾਂਸਰ ਕਰਵਾ ਕੇ ਬਣਾਇਆ ਗਿਆ ਸੀ। ਹੁਣ ਇਸ ਪਾਰਕ ਨੂੰ ਦੁਬਾਰਾ ਰੰਗ ਰੋਗਨ ਅਤੇ ਕੁਝ ਨਵੇਂ ਮਾਡਲਾਂ ਨਾਲ ਹੋਰ ਸਜਾਇਆ ਗਿਆ ਹੈ। ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਅਤੇ ਸਕੂਲ ਸਟਾਫ ਨੇ ਅਸ਼ੋਕ ਮਹਿਰਾ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਮੁਮੈਂਟੋ ਤੇ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਰਪੰਚ ਬਲਕਾਰ ਸਿੰਘ ਕੂੰਨਰ, ਵਾਇਸ ਪ੍ਰਿੰਸੀਪਲ ਰਿਸ਼ੀ ਕੁਮਾਰ, ਲੈਕ. ਕੁਲਵੰਤ ਰਾਮ, ਲੈਕ. ਤੀਰਥ ਸਿੰਘ ਬਾਸੀ, ਲੈਕ. ਬਲਵਿੰਦਰ ਰਾਣੀ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਮੰਜੂ ਰਾਣੀ, ਸੀਮਾ ਦੇਵੀ, ਅੰਸ਼ੂ ਸੱਭਰਵਾਲ, ਸਰਬਜੀਤ ਕੌਰ, ਸੁਰਚੀ ਲੂਥਰਾ, ਸੁਖਵੀਰ ਕੌਰ, ਰਾਹੁਲ ਰਜਨੀ ਸੂਦ, ਜੋਗਿੰਦਰ ਪਾਲ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜ਼ਰ ਸਨ।

# ਐਕਟਿਵਾ ਸਵਾਰ ਨੌਜਵਾਨਾਂ ਨੇ ਮਹਿਲਾ ਦੀਆਂ ਖੋਹੀਆਂ ਵਾਲੀਆਂ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਬਸਤੀ ਗੁਜ਼ਾ ਇਲਾਕੇ ਵਿੱਚ ਦਿਨ-ਦਿਹਾੜੇ ਲੁੱਟ ਦੀ ਇੱਕ ਵਾਰਦਾਤ ਸਾਹਮਣੇ ਆਈ ਹੈ। ਇੱਥੇ ਇੱਕ ਐਕਟਿਵਾ ਸਵਾਰ ਦੋ ਨੌਜਵਾਨਾਂ ਨੇ ਇੱਕ ਔਰਤ ਦੀਆਂ ਵਾਲੀਆਂ ਖੋਹ ਲਈਆਂ। ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਬਸਤੀ ਨੌਂ ਦੀ ਰਹਿਣ ਵਾਲੀ ਬਬੀਤਾ ਆਪਣੀ ਬੇਟੀ ਨੂੰ ਸਕੂਲ ਛੱਡਣ ਲਈ ਪੈਦਲ ਜਾ ਰਹੀ ਸੀ। ਔਰਤ ਦੇ ਮੁਤਾਬਕ ਬਿਨਾਂ ਨੰਬਰ ਵਾਲੀ ਐਕਟਿਵਾ 'ਤੇ ਆਏ ਦੋ ਮੁਲਜ਼ਮਾਂ ਨੇ ਉਸ ਦੇ ਕੰਨਾਂ ਦੀਆਂ ਵਾਲੀਆਂ ਝਪਟ ਲਈਆਂ ਤੇ ਮੌਕੇ ਤੋਂ ਫ਼ਰਾਰ ਹੋ ਗਏ। ਇਸ ਤੋਂ ਬਾਅਦ ਜਦੋਂ ਔਰਤ ਨੇ ਰੌਲਾ ਪਾਇਆ ਤਾਂ ਆਸ-ਪਾਸ ਦੇ ਲੋਕਾਂ ਨੇ ਤੁਰੰਤ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ।ਝੰਡੀਆਂ ਵਾਲੇ ਪੀਰ ਦੇ ਨੇੜੇ ਲੋਕਾਂ ਨੇ ਇੱਕ ਮੁਲਜ਼ਮ ਨੂੰ ਦਬੋਚ ਲਿਆ, ਜਦੋਂ ਕਿ ਉਸ ਦਾ ਸਾਥੀ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਰਿਹਾ। ਫੜੇ ਗਏ ਨੌਜਵਾਨ ਦੀ ਪਛਾਣ 24 ਸਾਲਾ ਰਾਜੂ ਵਜੋਂ ਹੋਈ ਹੈ, ਜੋ ਕਿ ਕਿਸ਼ਨਪੁਰਾ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਆਪਣੇ ਫ਼ਰਾਰ ਸਾਥੀ ਦਾ ਨਾਂਅ ਕਰਨ ਦੱਸਿਆ ਹੈ।ਗੁੱਸੇ ਵਿੱਚ ਆਏ ਲੋਕਾਂ ਨੇ ਮੁਲਜ਼ਮ ਦੀ ਜੰਮ ਕੇ ਕੁੱਟਮਾਰ ਕੀਤੀ, ਜਿਸ ਕਾਰਨ ਉਸ ਦੇ ਮੱਥੇ ਤੋਂ ਖ਼ੂਨ ਵਹਿਣ ਲੱਗਾ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਤੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਕੇ ਐਕਟਿਵਾ ਵੀ ਕਬਜ਼ੇ ਵਿੱਚ ਲੈ ਲਈ। ਪੁਲਿਸ ਨੇ ਦੱਸਿਆ ਕਿ ਮੁਲਜ਼ਮ ਕੋਲੋਂ ਥਾਣੇ ਵਿੱਚ ਪੁੱਛਗਿੱਛ ਕੀਤੀ ਜਾਵੇਗੀ ਤੇ ਪੀੜਤਾ ਦੇ ਬਿਆਨਾਂ ਦੇ ਆਧਾਰ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਨਵੋਦਿਆ ਵਿਦਿਆਲਿਆ ਪ੍ਰੀਖਿਆ 'ਚ ਰੇੜੂ ਪੱਤੀ ਸਕੂਲ ਦੀ ਝੰਡੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੀਤੇ ਦਿਨ ਨਵੋਦਿਆ ਵਿਦਿਆਲਿਆ ਦੀ ਛੇਵੀਂ ਜਮਾਤ ਵਿੱਚ ਦਾਖ਼ਲਾ ਲੈਣ ਲਈ ਦਸੰਬਰ ਮਹੀਨੇ ਵਿੱਚ ਹੋਈ ਪ੍ਰੀਖਿਆ ਦੇ ਨਤੀਜੇ ਐਲਾਨ ਕਰ ਦਿੱਤੇ ਗਏ ਜਿਸ



ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਕਾਰੀ ਐਲੀਮੈਂਟਰੀ ਸਕੂਲ ਰੇੜੂਪੱਤੀ ਦੀ ਪੂਰੀ ਝੰਡੀ ਰਹੀ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਜਸਵੀਰ ਸਿੰਘ ਨੇ ਦੱਸਿਆ ਕਿ ਰੇੜੂਪੱਤੀ ਦੇ ਇਸ ਵਾਰ ਪੰਜਵੀਂ ਜਮਾਤ ਵਿੱਚ ਕੇਵਲ 7 ਬੱਚੇ ਸਨ ਜਿਸ ਵਿੱਚੋਂ 3 ਵਿਦਿਆਰਥੀ ਮਨਨ,ਤ੍ਰਿਸ਼ਾਲਾ ਜਸਵਾਲ ਤੇ ਪੰਕਜ ਨੇ ਨਵੋਦਿਆ ਵਿਦਿਆਲਿਆ ਪ੍ਰੀਖਿਆ ਪਾਸ ਕਰ ਛੇਵੀਂ ਜਮਾਤ ਵਿੱਚ ਦਾਖਲਾ ਲੈਣਗੇ।ਪਿਛਲੇ ਸਾਲ ਵੀ ਸਾਡੇ ਸਕੂਲ ਦੇ ਪੰਜ ਵਿਦਿਆਰਥੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਸੀ।ਇਸ ਤੋਂ ਇਲਾਵਾ ਬਲਾਕ ਵਿੱਚੋਂ ਸਰਕਾਰੀ ਸਕੂਲਾਂ ਦੇ ਬਹਿਕਿੱਤੋ ਤੋਂ ਗੀਤਿਕ ਚੌਧਰੀ ਲਾਖੜ ਪੱਲੀ ਤੋਂ ਨਵੀ ਸਿੰਘ ਤੇ ਬਹਿਖੁਸ਼ਾਲਾ ਤੋਂ ਇਸ਼ਿਕਾ ਨੇ ਇਹ ਪ੍ਰੀਖਿਆ ਪਾਸ ਕੀਤੀ। ਜ਼ਿਕਰਯੋਗ ਹੈ ਕਿ ਇਹ ਪ੍ਰੀਖਿਆ ਜ਼ਿਲ੍ਹੇ ਪੱਧਰ ਤੇ 80 ਸੀਟਾਂ ਲਈ ਹੁੰਦੀ ਹੈ ਜਿਸ ਵਿੱਚ ਹਜ਼ਾਰਾਂ ਵਿਦਿਆਰਥੀ ਭਾਗ ਲੈਂਦੇ ਹਨ ਕਿਉਂਕਿ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਤੋਂ ਲੈ ਕੇ ਬਾਰਵੀਂ ਤੱਕ ਉੱਚ ਪੱਧਰੀ ਤੇ ਮਿਆਰੀ ਸਿੱਖਿਆ ਬਿਲਕੁਲ ਮੁਫ਼ਤ ਮਿਲਦੀ ਹੈ ਇਸ ਕਾਰਨ ਇਸ ਵਿੱਚ ਸਖ਼ਤ ਮੁਕਾਬਲਾ ਹੁੰਦਾ ਹੈ। ਰਜੇਸ਼ ਕੁਮਾਰ ਪ੍ਰਿੰਸੀਪਲ,ਬੀ ਐਨ ਓ ਅਮਿਤ ਰਾਣਾ ਤੇ ਸੀ ਐਚ ਟੀ ਸਰਬਜੀਤ ਸਿੰਘ ਨੇ ਕਿਹਾ ਕਿ ਸਕੂਲ ਦੀ ਇਸ ਸਫਲਤਾ ਲਈ ਮਿਹਨਤੀ ਅਧਿਆਪਕ ਚਮਨ ਲਾਲ, ਸਰੋਜ ਕੁਮਾਰੀ, ਭੁਵਨੇਸ਼ਵਰੀ ਦੇਵੀ, ਮਹਿਕ ਤੇ ਰੁਪਾਲੀ ਦੀ ਸਖ਼ਤ ਘਾਲਣਾ ਦਾ ਨਤੀਜਾ ਹੈ।ਬੱਚਿਆਂ ਨੇ ਇਸ ਸ਼ਾਨਦਾਰ ਸਫਲਤਾ ਤੇ ਮਾਤਾ ਕਾਮਕਸ਼ੀ ਦੇਵੀ 'ਚ ਮੱਥਾ ਟੇਕ ਕੇ ਮਹੰਤ ਰਾਜਗੀਰੀ ਮਹਾਰਾਜ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਤੇ ਦਵਿੰਦਰ ਸਿੰਘ, ਨਰੇਸ਼ ਕੁਮਾਰ, ਸੋਹਣ ਸਿੰਘ, ਪ੍ਰਵੀਨ ਕੁਮਾਰ ਤੇ ਅਜੇ ਸ਼ਰਮਾ, ਮਨਪ੍ਰੀਤ ਕੌਰ, ਊਸ਼ਾ ਦੇਵੀ ਤੇ ਅਨੀਤਾ ਦੇਵੀ ਤੋਂ ਇਲਾਵਾ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ।

# ਪਿੰਡ ਚੂਹੜ 'ਚ ਕਬੱਡੀ ਕੱਪ 22 ਨੂੰ

**ਨਕੋਦਰ (ਮਨਜੀਤ ਮਾਨ)** ਤਹਿਸੀਲ ਨਕੋਦਰ ਅਧੀਨ ਪੈਂਦੇ ਪਿੰਡ ਚੂਹੜ ਜ਼ਿਲ੍ਹਾ ਜਲੰਧਰ ਵਿਖੇ ਧੰਨ ਧੰਨ ਬਾਬਾ ਕਲੀਰ ਸਪੋਰਟਸ ਐਂਡ ਵੈਲਫੇਅਰ ਸੁਸਾਇਟੀ ਰਜਿ ਵੱਲੋਂ ਸਵਰਗਵਾਸੀ ਪਿਆਰਾ ਲਾਲ ਵਸ਼ਿਸ਼ਟ, ਸਵਰਗਵਾਸੀ ਮਾਤਾ ਇੰਦਰਾ ਦੇਵੀ, ਸਵਰਗਵਾਸੀ ਰੁਲਦੂ ਰਾਮ ਗਿੱਲ ਤੇ ਸਵਰਗਵਾਸੀ ਸ਼ਿਵ ਕੁਮਾਰ ਦੀ ਨਿੱਘੀ ਯਾਦ ਨੂੰ ਸਮਰਪਿਤ ਕਬੱਡੀ ਟੂਰਨਾਮੈਂਟ ਪਿੰਡ ਤੇ ਐਨ ਆਰ ਆਈਜ਼ ਦੇ ਸਹਿਯੋਗ ਨਾਲ 22 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਥੇ ਧੰਨ ਬਾਬਾ ਕਲੀਰ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਮੁੱਖ ਪ੍ਰਬੰਧਕ ਰਜਨੀਸ਼ ਗੋਤਮ ਸਾਬਕਾ ਸਰਪੰਚ, ਉੱਘੇ ਨੌਜਵਾਨ ਆਗੂ ਸੋਰਵ ਗੋਤਮ, ਨਰਿੰਦਰ ਸ਼ਰਮਾ ਤੇ ਗਗਨਦੀਪ ਨੇ ਸਾਂਝੇ ਤੌਰ ਤੇ ਦਿੰਦੇ ਹੋਏ ਦੱਸਿਆ ਕਿ ਇਸ ਕਬੱਡੀ ਕੱਪ ਵਿੱਚ ਚੋਟੀ ਦੀਆਂ ਚਾਰ ਕਲੱਬਾ ਐਨ ਆਰ ਆਈਜ਼ ਕਬੱਡੀ ਕਲੱਬ ਨਕੋਦਰ, ਧੰਨ ਧੰਨ ਮਾਤਾ ਪੰਜਾਬ ਕੌਰ, ਸ਼ਹੀਦ ਸੰਦੀਪ ਨੰਗਲ ਅੰਬੀਆਂ ਕਲੱਬ ਸ਼ਾਹਕੋਟ,ਬੇ-ਆਫ਼ ਪਲੰਟੀ ਕਬੱਡੀ ਕਲੱਬ ਨਿਊਜ਼ੀਲੈਂਡ, ਸ੍ਰੀ ਬੇਰ ਸਾਹਿਬ ਕਬੱਡੀ ਕਲੱਬ ਕਪੂਰਥਲਾ ਦੇ ਮੁਕਾਬਲੇ ਕਰਵਾਏ ਜਾਣਗੇ ਜਿਸ ਵਿੱਚ ਪਹਿਲੇ ਨੰਬਰ ਤੇ ਰਹਿਣ ਵਾਲੀ ਕਲੱਬ ਨੂੰ ਡੇਢ ਲੱਖ ਰੁਪਏ ਤੇ ਦੂਸਰੇ ਸਥਾਨ ਤੇ ਰਹਿਣ ਵਾਲੀ ਕਲੱਬ ਨੂੰ ਇੱਕ ਲੱਖ ਰੁਪਏ ਦੀ ਨਕਦ ਰਾਸ਼ੀ ਤੇ ਟਰਾਫੀ ਦਿਤੀ ਜਾਵੇਗੀ। ਕਬੱਡੀ ਓਪਨ ਤੇ ਕਬੱਡੀ 75 ਕਿਲੋ ਭਾਰ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ ਬੈਸਟ ਜਾਫੀ ਤੇ ਬੈਸਟ ਰੇਡਰ ਨੂੰ 51-51 ਹਜ਼ਾਰ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਸ ਖੇਡ ਮੇਲੇ ਦਾ ਉਦਘਾਟਨ ਰਾਮ ਲੁਭਾਇਆ ਨਿਊਜ਼ੀਲੈਂਡ ਆਪਣੇ ਕਰ ਕਮਲਾਂ ਨਾਲ ਅਦਾ ਕਰਨਗੇ। ਮੁੱਖ ਮਹਿਮਾਨ ਵਜੋਂ ਸੰਤ ਬਲਵੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ,ਬਾਲਯੋਗੀ ਸੰਤ ਬਾਬਾ ਪ੍ਰਗਟ ਨਾਥ ਚੇਅਰਮੈਨ ਸ੍ਰੀ ਰਾਮ ਤੀਰਥ ਸ਼ਰਾਈਨ ਬੋਰਡ ਅੰਮ੍ਰਿਤਸਰ, ਅਮਨਸੇਰ ਸਿੰਘ ਕਲਸੀ ਸ਼ੈਰੀ ਹਲਕਾ ਵਿਧਾਇਕ ਬਟਾਲਾ,ਹਰਜਾਪ ਸਿੰਘ ਸੰਘਾ ਸ਼੍ਰੋਮਣੀ ਅਕਾਲੀ ਦਲ ਬਾਦਲ ਹਲਕਾ ਇੰਚਾਰਜ ਜਲੰਧਰ ਕੈਂਟ ਹੋਣਗੇ। ਇਨਾਮਾਂ ਦੀ ਵੰਡ ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕਾ ਨਕੋਦਰ ਤੇ ਗਗਨਦੀਪ ਸਿੰਘ ਕਾਕੂ ਆਹਲੂਵਾਲੀਆ ਚੇਅਰਮੈਨ ਖਾਦੀ ਬੋਰਡ ਸਾਂਝੇ ਤੌਰ ਤੇ ਕਰਨਗੇ। ਇਸ ਮੌਕੇ ਤੇ ਇਲਾਕੇ ਵਿੱਚ ਨਾਮਵਰ ਸਖਸ਼ੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।

## ਸੁਵਿਧਾ ਕੇਂਦਰ ਬਣੇ ਮੁਸੀਬਤ ਕੇਂਦਰ : ਅਕਾਲੀ ਆਗੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅਕਾਲੀ ਦਲ ਦੀ ਸਰਕਾਰ ਦੌਰਾਨ ਲੋਕਾਂ ਦੀ ਸੁਵਿਧਾ ਲਈ ਖੋਲੇ ਸੁਵਿਧਾ ਕੇਂਦਰ ਅੱਜ ਆਪ ਦੀ ਸਰਕਾਰ ਦੌਰਾਨ ਲੋਕਾਂ ਲਈ ਮੁਸੀਬਤ ਕੇਂਦਰ ਬਣ ਕੇ ਰਹਿ ਗਏ ਹਨ। ਆਮ ਲੋਕਾਂ ਨੂੰ ਆਪਣੇ ਕੰਮ ਕਰਾਉਣ ਲਈ ਬਹੁਤ ਖੱਜਲ ਖੁਆਰ ਹੋਣਾ ਪੈਂਦਾ ਹੈ ਇਸ ਸਬੰਧੀ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਨੰਬਰਦਾਰ ਜਗਵਿੰਦਰ ਸਿੰਘ ਪੰਮੀ ਸਾਬਕਾ ਕੌਂਸਲਰ ਨੇ ਦੱਸਿਆ ਕਿ ਗਗਨਦੀਪ ਸਿੰਘ ਪੁੱਤਰ ਵਰਿੰਦਰ ਸਿੰਘ ਵਾਸੀ ਵਾਰਡ ਨੰਬਰ 3 ਗਰੀਨ ਇਨਕਲੇਵ ਮੋਰਿੰਡਾ ਦਾ ਵਿਆਹ 9 ਮਾਰਚ 2026 ਨੂੰ ਹੋਇਆ ਸੀ ਤੇ ਉਹ ਆਪਣਾ ਵਿਆਹ ਰਜਿਸਟਰ ਕਰਵਾਉਣ ਲਈ ਸੁਵਿਧਾ ਕੇਂਦਰ ਮੋਰਿੰਡਾ ਵਿੱਚ ਗਿਆ। ਉਨ੍ਹਾਂ ਨੇ ਦੱਸਿਆ ਕਿ ਵਿਆਹ ਰਜਿਸਟਰ ਕਰਵਾਉਣ ਲਈ 1500 ਰੁਪਏ ਦਾ ਅਸ਼ਟਾਮ ਲੱਗਦਾ ਹੈ।ਪਰ ਇਹ ਅਸ਼ਟਾਮ ਕਿਤੋਂ ਵੀ ਨਹੀਂ ਮਿਲਿਆ। ਆਖਿਰ ਗਗਨਦੀਪ ਸਿੰਘ ਨੇ ਪਟਿਆਲੇ ਤੋਂ 3000 ਰੁਪਏ ਦਾ ਅਸ਼ਟਾਮ ਲੈ ਆਂਦਾ ਜਦੋਂ ਉਹ ਸੁਵਿਧਾ ਕੇਂਦਰ ਵਿੱਚ ਇਹ ਅਸ਼ਟਾਮ ਲੈਕੇ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਅਸ਼ਟਾਮ ਨਹੀਂ ਲੱਗਣਾ, ਤੁਸੀਂ ਅਸ਼ਟਾਮ 1500 ਰੁਪਏ ਦਾ ਹੀ ਲੈ ਕੇ ਆਓ। ਜਦੋਂ ਗਗਨਦੀਪ ਸਿੰਘ ਨੇ ਦੱਸਿਆ ਕਿ ਉਸ ਨੇ ਵਿਆਹ ਰਜਿਸਟਰਡ ਕਰਵਾ ਕੇ ਵਾਪਸ ਕਨੇਡਾ ਜਾਣ ਹੈ ਤਾਂ ਸੁਵਿਧਾ ਕੇਂਦਰ ਵਾਲਿਆਂ ਨੇ ਹੋਰ ਸਖਤ ਲਹਿਜੇ ਨਾਲ ਬੋਲਣ ਲੱਗੇ। ਨੰਬਰਦਾਰ ਜਗਵਿੰਦਰ ਸਿੰਘ ਨੇ ਦੱਸਿਆ ਕਿ ਗਗਨਦੀਪ ਸਿੰਘ ਮੇਰੇ ਕੋਲ ਆਇਆ ਤੇ ਕਿਹਾ ਕਿ ਮੇਰਾ ਕੰਮ ਕਰਵਾਓ ਤਾਂ ਮੈ ਉਸ ਦੇ ਕਹਿਣ ਤੇ ਤਹਿਸੀਲਦਾਰ ਸਾਹਿਬ ਕੋਲ ਜਾ ਕੇ ਬੇਨਤੀ ਕੀਤੀ ਤਾਂ ਉਹਨਾਂ ਨੇ ਆਪਣੇ ਅਸ਼ਟਾਮ ਤੇ ਦਸਤਖਤ ਕਰਕੇ ਕਿਹਾ ਜਾਓ, ਰਜਿਸਟਰ ਕਰਾਓ। ਜਦੋਂ ਉਹ ਸੁਵਿਧਾ ਕੇਂਦਰ ਗਏ ਤਾਂ ਉਹ ਕਹਿੰਦੇ ਹੁਣ ਬਿਜਲੀ ਨਹੀਂ ਜਦੋਂ ਆਵੇਗੀ ਫਿਰ ਦੇਖਾਂਗੇ। ਇੱਕ ਵਿਅਕਤੀ ਨੇ ਅਧਾਰ ਕਾਰਡ ਅੱਪਡੇਟ ਕਰਵਾਇਆ। ਜਦੋਂ ਉਸ ਨੇ ਕਾਰਡ ਤਿਆਰ ਕਰਕੇ ਦੇਣ ਲਈ ਆਖਿਆ ਤਾਂ ਉਥੇ ਬੈਠੇ ਕਰਮਚਾਰੀ ਨੇ ਇਸ ਬਦਲੇ 70 ਰੁਪਏ ਲੈ ਕੇ ਕਾਰਡ ਬਣਾ ਕੇ ਦਿਤਾ ਜਦੋਂ ਕਿ ਇਹ ਕਾਰਡ ਸਾਈਬਰ ਕੈਫੇ ਵਾਲੇ 50 ਰੁਪਏ ਵਿਚ ਤਿਆਰ ਕਰਕੇ ਦਿੰਦੇ ਹਨ।ਸੁਵਿਧਾ ਕੇਂਦਰਾਂ ਵਿੱਚ ਜਨਰੇਟਰ ਪਏ ਹਨ ਪਰ ਚੱਲ ਨਹੀਂ ਰਹੇ ।

# ਡੇਰਾਬੱਸੀ ਹਲਕੇ ਦਾ ਵਿਕਾਸ ਤੇ ਜਨਤਾ ਦਾ ਵਿਸ਼ਵਾਸ ਸਿਰ.ਫ ਅਕਾਲੀ ਦਲ ਦੇ ਨਾਲ : ਐੱਨ ਕੇ ਸ਼ਰਮਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਹੈ ਕਿ ਡੇਰਾਬੱਸੀ ਹਲਕੇ ਦਾ ਵਿਕਾਸ ਅਤੇ ਲੋਕਾਂ



ਦਾ ਵਿਸ਼ਵਾਸ ਸਿਰਫ਼ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਅਧੀਨ ਹੀ ਸੰਭਵ ਹੈ। ਐਨ.ਕੇ. ਸ਼ਰਮਾ 29 ਮਾਰਚ ਨੂੰ ਡੇਰਾਬੱਸੀ ਹਲਕੇ ਵਿੱਚ ਪਹੁੰਚਣ ਵਾਲੀ ਪੰਜਾਬ ਬਚਾਓ ਯਾਤਰਾ ਲਈ ਪਿੰਡ ਵਾਸੀਆਂ ਨੂੰ ਸੱਦਾ ਦੇਣ ਲਈ ਰਾਮਪੁਰ ਸੈਣੀ ਪਹੁੰਚੇ। ਸ਼ਰਮਾ ਨੇ ਰਾਮਪੁਰ ਸੈਣੀ ਤੋਂ ਇਲਾਵਾ ਕੁੜਾਂਵਾਲਾ, ਭਗਵਾਨਪੁਰ, ਬੇਹੜਾ, ਫਤਿਹਪੁਰ ਆਦਿ ਪਿੰਡਾਂ ਵਿੱਚ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਡੇਰਾਬੱਸੀ ਸਮੇਤ ਪੂਰੇ ਪੰਜਾਬ ਦੇ ਲੋਕਾਂ ਦਾ ਵਿਸ਼ਵਾਸ ਗੁਆ ਚੁੱਕੀ ਹੈ।ਪੰਜਾਬ ਦੇ ਲੋਕ ਹੁਣ ਸਮਝ ਗਏ ਹਨ ਕਿ ਆਮ ਆਦਮੀ ਪਾਰਟੀ ਕਿਸੇ ਵੀ ਹਾਲਤ ਵਿੱਚ ਪੰਜਾਬ ਦਾ ਵਿਕਾਸ ਨਹੀਂ ਕਰ ਸਕਦੀ।ਪੀਐਸਪੀਸੀਐਲ ਦੀ ਵਿੱਤੀ ਹਾਲਤ ਬਹੁਤ ਮਾੜੀ ਹੈ। ਪੰਜਾਬ ਦੇ ਹੋਰ ਅਦਾਰਿਆਂ ਦੇ ਮੁਕਾਬਲੇ, ਇਸ ਨੂੰ 4775.93 ਕਰੋੜ ਰੁਪਏ ਦਾ ਘਾਟਾ ਪਿਆ ਹੈ।ਪੰਜਾਬ ਦੇ ਮੁੱਖ ਮੰਤਰੀ ਨੂੰ ਚਾਰ ਸਾਲਾਂ ਦੀਆਂ ਝੂਠੀਆਂ ਅਤੇ ਕਾਗਜ਼ੀ ਪ੍ਰਾਪਤੀਆਂ ਦਾ ਜ਼ਿਕਰ ਕਰਨ ਦੀ ਬਜਾਏ, ਕੈਗ ਰਿਪੋਰਟ 'ਤੇ ਸਰਕਾਰ ਦੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਸ਼ਰਮਾ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਨੂੰ ਆਰਥਿਕ ਤਬਾਹੀ ਤੋਂ ਬਚਾਉਣ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਵੋਟ ਪਾਉਣ ਅਤੇ ਪੰਜਾਬ ਬਚਾਓ ਯਾਤਰਾ ਵਿੱਚ ਸ਼ਾਮਲ ਹੋ ਕੇ ਪੰਜਾਬ ਨੂੰ ਬਚਾਉਣ ਵਿੱਚ ਯੋਗਦਾਨ ਪਾਉਣ। ਇਸ ਮੌਕੇ ਸਰਕਲ ਪ੍ਰਧਾਨ ਰਜਿੰਦਰ ਸਿੰਘ, ਜ਼ਿਲ੍ਹਾ ਯੂਥ ਪ੍ਰਧਾਨ ਤਰਨਬੀਰ ਸਿੰਘ ਪੂਨੀਆ, ਗੁਰਪ੍ਰੀਤ ਸਿੰਘ, ਮਨਜੀਤ ਕੌਰ ਭਗਵਾਸ, ਜਸਵੀਰ ਸਿੰਘ, ਸੋਹਣ ਰਾਣਾ, ਜਸਪਾਲ ਸੈਣੀ, ਬਲਦੇਵ ਸਿੰਘ, ਮਨਜੀਤ ਕੌਰ ਸਰਪੰਚ, ਗੁਰਪ੍ਰੀਤ ਸਿੰਘ ਸਰਪੰਚ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਕੀਰਤਨ ਦਰਬਾਰ 22 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਾਰਿਸ ਬਾਬਾ ਬਘੇਲ ਸਿੰਘ ਵੈਲਫੇਅਰ ਸੋਸਾਇਟੀ ਹਰਿਆਣਾ ਹੁਸ਼ਿਆਰਪੁਰ ਵੱਲੋਂ ਸਿੱਖ ਪੰਥ ਦੇ ਮਹਾਨ ਜਰਨੈਲ ਬਾਬਾ ਬਘੇਲ ਸਿੰਘ, ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ,ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਵਿੱਚ ਖਾਲਸਾ ਫੌਜਾਂ ਵੱਲੋਂ ਮੁਗਲੀਆ ਸਲਤਨਤ ਨੂੰ ਲਲਕਾਰਦਿਆਂ ਦਿੱਲੀ ਫਤਹਿ ਕਰਨ ਦੇ ਮਹਾਨ ਦਿਵਸ ਨੂੰ ਸਮਰਪਿਤ ਪਹਿਲਾ ਮਹਾਨ ਕੀਰਤਨ ਦਰਬਾਰ 22 ਮਾਰਚ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕੱਲਰ ਖਾਲਸਾ ਸਕੂਲ ਹਰਿਆਣਾ ਦੀ ਗਰਾਊਂਡ ਵਿੱਚ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਵਾਰਿਸ ਬਾਬਾ ਬਘੇਲ ਸਿੰਘ ਵੈਲਫੇਅਰ ਸੋਸਾਇਟੀ ਹਰਿਆਣਾ ਦੇ ਚੇਅਰਮੈਨ ਜਸਵੀਰ ਸਿੰਘ ਤੇ ਪ੍ਰਧਾਨ ਤੇਜਪਾਲ ਸਿੰਘ ਨੇ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਮੁਖੀ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ, ਇਕਬਾਲ ਸਿੰਘ ਹਰਿਆਣਾ ਦੀ ਹਾਜ਼ਰੀ ਵਿੱਚ ਦੱਸਿਆ ਕਿ ਇਸ ਮਹਾਨ ਕੀਰਤਨ ਦਰਬਾਰ ਵਿੱਚ ਸੰਗਤਾਂ ਦੀ ਵੱਡੀ ਗਿਣਤੀ ਵਿੱਚ ਆਮਦ ਨੂੰ ਮੁੱਖ ਰੱਖਦਿਆਂ ਸਾਰੀਆਂ ਤਿਆਰੀਆਂ ਜ਼ੋਰਾਂ



'ਤੇ ਚੱਲ ਰਹੀਆਂ ਹਨ। ਉਹਨਾਂ ਦੱਸਿਆ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਤ ਬਾਬਾ ਸੇਵਾ ਸਿੰਘ ਜੀ ਰਾਮਪੁਰ ਖੇੜਾ ਸਾਹਿਬ ਵਾਲਿਆਂ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਮਹਾਨ ਕੀਰਤਨ ਦਰਬਾਰ ਲਈ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਜਥੇਬੰਦੀਆਂ ਤੇ ਸਿੱਖ ਪੰਥ ਦੀਆਂ ਸਿਰਮੌਰ ਸੰਪਰਦਾਵਾਂ ਦੇ ਮੁਖੀਆਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ ਜੋ ਵਿਸ਼ੇਸ਼ ਤੌਰ ਤੇ ਸਮਾਗਮ ਵਿੱਚ ਸ਼ਿਰਕਤ ਕਰਨਗੇ । ਉਨਾਂ ਦੱਸਿਆ ਕਿ ਇਸ ਕੀਰਤਨ ਦਰਬਾਰ ਵਿੱਚ ਵੱਖ-ਵੱਖ ਪੰਥ ਪ੍ਰਸਿੱਧ ਕੀਰਤਨੀ ਜਥੇ,ਢਾਡੀ ਜਥੇ ਅਤੇ ਸੰਤ ਮਹਾਂਪੁਰਖ ਸੰਗਤਾਂ ਨੂੰ ਕਥਾ ਕੀਰਤਨ ਦੁਆਰਾ ਗੁਰੂ ਚਰਨਾਂ ਨਾਲ ਜੋੜਨਗੇ । ਇਸ ਤੋਂ ਇਲਾਵਾ ਇਸ ਕੀਰਤਨ ਦਰਬਾਰ ਵਿੱਚ ਸਿੱਖ ਮਿਸ਼ਨਰੀ ਕਾਲਜ ਵੱਲੋਂ ਧਾਰਮਿਕ ਪੁਸਤਕਾਂ ਦੀ ਪ੍ਰਦਰਸ਼ਨੀ ਅਤੇ ਉਬਰਾਏ ਹੋਮਿਓਪੈਥਿਕ ਕੇਂਦਰ ਵੱਲੋਂ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਜਾਣਗੇ । ਉਹਨਾਂ ਸਮੂਹ ਇਲਾਕਾ ਵਾਸੀ ਸੰਗਤਾਂ ਨੂੰ ਇਸ ਪਹਿਲੇ ਮਹਾਨ ਕੀਰਤਨ ਦਰਬਾਰ ਵਿੱਚ ਹੁਮ ਹੁਮਾ ਕੇ ਹਾਜ਼ਰੀਆਂ ਭਰਨ ਅਤੇ ਪੰਥ ਦੇ ਮਹਾਨ ਜਰਨੈਲਾਂ ਵੱਲੋਂ ਦਿੱਲੀ ਫਤਿਹ ਕਰਨ ਦੀਆਂ ਇਤਿਹਾਸਿਕ ਗਾਥਾਵਾਂ ਨਾਲ ਆਪਣੀ ਸਾਂਝ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਗੁਰੂ ਕੇ ਲੰਗਰ ਅਟੁੱਟ ਵਰਤਾਏ ਜਾਣਗੇ।

# ਧਾਰਮਿਕ ਸਮਾਗਮ 23 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪਿਛਲੇ ਲਗਭਗ 15 ਸਾਲਾਂ ਤੋਂ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਕੀਤੇ ਜਾ ਰਹੇ ਮਹੀਨਾਵਾਰ ਪ੍ਰੋਗਰਾਮਾਂ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਮਾਰਚ ਮਹੀਨੇ ਦਾ ਸਮਾਗਮ 23 ਮਾਰਚ ਦਿਨ ਸੋਮਵਾਰ ਨੂੰ ਦੁਪਹਿਰ 2 ਤੋਂ 4 ਵਜੇ ਤੱਕ ਕੀਤਾ ਜਾ ਰਿਹਾ ਹੈ। ਇਸ ਮੌਕੇ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ ਅੰਬੇਡਕਰ ਜਯੰਤੀ ਤੇ ਹਰ ਸਾਲ 14 ਅਪ੍ਰੈਲ ਨੂੰ ਕੱਢੀ ਜਾ ਰਹੀ ਸ਼ੋਭਾ ਯਾਤਰਾ ਤੇ ਵੀ ਵਿਚਾਰ ਚਰਚਾ ਕੀਤੀ ਜਾਵੇਗੀ। ਚਾਹ ਪਾਣੀ ਦਾ ਪ੍ਰਬੰਧ ਹੋਵੇਗਾ। ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਵੱਲੋਂ ਸੁਸਾਇਟੀ ਦੇ ਸਮੂੰਹ ਮੈਂਬਰਾਂ ਅਤੇ ਸਮੱਰਥਕਾਂ ਨੂੰ ਸਮੇਂ ਸਿਰ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ ਗਈ ਹੈ।

**ਵਰ੍ਹੇਗੰਢ ਮੁਬਾਰਕ**



ਬੋਧਰਾਜ ਅਤੇ ਸੁਨੀਤਾ ਵਾਸੀ ਦਸੂਹਾ ਨੇ ਆਪਣੇ ਵਿਆਹ ਦੀ 17ਵੀਂ ਵਰ੍ਹੇਗੰਢ ਮਨਾਈ।